@Qpatrika | @qaumipatrika punjabi | instagram.com/qaumipatrika

Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ
Qaumi Patrika NO.1

Punjabi National Daily

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Tuesday, 5 May 2026

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਮੰਗਲਵਾਰ 5 ਮਈ 2026, 82 ਵੈਸਾਖ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81— ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 44, ਅੰਕ 180, qpatrika@gmail.com ਫੋਨ : 9971359517 www.qaumipatrika.org

## ਬੰਗਾਲ 'ਚ ਖਿੜਿਆ 'ਕਮਲ'! ਭਾਜਪਾ ਦੀ ਇਤਿਹਾਸਕ ਜਿੱਤ 'ਤੇ ਪ੍ਰਧਾਨ ਮੰਤਰੀ ਮੋਦੀ ਨੇ ਜਤਾਈ ਖ਼ੁਸ਼ੀ

**ਕੌਮੀ ਪਤ੍ਰਿਕਾ**
**ਸਿੰਮੀ ਕੌਰ ਬੱਬਰ**

ਨਵੀਂ ਦਿੱਲੀ 4 ਮਈ। ਪੱਛਮੀ ਬੰਗਾਲ 'ਚ ਪਹਿਲੀ ਵਾਰ ਭਾਰਤੀ ਜਨਤਾ ਪਾਰਟੀ (ਭਾਜਪਾ) ਦੀ ਸ਼ਾਨਦਾਰ ਜਿੱਤ ਤੋਂ ਬਾਅਦ ਪਾਰਟੀ ਵਿੱਚ ਜਸ਼ਨ ਦਾ ਮਾਹੌਲ ਹੈ। ਤ੍ਰਿਣਮੂਲ ਕਾਂਗਰਸ (ਟੀਐਮਸੀ) ਨੂੰ ਹਰਾ ਕੇ ਮਿਲੀ ਇਸ ਇਤਿਹਾਸਕ ਜਿੱਤ 'ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਆਪਣੀ ਪਹਿਲੀ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਪੱਛਮੀ ਬੰਗਾਲ ਵਿੱਚ 'ਕਮਲ' ਖਿੜ ਗਿਆ ਹੈ। ਉਨ੍ਹਾਂ ਕਿਹਾ ਕਿ 2026 ਦੀਆਂ ਪੱਛਮੀ ਬੰਗਾਲ ਵਿਧਾਨ ਸਭਾ ਚੋਣਾਂ ਹਮੇਸ਼ਾ ਯਾਦ ਰੱਖੀਆਂ ਜਾਣਗੀਆਂ, ਕਿਉਂਕਿ ਇਹ ਜਨਤਾ ਦੀ ਸ਼ਕਤੀ ਦੀ ਜਿੱਤ ਹੈ ਅਤੇ ਭਾਜਪਾ ਦੀ ਸੁਸ਼ਾਸਨ ਦੀ ਰਾਜਨੀਤੀ ਸਫਲ ਰਹੀ ਹੈ। ਪ੍ਰਧਾਨ ਮੰਤਰੀ ਨੇ ਬੰਗਾਲ ਦੀ ਜਨਤਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਸੂਬੇ ਦੇ ਹਰ ਵਿਅਕਤੀ ਅੱਗੇ ਨਤਮਸਤਕ ਹਨ। ਉਹਨਾਂ ਨੇ ਭਰੋਸਾ ਦਿਵਾਇਆ ਕਿ ਭਾਜਪਾ ਪੱਛਮੀ ਬੰਗਾਲ ਦੇ ਲੋਕਾਂ ਦੇ ਸੁਪਨਿਆਂ ਅਤੇ ਉਮੀਦਾਂ ਨੂੰ ਪੂਰਾ ਕਰਨ ਲਈ ਹਰ ਸੰਭਵ ਯਤਨ ਕਰੇਗੀ ਅਤੇ ਇੱਕ ਅਜਿਹੀ ਸਰਕਾਰ ਦੇਵੇਗੀ ਜੋ ਸਮਾਜ ਦੇ ਸਾਰੇ



ਵਰਗਾਂ ਲਈ ਮੌਕੇ ਅਤੇ ਸਨਮਾਨ ਯਕੀਨੀ ਬਣਾਏਗੀ। ਇਸ ਜਿੱਤ ਦਾ ਸਿਹਰਾ ਪਾਰਟੀ ਵਰਕਰਾਂ ਨੂੰ ਦਿੰਦਿਆਂ ਪੀਐੱਮ ਮੋਦੀ ਨੇ ਕਿਹਾ ਕਿ ਇਹ ਇਤਿਹਾਸਕ ਜਿੱਤ ਪੀੜ੍ਹੀਆਂ ਤੋਂ ਅਣਗਿਣਤ ਵਰਕਰਾਂ ਦੇ ਯਤਨਾਂ ਅਤੇ ਸੰਘਰਸ਼ਾਂ ਤੋਂ ਬਿਨਾਂ ਸੰਭਵ ਨਹੀਂ ਸੀ। ਉਹਨਾਂ ਨੇ ਉਹਨਾਂ ਸਾਰੇ ਵਰਕਰਾਂ ਨੂੰ ਨਮਨ ਕੀਤਾ ਜਿਨ੍ਹਾਂ ਨੇ ਕਈ ਸਾਲਾਂ ਤੱਕ ਜ਼ਮੀਨੀ ਪੱਧਰ 'ਤੇ ਸਖ਼ਤ ਮਿਹਨਤ ਕੀਤੀ, ਹਰ ਮੁਸ਼ਕਲ ਦਾ ਸਾਹਮਣਾ ਕੀਤਾ ਅਤੇ ਪਾਰਟੀ ਦੇ ਵਿਕਾਸ ਦੇ ਏਜੰਡੇ ਨੂੰ ਲੋਕਾਂ ਤੱਕ ਪਹੁੰਚਾਇਆ। ਪ੍ਰਧਾਨ ਮੰਤਰੀ ਅਨੁਸਾਰ ਇਹ ਵਰਕਰ ਹੀ ਪਾਰਟੀ ਦੀ ਅਸਲੀ ਤਾਕਤ ਹਨ। ਪੱਛਮੀ ਬੰਗਾਲ ਅਤੇ ਅਸਾਮ ਵਿਧਾਨ ਸਭਾ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ (ਭਾਜਪਾ) ਦੀ ਵੱਡੀ ਬਹੁਮਤ ਤੋਂ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਸੋਮਵਾਰ ਸ਼ਾਮ ਨੂੰ ਦਿੱਲੀ ਸਥਿਤ ਪਾਰਟੀ ਹੈੱਡਕੁਆਰਟਰ ਵਿਖੇ ਭਰਵਾਂ ਤੇ ਜੋਸ਼ੀਲਾ ਸਵਾਗਤ ਕੀਤਾ ਗਿਆ। ਇਸ ਮੌਕੇ ਪੂਰਾ ਕੰਪਲੈਕਸ 'ਮੋਦੀ-ਮੋਦੀ' ਤੇ 'ਜੈ ਸ਼੍ਰੀ ਰਾਮ' ਦੇ ਨਾਅਰਿਆਂ ਨਾਲ ਗੂੰਜ ਉੱਠਿਆ। ਪੀਐੱਮ ਮੋਦੀ ਨੇ ਆਪਣੇ ਸੰਬੋਧਨ ਦੀ ਸ਼ੁਰੂਆਤ 'ਭਾਰਤ ਮਾਤਾ ਦੀ ਜੈ' ਦੇ ਨਾਅਰੇ ਨਾਲ ਕੀਤੀ ਅਤੇ ਇਸ ਦਿਨ ਨੂੰ ਦੇਸ਼ ਦੀ ਸਿਆਸਤ ਲਈ ਇਤਿਹਾਸਕ ਅਤੇ ਬੇਮਿਸਾਲ ਦੱਸਿਆ। ਪੱਛਮੀ ਬੰਗਾਲ ਦੇ ਨਤੀਜਿਆਂ 'ਤੇ ਬੋਲਦਿਆਂ ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਰਿਕਾਰਡ ਤੋੜ ਜਿੱਤ ਕਈ ਪੀੜ੍ਹੀਆਂ ਦੇ ਵਰਕਰਾਂ ਦੇ ਸਖ਼ਤ ਸੰਘਰਸ਼ ਅਤੇ ਬੇਅੰਤ ਕੁਰਬਾਨੀਆਂ ਦਾ ਨਤੀਜਾ ਹੈ। ਤਾਜ਼ਾ ਰੁਝਾਨਾਂ ਅਨੁਸਾਰ ਭਾਜਪਾ 204 ਸੀਟਾਂ 'ਤੇ ਫੈਸਲਾਕੁੰਨ ਲੀਡ ਬਣਾ ਚੁੱਕੀ ਹੈ, ਜਦਕਿ ਸੱਤਾਧਾਰੀ ਤ੍ਰਿਣਮੂਲ ਕਾਂਗਰਸ ਕਾਫੀ ਪਿੱਛੇ ਰਹਿ ਗਈ ਹੈ। ਪੀਐੱਮ ਮੋਦੀ ਨੇ ਕਿਹਾ, ਲੋਕਾਂ ਦੀ ਤਾਕਤ ਦੀ ਜਿੱਤ ਹੋਈ ਹੈ ਅਤੇ ਚੰਗੇ ਸ਼ਾਸਨ ਦੀ ਰਾਜਨੀਤੀ ਜਿੱਤੀ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਨਵੀਂ ਸਰਕਾਰ ਬੰਗਾਲ ਦੇ ਲੋਕਾਂ ਦੇ ਸੁਪਨਿਆਂ ਨੂੰ ਪੂਰਾ ਕਰਨ ਲਈ ਹਰ ਸੰਭਵ ਕੋਸ਼ਿਸ਼ ਕਰੇਗੀ ਅਤੇ ਸਮਾਜ ਦੇ ਸਾਰੇ ਵਰਗਾਂ ਨੂੰ ਸਨਮਾਨ ਦੇਵੇਗੀ। ਅਸਾਮ ਵਿੱਚ ਭਾਜਪਾ-ਐਨਡੀਏ ਦੀ ਜਿੱਤ 'ਤੇ ਪੀਐਮ ਮੋਦੀ ਨੇ ਕਿਹਾ ਕਿ ਜਨਤਾ ਨੇ ਪਿਛਲੇ 10 ਸਾਲਾਂ ਦੇ ਵਿਕਾਸ ਅਤੇ ਸਕਾਰਾਤਮਕ ਏਜੰਡੇ 'ਤੇ ਮੋਹਰ ਲਗਾਈ ਹੈ। ਉਨ੍ਹਾਂ ਨੇ ਤਮਿਲਨਾਡੂ ਦੇ ਵੋਟਰਾਂ ਦਾ ਵੀ ਧੰਨਵਾਦ ਕੀਤਾ ਜਿਨ੍ਹਾਂ ਨੇ ਐਨਡੀਏ ਦਾ ਸਮਰਥਨ ਕੀਤਾ। ਇਸ ਦੇ ਨਾਲ ਹੀ ਉਨ੍ਹਾਂ ਨੇ ਅਦਾਕਾਰ ਤੋਂ ਨੇਤਾ ਬਣੇ ਵਿਜੇ ਦੀ ਪਾਰਟੀ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਵਧਾਈ ਦਿੱਤੀ ਅਤੇ ਕਿਹਾ ਕਿ ਕੇਂਦਰ ਸਰਕਾਰ ਤਮਿਲਨਾਡੂ ਦੀ ਭਲਾਈ ਲਈ ਕੋਈ ਕਸਰ ਨਹੀਂ ਛੱਡੇਗੀ। ਇਸ ਜਸ਼ਨ ਦੌਰਾਨ ਭਾਜਪਾ ਪ੍ਰਧਾਨ ਨਿਤਿਨ ਨਬੀਨ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਵੀ ਮੌਜੂਦ ਸਨ। ਨਿਤਿਨ ਨਬੀਨ ਨੇ ਕਿਹਾ ਕਿ ਇਸ ਪ੍ਰਚੰਡ ਜਿੱਤ ਨੇ 2024 ਦੀ ਕਸਕ ਪੂਰੀ ਕਰ ਦਿੱਤੀ ਹੈ ਅਤੇ ਵਿਰੋਧੀ ਗਠਜੋੜ ਹੁਣ ਤਾਸ਼ ਦੇ ਪੱਤਿਆਂ ਵਾਂਗ ਬਿਖਰ ਜਾਵੇਗਾ।

## 3 ਕੈਰੀਬੀਅਨ ਦੇਸ਼ਾਂ ਦੀ ਯਾਤਰਾ ਲਈ ਰਵਾਨਾ ਹੋਏ ਵਿਦੇਸ਼ ਮੰਤਰੀ ਜੈਸ਼ੰਕਰ

ਇੰਟਰਨੈਸ਼ਨਲ ਡੈਸਕ 4 ਮਈ। ਭਾਰਤੀ ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਜਮਾਇਕਾ ਪਹੁੰਚ ਗਏ ਹਨ। ਇਹ ਉਨ੍ਹਾਂ ਦੀ ਇਸ ਕੈਰੀਬੀਆਈ ਦੇਸ਼ ਦੀ ਪਹਿਲੀ ਅਧਿਕਾਰਤ ਯਾਤਰਾ ਹੈ। ਇਸ ਦੌਰਾਨ ਉਹ ਜਮਾਇਕਾ ਦੀ ਲੀਡਰਸ਼ਿਪ, ਵਪਾਰ ਜਗਤ ਅਤੇ ਭਾਰਤੀ ਮੂਲ ਦੇ ਲੋਕਾਂ ਨਾਲ ਮੁਲਾਕਾਤ ਕਰਨਗੇ। ਜੈਸ਼ੰਕਰ ਨੇ ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਲਿਖਿਆ- 'ਕਿੰਗਸਟਨ ਪਹੁੰਚ ਕੇ ਬਹੁਤ ਖੁਸ਼ੀ ਹੋਈ। ਇਹ ਮੇਰੀ ਜਮਾਇਕਾ ਦੀ ਪਹਿਲੀ ਯਾਤਰਾ ਹੈ। ਵਿਦੇਸ਼ ਮੰਤਰੀ ਕਾਮਿਨਾ ਜੇ. ਸਮਿਥ ਵੱਲੋਂ ਕੀਤੇ ਗਏ ਨਿੱਘੇ ਸਵਾਗਤ ਤੋਂ ਮੈਂ ਬਹੁਤ ਪ੍ਰਭਾਵਿਤ ਹਾਂ।' ਉਨ੍ਹਾਂ ਇਹ ਵੀ ਕਿਹਾ ਕਿ ਉਹ ਇਸ 2 ਦਿਨਾ ਯਾਤਰਾ ਦੌਰਾਨ ਕਈ ਅਹਿਮ ਬੈਠਕਾਂ ਲਈ ਉਤਸ਼ਾਹਿਤ ਹਨ। ਉਨ੍ਹਾਂ ਲਿਖਿਆ, "ਅਗਲੇ 2 ਦਿਨਾਂ ਵਿਚ ਮੈਂ ਜਮਾਇਕਾ ਦੇ ਨੇਤਾਵਾਂ, ਵਪਾਰਕ ਭਾਈਚਾਰੇ ਅਤੇ ਭਾਰਤੀ ਪ੍ਰਵਾਸੀ ਲੋਕਾਂ ਨੂੰ ਮਿਲਣ ਦੀ ਉਡੀਕ ਕਰ ਰਿਹਾ ਹਾਂ।" ਇਸ ਤੋਂ ਪਹਿਲਾਂ ਆਪਣੇ ਕੈਰੀਬੀਆਈ ਦੌਰੇ ਦੌਰਾਨ ਵਿਦੇਸ਼ ਮੰਤਰੀ ਜੈਸ਼ੰਕਰ ਨੇ ਸਵਿਟਜ਼ਰਲੈਂਡ ਦੇ ਜ਼ਿਊਰਿਖ ਵਿਚ ਥੋੜ੍ਹੀ ਦੇਰ ਲਈ ਰੁਕੇ। ਉਹ ਇਸ ਸਮੇਂ ਜਮਾਇਕਾ, ਸੂਰੀਨਾਮ ਅਤੇ ਤ੍ਰਿਨੀਦਾਦ ਤੇ ਟੋਬੈਗੋ ਦੀ 3 ਦੇਸ਼ਾਂ ਦੀ ਅਧਿਕਾਰਤ ਯਾਤਰਾ 'ਤੇ ਹਨ। ਵਿਦੇਸ਼ ਮੰਤਰਾਲਾ ਅਨੁਸਾਰ ਇਹ ਯਾਤਰਾ 10 ਮਈ ਤੱਕ ਚੱਲੇਗੀ।

## ਕੇਰਲ 'ਚ ਸੰਯੁਕਤ ਲੋਕਤੰਤਰਿਕ ਮੋਰਚੇ ਦੀ ਵੱਡੀ ਬੜ੍ਹਤ 'ਤੇ ਜੈਰਾਮ ਰਮੇਸ਼ ਨੇ ਲੋਕਾਂ ਦਾ ਕੀਤਾ ਧੰਨਵਾਦ



ਨੈਸ਼ਨਲ ਡੈਸਕ 4 ਮਈ। ਭਾਰਤੀ ਰਾਸ਼ਟਰੀ ਕਾਂਗਰਸ ਨੇ ਕੇਰਲ ਵਿਧਾਨ ਸਭਾ ਚੋਣਾਂ 'ਚ ਸੰਯੁਕਤ ਲੋਕਤੰਤਰਿਕ ਮੋਰਚੇ ਦੀ ਸ਼ਾਨਦਾਰ ਬੜ੍ਹਤ ਲਈ ਸੂਬੇ ਦੇ ਲੋਕਾਂ ਦਾ ਦਿਲੋਂ ਧੰਨਵਾਦ ਕੀਤਾ ਹੈ। ਕਾਂਗਰਸ ਦੇ ਸੀਨੀਅਰ ਆਗੂ ਜੈਰਾਮ ਰਮੇਸ਼ ਨੇ ਇੱਕ ਬਿਆਨ ਜਾਰੀ ਕਰਦਿਆਂ ਕਿਹਾ ਕਿ ਕੇਰਲ ਦੀ ਜਨਤਾ ਨੇ ਯੂ.ਡੀ.ਐਫ. ਨੂੰ ਭਾਰੀ ਬਹੁਮਤ ਨਾਲ ਸੇਵਾ ਕਰਨ ਦਾ ਜੋ ਮੌਕਾ ਦਿੱਤਾ ਹੈ, ਪਾਰਟੀ ਉਸ ਜ਼ਿੰਮੇਵਾਰੀ ਨੂੰ ਪਛਾਣਦੀ ਹੈ ਅਤੇ ਲੋਕਾਂ ਦੇ ਭਰੋਸੇ 'ਤੇ ਖਰਾ ਉਤਰਨ ਲਈ ਵਚਨਬੱਧ ਹੈ।ਹੋਰਨਾਂ ਸੂਬਿਆਂ ਦੇ ਚੋਣ ਨਤੀਜਿਆਂ ਬਾਰੇ ਟਿੱਪਣੀ ਕਰਦਿਆਂ ਜੈਰਾਮ ਰਮੇਸ਼ ਨੇ ਸਵੀਕਾਰ ਕੀਤਾ ਕਿ ਕੇਰਲ ਨੂੰ ਛੱਡ ਕੇ ਬਾਕੀ ਥਾਵਾਂ ਦੇ ਨਤੀਜੇ ਪਾਰਟੀ ਦੀਆਂ ਉਮੀਦਾਂ ਤੋਂ ਘੱਟ ਰਹੇ ਹਨ। ਹਾਲਾਂਕਿ, ਉਨ੍ਹਾਂ ਨੇ ਸਪੱਸ਼ਟ ਕੀਤਾ ਕਿ ਕਾਂਗਰਸ ਪਾਰਟੀ ਇਨ੍ਹਾਂ ਨਤੀਜਿਆਂ ਤੋਂ ਨਾ ਤਾਂ ਨਿਰਾਸ਼ ਹੈ ਅਤੇ ਨਾ ਹੀ ਹਤਾਸ਼। ਉਨ੍ਹਾਂ ਇਸ ਸੰਘਰਸ਼ ਨੂੰ ਵਿਚਾਰਧਾਰਾ ਦੀ ਲੜਾਈ ਦੱਸਦਿਆਂ ਕਿਹਾ ਕਿ ਇੱਕਤੰਤਰ ਅਤੇ ਝੂਠ ਦੇ ਵਿਰੁੱਧ ਲੋਕਤੰਤਰ ਅਤੇ ਸੱਚ ਦੀ ਲੜਾਈ ਦਾ ਰਸਤਾ ਹਮੇਸ਼ਾ ਲੰਬਾ ਅਤੇ ਕਠਿਨ ਹੁੰਦਾ ਹੈ, ਪਰ ਪਾਰਟੀ ਪੂਰੇ ਸੰਕਲਪ ਅਤੇ ਦ੍ਰਿੜਤਾ ਨਾਲ ਅੱਗੇ ਵਧਦੀ ਰਹੇਗੀ। ਰਮੇਸ਼ ਨੇ ਦੱਸਿਆ ਕਿ ਕਾਂਗਰਸ ਪਾਰਟੀ ਜਲਦੀ ਹੀ ਇਨ੍ਹਾਂ ਨਤੀਜਿਆਂ ਦਾ ਡੂੰਘਾਈ ਨਾਲ ਵਿਸ਼ਲੇਸ਼ਣ ਕਰੇਗੀ ਤਾਂ ਜੋ ਹਾਰ ਦੇ ਕਾਰਨਾਂ ਅਤੇ ਭਵਿੱਖ ਦੀ ਰਣਨੀਤੀ 'ਤੇ ਚਰਚਾ ਕੀਤੀ ਜਾ ਸਕੇ। ਇਸ ਦੇ ਨਾਲ ਹੀ ਕੇਰਲ ਵਿੱਚ ਅਗਲੇਰੀ ਪ੍ਰਕਿਰਿਆ ਨੂੰ ਅੱਗੇ ਵਧਾਉਣ ਲਈ ਨਿਰੀਖਕਾਂ ਨੂੰ ਭੇਜਣ ਦੀ ਪ੍ਰਕਿਰਿਆ ਵੀ ਸ਼ੁਰੂ ਕਰ ਦਿੱਤੀ ਗਈ ਹੈ।

## ਆਪਣੀ ਹੀ ਪਾਰਟੀ ਦੇ ਬਾਗੀ ਤੋਂ ਹਾਰ ਗਏ ਮੁੱਖ ਮੰਤਰੀ ਸਟਾਲਿਨ

ਵੈੱਬ ਡੈਸਕ 4 ਮਈ। ਤਾਮਿਲਨਾਡੂ ਵਿਧਾਨ ਸਭਾ ਚੋਣਾਂ 2026 ਦੇ ਨਤੀਜਿਆਂ ਨੇ ਸੂਬੇ ਦੀ ਸਿਆਸਤ 'ਚ ਇੱਕ ਨਵਾਂ ਇਤਿਹਾਸ ਲਿਖ ਦਿੱਤਾ ਹੈ, ਜਿਸ 'ਚ ਸਭ ਤੋਂ ਵੱਡਾ ਉਲਟਫੇਰ ਮੁੱਖ ਮੰਤਰੀ ਅਤੇ ਡੀਐੱਮਕੇ (4$™) ਪ੍ਰਧਾਨ ਐੱਮ.ਕੇ. ਸਟਾਲਿਨ ਦੀ ਹਾਰ ਦੇ ਰੂਪ 'ਚ ਸਾਹਮਣੇ ਆਇਆ ਹੈ। ਸਟਾਲਿਨ ਨੂੰ ਉਨ੍ਹਾਂ ਦੇ ਆਪਣੇ ਹੀ 'ਅਜਿੱਤ ਕਿਲ੍ਹੇ' ਵਜੋਂ ਜਾਣੀ ਜਾਂਦੀ ਕੋਲਾਥੁਰ ਸੀਟ ਤੋਂ ਕਰਾਰੀ ਸ਼ਿਕਸਤ ਦਾ ਸਾਹਮਣਾ ਕਰਨਾ ਪਿਆ ਹੈ। ਐਮ.ਕੇ. ਸਟਾਲਿਨ ਨੂੰ ਤਮਿਝਗਾ ਵੇਤਰੀ ਕੜਗਮ ("੭™) ਦੇ ਉਮੀਦਵਾਰ ਅਤੇ ਉਨ੍ਹਾਂ ਦੀ ਆਪਣੀ ਹੀ ਪਾਰਟੀ ਦੇ ਸਾਬਕਾ ਦਿੱਗਜ ਨੇਤਾ ਵੀ.ਐੱਸ. ਬਾਬੂ ਨੇ 8,500 ਤੋਂ ਵੱਧ ਵੋਟਾਂ ਦੇ ਫਰਕ ਨਾਲ ਹਰਾਇਆ ਹੈ। ਵੀ.ਐੱਸ. ਬਾਬੂ ਨੇ ਹਾਲ ਹੀ 'ਚ 7 ਫਰਵਰੀ 2026 ਨੂੰ ਡੀਐੱਮਕੇ ਛੱਡ ਕੇ ਅਦਾਕਾਰ ਵਿਜੇ ਦੀ ਪਾਰਟੀ "੭™ ਦਾ ਪੱਲਾ ਫੜਿਆ ਸੀ। 75 ਸਾਲਾ ਵੀ.ਐੱਸ. ਬਾਬੂ ਤਾਮਿਲਨਾਡੂ ਦੀ ਸਿਆਸਤ ਦਾ ਇੱਕ ਬਹੁਤ ਹੀ ਤਜਰਬੇਕਾਰ ਚਿਹਰਾ ਹਨ, ਜਿਨ੍ਹਾਂ ਕੋਲ 20 ਸਾਲਾਂ ਤੋਂ ਵੱਧ ਦਾ ਸਰਗਰਮ ਸਿਆਸੀ ਅਨੁਭਵ ਹੈ। ਉਹ 2006 ਤੋਂ 2011 ਤੱਕ ਡੀਐੱਮਕੇ ਦੇ ਵਿਧਾਇਕ ਰਹਿ ਚੁੱਕੇ ਹਨ। ਸਾਲ 2006 ਵਿੱਚ ਉਨ੍ਹਾਂ ਨੇ ਪੁਰਾਸਵਾਲਕਮ ਸੀਟ ਤੋਂ 90,000 ਤੋਂ ਵੱਧ ਵੋਟਾਂ ਦੇ ਵੱਡੇ ਫਰਕ ਨਾਲ ਜਿੱਤ ਹਾਸਲ ਕੀਤੀ ਸੀ। 2026 ਦੇ ਚੋਣ ਹਲਫਨਾਮੇ ਮੁਤਾਬਕ ਉਨ੍ਹਾਂ ਕੋਲ 3.7 ਕਰੋੜ ਰੁਪਏ ਦੀ ਜਾਇਦਾਦ ਹੈ। ਇਹ ਪਹਿਲੀ ਵਾਰ ਹੈ ਜਦੋਂ ਡੀਐੱਮਕੇ ਦੇ ਗਠਨ ਤੋਂ ਬਾਅਦ ਪਾਰਟੀ ਦੇ ਪ੍ਰਧਾਨ (ਐੱਮ.ਕੇ. ਸਟਾਲਿਨ) ਅਤੇ ਜਨਰਲ ਸਕੱਤਰ (ਦੁਰਈਮੁਰੂਗਨ) ਦੋਵੇਂ ਹੀ ਵਿਧਾਨ ਸਭਾ ਚੋਣਾਂ ਹਾਰ ਗਏ ਹਨ।

## ਆਪ ਸਰਕਾਰ ਦਾ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣਾ ਅਤੇ ਖਿਡਾਰੀਆਂ ਨੂੰ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਮੁਕਾਬਲਾ ਕਰਨ ਦੇ ਯੋਗ ਬਣਾਉਣਾ: ਮੁੱਖ ਮੰਤਰੀ ਮਾਨ

**ਕੌਮੀ ਪਤ੍ਰਿਕਾ**
**ਨਵਦੀਪ ਸਿੰਘ ਸਾਹਨੀ**

ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ); 4 ਮਈ। ਪੰਜਾਬ ਦੇ ਪਿੰਡਾਂ ਨੂੰ ਖੇਡ ਬੁਨਿਆਦੀ ਢਾਂਚੇ ਦੇ ਵਿਕਾਸ ਦੇ ਕੇਂਦਰ ਵਿੱਚ ਰੱਖਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਰਾਜ ਭਰ ਵਿੱਚ 15 ਜੁਲਾਈ ਤੱਕ ਵਿਸ਼ਵ ਪੱਧਰੀ ਸਹੂਲਤਾਂ ਵਾਲੇ 3,100 ਖੇਡ ਮੈਦਾਨ ਲੋਕਾਂ ਨੂੰ ਸਮਰਪਿਤ ਕਰਨਗੇ, ਜਿਨ੍ਹਾਂ ਵਿੱਚੋਂ ਅੱਜ ਉਨ੍ਹਾਂ ਨੇ 250 ਖੇਡ ਮੈਦਾਨ ਦਾ ਉਦਘਾਟਨ ਕੀਤਾ। ਨੌਜਵਾਨਾਂ ਵਿੱਚ ਨਸ਼ਿਆਂ ਦੀ ਸਮੱਸਿਆ ਨੂੰ ਦੂਰ ਕਰਨ ਲਈ ਖੇਡਾਂ ਦੀ ਭੂਮਿਕਾ ਨੂੰ ਅਹਿਮ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ (ਆਪ) ਸਰਕਾਰ ਸਿਰਫ਼ ਬੁਨਿਆਦੀ ਢਾਂਚਾ ਵਿਕਸਿਤ ਨਹੀਂ ਕਰ ਰਹੀ, ਸਗੋਂ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਮੁਕਾਬਲਾ ਕਰਨ ਦੇ ਯੋਗ ਖਿਡਾਰੀ ਪੈਦਾ ਕਰਨ ਦੇ ਉਦੇਸ਼ ਨਾਲ ਨੌਜਵਾਨਾਂ ਨੂੰ ਮੁਫਤ ਸਿਖਲਾਈ, ਪੇਸ਼ੇਵਰ ਕੋਚਾਂ ਅਤੇ ਖੇਡ ਉਪਕਰਨ ਪ੍ਰਦਾਨ ਕਰਕੇ ਇਸ ਕਦਮ ਨੂੰ ਵੱਧ ਤੋਂ ਵੱਧ ਹੁਲਾਰਾ ਵੀ ਦੇ ਰਹੀ ਹੈ। ਖੇਡਾਂ 'ਚ ਨਿਵੇਸ਼ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਖੇਡ ਬਜਟ, ਜੋ ਪਹਿਲਾਂ 200 ਕਰੋੜ ਰੁਪਏ ਤੋਂ ਵੀ ਘੱਟ ਸੀ, ਨੂੰ ਵਧਾ ਕੇ ਉਨ੍ਹਾਂ ਦੀ ਸਰਕਾਰ ਨੇ 1,790 ਕਰੋੜ ਕਰ ਦਿੱਤਾ ਹੈ। ਇਸਦੇ ਨਾਲ ਹੀ ਕਿਲਾ ਰਾਏਪੁਰ 'ਪੇਂਡੂ ਓਲੰਪਿਕ' ਦੀ ਸ਼ੁਰੂਆਤ ਰਾਹੀਂ ਪੰਜਾਬ ਦੀ ਖੇਡ ਵਿਰਾਸਤ ਨੂੰ ਮੁੜ ਸੁਰਜੀਤ ਕਰਨ ਦੇ ਯਤਨ ਕੀਤੇ ਜਾ ਰਹੇ ਹਨ। ਪੰਜਾਬ ਪਹਿਲੀ ਵਾਰ ਏਸ਼ੀਅਨ ਹਾਕੀ ਚੈਂਪੀਅਨਸ਼ਿਪ ਦੀ ਮੇਜ਼ਬਾਨੀ ਕਰਨ ਕਰਨ ਜਾ ਰਿਹਾ ਹੈ। ਜ਼ਿਕਰਯੋਗ ਹੈ ਕਿ ਭਗਵੰਤ ਮਾਨ ਸਰਕਾਰ ਸੂਬੇ ਨੂੰ ਦੇਸ਼ ਅਤੇ ਪੂਰੇ ਵਿਸ਼ਵ ਭਰ ਦੇ ਖੇਡ ਨਕਸ਼ੇ 'ਤੇ ਮਜ਼ਬੂਤੀ ਨਾਲ ਖੜ੍ਹਾ ਕਰਨ ਦਾ ਦ੍ਰਿਸ਼ਟੀਕੋਣ ਲੈ ਕੇ ਚੱਲ ਰਹੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਹਰ ਪਿੰਡ ਦੇ ਵਿਕਾਸ ਨੂੰ ਉਸੇ ਖਜ਼ਾਨੇ 'ਚੋਂ ਯਕੀਨੀ ਬਣਾ ਰਹੀ ਹੈ, ਪਿਛਲੀਆਂ ਸਰਕਾਰਾਂ ਜਿਸ ਦੇ ਖਾਲੀ ਹੋਣ ਦਾ ਦਾਅਵਾ ਕਰਦੀਆਂ



ਰਹੀਆਂ ਹਨ। ਨਵੇਂ ਬਣੇ 250 ਪੇਂਡੂ ਖੇਡ ਮੈਦਾਨਾਂ ਦਾ ਉਦਘਾਟਨ ਕਰਨ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ 'ਆਪ' ਸਰਕਾਰ ਸੂਬੇ ਦੇ ਖੇਡ ਮਾਹੌਲ ਨੂੰ ਬਦਲਣ ਲਈ ਵੱਡੇ ਪੱਧਰ 'ਤੇ ਯਤਨ ਕਰ ਰਹੀ ਹੈ, ਜਿਸਦਾ ਸਪੱਸ਼ਟ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣਾ ਅਤੇ ਉਨ੍ਹਾਂ ਦੀ ਊਰਜਾ ਨੂੰ ਉਸਾਰੂ ਪਾਸੇ ਲਾਉਣਾ ਹੈ। ਉਨ੍ਹਾਂ ਕਿਹਾ ਕਿ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨਾ ਸੂਬਾ ਸਰਕਾਰ ਦੇ ਨਸ਼ਿਆਂ ਵਿਰੁੱਧ ਯੁੱਧ ਵਿੱਚ ਸਭ ਤੋਂ ਪ੍ਰਭਾਵਸ਼ਾਲੀ ਸਾਧਨ ਹੋ ਸਕਦਾ ਹੈ। ਨੌਜਵਾਨਾਂ ਦੀ ਬੇਅੰਤ ਊਰਜਾ ਨੂੰ ਸਹੀ ਪਾਸੇ ਲਾਉਣ ਲਈ ਖੇਡਾਂ ਨੂੰ ਵੱਧ ਤੋਂ ਵੱਧ ਉਤਸ਼ਾਹਿਤ ਕੀਤਾ ਜਾ ਰਿਹਾ ਹੈ ਤਾਂ ਜੋ ਉਹ ਖੇਡਾਂ ਵਿੱਚ ਵੱਡੀਆਂ ਮੱਲਾਂ ਮਾਰ ਸਕਣ। ਉਨ੍ਹਾਂ ਕਿਹਾ ਕਿ ਜਿਹੜੇ ਨੌਜਵਾਨ ਖੇਡਾਂ ਵਿੱਚ ਲੱਗੇ ਹੋਏ ਹਨ ਉਨ੍ਹਾਂ ਕੋਲ ਤਾਂ ਨਸ਼ਿਆਂ ਵੱਲ ਦੇਖਣ ਤੱਕ ਦਾ ਵੀ ਸਮਾਂ ਨਹੀਂ ਹੈ ਕਿਉਂਕਿ ਉਨ੍ਹਾਂ ਦਾ ਸਾਰਾ ਧਿਆਨ ਆਪਣੇ-ਆਪਣੇ ਖੇਤਰਾਂ ਵਿੱਚ ਬੁਲੰਦੀ ਹਾਸਲ ਕਰਨ 'ਤੇ ਕੇਂਦਰਤ ਰਹਿੰਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਇਹ ਸੂਬੇ ਵਿੱਚੋਂ ਨਸ਼ਿਆਂ ਦੇ ਕੋਹੜ ਨੂੰ ਖਤਮ ਕਰਨ ਅਤੇ ਨੌਜਵਾਨਾਂ ਨੂੰ ਸਮਾਜਿਕ-ਆਰਥਿਕ ਵਿਕਾਸ ਵਿੱਚ ਬਰਾਬਰ ਦੇ ਭਾਈਵਾਲ ਬਣਾਉਣ ਵਿੱਚ ਵਧੇਰੇ ਮਦਦਗਾਰ ਸਿੱਧ ਹੋਵੇਗਾ। ਇਸ ਪਹਿਲਕਦਮੀ ਬਾਰੇ ਵਿਸਥਾਰ 'ਚ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਨੌਜਵਾਨਾਂ ਦੇ ਸਿਹਤਮੰਦ ਸਰੀਰ ਅਤੇ ਤੰਦਰੁਸਤ ਮਨ ਨੂੰ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਪਹਿਲੇ ਪੜਾਅ ਤਹਿਤ 1,250 ਕਰੋੜ ਦੀ ਲਾਗਤ ਨਾਲ ਰਾਜ ਭਰ ਵਿੱਚ ਆਧੁਨਿਕ ਸਹੂਲਤਾਂ ਨਾਲ ਲੈਸ 3,100 ਪੇਂਡੂ ਖੇਡ ਮੈਦਾਨ ਵਿਕਸਤ ਕਰ ਰਹੀ ਹੈ। ਇਨ੍ਹਾਂ ਵਿੱਚੋਂ 250 ਮੈਦਾਨ ਅੱਜ ਸਮਰਪਿਤ ਕਰ ਦਿੱਤੇ ਗਏ ਹਨ ਅਤੇ ਬਾਕੀ ਰਹਿੰਦੇ ਸਾਰੇ ਮੈਦਾਨ ਪੜਾਅਵਾਰ ਢੰਗ ਨਾਲ 15 ਜੁਲਾਈ ਤੱਕ ਸਮਰਪਿਤ ਕਰ ਦਿੱਤੇ ਜਾਣਗੇ। ਇਸਦੇ ਪੜਾਅਵਾਰ ਲਾਗੂਕਰਨ ਬਾਰੇ ਹੋਰ ਜਾਣਕਾਰੀ ਦਿੰਦਿਆਂ 250 ਮੈਦਾਨ ਅੱਜ ਸਮਰਪਿਤ ਕੀਤੇ ਗਏ ਹਨ ਅਤੇ ਬਾਕੀ 500 ਮੈਦਾਨ 15 ਮਈ ਨੂੰ, 250 ਮੈਦਾਨ 31 ਮਈ ਨੂੰ, 500 ਮੈਦਾਨ 15 ਜੂਨ ਨੂੰ, 1,000 ਮੈਦਾਨ 30 ਜੂਨ ਨੂੰ ਅਤੇ 600 ਮੈਦਾਨ 15 ਜੁਲਾਈ ਨੂੰ ਸਮਰਪਿਤ ਕੀਤੇ ਜਾਣਗੇ।

Contd..............page-3

## ਤੁਹਾਡਾ ਭਰੋਸਾ ਸਾਡਾ ਮਾਰਗਦਰਸ਼ਨ ਕਰੇਗਾ, ਕੇਰਲ 'ਚ ਸੰਯੁਕਤ ਲੋਕਤੰਤਰਿਕ ਮੋਰਚੇ ਦੀ ਬੜ੍ਹਤ 'ਤੇ ਬੋਲੀ ਪ੍ਰਿਯੰਕਾ ਗਾਂਧੀ

**ਕੌਮੀ ਪਤ੍ਰਿਕਾ**
**ਤੇਜਿੰਦਰ ਕੌਰ ਬੱਬਰ**

ਨੈਸ਼ਨਲ ਡੈਸਕ 4 ਮਈ। ਕੇਰਲ ਵਿਧਾਨ ਸਭਾ ਚੋਣਾਂ 'ਚ ਕਾਂਗਰਸ ਦੀ ਅਗਵਾਈ ਵਾਲੇ ਸੰਯੁਕਤ ਲੋਕਤੰਤਰਿਕ ਮੋਰਚੇ ਦੀ ਵੱਡੀ ਜਿੱਤ ਤੋਂ ਬਾਅਦ ਕਾਂਗਰਸ ਜਨਰਲ ਸਕੱਤਰ ਪ੍ਰਿਯੰਕਾ ਗਾਂਧੀ ਵਾਡਰਾ ਨੇ ਸੂਬੇ ਦੇ ਲੋਕਾਂ ਦਾ ਧੰਨਵਾਦ ਕੀਤਾ ਹੈ। ਸੋਮਵਾਰ ਨੂੰ ਆਏ ਰੁਝਾਨਾਂ ਤੇ ਨਤੀਜਿਆਂ ਅਨੁਸਾਰ "46 ਲਗਭਗ 100 ਸੀਟਾਂ 'ਤੇ ਜਿੱਤ ਵੱਲ ਵਧ ਰਿਹਾ ਹੈ। ਪ੍ਰਿਯੰਕਾ ਗਾਂਧੀ ਨੇ ਸੋਸ਼ਲ ਮੀਡੀਆ ਪਲੇਟਫਾਰਮ '✓' 'ਤੇ ਪੋਸਟ ਕਰਦਿਆਂ ਕੇਰਲ ਦੇ ਲੋਕਾਂ ਦਾ ਉਨ੍ਹਾਂ ਦੇ ਜ਼ਬਰਦਸਤ ਸਮਰਥਨ ਲਈ ਆਭਾਰ ਜਤਾਇਆ। ਉਨ੍ਹਾਂ ਕਿਹਾ ਕਿ ਜਨਤਾ ਨੇ ਜੋ ਭਰੋਸਾ ਜਤਾਇਆ ਹੈ, ਉਹ ਆਉਣ ਵਾਲੇ ਸਮੇਂ ਵਿੱਚ "46 ਲਈ ਇੱਕ ਮਾਰਗਦਰਸ਼ਕ ਵਜੋਂ ਕੰਮ ਕਰੇਗਾ। ਉਨ੍ਹਾਂ ਭਰੋਸਾ ਦਿੱਤਾ ਕਿ ਪਾਰਟੀ ਹਰ ਇੱਕ ਨਾਗਰਿਕ ਦੇ ਬਿਹਤਰ ਭਵਿੱਖ ਲਈ ਸਖ਼ਤ ਮਿਹਨਤ ਕਰੇਗੀ ਅਤੇ ਅਗਲੇ ਪੰਜ ਸਾਲਾਂ ਵਿੱਚ ਆਪਣੇ ਵਾਅਦਿਆਂ ਨੂੰ ਇਮਾਨਦਾਰੀ ਅਤੇ ਨਿਮਰਤਾ ਨਾਲ ਪੂਰਾ ਕਰਨ ਦਾ ਯਤਨ ਕਰੇਗੀ। ਪ੍ਰਿਯੰਕਾ ਗਾਂਧੀ ਨੇ ਖਾਸ ਤੌਰ 'ਤੇ



ਵਾਇਨਾਡ ਦੇ ਸ਼ਾਨਦਾਰ ਫਤਵੇ ਦਾ ਜ਼ਿਕਰ ਕੀਤਾ, ਜਿੱਥੇ UDF ਨੇ ਸਾਰੀਆਂ 7 ਦੀਆਂ 7 ਸੀਟਾਂ 'ਤੇ ਜਿੱਤ ਹਾਸਲ ਕੀਤੀ ਹੈ। ਉਨ੍ਹਾਂ ਕਿਹਾ ਕਿ ਹੁਣ ਵਾਇਨਾਡ ਕੋਲ 8 ਪ੍ਰਤੀਨਿਧ ਹਨ ਜੋ ਮਿਲ ਕੇ ਖੇਤਰ ਦੇ ਵਿਕਾਸ ਲਈ ਕੰਮ ਕਰਨਗੇ। ਉਨ੍ਹਾਂ ਨੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਹਰ ਸੰਭਵ ਕੋਸ਼ਿਸ਼ ਕਰਨ ਦਾ ਵਾਅਦਾ ਵੀ ਕੀਤਾ। ਜ਼ਿਕਰਯੋਗ ਹੈ ਕਿ "46 ਦਾ ਕਾਂਗਰਸ ਨਾਲ ਬਹੁਤ ਗੂੜ੍ਹਾ ਸਬੰਧ ਹੈ। ਅਸਲ ਵਿੱਚ UDF ਕੇਰਲਾ ਰਾਜ ਵਿੱਚ ਭਾਰਤੀ ਰਾਸ਼ਟਰੀ ਕਾਂਗਰਸ ਦੀ ਅਗਵਾਈ ਵਾਲਾ ਇੱਕ ਸਿਆਸੀ ਗਠਜੋੜ ਹੈ। UDF ਕੋਈ ਇਕੱਲੀ ਪਾਰਟੀ ਨਹੀਂ, ਸਗੋਂ ਕਈ ਪਾਰਟੀਆਂ ਦਾ ਸਮੂਹ ਹੈ, ਜਿਸ ਦੀ ਮੁੱਖ ਪਾਰਟੀ ਕਾਂਗਰਸ ਹੈ। ਗਠਜੋੜ ਦੇ ਸਾਰੇ ਵੱਡੇ ਫੈਸਲੇ ਕਾਂਗਰਸ ਦੀ ਸਹਿਮਤੀ ਨਾਲ ਲਏ ਜਾਂਦੇ ਹਨ। ਇਸ ਗਠਜੋੜ ਦੀ ਸਥਾਪਨਾ 1979 ਵਿੱਚ ਕਾਂਗਰਸ ਦੇ ਦਿੱਗਜ ਨੇਤਾ ਕੇ. ਕਰੁਣਾਕਰਨ ਦੁਆਰਾ ਕੀਤੀ ਗਈ ਸੀ। ਉਦੋਂ ਤੋਂ ਲੈ ਕੇ ਹੁਣ ਤੱਕ ਕਾਂਗਰਸ ਇਸ ਗਠਜੋੜ ਦਾ ਚਿਹਰਾ ਰਹੀ ਹੈ।



# ਹੁਸ਼ਿਆਰਪੁਰ 'ਚ ਵੱਡਾ ਹਾਦਸਾ: ਸਕੂਲ ਬੱਸ ਤੋਂ ਉਤਰਦੇ ਬਾਈਕ ਸਵਾਰ ਨੇ ਜਵਾਕ ਨੂੰ ਮਾਰੀ ਟੱਕਰ, ਰੂਹ ਕੰਬਾਊ ਆਈ ਸਾਹਮਣੇ

**ਕੌਮੀ ਪਤ੍ਰਿਕਾ**

ਹੁਸ਼ਿਆਰਪੁਰ 4 ਮਈ। ਹੁਸ਼ਿਆਰਪੁਰ ਵਿਖੇ ਭਿਆਨਕ ਸੜਕ ਹਾਦਸਾ ਵਾਪਰਨ ਦੀ ਖਬਰ ਸਾਹਮਣੇ ਆਈ ਹੈ। ਇੱਥੇ ਇਕ ਸਕੂਲੀ ਵਿਦਿਆਰਥੀ ਸਕੂਲ ਬੱਸ ਤੋਂ ਉਤਰਦੇ ਹੋਏ ਸੜਕ ਹਾਦਸੇ ਦਾ ਸ਼ਿਕਾਰ ਹੋ ਗਿਆ। ਇਸ ਦੀ ਵੀਡੀਓ ਵੀ ਸੋਸ਼ਲ ਮੀਡੀਆ 'ਤੇ ਤੇਜੀ ਨਾਲ ਵਾਇਰਲ ਹੋ ਰਹੀ ਹੈ। ਵਾਇਰਲ ਵੀਡੀਓ ਵਿਚ ਵੇਖਿਆ ਜਾ ਸਕਦੀ ਹੈ ਕਿ ਸਕੂਲੀ ਬੱਚਾ ਬੱਸ ਤੋਂ ਉਤਰਦੇ ਸਾਰ ਹੀ ਦੂਜੀ ਦਿਸ਼ਾ ਤੋਂ ਆ ਰਹੇ ਤੇਜ ਰਫ਼ਤਾਰ ਮੋਟਰਸਾਈਕਲ ਦੀ ਲਪੇਟ ਵਿੱਚ ਆ ਜਾਂਦਾ ਹੈ। ਗਨੀਮਤ ਇਹ ਰਹੀ ਕਿ ਬੱਚਾ ਸੁਰੱਖਿਅਤ ਹੈ। ਬੱਚੇ ਦਾ ਨਾਮ ਅਰਮਾਨ ਦੀਪ ਸਿੰਘ (9) ਪੁੱਤਰ ਕਮਲਜੀਤ ਸਿੰਘ ਵਾਸੀ ਪਿੰਡ ਬੱਸੀ ਕਿੱਕਰਾਂ ਹੈ। ਅਰਮਾਨ ਤੀਜੀ ਕਲਾਸ ਵਿੱਚ ਪੜ੍ਹਦਾ ਹੈ। ਪਰਿਵਾਰ ਨਾਲ ਰਾਬਤਾ ਕਰਨ 'ਤੇ ਪਤਾ ਲੱਗਾ ਹੈ ਕਿ ਬੱਚਾ ਬਿਲਕੁਲ ਸੁਰੱਖਿਅਤ ਹੈ ਅਤੇ ਉਸ ਨੂੰ ਸਿਰਫ ਹਲਕੀਆਂ ਸੱਟਾਂ ਹੀ ਆਈਆਂ ਹਨ। ਬੱਚੇ ਦੇ ਪਰਿਵਾਰਕ ਮੈਂਬਰਾਂ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਇਹ ਪਰਮਾਤਮਾ ਦੀ ਅਪਾਰ ਕਿਰਪਾ ਹੀ ਸੀ ਕਿ ਇੰਨੇ ਭਿਆਨਕ ਹਾਦਸੇ ਦੇ ਬਾਵਜੂਦ ਬੱਚੇ ਦੀ ਜਾਨ ਬਚ ਗਈ। ਉਨ੍ਹਾਂ ਕਿਹਾ ਕਿ ਸਾਡਾ ਬੱਚਾ ਹੁਣ ਖਤਰੇ ਤੋਂ ਬਾਹਰ ਹੈ ਪਰ ਉਹ ਵੀਡੀਓ ਵੇਖ ਕੇ ਅੱਜ ਵੀ ਰੂਹ ਕੰਬ ਜਾਂਦੀ ਹੈ। ਹਾਲਾਂਕਿ ਬੱਚਾ ਸੁਰੱਖਿਅਤ ਹੈ ਪਰ ਇਸ ਘਟਨਾ ਨੇ ਸਕੂਲ ਪ੍ਰਸਾਸਨ ਦੀ ਕਾਰਗੁਜਾਰੀ 'ਤੇ ਕਈ ਸਵਾਲੀਆ ਨਿਸ਼ਾਨ ਖੜ੍ਹੇ ਕਰ ਦਿੱਤੇ ਹਨ। ਪਰਿਵਾਰ ਦਾ ਕਹਿਣਾ ਹੈ ਕਿ ਇਹ ਹਾਦਸਾ ਸਕੂਲ ਦੀ ਨਲਾਇਕੀ ਕਾਰਨ ਵਾਪਰਿਆ ਹੈ। ਪਰਿਵਾਰ ਅਨੁਸਾਰ ਬੱਸ 'ਚ ਲੋੜੀਂਦਾ ਸਟਾਫ ਤਾਇਨਾਤ ਨਹੀਂ ਸੀ। ਨਿਯਮਾਂ ਅਨੁਸਾਰ ਬੱਚੇ ਨੂੰ ਸੜਕ 'ਤੇ ਉਤਾਰਨ ਦੀ ਬਜਾਏ ਘਰ ਦੇ ਗੇਟ ਦੇ ਅੰਦਰ ਜਾਂ ਸੁਰੱਖਿਅਤ ਤਰੀਕੇ ਨਾਲ ਉਤਾਰਿਆ ਜਾਣਾ ਚਾਹੀਦਾ ਸੀ। ਜੇਕਰ ਕੋਈ ਹੈਲਪਰ ਬੱਚੇ ਦਾ ਹੱਥ ਫੜ ਕੇ ਉਸ ਨੂੰ ਉਤਾਰਦਾ ਤਾਂ ਇਹ ਹਾਦਸਾ ਕਦੇ ਨਾ ਵਾਪਰਦਾ। ਵਾਇਰਲ ਵੀਡੀਓ ਤੋਂ ਬਾਅਦ ਇਲਾਕਾ



ਨਿਵਾਸੀਆਂ ਅਤੇ ਬੱਚਿਆਂ ਦੇ ਮਾਪਿਆਂ 'ਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਲੋਕਾਂ ਨੇ ਮੰਗ ਕੀਤੀ ਹੈ ਕਿ ਸਕੂਲ ਬੱਸਾਂ 'ਚ ਸੁਰੱਖਿਆ ਸਟਾਫ ਅਤੇ ਹੈਲਪਰਾਂ ਦੀ ਮੌਜੂਦਗੀ ਲਾਜਮੀ ਕੀਤੀ ਜਾਵੇ। ਸਿੱਖਿਆ ਵਿਭਾਗ ਅਤੇ ਟ੍ਰੈਫਿਕ ਪੁਲਸ ਅਜਿਹੇ ਸਕੂਲਾਂ ਵਿਰੁੱਧ ਸਖਤ ਕਾਰਵਾਈ ਕਰੇ ਜੋ ਬੱਚਿਆਂ ਦੀ ਜਾਨ ਜੋਖਮ ਵਿੱਚ ਪਾਉਂਦੇ ਹਨ। ਭਵਿੱਖ 'ਚ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਸਖਤ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਜਾਣੇ ਚਾਹੀਦੇ ਹਨ।

## ਗਾਜ਼ੀਆਬਾਦ ਦੇ 15 ਮੰਜ਼ਿਲਾ ਅਪਾਰਟਮੈਂਟ 'ਚ ਲੱਗੀ ਭਿਆਨਕ ਅੱਗ

ਗਾਜ਼ੀਆਬਾਦ 4 ਮਈ। ਗੌਰ ਗ੍ਰੀਨ ਐਵੇਨਿਊ ਸੁਸਾਇਟੀ ਦੇ ਟਾਵਰ-ਡੀ ਸਥਿਤ 15 ਮੰਜ਼ਿਲਾ ਅਪਾਰਟਮੈਂਟ ਵਿਚ ਬੁੱਧਵਾਰ ਨੂੰ ਭਿਆਨਕ ਅੱਗ ਲੱਗ ਗਈ, ਜਿਸ ਨੇ ਦੇਖਦੇ ਹੀ ਦੇਖਦੇ 7 ਮੰਜ਼ਿਲਾਂ ਨੂੰ ਆਪਣੀ ਲਪੇਟ ਵਿਚ ਲੈ ਲਿਆ। ਘਟਨਾ ਤੋਂ ਬਾਅਦ ਇਲਾਕੇ ਵਿਚ ਅਫਰਾ-ਤਫਰੀ ਮਚ ਗਈ। ਅੱਗ ਦੂਜੀ ਮੰਜ਼ਿਲ ਤੋਂ ਸ਼ੁਰੂ ਹੋਈ ਅਤੇ ਤੇਜ਼ੀ ਨਾਲ ਉੱਪਰ ਵੱਲ ਫੈਲ ਗਈ। ਧੂੰਏਂ ਦਾ ਗੁਬਾਰ ਕਈ ਕਿਲੋਮੀਟਰ ਦੂਰ ਤੱਕ ਦਿਖਾਈ ਦਿੱਤਾ। ਅੱਗ ਦੀਆਂ ਲਪਟਾਂ ਵਿਚਕਾਰ ਫਲੈਟਾਂ ਵਿਚ ਲੱਗੇ ਏ.ਸੀ. ਦੇ ਕੰਪ੍ਰੈਸ਼ਰ ਫਟਣ ਦੀਆਂ ਘਟਨਾਵਾਂ ਵੀ ਸਾਹਮਣੇ ਆਈਆਂ। ਹਾਲਾਂਕਿ, ਜ਼ਿਆਦਾਤਰ ਲੋਕ ਸਮਾਂ ਰਹਿੰਦੇ ਬਾਹਰ ਨਿਕਲਣ ਵਿਚ ਸਫਲ ਰਹੇ। ਫਾਇਰ ਬ੍ਰਿਗੇਡ ਦੀਆਂ 17 ਗੱਡੀਆਂ ਅਤੇ 74 ਜਵਾਨਾਂ ਨੇ ਕਰੀਬ 3 ਘੰਟਿਆਂ ਦੀ ਮੁਸ਼ੱਕਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ। ਬਚਾਅ ਕਾਰਜ ਦੌਰਾਨ ਹਾਈਡ੍ਰੌਲਿਕ ਪਲੇਟਫਾਰਮ ਦੀ ਮਦਦ ਨਾਲ ਲੋਕਾਂ ਨੂੰ ਸੁਰੱਖਿਅਤ ਬਾਹਰ ਕੱਢਿਆ ਗਿਆ, ਜਦਕਿ ਸਾਵਧਾਨੀ ਵਜੋਂ ਆਸ-ਪਾਸ ਦੇ ਟਾਵਰਾਂ ਦੀ ਬਿਜਲੀ ਅਤੇ ਲਿਫਟ ਸੇਵਾਵਾਂ ਬੰਦ ਕਰ ਦਿੱਤੀਆਂ ਗਈਆਂ। ਧੂੰਏਂ ਕਾਰਨ ਕੁਝ ਲੋਕਾਂ ਨੂੰ ਸਾਹ ਲੈਣ ਵਿਚ ਮੁਸ਼ਕਲ ਹੋਈ, ਜਿਨ੍ਹਾਂ ਨੂੰ ਹਸਪਤਾਲ ਪਹੁੰਚਾਇਆ ਗਿਆ। ਜਿਨ੍ਹਾਂ ਫਲੈਟਾਂ ਵਿਚ ਨੁਕਸਾਨ ਹੋਇਆ ਹੈ, ਉਨ੍ਹਾਂ ਦੇ ਨਿਵਾਸੀਆਂ ਨੂੰ ਸੁਸਾਇਟੀ ਦੇ ਕਮਿਊਨਿਟੀ ਸੈਂਟਰ ਵਿਚ ਠਹਿਰਾਇਆ ਗਿਆ ਹੈ। ਪ੍ਰਸ਼ਾਸਨਿਕ ਅਧਿਕਾਰੀ ਮੌਕੇ 'ਤੇ ਪਹੁੰਚ ਗਏ ਹਨ ਅਤੇ ਘਟਨਾ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ। ਸ਼ੁਰੂਆਤੀ ਜਾਣਕਾਰੀ ਅਨੁਸਾਰ, ਜਿਸ ਫਲੈਟ ਵਿਚ ਅੱਗ ਲੱਗੀ, ਉੱਥੇ ਪਿਛਲੇ ਕੁਝ ਮਹੀਨਿਆਂ ਤੋਂ ਫਰਨੀਚਰ ਦਾ ਕੰਮ ਚੱਲ ਰਿਹਾ ਸੀ।

# ਫਾਜ਼ਿਲਕਾ 'ਚ ਮੋਬਾਇਲ ਤੇ ਨਾਜਾਇਜ਼ ਸਬੰਧਾਂ ਨੂੰ ਲੈ ਕੇ ਚੱਲੀ ਗੋਲੀ, ਮਾਂ-ਪੁੱਤ ਗੰਭੀਰ ਜ਼ਖ਼ਮੀ

**ਕੌਮੀ ਪਤ੍ਰਿਕਾ**

ਫਾਜ਼ਿਲਕਾ 4 ਮਈ। ਜਲਾਲਾਬਾਦ ਦੇ ਪਿੰਡ ਘੁਬਾਇਆ 'ਚ ਮੋਬਾਇਲ ਫ਼ੋਨ ਅਤੇ ਨਾਜਾਇਜ਼ ਸਬੰਧਾਂ ਨੂੰ ਲੈ ਕੇ ਹੋਏ ਝਗੜੇ ਦੌਰਾਨ ਗੋਲੀ ਚੱਲਣ ਅਤੇ ਹਿੰਸਕ ਝੜਪ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਘਟਨਾ 'ਚ ਇੱਕ ਨੌਜਵਾਨ ਅਤੇ ਉਸਦੀ ਮਾਂ ਗੰਭੀਰ ਰੂਪ 'ਚ ਜ਼ਖ਼ਮੀ ਹੋ ਗਏ ਹਨ, ਜਿਨ੍ਹਾਂ ਨੂੰ ਇਲਾਜ ਲਈ ਜਲਾਲਾਬਾਦ ਦੇ ਸਰਕਾਰੀ ਹਸਪਤਾਲ 'ਚ ਦਾਖ਼ਲ ਕਰਵਾਇਆ ਗਿਆ ਹੈ। ਮਿਲੀ ਜਾਣਕਾਰੀ ਅਨੁਸਾਰ ਪਿੰਡ ਘੁਬਾਇਆ ਦੇ ਰਹਿਣ ਵਾਲੇ ਵਿਜੇ (ਅਜੈ) ਨਾਮਕ ਨੌਜਵਾਨ ਦੇ ਫਿਰੋਜ਼ਪੁਰ ਜ਼ਿਲ੍ਹੇ ਦੇ ਗੁਰੂਹਰਸਹਾਏ ਦੀ ਇੱਕ ਵਿਆਹੁਤਾ ਔਰਤ ਨਾਲ ਨਜਾਇਜ਼ ਸਬੰਧ ਸਨ। ਅਜੈ ਨੇ ਉਕਤ ਔਰਤ ਨੂੰ ਇੱਕ ਨਵਾਂ ਮੋਬਾਇਲ ਫ਼ੋਨ ਤੋਹਫ਼ੇ ਵਜੋਂ



ਦਿੱਤਾ ਸੀ, ਪਰ ਦੋਹਾਂ ਵਿਚਾਲੇ ਹੋਈ ਕਿਸੇ ਗੱਲ ਦੀ ਤਕਰਾਰ ਤੋਂ ਬਾਅਦ ਉਹ ਮੋਬਾਇਲ ਵਾਪਸ ਲੈ ਆਇਆ। ਜਦੋਂ ਇਸ ਗੱਲ ਦਾ ਪਤਾ ਔਰਤ ਦੇ ਪਤੀ ਜਤਿੰਦਰ ਸਿੰਘ ਨੂੰ ਲੱਗਾ ਤਾਂ ਉਹ ਆਪਣੀ ਪਤਨੀ ਦੇ ਸਬੰਧਾਂ ਬਾਰੇ ਪਤਾ ਕਰਨ ਲਈ ਅਜੈ ਦੇ ਘਰ ਪਹੁੰਚ ਗਿਆ ਅਤੇ ਮੋਬਾਇਲ ਦੀ ਮੰਗ ਕਰਨ ਲੱਗਾ। ਇਸ ਦੌਰਾਨ ਮਾਹੌਲ ਤਣਾਅਪੂਰਨ ਹੋ ਗਿਆ ਅਤੇ ਜਤਿੰਦਰ ਸਿੰਘ ਨੇ ਆਪਣੇ ਸਾਥੀਆਂ ਸਮੇਤ ਘਰ 'ਚ ਦਾਖ਼ਲ ਹੋ ਕੇ ਅਜੈ ਅਤੇ ਉਸਦੀ ਮਾਂ ਸ਼ੀਲਾ ਬਾਈ ਦੀ ਬੁਰੀ ਤਰ੍ਹਾਂ ਕੁੱਟਮਾਰ ਕੀਤੀ। ਇਸ ਹੰਗਾਮੇ ਨੂੰ ਦੇਖ ਕੇ ਪਿੰਡ ਦੇ ਲੋਕ ਇਕੱਠੇ ਹੋ ਗਏ ਅਤੇ ਉਨ੍ਹਾਂ ਨੇ ਗੁੱਸੇ 'ਚ ਆ ਕੇ ਹਮਲਾਵਰ ਪਤੀ ਦੀ ਕਾਰ ਦੀ ਭੰਨਤੋੜ ਕਰ ਦਿੱਤੀ। ਹਾਦਸੇ ਤੋਂ ਬਾਅਦ ਮੁਲਜ਼ਮ ਮੌਕੇ ਤੋਂ ਫ਼ਰਾਰ ਹੋ ਗਿਆ। ਇਸ ਤੋਂ ਬਾਅਦ ਉਹ ਫਿਰ ਮੌਕੇ 'ਤੇ ਆਏ ਅਤੇ ਗੋਲੀ ਚਲਾ ਦਿੱਤੀ ਅਤੇ ਆਪਣੀ ਕਾਰ ਲੈ ਕੇ ਫ਼ਰਾਰ ਹੋ ਗਏ। ਡੀ. ਐੱਸ. ਪੀ. ਗੁਰਸੇਵਕ ਸਿੰਘ ਬਰਾੜ ਨੇ ਦੱਸਿਆ ਕਿ ਪੁਲਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਜ਼ਖ਼ਮੀਆਂ ਦੇ ਬਿਆਨਾਂ ਦੇ ਆਧਾਰ 'ਤੇ ਅਗਲੀ ਕਾਰਵਾਈ ਕੀਤੀ ਜਾਵੇਗੀ।

## ਚਰਿੱਤਰ 'ਤੇ ਸ਼ੱਕ 'ਚ ਹੈਵਾਨ ਬਣ ਗਿਆ ਬੰਦਾ ! ਪਤਨੀ ਨੂੰ ਦਿੱਤੀ ਦਰਦਨਾਕ ਮੌਤ

ਨੈਸ਼ਨਲ ਡੈਸਕ 4 ਮਈ। ਕੇਰਲ ਤੋਂ ਇਕ ਸਨਸਨੀਖੇਜ ਖਬਰ ਸਾਹਮਣੇ ਆਈ ਹੈ, ਜਿੱਥੋਂ ਦੇ ਤ੍ਰਿਸ਼ੂਰ ਜ਼ਿਲ੍ਹੇ 'ਚ ਇਕ ਵਿਅਕਤੀ ਨੇ ਆਪਣੀ ਪਤਨੀ ਦਾ ਬੇਰਹਿਮੀ ਨਾਲ ਗਲਾ ਘੁੱਟ ਕੇ ਕਤਲ ਕਰ ਦਿੱਤਾ। ਪੁਲਸ ਨੇ ਮੁਲਜਮ ਪਤੀ ਨੂੰ ਗ੍ਰਿਫਤਾਰ ਕਰ ਲਿਆ ਹੈ। ਮ੍ਰਿਤਕਾ ਦੀ ਪਛਾਣ 30 ਸਾਲਾ ਉਨੀਮਾਇਆ ਵਜੋਂ ਹੋਈ ਹੈ, ਜੋ ਕਿ ਇੱਕ ਨਿੱਜੀ ਕੰਪਨੀ ਵਿੱਚ ਕੰਮ ਕਰਦੀ ਸੀ, ਜਦਕਿ ਮੁਲਜਮ ਦੀ ਪਛਾਣ ਮ੍ਰਿਤਕਾ ਦੇ ਪਤੀ ਸ਼ਿਵਪ੍ਰਸਾਦ, ਵਾਸੀ ਅਵਿਨੀਸੇਰੀ ਵਜੋਂ ਹੋਈ ਹੈ। ਪੁਲਸ ਮੁਤਾਬਕ ਇਹ ਘਟਨਾ ਵੀਰਵਾਰ ਸਵੇਰੇ ਵਾਪਰੀ। ਉਨੀਮਾਇਆ ਆਪਣੇ ਘਰ ਦੀ




ਉਪਰਲੀ ਮੰਜ਼ਿਲ 'ਤੇ ਦਫਤਰ ਜਾਣ ਲਈ ਤਿਆਰ ਹੋ ਰਹੀ ਸੀ, ਜਦੋਂ ਸ਼ਿਵਪ੍ਰਸਾਦ ਨੇ ਉਸ 'ਤੇ ਹਮਲਾ ਕਰ ਦਿੱਤਾ ਅਤੇ ਗਲਾ ਘੁੱਟ ਕੇ ਉਸ ਦੀ ਜਾਨ ਲੈ ਲਈ। ਰੌਲਾ ਸੁਣ ਕੇ ਸ਼ਿਵਪ੍ਰਸਾਦ ਦੀ ਮਾਂ ਨੇ ਗੁਆਂਢੀਆਂ ਨੂੰ ਬੁਲਾਇਆ, ਪਰ ਮੁਲਜਮ ਨੇ ਉਨ੍ਹਾਂ ਨੂੰ ਅੰਦਰ ਨਹੀਂ ਵੜਨ ਦਿੱਤਾ ਅਤੇ ਮੌਕੇ ਤੋਂ ਫਰਾਰ ਹੋ ਗਿਆ। ਗੁਆਂਢੀ ਉਨੀਮਾਇਆ ਨੂੰ ਹਸਪਤਾਲ ਲੈ ਗਏ, ਜਿੱਥੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ। ਸ਼ਿਵਪ੍ਰਸਾਦ ਅਤੇ ਉਨੀਮਾਇਆ ਦਾ ਵਿਆਹ 10 ਸਾਲ ਪਹਿਲਾਂ ਹੋਇਆ ਸੀ। ਪੁਲਸ ਨੂੰ ਸ਼ੱਕ ਹੈ ਕਿ ਸ਼ਿਵਪ੍ਰਸਾਦ ਆਪਣੀ ਪਤਨੀ ਦੇ ਚਰਿੱਤਰ 'ਤੇ ਸ਼ੱਕ ਕਰਦਾ ਸੀ ਅਤੇ ਉਸ ਨੂੰ ਲੱਗਦਾ ਸੀ ਕਿ ਉਸ ਦੀ ਪਤਨੀ ਦੇ ਕਿਸੇ ਹੋਰ ਨਾਲ ਸਬੰਧ ਹਨ। ਨੇਦੁਪੁਝਾ ਪੁਲਸ ਨੇ ਮੁਲਜਮ ਨੂੰ ਗ੍ਰਿਫਤਾਰ ਕਰਕੇ ਅਗਲੀ ਜਾਂਚ ਸ਼ੁਰੂ ਕਰ ਦਿੱਤੀ ਹੈ।

## ਸੋਪੀਆਂ 'ਚ ਵੱਡਾ ਹਾਦਸਾ: ਜੂਸ ਫੈਕਟਰੀ 'ਚ ਸਟੀਮਰ ਦੀ ਮੁਰੰਮਤ ਦੌਰਾਨ ਧਮਾਕਾ, 2 ਮਜਦੂਰਾਂ ਦੀ ਮੌਤ

ਸੋਪੀਆਂ 4 ਮਈ। ਜੰਮੂ-ਕਸਮੀਰ ਦੇ ਸੋਪੀਆਂ ਜ਼ਿਲ੍ਹੇ ਤੋਂ ਇੱਕ ਦਰਦਨਾਕ ਖਬਰ ਸਾਹਮਣੇ ਆਈ ਹੈ। ਇੱਥੋਂ ਦੇ ਅਗਲਰ ਇਲਾਕੇ ਵਿੱਚ ਸਥਿਤ ਇੱਕ ਜੂਸ ਫੈਕਟਰੀ ਵਿੱਚ ਸਟੀਮਰ ਦੀ ਮੁਰੰਮਤ ਕਰਦੇ ਸਮੇਂ ਹੋਏ ਭਿਆਨਕ ਧਮਾਕੇ ਕਾਰਨ ਦੋ ਮਜਦੂਰਾਂ ਦੀ ਮੌਤ ਹੋ ਗਈ, ਜਦਕਿ ਇੱਕ ਗੰਭੀਰ ਰੂਪ ਵਿੱਚ ਜਖਮੀ ਹੈ। ਮਾਰੇ ਗਏ ਦੋਵੇਂ ਮਜਦੂਰ ਉੱਤਰ ਪ੍ਰਦੇਸ ਦੇ ਰਹਿਣ ਵਾਲੇ ਸਨ। ਅਧਿਕਾਰੀਆਂ ਨੇ ਪੁਸਟੀ ਕੀਤੀ ਹੈ ਕਿ ਇਹ ਤਿੰਨੋਂ ਮਜਦੂਰ ਉੱਤਰ ਪ੍ਰਦੇਸ ਦੇ ਰਹਿਣ ਵਾਲੇ ਸਨ, ਜੋ ਇੱਥੇ ਕੰਮ ਕਰਨ ਆਏ



ਹੋਏ ਸਨ। ਅਧਿਕਾਰੀਆਂ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ, ਇਹ ਹਾਦਸਾ ਬੁੱਧਵਾਰ ਰਾਤ ਨੂੰ ਵਾਪਰਿਆ ਹੈ। ਫੈਕਟਰੀ ਵਿੱਚ ਤਿੰਨ ਮਜਦੂਰ ਸੌਰਭ ਸਿੰਘ, ਸ਼ਿਵ ਕੁਮਾਰ ਅਤੇ ਰਾਜ ਕੁਮਾਰ ਇੱਕ ਖਰਾਬ ਹੋਏ ਸਟੀਮਰ ਦੀ ਮੁਰੰਮਤ ਕਰ ਰਹੇ ਸਨ। ਮੁਰੰਮਤ ਦੌਰਾਨ ਅਚਾਨਕ ਸਟੀਮਰ ਵਿੱਚ ਜੋਰਦਾਰ ਧਮਾਕਾ ਹੋ ਗਿਆ, ਜਿਸ ਦੀ ਲਪੇਟ ਵਿੱਚ ਆਉਣ ਕਾਰਨ ਤਿੰਨੋਂ ਬੁਰੀ ਤਰ੍ਹਾਂ ਝੁਲਸ ਗਏ ਅਤੇ ਗੰਭੀਰ ਜਖਮੀ ਹੋ ਗਏ। ਧਮਾਕੇ ਤੋਂ ਤੁਰੰਤ ਬਾਅਦ ਤਿੰਨਾਂ ਨੂੰ ਜਖਮੀ ਹਾਲਤ ਵਿਚ ਨਜਦੀਕੀ ਹਸਪਤਾਲ ਲਿਜਾਇਆ ਗਿਆ। ਬਦਕਿਸਮਤੀ ਨਾਲ ਸੌਰਭ ਸਿੰਘ ਨੇ ਜਖਮਾਂ ਦੀ ਤਾਬ ਨਾ ਸਹਾਰਦੇ ਹੋਏ ਬੁੱਧਵਾਰ ਦੇਰ ਰਾਤ ਹੀ ਦਮ ਤੋੜ ਦਿੱਤਾ। ਇਸ ਦੌਰਾਨ ਸ਼ਿਵ ਕੁਮਾਰ ਦੀ ਹਾਲਤ ਨਾਜੁਕ ਬਣੀ ਹੋਈ ਸੀ ਅਤੇ ਵੀਰਵਾਰ ਸਵੇਰੇ ਉਸ ਦੀ ਵੀ ਮੌਤ ਹੋ ਗਈ। ਤੀਜੇ ਮਜਦੂਰ, ਰਾਜ ਕੁਮਾਰ ਦਾ ਇਲਾਜ ਅਜੇ ਜਾਰੀ ਹੈ। ਘਟਨਾ ਦੀ ਸੂਚਨਾ ਮਿਲਣ 'ਤੇ ਪਹੁੰਚੀ ਪੁਲਸ ਵਲੋਂ ਇਸ ਮਾਮਲੇ ਦੀ ਜਾਂਚ ਜਾਰੀ ਹੈ। ਪੁਲਸ ਨੇ ਮਾਮਲਾ ਦਰਜ ਕਰ ਲਿਆ ਹੈ ਅਤੇ ਹਾਦਸੇ ਦੇ ਅਸਲ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ ਕਿ ਕੀ ਇਹ ਮਹਿਜ ਇੱਕ ਤਕਨੀਕੀ ਖਰਾਬੀ ਸੀ ਜਾਂ ਫੈਕਟਰੀ ਪ੍ਰਬੰਧਨ ਦੀ ਕੋਈ ਅਣਗਹਿਲੀ।

## ਪਾਕਿਸਤਾਨ ਸਰਹੱਦ ਨੇੜੇ ਦਰਦਨਾਕ ਹਾਦਸਾ !

ਨੈਸ਼ਨਲ ਡੈਸਕ 4 ਮਈ। ਰਾਜਸਥਾਨ ਦੇ ਸ੍ਰੀਗੰਗਾਨਗਰ ਜ਼ਿਲ੍ਹੇ ਵਿੱਚ ਭਾਰਤ-ਪਾਕਿਸਤਾਨ ਸਰਹੱਦ ਦੇ ਨੇੜੇ ਇੱਕ ਭਿਆਨਕ ਸੜਕ ਹਾਦਸਾ ਵਾਪਰਨ ਦੀ ਖ਼ਬਰ ਸਾਹਮਣੇ ਆਈ ਹੈ। ਹਿੰਦੂਮਲਕੋਟ ਥਾਣਾ ਖੇਤਰ ਦੇ ਚੱਕ 2-ਸੀ ਦੇ ਕੋਲ ਵਾਪਰੇ ਇਸ ਹਾਦਸੇ ਵਿੱਚ ਇੱਕ ਕਿਸਾਨ ਦੀ ਮੌਤ ਹੋ ਗਈ ਹੈ। ਪੁਲਸ ਸੂਤਰਾਂ ਅਨੁਸਾਰ ਇਹ ਹਾਦਸਾ ਸ਼ੁੱਕਰਵਾਰ ਰਾਤ ਨੂੰ ਉਸ ਸਮੇਂ ਵਾਪਰਿਆ ਜਦੋਂ ਇੱਕ ਕਿਸਾਨ ਆਪਣੇ ਮੋਟਰਸਾਈਕਲ 'ਤੇ ਜਾ ਰਿਹਾ ਸੀ। ਰਸਤੇ ਵਿੱਚ ਅਚਾਨਕ ਕਿਸੇ ਆਵਾਰਾ ਪਸ਼ੂ ਦੇ ਸਾਹਮਣੇ ਆ ਜਾਣ ਕਾਰਨ ਮੋਟਰਸਾਈਕਲ ਬੇਕਾਬੂ ਹੋ ਗਿਆ। ਪਸ਼ੂ ਨੂੰ ਬਚਾਉਣ ਦੀ ਕੋਸ਼ਿਸ਼ ਵਿੱਚ ਮੋਟਰਸਾਈਕਲ ਖੇਤ ਦੀ ਤਾਰਬੰਦੀ ਵਾਲੇ ਇੱਕ ਸੀਮਿੰਟ ਦੇ ਪਿਲਰ (ਖੰਭੇ) ਨਾਲ ਜਾ ਟਕਰਾਇਆ। ਟੱਕਰ ਇੰਨੀ ਜ਼ਬਰਦਸਤ ਸੀ ਕਿ ਕਿਸਾਨ ਦੇ ਸਿਰ 'ਤੇ ਗੰਭੀਰ ਸੱਟ ਲੱਗੀ, ਜਿਸ ਕਾਰਨ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਮ੍ਰਿਤਕ ਕਿਸਾਨ ਦੀ ਪਛਾਣ 35 ਸਾਲਾ ਅਮਰਜੀਤ ਸਿੰਘ ਰਾਇਸਿੱਖ ਵਜੋਂ ਹੋਈ ਹੈ, ਜੋ ਪਿੰਡ ਪੱਕੀ ਦਾ ਰਹਿਣ ਵਾਲਾ ਸੀ। ਸ਼ਨੀਵਾਰ ਸਵੇਰੇ ਜਦੋਂ ਲੋਕ ਉੱਥੋਂ ਗੁਜ਼ਰੇ ਤਾਂ ਉਨ੍ਹਾਂ ਨੇ ਕਿਸਾਨ ਨੂੰ ਪਿਲਰ ਦੇ ਕੋਲ ਮ੍ਰਿਤਕ ਹਾਲਤ ਵਿੱਚ ਦੇਖਿਆ ਅਤੇ ਉਸ ਦਾ ਮੋਟਰਸਾਈਕਲ ਵੀ ਨੇੜੇ ਹੀ ਪਿਆ ਸੀ। ਘਟਨਾ ਦੀ ਸੂਚਨਾ ਮਿਲਦੇ ਹੀ ਹਿੰਦੂਮਲਕੋਟ ਥਾਣਾ ਪੁਲਸ ਮੌਕੇ 'ਤੇ ਪਹੁੰਚੀ ਅਤੇ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਤੇਜ਼ ਰਫ਼ਤਾਰ ਡੰਪਰ ਨੇ ਕਾਰ ਤੇ ਮੋਟਰਸਾਈਕਲ ਨੂੰ ਮਾਰੀ ਟੱਕਰ, 2 ਦੀ ਮੌਤ ; ਕ੍ਰੇਨ ਨਾਲ ਕੱਢੀ ਲਾਸ਼

ਨੈਸ਼ਨਲ ਡੈਸਕ 4 ਮਈ। ਉੱਤਰ ਪ੍ਰਦੇਸ਼ ਦੇ ਹਰਦੋਈ ਜ਼ਿਲ੍ਹੇ ਦੇ ਕੋਤਵਾਲੀ ਇਲਾਕੇ ਵਿੱਚ ਸ਼ਨੀਵਾਰ ਤੜਕੇ ਇੱਕ ਭਿਆਨਕ ਸੜਕ ਹਾਦਸਾ ਵਾਪਰਿਆ, ਜਿਸ ਵਿੱਚ ਦੋ ਲੋਕਾਂ ਦੀ ਜਾਨ ਚਲੀ ਗਈ ਤੇ ਚਾਰ ਹੋਰ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ। ਇਹ ਹਾਦਸਾ ਸਾਂਡੀ ਰੋਡ 'ਤੇ ਮੰਨਾ ਪੁਰਵਾ ਦੇ ਨੇੜੇ ਵਾਪਰਿਆ। ਪੁਲਸ ਅਨੁਸਾਰ ਤੜਕੇ ਕਰੀਬ ਪੌਣੇ ਚਾਰ ਵਜੇ ਇੱਕ ਤੇਜ਼ ਰਫ਼ਤਾਰ ਡੰਪਰ ਨੇ ਵਿਆਹ ਸਮਾਗਮਾਂ ਤੋਂ ਵਾਪਸ ਆ ਰਹੀ ਇੱਕ ਕਾਰ ਅਤੇ ਇੱਕ ਮੋਟਰਸਾਈਕਲ ਨੂੰ ਜ਼ਬਰਦਸਤ ਟੱਕਰ ਮਾਰ ਦਿੱਤੀ। ਮ੍ਰਿਤਕਾਂ ਦੀ ਪਛਾਣ ਸ਼ਹਾਬੁੱਦੀਨਪੁਰ ਦੇ ਰਾਮਰਹੀਸ (45) ਅਤੇ ਸ੍ਰੀਮਊ ਪਿੰਡ ਦੇ ਆਸ਼ੀਸ਼ ਸ਼ਰਮਾ (30) ਵਜੋਂ ਹੋਈ ਹੈ। ਰਾਮਰਹੀਸ ਸਾਂਡੀ ਵਿੱਚ ਇੱਕ ਵਿਆਹ ਸਮਾਗਮ ਤੋਂ ਆਪਣੇ ਪਰਿਵਾਰਕ ਮੈਂਬਰਾਂ ਨਾਲ ਕਾਰ ਵਿੱਚ ਪਰਤ ਰਹੇ ਸਨ, ਜਦਕਿ ਆਸ਼ੀਸ਼ ਸ਼ਰਮਾ ਬਿਲਗ੍ਰਾਮ ਤੋਂ ਵਿਆਹ ਦੇਖ ਕੇ ਮੋਟਰਸਾਈਕਲ 'ਤੇ ਵਾਪਸ ਆ ਰਿਹਾ ਸੀ। ਟੱਕਰ ਇੰਨੀ ਭਿਆਨਕ ਸੀ ਕਿ ਮੋਟਰਸਾਈਕਲ ਸਵਾਰ ਨੌਜਵਾਨ ਡੰਪਰ ਦੇ ਹੇਠਾਂ ਬੁਰੀ ਤਰ੍ਹਾਂ ਦਬ ਗਿਆ ਸੀ। ਘਟਨਾ ਦੀ ਸੂਚਨਾ ਮਿਲਦੇ ਹੀ ਪੁਲਸ ਅਤੇ ਫਾਇਰ ਬ੍ਰਿਗੇਡ ਦੀ ਟੀਮ ਮੌਕੇ 'ਤੇ ਪਹੁੰਚੀ ਅਤੇ ਕ੍ਰੇਨ ਦੀ ਮਦਦ ਨਾਲ ਡੰਪਰ ਨੂੰ ਚੁੱਕ ਕੇ ਨੌਜਵਾਨ ਨੂੰ ਬਾਹਰ ਕੱਢਿਆ ਗਿਆ। ਕਾਰ ਸਵਾਰ ਲੋਕ ਵੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਤੁਰੰਤ ਮੈਡੀਕਲ ਕਾਲਜ ਪਹੁੰਚਾਇਆ ਗਿਆ। ਨਗਰ ਖੇਤਰ ਦੇ ਪੁਲਸ ਅਧਿਕਾਰੀ (ਸੀਓ) ਅੰਕਿਤ ਮਿਸ਼ਰਾ ਨੇ ਦੱਸਿਆ ਕਿ ਹਾਦਸੇ ਵਿੱਚ ਜ਼ਖ਼ਮੀ ਹੋਏ ਚਾਰ ਹੋਰ ਵਿਅਕਤੀਆਂ ਸ਼ੋਭਿਤ, ਅਰੁਣ, ਸ਼ੈਲੇਂਦਰ ਅਤੇ ਅਨੁਰਾਗ ਸ਼ੁਕਲਾ ਦਾ ਇਲਾਜ ਮੈਡੀਕਲ ਕਾਲਜ ਵਿੱਚ ਚੱਲ ਰਿਹਾ ਹੈ। ਪੁਲਸ ਨੇ ਮ੍ਰਿਤਕਾਂ ਦੀਆਂ ਲਾਸ਼ਾਂ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਹੈ ਅਤੇ ਮਾਮਲੇ ਵਿੱਚ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ।

# ਅਨੋਖੀ ਪ੍ਰੇਮ ਕਹਾਣੀ: 66 ਸਾਲਾ ਵਿਅਕਤੀ ਨੇ ਪੋਤੀ ਵਰਗੀ ਮੁਟਿਆਰ ਨਾਲ ਕਰਵਾਇਆ ਵਿਆਹ

**ਕੌਮੀ ਪਤ੍ਰਿਕਾ**

ਹਿਮਾਚਲ ਡੈਸਕ 4 ਮਈ। ਹਿਮਾਚਲ ਪ੍ਰਦੇਸ ਦੇ ਕੁੱਲੂ ਜ਼ਿਲ੍ਹੇ ਤੋਂ ਇੱਕ ਅਜਿਹੀ ਪ੍ਰੇਮ ਕਹਾਣੀ ਸਾਹਮਣੇ ਆਈ, ਜਿਸ ਨੇ ਸੋਸਲ ਮੀਡੀਆ 'ਤੇ ਇੱਕ ਨਵੀਂ ਬਹਿਸ ਛੇੜ ਦਿੱਤੀ ਹੈ। ਜਿਥੇ ਇੱਕ 66 ਸਾਲਾ ਬਜੁਰਗ ਵਿਅਕਤੀ ਨੇ ਇੱਕ 35 ਸਾਲਾ ਔਰਤ ਨਾਲ ਵਿਆਹ ਕਰਵਾਇਆ, ਜਿਸ ਤੋਂ ਬਾਅਦ ਇਸ ਵਿਆਹ ਦੀ ਚਰਚਾ ਪੂਰੇ ਰਾਜ ਵਿੱਚ ਹੋ ਰਹੀ ਹੈ। ਇਹ ਘਟਨਾ ਕੁੱਲੂ ਜ਼ਿਲ੍ਹੇ ਦੇ ਬੰਜਾਰ ਖੇਤਰ ਵਿੱਚ ਸਥਿਤ ਥਰਿੰਬਲਾ ਪਿੰਡ ਵਿੱਚ ਵਾਪਰੀ ਹੈ। ਜਾਣਕਾਰੀ ਮੁਤਾਬਕ ਪਿੰਡ ਦੇ ਵਸਨੀਕ 66 ਸਾਲਾ ਸੋਮ ਦੇਵ ਨੇ ਸੈਂਜ ਘਾਟੀ ਦੀ ਰਹਿਣ ਵਾਲੀ ਇੱਕ 35 ਸਾਲਾ ਔਰਤ ਨਾਲ ਵਿਆਹ ਕਰਵਾ ਲਿਆ। ਭਾਵੇਂ ਇਹ ਵਿਆਹ ਲਗਭਗ ਇੱਕ ਮਹੀਨਾ ਪਹਿਲਾਂ ਹੋਇਆ ਸੀ ਪਰ ਹੁਣ ਇਸ ਦੀ ਵੀਡੀਓ ਸੋਸਲ ਮੀਡੀਆ 'ਤੇ ਤੇਜੀ ਨਾਲ ਵਾਇਰਲ ਹੋ ਰਹੀ ਹੈ, ਜਿਸ ਤੋਂ ਬਾਅਦ ਇਹ ਮਾਮਲਾ ਸੁਰਖੀਆਂ ਵਿੱਚ ਆ ਗਿਆ ਹੈ। ਜਾਣਕਾਰੀ ਮੁਤਾਬਕ ਸੋਮ ਦੇਵ ਦੇ ਮਾਤਾ-ਪਿਤਾ ਦੀ ਮੌਤ ਹੋ ਚੁੱਕੀ ਹੈ ਅਤੇ ਉਹ ਇਕੱਲਾ ਰਹਿੰਦਾ ਹੈ। ਵਿਆਹ ਨੂੰ ਕਾਫੀ ਦਿਨ ਹੋ ਜਾਣ ਤੋਂ ਬਾਅਦ ਦੋਵਾਂ ਨੇ ਥਿਰਮਲਾ ਪਿੰਡ ਵਿੱਚ ਇੱਕ ਰਿਸੈਪਸਨ ਦਾ ਆਯੋਜਨ ਵੀ ਕੀਤਾ



ਸੀ, ਜਿਸ ਵਿਚ ਦੋਵੇਂ ਬਹੁਤ ਖੁਸ਼ ਦਿਖਾਈ ਦਿੱਤੇ। ਇੰਟਰਨੈੱਟ 'ਤੇ ਵਾਇਰਲ ਹੋ ਰਹੀ ਇਕ ਵੀਡੀਓ ਵਿਚ ਸੋਮ ਦੇਵ ਅਤੇ ਉਨ੍ਹਾਂ ਦੀ ਪਤਨੀ ਇਕ ਔਰਤ ਨਾਲ ਗੱਲਬਾਤ ਕਰਦੇ ਹੋਏ ਦਿਖਾਈ ਦੇ ਰਹੇ ਹਨ। ਵੀਡੀਓ ਵਿਚ ਸੋਮ ਦੇਵ ਬਣੇ ਹੀ ਮਾਣ ਨਾਲ ਇਹ ਦੱਸ ਰਹੇ ਹਨ ਕਿ ਉਹ ਦੋਵੇਂ ਪਤੀ-ਪਤਨੀ ਹਨ। ਇਸ ਦੌਰਾਨ ਜਦੋਂ ਔਰਤ ਨੇ ਉਨ੍ਹਾਂ ਦੀ ਉਮਰ ਬਾਰੇ ਸਵਾਲ ਕੀਤਾ ਤਾਂ ਉਨ੍ਹਾਂ ਨੇ ਸਾਫ ਅਤੇ ਸਪੱਸ਼ਟ ਤੌਰ 'ਤੇ ਦੱਸਿਆ ਕਿ ਉਨ੍ਹਾਂ ਦੀ ਉਮਰ 66 ਸਾਲ ਅਤੇ ਉਨ੍ਹਾਂ ਦੀ ਪਤਨੀ ਦੀ 35 ਸਾਲ ਹੈ। ਵੀਡੀਓ ਵਿੱਚ ਔਰਤ ਨਵ-ਵਿਆਹੇ ਜੋੜੇ ਨੂੰ ਆਸੀਰਵਾਦ ਦਿੰਦੀ ਅਤੇ ਦੁਲਹਨ ਨੂੰ ਆਪਣੇ ਪਤੀ ਦੀ ਸੇਵਾ ਕਰਨ ਅਤੇ ਖੁਸ ਰਹਿਣ ਦੀ ਸਲਾਹ ਦਿੰਦੀ ਦਿਖਾਈ ਦੇ ਰਹੀ ਹੈ। ਬਹੁਤ ਸਾਰੇ ਲੋਕ ਮੰਨਦੇ ਹਨ ਕਿ ਪਿਆਰ ਦੀ ਕੋਈ ਉਮਰ ਨਹੀਂ ਹੁੰਦੀ। ਦੋਵਾਂ ਦੀ ਵੀਡੀਓ ਦੇਖ ਲਏ ਲੋਕਾਂ ਨੇ ਆਪਣੀ ਪ੍ਰਤੀਕਿਰਿਆ ਦਿੰਦੇ ਹੋਏ ਲਿਖਿਆ ਕਿ "ਜੋੜੀਆਂ ਰੱਬ ਉੱਪਰ ਤੋਂ ਬਣਾ ਕੇ ਭੇਜਦਾ ਹੈ ਅਤੇ ਉਮਰ ਨਾਲੋਂ ਜ਼ਿਆਦਾ ਆਪਸੀ ਸਤਿਕਾਰ ਅਤੇ ਸਮਝ ਮਹੱਤਵਪੂਰਨ ਹਨ।"

# ਕੁਦਰਤ ਦਾ ਕਹਿਰ ! ਬੈਂਗਲੁਰੂ 'ਚ ਭਾਰੀ ਮੀਂਹ ਤੇ ਤੂਫਾਨ ਨੇ ਲਈ 10 ਲੋਕਾਂ ਦੀ ਜਾਨ

**ਕੌਮੀ ਪਤ੍ਰਿਕਾ**

ਬੈਂਗਲੁਰੂ 4 ਮਈ। ਬੈਂਗਲੁਰੂ 'ਚ ਬੁੱਧਵਾਰ ਸ਼ਾਮ ਹੋਈ ਭਾਰੀ ਬਾਰਿਸ਼ ਨੇ ਤਬਾਹੀ ਮਚਾ ਦਿੱਤੀ, ਜਿਸ 'ਚ 10 ਲੋਕਾਂ ਦੀ ਮੌਤ ਹੋ ਗਈ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ। ਅਧਿਕਾਰੀਆਂ ਨੇ ਵੀਰਵਾਰ ਨੂੰ ਦੱਸਿਆ ਕਿ ਭਾਰੀ ਬਾਰਿਸ਼ ਨਾਲ ਗੜ੍ਹੇਮਾਰੀ ਅਤੇ ਤੇਜ ਹਵਾਵਾਂ ਕਾਰਨ ਦਰੱਖਤ ਉਖੜ ਗਏ, ਕਈ ਮੁੱਖ ਇਲਾਕਿਆਂ 'ਚ ਪਾਣੀ ਭਰ ਗਿਆ ਅਤੇ ਆਵਾਜਾਈ ਵਿਵਸਥਾ ਪੂਰੀ ਤਰ੍ਹਾਂ ਪ੍ਰਭਾਵਿਤ ਹੋ ਗਈ। ਬੈਂਗਲੁਰੂ ਦੇ ਵੱਡੇ ਹਿੱਸਿਆਂ 'ਚ ਲਗਭਗ ਇਕ ਘੰਟੇ ਤੱਕ ਅਚਾਨਕ ਅਤੇ ਤੇਜ ਬਾਰਿਸ਼ ਹੋਈ, ਜਿਸ ਨਾਲ ਦਰੱਖਤ ਅਤੇ ਬਿਜਲੀ ਦੇ ਖੰਭੇ ਡਿੱਗ ਗਏ ਅਤੇ ਹੇਠਲੇ ਇਲਾਕਿਆਂ 'ਚ ਪਾਣੀ ਭਰ ਗਿਆ। ਕਈ ਸੜਕਾਂ 'ਤੇ ਪਾਣੀ ਭਰ ਜਾਣ ਕਾਰਨ ਆਵਾਜਾਈ ਪ੍ਰਭਾਵਿਤ ਹੋ ਗਈ। ਭਾਰੀ ਮੀਂਹ ਦੌਰਾਨ ਬੋਰਿੰਗ ਐਂਡ ਲੇਡੀ ਕਰਜਨ ਹਸਪਤਾਲ ਦੀ ਇਕ ਕੰਧ ਡਿੱਗਣ ਨਾਲ 7 ਲੋਕਾਂ ਦੀ ਮੌਤ ਹੋ ਗਈ, ਜਿਨ੍ਹਾਂ 'ਚ 6 ਸਾਲ



ਦੀ ਇਕ ਕੁੜੀ ਵੀ ਸ਼ਾਮਲ ਹੈ। ਅਧਿਕਾਰੀਆਂ ਨੇ ਦੱਸਿਆ ਕਿ ਮ੍ਰਿਤਕਾਂ 'ਚੋਂ 2 ਕੇਰਲ ਦੇ ਰਹਿਣ ਵਾਲੇ ਸਨ, ਜੋ ਅਧਿਐਨ ਦੌਰੇ 'ਤੇ ਆਏ ਸਨ। ਜਦੋਂ ਉਹ ਕੰਧ ਕੋਲ ਖੜ੍ਹੇ ਹੋਏ ਸਨ, ਉਦੋਂ ਕੰਧ ਡਿੱਗ ਗਈ। ਇਕ ਹੋਰ ਘਟਨਾ 'ਚ, ਬੈਨਰਘਾਟਾ ਰੋਡ 'ਤੇ ਵੇਗਾ ਸਿਟੀ ਮਾਲ ਦੇ ਨੇੜੇ 35 ਸਾਲਾ ਰਘੂ ਦੀ ਬਿਜਲੀ ਦਾ ਕਰੰਟ ਲੱਗਣ ਨਾਲ ਮੌਤ ਹੋ ਗਈ। ਪੁਲਸ ਨੇ ਦੱਸਿਆ ਕਿ ਯਾਰਬ ਨਗਰ 'ਚ ਇਕ ਹੋਰ ਘਟਨਾ 'ਚ, ਵਿਦਿਆਰਥੀ ਸਈਦ ਸੂਫੀਆਂ ਦੀ ਬਾਰਿਸ ਦੌਰਾਨ ਮੋਟਰਸਾਈਕਲ ਪਾਰਕ ਕਰਦੇ ਸਮੇਂ ਬਿਜਲੀ ਦੀਆਂ ਤਾਰਾਂ ਦੇ ਸੰਪਰਕ 'ਚ ਆਉਣ ਕਾਰਨ ਮੌਤ ਹੋ ਗਈ। ਚਾਮਰਾਜਪੇਟ 'ਚ ਇਕ ਹੋਰ ਘਟਨਾ 'ਚ, ਮੰਜੂਨਾਥ ਨਾਮ ਦੇ ਇਕ ਵਿਅਕਤੀ ਦੀ ਮੌਕੇ 'ਤੇ ਹੀ ਮੌਤ ਹੋ ਗਈ ਜਦੋਂ ਤੂਫਾਨ ਦੌਰਾਨ ਉਸ ਦੇ ਘਰ ਦੀ ਛੱਤ ਦਾ ਇਕ ਹਿੱਸਾ ਅਚਾਨਕ ਡਿੱਗ ਗਿਆ। ਅਚਾਨਕ ਹੋਈ ਬਾਰਿਸ ਨੇ ਸਹਿਰ ਭਰ 'ਚ ਭਾਰੀ ਨੁਕਸਾਨ ਕੀਤਾ। ਪੁਲਸ ਨੇ ਕਿਹਾ,"ਹੁਣ ਤੱਕ, ਬਾਰਿਸ ਨਾਲ ਸਬੰਧਤ ਹਾਦਸਿਆਂ 'ਚ 10 ਲੋਕਾਂ ਦੀ ਮੌਤ ਹੋ ਚੁੱਕੀ ਹੈ।" ਇਨ੍ਹਾਂ ਹਾਦਸਿਆਂ 'ਚ ਕੰਧ ਢਹਿਣਾ, ਬਿਜਲੀ ਦਾ ਕਰੰਟ ਲੱਗਣਾ ਅਤੇ ਢਾਂਚਾਗਤ ਨੁਕਸਾਨ ਸਾਮਲ ਹਨ।

## ਰਾਜਸਥਾਨ 'ਚ ਭਾਜਪਾ ਵਿਧਾਇਕ ਜੈਦੀਪ ਬਿਹਾਣੀ 'ਤੇ ਹਮਲਾ, ਪੁਲਸ ਵੱਲੋਂ 3 ਗ੍ਰਿਫਤਾਰ

ਨੈਸ਼ਨਲ ਡੈਸਕ 4 ਮਈ। ਰਾਜਸਥਾਨ ਦੇ ਗੰਗਾਨਗਰ ਤੋਂ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਵਿਧਾਇਕ ਜੈਦੀਪ ਬਿਹਾਣੀ 'ਤੇ ਜਨ ਸੁਣਵਾਈ ਦੌਰਾਨ ਹਮਲਾ ਹੋਣ ਦੀ ਖਬਰ ਸਾਹਮਣੇ ਆਈ ਹੈ। ਪੁਲਸ ਨੇ ਇਸ ਮਾਮਲੇ ਵਿੱਚ ਕਾਰਵਾਈ ਕਰਦਿਆਂ ਇੱਕ ਸਰਕਾਰੀ ਇੰਜੀਨੀਅਰ ਸਮੇਤ ਤਿੰਨ ਲੋਕਾਂ ਨੂੰ ਗ੍ਰਿਫਤਾਰ ਕਰ ਲਿਆ ਹੈ। ਜਾਣਕਾਰੀ ਅਨੁਸਾਰ ਇਹ ਘਟਨਾ ਵੀਰਵਾਰ ਸਵੇਰੇ ਕਰੀਬ 11 ਵਜੇ ਜਵਾਹਰ ਨਗਰ ਇਲਾਕੇ ਦੇ ਐਸ.ਡੀ. ਬਿਹਾਣੀ ਕਾਲਜ ਵਿੱਚ ਵਾਪਰੀ। ਵਿਧਾਇਕ ਜੈਦੀਪ ਬਿਹਾਣੀ ਉੱਥੇ ਇਲਾਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਲਈ ਪਹੁੰਚੇ ਹੋਏ ਸਨ। ਵਿਧਾਇਕ ਨੇ ਦੋਸ ਲਾਇਆ ਕਿ ਜਨ ਸੁਣਵਾਈ ਦੌਰਾਨ ਰਾਜਸਥਾਨ ਸਹਿਰੀ ਬੁਨਿਆਦੀ ਢਾਂਚਾ ਵਿਕਾਸ ਪ੍ਰੋਜੈਕਟ () ਦੇ ਇੱਕ ਸਹਾਇਕ ਇੰਜੀਨੀਅਰ ਨੇ ਦੋ ਹੋਰ ਵਿਅਕਤੀਆਂ ਨਾਲ ਮਿਲ ਕੇ ਉਨ੍ਹਾਂ 'ਤੇ ਹਮਲਾ ਕਰ ਦਿੱਤਾ। ਇਸ ਹਮਲੇ ਵਿੱਚ ਵਿਧਾਇਕ ਦੀ ਅੱਖ ਤੇ ਚਿਹਰੇ 'ਤੇ ਸੱਟਾਂ ਲੱਗੀਆਂ ਹਨ ਅਤੇ ਉਨ੍ਹਾਂ ਦਾ ਚਸਮਾ ਵੀ ਟੁੱਟ ਗਿਆ ਹੈ। ਵਿਧਾਇਕ ਦੀ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਪੁਲਿਸ ਨੇ ਸਹਾਇਕ ਇੰਜੀਨੀਅਰ ਜਗਨਲਾਲ ਬੈਰਵਾ, ਪ੍ਰੋਜੈਕਟ ਮੈਨੇਜਰ ਸਾਹਨਵਾਜ ਅਤੇ ਨਿੱਜੀ ਕੰਪਨੀ 'ਲਾਰਸਨ ਐਂਡ ਟੂਬਰੋ' (×) ਨਾਲ ਜੁੜੇ ਯੋਜਨਾ ਪ੍ਰਬੰਧਕ



ਸੋਹੇਲ ਪਰਮਾਰ ਨੂੰ ਗ੍ਰਿਫਤਾਰ ਕਰ ਲਿਆ ਹੈ। ਦੱਸਿਆ ਜਾ ਰਿਹਾ ਹੈ ਕਿ ਇਹ ਜਨ ਸੁਣਵਾਈ ਸਹਿਰ ਦੇ ਪੁਰਾਣੀ ਆਬਾਦੀ ਅਤੇ ਕਰਨਪੁਰ ਰੋਡ ਸਮੇਤ ਕਈ ਇਲਾਕਿਆਂ ਵਿੱਚ ਪੀਣ ਵਾਲੇ ਪਾਣੀ ਦੀ ਸਪਲਾਈ ਵਿੱਚ ਆ ਰਹੀਆਂ ਦਿੱਕਤਾਂ ਬਾਰੇ ਬੁਲਾਈ ਗਈ ਸੀ। ਇਨ੍ਹਾਂ ਇਲਾਕਿਆਂ ਦੇ ਨਿਵਾਸੀ ਪਿਛਲੇ ਕਈ ਦਿਨਾਂ ਤੋਂ ਪਾਣੀ ਦੀ ਭਾਰੀ ਕਿੱਲਤ ਦਾ ਸਾਹਮਣਾ ਕਰ ਰਹੇ ਹਨ।

## ਗੋਲਫ ਕੋਰਸ 'ਚ ਭਿਆਨਕ ਹਾਦਸਾ ! ਤਲਾਬ 'ਚ ਡੁੱਬ ਗਏ 3 ਜਵਾਕ, ਹੋਈ ਦਰਦਨਾਕ ਮੌਤ

ਨਵੀਂ ਦਿੱਲੀ 4 ਮਈ। ਦਿੱਲੀ ਦੇ ਦਵਾਰਕਾ ਦੇ ਸੈਕਟਰ 24 ਇਲਾਕੇ 'ਚ ਸਥਿਤ ਇਕ ਗੋਲਫ ਕੋਰਸ ਦੇ ਤਾਲਾਬ 'ਚ ਵੀਰਵਾਰ ਸਵੇਰੇ 8 ਤੋਂ 10 ਸਾਲ ਦੀ ਉਮਰ ਦੇ ਤਿੰਨ ਬੱਚਿਆਂ ਦੀ ਡੁੱਬਣ ਨਾਲ ਮੌਤ ਹੋ ਗਈ। ਪੁਲਸ ਦੇ ਇਕ ਅਧਿਕਾਰੀ ਨੇ ਇਹ ਜਾਣਕਾਰੀ ਦਿੱਤੀ। ਦਵਾਰਕਾ ਸੈਕਟਰ 23 ਥਾਣੇ ਨੂੰ ਸਵੇਰੇ 7.07 ਵਜੇ ਇਸ ਘਟਨਾ ਦੇ ਸੰਬੰਧ 'ਚ ਸੂਚਨਾ ਮਿਲੀ, ਜਿਸ ਤੋਂ ਬਾਅਦ ਪੁਲਸ ਟੀਮ ਮੌਕੇ 'ਤੇ ਪਹੁੰਚੀ। ਫਾਇਰ ਬ੍ਰਿਗੇਡ ਸਮੇਤ ਐਮਰਜੈਂਸੀ ਸੇਵਾਵਾਂ ਨੂੰ ਵੀ ਸੂਚਿਤ ਕੀਤਾ ਗਿਆ। ਇਕ ਸੀਨੀਅਰ ਪੁਲਸ ਅਧਿਕਾਰੀ ਨੇ ਦੱਸਿਆ,"ਮੌਕੇ 'ਤੇ ਪਹੁੰਚੀ ਪੁਲਸ ਨੇ ਗੋਲਫ ਕੋਰਸ ਕੰਪਲੈਕਸ ਦੇ ਅੰਦਰ ਇਕ ਤਾਲਾਬ 'ਚ ਤਿੰਨ ਬੱਚਿਆਂ ਨੂੰ ਮ੍ਰਿਤਕ ਪਾਇਆ। ਫਾਇਰ ਬ੍ਰਿਗੇਡ ਵਿਭਾਗ ਦੇ ਕਰਮਚਾਰੀਆਂ ਦੀ ਮਦਦ ਨਾਲ ਲਾਸ਼ਾਂ ਨੂੰ ਬਾਹਰ ਕੱਢਿਆ ਗਿਆ।" ਉਨ੍ਹਾਂ ਦੱਸਿਆ ਕਿ ਬੱਚਿਆਂ ਦੇ ਕੱਪੜੇ ਕਿਨਾਰੇ 'ਤੇ ਮਿਲੇ, ਜਿਸ ਤੋਂ ਸੰਕੇਤ ਮਿਲਦਾ ਹੈ ਕਿ ਉਹ ਨਹਾਉਣ ਲਈ ਤਾਲਾਬ 'ਚ ਉਤਰੇ ਹੋਣਗੇ। ਪੁਲਸ ਨੇ ਕਿਹਾ ਕਿ ਉਹ ਬੱਚਿਆਂ ਦੀ ਪਛਾਣ ਕਰਨ ਅਤੇ ਉਨ੍ਹਾਂ ਦੇ ਪਰਿਵਾਰਾਂ ਦਾ ਪਤਾ ਲਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਅਧਿਕਾਰੀਆਂ ਅਨੁਸਾਰ, ਹੁਣ ਤੱਕ ਇਲਾਕੇ 'ਚ ਮ੍ਰਿਤਕਾਂ ਦੇ ਵੇਰਵੇ ਨਾਲ ਮੇਲ ਖਾਂਦੀ ਕੋਈ ਗੁੰਮਸ਼ੁਦਗੀ ਦੀ ਸ਼ਿਕਾਇਤ ਨਹੀਂ ਮਿਲੀ ਹੈ। ਲਾਸ਼ਾਂ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਹਾਦਸੇ ਵਾਲੀ ਜਗ੍ਹਾ ਤੋਂ ਸਬੂਤ ਜੁਟਾਉਣ ਲਈ ਫੋਰੈਂਸਿਕ ਟੀਮ ਨੂੰ ਵੀ ਬੁਲਾਇਆ ਗਿਆ ਹੈ।

## ਮੋਟਰਸਾਈਕਲ ਚੁੱਕ ਭੱਜੇ ਚੋਰ ਨੇ ਮਾਰ 'ਤੀ ਕਾਲੀ ਵੇਈਂ 'ਚ ਛਾਲ !

ਸੁਲਤਾਨਪੁਰ ਲੋਧੀ 4 ਮਈ। ਸੁਲਤਾਨਪੁਰ ਲੋਧੀ ਸਹਿਰ 'ਚ ਇਕ ਦਿਲਚਸਪ ਅਤੇ ਬਿਲਕੁਲ ਫਿਲਮੀ ਅੰਦਾਜ ਵਾਲਾ ਮਾਮਲਾ ਸਾਹਮਣੇ ਆਇਆ, ਜਿੱਥੇ ਮੋਟਰਸਾਈਕਲ ਚੋਰੀ ਕਰਕੇ ਭੱਜ ਰਹੇ ਚੋਰ ਨੂੰ ਆਖਿਰਕਾਰ ਪੁਲਸ ਨੇ ਕਾਬੂ ਕਰ ਲਿਆ। ਜਾਣਕਾਰੀ ਮੁਤਾਬਕ ਤਲਵੰਡੀ ਪੁੱਲ ਨੇੜੇ ਇਕ ਦਫਤਰ ਦੇ ਬਾਹਰ ਖੜ੍ਹੇ ਮੋਟਰਸਾਈਕਲ ਨੂੰ ਚੋਰ ਵੱਲੋਂ ਚੋਰੀ ਕਰ ਲਿਆ ਗਿਆ ਸੀ। ਜਿਵੇਂ ਹੀ ਲੋਕਾਂ ਨੂੰ ਇਸ ਘਟਨਾ ਦਾ ਪਤਾ ਲੱਗਾ ਤਾਂ ਉਹ ਤੁਰੰਤ ਚੋਰ ਦੇ ਪਿੱਛੇ ਲੱਗ ਗਏ। ਹਾਲਾਤ ਕੁਝ ਸਮੇਂ ਲਈ ਬਿਲਕੁਲ ਫਿਲਮੀ ਸੀਨ ਵਾਂਗ ਬਣ ਗਏ, ਚੋਰ ਅੱਗੇ-ਅੱਗੇ ਤੇ ਲੋਕਾਂ ਸਮੇਤ ਪੁਲਸ ਪਿੱਛੇ-ਪਿੱਛੇ ਦੌੜਦੀ ਰਹੀ। ਭੱਜਦੇ ਹੋਏ ਬਚਣ ਦੀ ਕੋਸ਼ਿਸ 'ਚ ਚੋਰ ਨੇ ਪਵਿੱਤਰ ਕਾਲੀ ਵੇਈਂ 'ਚ ਛਾਲ ਮਾਰ ਦਿੱਤੀ ਅਤੇ ਪਾਣੀ ਵਿੱਚ ਹੀ ਲੁਕਣ ਦੀ ਕੋਸ਼ਿਸ ਕੀਤੀ। ਪੁਲਸ ਅਤੇ ਲੋਕ ਕਾਫੀ ਸਮੇਂ ਤੱਕ ਉਸ ਦੇ ਪਿੱਛੇ ਲੱਗੇ ਰਹੇ ਪਰ ਉਹ ਬਾਹਰ ਆਉਣ ਲਈ ਤਿਆਰ ਨਹੀਂ ਸੀ। ਆਖਿਰਕਾਰ ਸੰਤ ਸੀਚੇਵਾਲ ਦੇ ਸੇਵਾਦਾਰਾਂ ਦੀ ਮਦਦ ਨਾਲ ਚੋਰ ਨੂੰ ਪਾਣੀ 'ਚੋਂ ਬਾਹਰ ਕੱਢਿਆ ਗਿਆ ਅਤੇ ਪੁਲਸ ਦੇ ਹਵਾਲੇ ਕਰ ਦਿੱਤਾ ਗਿਆ। ਮੌਕੇ 'ਤੇ ਇਕੱਠੇ ਹੋਏ ਕੁਝ ਲੋਕਾਂ ਵੱਲੋਂ ਚੋਰ ਦੀ ਕੁੱਟਮਾਰ ਵੀ ਕੀਤੀ ਗਈ। ਪੁਲਸ ਪੁੱਛਗਿੱਛ ਦੌਰਾਨ ਚੋਰ ਨੇ ਖੁਲਾਸਾ ਕੀਤਾ ਕਿ ਉਹ ਇਕੱਲਾ ਨਹੀਂ, ਸਗੋਂ ਉਸ ਦੇ ਕਈ ਸਾਥੀ ਵੀ ਹਨ ਜੋ ਇਲਾਕੇ ਵਿੱਚ ਹੋ ਰਹੀਆਂ ਮੋਟਰਸਾਈਕਲ ਚੋਰੀਆਂ 'ਚ ਸਾਮਲ ਹਨ। ਫਿਲਹਾਲ ਪੁਲਸ ਨੇ ਮੁਲਜਮ ਨੂੰ ਗ੍ਰਿਫਤਾਰ ਕਰਕੇ ਮਾਮਲੇ ਦੀ ਜਾਂਚ ਸੁਰੂ ਕਰ ਦਿੱਤੀ ਹੈ ਅਤੇ ਹੋਰ ਸਾਥੀਆਂ ਦੀ ਭਾਲ ਜਾਰੀ ਹੈ।

# ਪੁਲਸ ਅ.ਫਸਰ ਦੀ ਗੱਡੀ ਨੇ ਟਰਾਂਸਫਾਰਮਰਾਂ 'ਚ ਮਾਰੀ ਜ਼ੋਰਦਾਰ ਟੱਕਰ, ਹਨੇਰੇ 'ਚ ਡੁੱਬਿਆ ਸ਼ਹਿਰ

**ਕੌਮੀ ਪਤ੍ਰਿਕਾ**

ਗੁਰਦਾਸਪੁਰ 4 ਮਈ। ਸ਼ਹਿਰ ਦੇ ਪ੍ਰੇਮ ਨਗਰ ਰੋਡ 'ਤੇ ਬੀਤੀ ਦੇਰ ਰਾਤ ਉਸ ਵੇਲੇ ਦਹਿਸ਼ਤ ਅਤੇ ਹੰਗਾਮੇ ਦਾ ਮਾਹੌਲ ਬਣ ਗਿਆ, ਜਦੋਂ ਪੰਜਾਬ ਪੁਲਸ ਦੇ ਇਕ ਏ. ਐੱਸ. ਆਈ. ਨੇ ਆਪਣੀ ਬੇਕਾਬੂ ਤੇਜ਼ ਰਫ਼ਤਾਰ ਕਾਰ ਸੜਕ ਕਿਨਾਰੇ ਲੱਗੇ ਟਰਾਂਸਫਾਰਮਰਾਂ ਵਾਲੇ ਖੰਭੇ 'ਚ ਦੇ ਮਾਰੀ। ਇਹ ਟੱਕਰ ਇੰਨੀ ਭਿਆਨਕ ਸੀ ਕਿ ਖੰਭਾ ਜੜ੍ਹ ਤੋਂ ਉਖੜ ਕੇ ਡਿੱਗ ਪਿਆ ਅਤੇ ਉਸ 'ਤੇ ਲੱਗੇ ਦੋ ਭਾਰੀ ਟਰਾਂਸਫਾਰਮਰ ਟੁੱਟ ਕੇ ਸੜਕ 'ਤੇ ਆ ਗਏ। ਇਸ ਹਾਦਸੇ ਕਾਰਨ ਹਾਈ-ਵੋਲਟੇਜ ਤਾਰਾਂ ਟੁੱਟ ਕੇ ਦੂਰ ਤੱਕ ਖਿੱਲਰ ਗਈਆਂ, ਜਿਸ ਕਾਰਨ ਅੱਧੇ ਸ਼ਹਿਰ ਦੀ ਬਿਜਲੀ ਗੁੱਲ ਹੋ ਗਈ। ਗਨੀਮਤ ਇਹ ਰਹੀ ਕਿ ਉਸ ਸਮੇਂ ਸੜਕ 'ਤੇ ਕੋਈ ਰਾਹਗੀਰ ਮੌਜੂਦ ਨਹੀਂ ਸੀ, ਨਹੀਂ ਤਾਂ ਵੱਡਾ ਜਾਨੀ ਨੁਕਸਾਨ ਹੋ ਸਕਦਾ ਸੀ। ਘਟਨਾ ਦੀ ਇਕ ਸੀ. ਸੀ. ਟੀ. ਵੀ. ਫੁਟੇਜ ਵੀ ਸਾਹਮਣੇ ਆਈ ਹੈ, ਜਿਸ 'ਚ ਸਾਫ਼ ਦੇਖਿਆ ਜਾ ਸਕਦਾ ਹੈ ਕਿ ਪੁਲਸ ਅਧਿਕਾਰੀ ਦੀ ਕਾਰ ਬੇਹੱਦ ਤੇਜ਼ ਗਤੀ 'ਚ ਸੀ। ਇਕ ਹੋਰ ਗੱਡੀ ਨੂੰ ਓਵਰਟੇਕ (ਕਰਾਂਸ) ਕਰਨ ਤੋਂ ਤੁਰੰਤ ਬਾਅਦ ਕਾਰ ਸਿੱਧੀ ਟਰਾਂਸਫਾਰਮਰ ਵਾਲੇ ਪੋਲ ਨਾਲ ਜਾ ਟਕਰਾਈ। ਟੱਕਰ ਹੁੰਦਿਆਂ ਹੀ ਬਿਜਲੀ ਦੀਆਂ ਤਾਰਾਂ 'ਚ ਜ਼ਬਰਦਸਤ ਸ਼ਾਰਟ ਸਰਕਟ ਹੋਇਆ ਅਤੇ ਅੱਗ ਦਾ ਭਬਾਕਾ ਉੱਠਦਾ ਦਿਖਾਈ ਦਿੱਤਾ। ਹਾਦਸੇ 'ਚ ਪੁਲਸ ਮੁਲਾਜ਼ਮ ਦੀ ਕਾਰ ਬੁਰੀ ਤਰ੍ਹਾਂ ਨੁਕਸਾਨੀ ਗਈ ਅਤੇ ਉਸ ਦੇ ਖੁਦ ਦੇ ਵੀ ਸੱਟਾਂ ਲੱਗੀਆਂ। ਘਟਨਾ ਤੋਂ ਬਾਅਦ ਮੌਕੇ 'ਤੇ ਵੱਡੀ ਗਿਣਤੀ 'ਚ ਇਲਾਕਾ ਨਿਵਾਸੀ ਇਕੱਠੇ ਹੋ ਗਏ। ਲੋਕਾਂ ਨੇ ਦੋਸ਼ ਲਾਇਆ ਕਿ ਕਾਰ ਚਲਾ ਰਿਹਾ ਪੁਲਸ ਅਧਿਕਾਰੀ, ਜੋ ਖ਼ੁਦ ਨੂੰ ਚੌਕੀ ਇੰਚਾਰਜ ਦੋਸਤਪੁਰ ਦੱਸ ਰਿਹਾ ਸੀ, ਸ਼ਰਾਬ ਦੇ ਨਸ਼ੇ 'ਚ ਧੁੱਤ ਸੀ। ਇਸ ਗੱਲ ਨੂੰ ਲੈ ਕੇ ਮੌਕੇ 'ਤੇ ਪਹੁੰਚੇ ਥਾਣਾ ਸਦਰ ਦੇ ਐੱਸ. ਐੱਚ. ਓ. ਅਮਨਦੀਪ ਸਿੰਘ ਅਤੇ ਲੋਕਾਂ ਵਿਚਾਲੇ ਤਿੱਖੀ ਬਹਿਸਬਾਜ਼ੀ ਹੋਈ। ਗੁੱਸੇ ਵਿਚ ਆਏ ਲੋਕ ਮੰਗ ਕਰ ਰਹੇ ਸਨ ਕਿ ਉਕਤ ਏ. ਐੱਸ. ਆਈ. ਦਾ ਮੈਡੀਕਲ ਮੁਲਾਹਿਜ਼ਾ ਤੁਰੰਤ ਉਨ੍ਹਾਂ ਦੀ ਹਾਜ਼ਰੀ 'ਚ ਕਰਵਾਇਆ ਜਾਵੇ, ਕਿਉਂਕਿ ਉਨ੍ਹਾਂ ਨੂੰ ਡਰ ਸੀ ਕਿ ਪੁਲਸ ਆਪਣੇ ਮੁਲਾਜ਼ਮ ਨੂੰ ਬਚਾਉਣ ਲਈ ਰਿਪੋਰਟ ਨਾਲ ਛੇੜਛਾੜ ਕਰ ਸਕਦੀ ਹੈ। ਦੂਜੇ ਪਾਸੇ ਪਾਵਰਕਾਮ ਦੇ ਜੇ. ਈ. ਸੁਖਦੇਵ ਸਿੰਘ ਨੇ ਮੌਕੇ ਦਾ ਜਾਇਜ਼ਾ ਲੈਣ ਉਪਰੰਤ ਦੱਸਿਆ ਕਿ ਦੋਵੇਂ ਟਰਾਂਸਫਾਰਮਰ, ਖੰਭਾ ਅਤੇ ਤਾਰਾਂ ਪੂਰੀ ਤਰ੍ਹਾਂ ਨੁਕਸਾਨੀਆਂ ਗਈਆਂ ਹਨ, ਜਿਸ ਨਾਲ ਵਿਭਾਗ ਦਾ ਕਰੀਬ 7-8 ਲੱਖ ਰੁਪਏ ਦਾ ਮਾਲੀ ਨੁਕਸਾਨ ਹੋਇਆ ਹੈ। ਉਨ੍ਹਾਂ ਕਿਹਾ ਕਿ ਬਿਜਲੀ ਸਪਲਾਈ ਬਹਾਲ ਕਰਨ ਵਿੱਚ ਕਈ ਦਿਨ ਲੱਗ ਸਕਦੇ ਹਨ। ਪਾਵਰਕੌਮ ਵੱਲੋਂ ਨੁਕਸਾਨ ਦੀ ਭਰਪਾਈ ਲਈ ਉੱਚ ਪੁਲਸ ਅਧਿਕਾਰੀਆਂ ਨੂੰ ਲਿਖਤੀ ਸ਼ਿਕਾਇਤ ਭੇਜੀ ਜਾਵੇਗੀ। ਜ਼ਿਕਰਯੋਗ ਹੈ ਕਿ ਕੁਝ ਦਿਨ ਪਹਿਲਾਂ ਵੀ ਅਜਿਹੀ ਹੀ ਇਕ ਘਟਨਾ 'ਚ ਇਕ ਹੋਰ ਪੁਲਸ ਮੁਲਾਜ਼ਮ ਨੇ ਸਬਜ਼ੀ ਦੀ ਰੇਹੜੀ ਨੂੰ ਟੱਕਰ ਮਾਰ ਕੇ ਗਰੀਬ ਰੇਹੜੀ ਵਾਲੇ ਨੂੰ ਗੰਭੀਰ ਜ਼ਖ਼ਮੀ ਕਰ ਦਿੱਤਾ ਸੀ, ਜਿਸ ਕਾਰਨ ਲੋਕਾਂ ਵਿੱਚ ਪੁਲਸ ਦੀ ਕਾਰਜਪ੍ਰਣਾਲੀ ਪ੍ਰਤੀ ਭਾਰੀ ਗੁੱਸਾ ਪਾਇਆ ਜਾ ਰਿਹਾ ਹੈ।

## ਸਮਸਤੀਪੁਰ 'ਚ ਭਿਆਨਕ ਸੜਕ ਹਾਦਸਾ

ਸਮਸਤੀਪੁਰ 4 ਮਈ। ਬਿਹਾਰ ਦੇ ਸਮਸਤੀਪੁਰ ਜ਼ਿਲ੍ਹੇ ਦੇ ਸਰਾਏਰੰਜਨ ਥਾਣਾ ਖੇਤਰ 'ਚ ਦੋ ਵਾਹਨਾਂ ਦੀ ਟੱਕਰ ਦੌਰਾਨ ਦੋ ਨੌਜਵਾਨਾਂ ਦੀ ਮੌਤ ਹੋ ਜਾਣ ਤੇ ਇੱਕ ਦੇ ਗੰਭੀਰ ਜ਼ਖ਼ਮੀ ਹੋਣ ਦੀ ਖ਼ਬਰ ਹੈ। ਮਿਲੀ ਜਾਣਕਾਰੀ ਅਨੁਸਾਰ ਜ਼ਿਲ੍ਹੇ ਦੇ ਬੁਲਾਕੀਪੁਰ ਪਿੰਡ ਦੇ ਨਿਵਾਸੀ ਸੰਦੀਪ ਰਾਮ ਅਤੇ ਵਿਪਿਨ ਕੁਮਾਰ ਰਾਮ ਸ਼ੁੱਕਰਵਾਰ ਰਾਤ ਨੂੰ ਆਪਣੇ ਇੱਕ ਸਾਥੀ ਨਾਲ ਮੋਟਰਸਾਈਕਲ 'ਤੇ ਸਰਾਏਰੰਜਨ ਤੋਂ ਇੱਕ ਵਿਆਹ ਸਮਾਗਮ ਵਿੱਚ ਸ਼ਾਮਲ ਹੋ ਕੇ ਵਾਪਸ ਪਰਤ ਰਹੇ ਸਨ। ਜਦੋਂ ਉਹ ਗੰਗਸਾਰਾ ਪਿੰਡ ਦੇ ਨੇੜੇ ਪਹੁੰਚੇ ਤਾਂ ਉਲਟੀ ਦਿਸ਼ਾ ਤੋਂ ਆ ਰਹੀ ਇੱਕ ਅਣਪਛਾਤੀ ਤੇਜ਼ ਰਫ਼ਤਾਰ ਗੱਡੀ ਨੇ ਉਨ੍ਹਾਂ ਦੇ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ। ਇਸ ਦਰਦਨਾਕ ਹਾਦਸੇ 'ਚ ਸੰਦੀਪ ਰਾਮ ਤੇ ਵਿਪਿਨ ਕੁਮਾਰ ਰਾਮ ਦੀ ਮੌਕੇ 'ਤੇ ਹੀ ਮੌਤ ਹੋ ਗਈ। ਜ਼ਖ਼ਮੀ ਨੌਜਵਾਨ ਨੂੰ ਤੁਰੰਤ ਸਥਾਨਕ ਹਸਪਤਾਲ 'ਚ ਦਾਖਲ ਕਰਵਾਇਆ ਗਿਆ ਹੈ। ਪੁਲਸ ਨੇ ਲਾਸ਼ਾਂ

**ਕੌਮੀ ਪਤ੍ਰਿਕਾ**

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814

Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

## ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਪਿੰਡ ਦੁਗਾਲ ਦੀ ਸ੍ਰੀ ਰਾਮ ਗਊਸ਼ਾਲਾ ਦਾ ਦੌਰਾ

# ਹਰਪਾਲ ਚੀਮਾ ਵੱਲੋਂ ਅੱਗ ਕਾਰਨ ਹੋਏ ਨੁਕਸਾਨ ਦੀ ਭਰਪਾਈ ਲਈ 50 ਲੱਖ ਰੁਪਏ ਦੀ ਮਾਲੀ ਸਹਾਇਤਾ ਦਾ ਐਲਾਨ

**ਪਾਤੜਾਂ, 3 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਵਿੱਤ ਮੰਤਰੀ ਸ੍ਰੀ ਹਰਪਾਲ ਸਿੰਘ ਚੀਮਾ ਨੇ ਅੱਜ ਹਲਕਾ ਵਿਧਾਇਕ ਸ੍ਰੀ ਕੁਲਵੰਤ ਸਿੰਘ ਬਾਜ਼ੀਗਰ ਦੇ ਨਾਲ ਪਿੰਡ ਦੁਗਾਲ ਵਿਖੇ ਸਥਿਤ ਸ੍ਰੀ ਰਾਮ ਗਊਸ਼ਾਲਾ ਦਾ ਦੌਰਾ ਕਰਕੇ ਬੀਤੇ ਦਿਨੀਂ ਤੂੜੀ ਦੇ ਗੋਦਾਮ ਵਿੱਚ ਲੱਗੀ ਭਿਆਨਕ ਅੱਗ ਕਾਰਨ ਹੋਏ ਨੁਕਸਾਨ ਦਾ ਜਾਇਜ਼ਾ ਲਿਆ।

ਉਨ੍ਹਾਂ ਨੇ ਦੱਸਿਆ ਕਿ ਇਸ ਅੱਗ ਕਾਰਨ ਗੋਦਾਮ ਵਿੱਚ ਸਟੋਰ ਕੀਤੀ ਕਈ ਟਨ ਤੂੜੀ ਸੜ ਕੇ ਸੁਆਹ ਹੋ ਗਈ ਹੈ ਅਤੇ ਗੋਦਾਮ ਦੇ ਸ਼ੈੱਡ ਨੂੰ ਵੀ ਭਾਰੀ ਨੁਕਸਾਨ ਪਹੁੰਚਿਆ ਹੈ। ਇਸ ਨੁਕਸਾਨ ਦੀ ਭਰਪਾਈ ਲਈ ਵਿੱਤ ਮੰਤਰੀ ਨੇ ਗਊਸ਼ਾਲਾ ਨੂੰ 50 ਲੱਖ ਰੁਪਏ ਦੀ ਮਾਲੀ ਸਹਾਇਤਾ ਦੇਣ ਦਾ ਐਲਾਨ ਕੀਤਾ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਸ ਗਊਸ਼ਾਲਾ ਵਿੱਚ ਲਗਭਗ 4,000 ਗਊਵੰਸ਼ ਦੀ ਦੇਖਭਾਲ ਕੀਤੀ ਜਾਂਦੀ ਹੈ ਅਤੇ ਇੱਥੇ ਨੇੜਲੇ ਖੇਤਰਾਂ ਦੀਆਂ ਹੋਰ ਗਊਸ਼ਾਲਾਵਾਂ ਲਈ ਵੀ ਤੂੜੀ ਸਟੋਰ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਲੋੜ ਪੈਣ ’ਤੇ ਇੱਥੋਂ ਹੋਰ ਗਊਸ਼ਾਲਾਵਾਂ ਨੂੰ ਵੀ ਤੂੜੀ ਸਪਲਾਈ ਕੀਤੀ ਜਾਂਦੀ ਹੈ, ਜਿਸ ਕਾਰਨ ਇਸ ਅੱਗ ਨਾਲ ਹੋਇਆ ਨੁਕਸਾਨ ਕਾਫ਼ੀ ਵੱਡਾ ਹੈ।



ਉਨ੍ਹਾਂ ਕਿਹਾ ਕਿ ਇਸ ਘਟਨਾ ਬਾਰੇ ਉਨ੍ਹਾਂ ਨੂੰ ਹਲਕਾ ਵਿਧਾਇਕ ਸ੍ਰੀ ਕੁਲਵੰਤ ਸਿੰਘ ਬਾਜ਼ੀਗਰ ਵੱਲੋਂ ਜਾਣਕਾਰੀ ਦਿੱਤੀ ਗਈ ਸੀ, ਜਿਸ ਉਪਰੰਤ ਉਹ ਤੁਰੰਤ ਮੌਕੇ ’ਤੇ ਪਹੁੰਚੇ। ਉਨ੍ਹਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਨੁਕਸਾਨ ਦਾ ਵਿਸਥਾਰ ਨਾਲ ਨਿਰੀਖਣ ਕਰਨ ਦੇ ਹੁਕਮ ਵੀ ਜਾਰੀ ਕੀਤੇ ਹਨ ਤਾਂ ਜੋ ਹੋਰ ਲੋੜੀਂਦੀ ਸਹਾਇਤਾ ਵੀ ਮੁਹੱਈਆ ਕਰਵਾਈ ਜਾ ਸਕੇ। ਵਿੱਤ ਮੰਤਰੀ ਨੇ ਇਲਾਕਾ ਨਿਵਾਸੀਆਂ ਅਤੇ ਵਲੰਟੀਅਰਾਂ ਵੱਲੋਂ ਗਊਵੰਸ਼ ਦੀ ਸੇਵਾ ਲਈ ਕੀਤੇ ਜਾ ਰਹੇ ਯੋਗਦਾਨ ਦੀ ਸਰਾਹਨਾ ਕਰਦਿਆਂ ਕਿਹਾ ਕਿ ਗਊ ਸੇਵਾ ਬਹੁਤ ਹੀ ਵਡਮੁੱਲੀ ਸੇਵਾ ਹੈ। ਉਨ੍ਹਾਂ ਕਿਹਾ ਕਿ ਗਊਸ਼ਾਲਾਵਾਂ ਨੂੰ ਸਹਿਯੋਗ ਦੇਣ ਵਾਲੇ ਦਾਨੀ, ਕਿਸਾਨ ਅਤੇ ਸੇਵਾਦਾਰ ਸਮਾਜ ਲਈ ਪ੍ਰੇਰਣਾ ਦਾ ਸਰੋਤ ਹਨ। ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਦੀ ਅਗਵਾਈ ਹੇਠ ਪੰਜਾਬ ਸਰਕਾਰ ਗਊਵੰਸ਼ ਦੀ ਭਲਾਈ ਅਤੇ ਸੰਭਾਲ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਸਰਕਾਰ ਵੱਲੋਂ ਹਰ ਸੰਭਵ ਸਹਾਇਤਾ ਯਕੀਨੀ ਬਣਾਈ ਜਾਵੇਗੀ। ਇਸ ਮੌਕੇ ਹਲਕਾ ਵਿਧਾਇਕ ਸ੍ਰੀ ਕੁਲਵੰਤ ਸਿੰਘ ਬਾਜ਼ੀਗਰ ਨੇ ਵਿੱਤ ਮੰਤਰੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਇਸ ਨੁਕਸਾਨ ਦੀ ਭਰਪਾਈ ਲਈ ਹਰ ਸੰਭਵ ਮਦਦ ਪ੍ਰਦਾਨ ਕਰੇਗੀ। ਵਿਧਾਇਕ ਕੁਲਵੰਤ ਸਿੰਘ ਨੇ ਦੱਸਿਆ ਕਿ ਇਸ ਦੇ ਨਾਲ ਹੀ ਵਿੱਤ ਮੰਤਰੀ ਨੇ ਹੋਰ ਗਊਸ਼ਾਲਾਵਾਂ ਲਈ ਵੀ ਸਹਾਇਤਾ ਰਾਸ਼ੀ ਦਿੱਤੀ ਹੈ, ਜਿਸ ਤਹਿਤ ਪਾਤੜਾਂ ਗਊਸ਼ਾਲਾ 5 ਲੱਖ, ਘੱਗਾ ਗਊਸ਼ਾਲਾ 5 ਲੱਖ, ਹਰਿਆਊ ਕਲਾਂ ਗਊਸ਼ਾਲਾ 5 ਲੱਖ, ਬਰਾਸ ਗਊਸ਼ਾਲਾ 5 ਲੱਖ, ਕਲਬਾਣੂ ਗਊਸ਼ਾਲਾ 5 ਲੱਖ ਇਹ ਮਦਦ ਪ੍ਰਭਾਵਿਤ ਗਊਸ਼ਾਲਾਵਾਂ ਨੂੰ ਮੁੜ ਖੜ੍ਹਾ ਕਰਨ ਵਿੱਚ ਵੱਡੀ ਭੂਮਿਕਾ ਨਿਭਾਏਗੀ। ਇਸ ਦੌਰਾਨ ਗਊਸ਼ਾਲਾ ਦੇ ਪ੍ਰਬੰਧਕਾਂ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਵੀ ਮੌਜੂਦ ਸਨ।

## ਅੱਖਾਂ ਦੀ ਜਾਂਚ ਸੇਵਾਵਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਪਿੰਡ ਹਿਰਦਾਪੁਰ ਵਿਖੇ ਆਈ ਸਕਰੀਨਿੰਗ ਕੈਂਪ ਲਗਾਇਆ

**ਪਟਿਆਲਾ, 4 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ.ਬਲਬੀਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅੱਖਾਂ ਦੀ ਸਿਹਤ ਬਾਰੇ ਜਾਗਰੂਕਤਾ ਫੈਲਾਉਣ ਅਤੇ ਲੋਕਾਂ ਨੂੰ ਮੁਫ਼ਤ ਅੱਖਾਂ ਦੀ ਜਾਂਚ ਸੇਵਾਵਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਪਿੰਡ ਹਿਰਦਾਪੁਰ ਵਿਖੇ ਆਈ ਸਕਰੀਨਿੰਗ ਕੈਂਪ ਲਗਾਇਆ ਗਿਆ।



ਸਿਵਲ ਸਰਜਨ ਪਟਿਆਲਾ ਡਾ.ਸ਼ੈਲੀ ਜੇਤਲੀ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਇਸ ਕੈਂਪ ਵਿੱਚ ਸਥਾਨਕ ਨਿਵਾਸੀਆਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ ਅਤੇ ਲੋਕਾਂ ਨੇ ਮਾਹਿਰ ਡਾਕਟਰਾਂ ਵੱਲੋਂ ਕੀਤੀ ਗਈ ਸੰਪੂਰਨ ਅੱਖਾਂ ਦੀ ਜਾਂਚ ਦਾ ਲਾਭ ਲਿਆ। ਕੈਂਪ ਦੌਰਾਨ ਨਜ਼ਰ ਦੀ ਜਾਂਚ, ਮੋਤੀਆਬਿੰਦ, ਗਲੂਕੋਮਾ ਅਤੇ ਰਿਫਰੈਕਟਿਵ ਗਲਤੀਆਂ ਵਰਗੀਆਂ ਆਮ ਬਿਮਾਰੀਆਂ ਦੀ ਸਕ੍ਰੀਨਿੰਗ ਕੀਤੀ ਗਈ ਅਤੇ ਅੱਖਾਂ ਦੀ ਸੰਭਾਲ ਬਾਰੇ ਸਲਾਹ ਦਿੱਤੀ ਗਈ।

ਸੀਨੀਅਰ ਮੈਡੀਕਲ ਅਫਸਰ ਡਾ.ਗੁਰਪ੍ਰੀਤ ਨਾਗਰਾ ਨੇ ਦੱਸਿਆ ਕਿ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ ਅਤੇ ਲੋੜਵੰਦਾਂ ਨੂੰ ਮੁਫਤ ਦਵਾਈਆਂ ਅਤੇ ਐਨਕਾਂ ਵੰਡੀਆਂ ਗਈਆਂ। ਇਸ ਬਾਰੇ ਡਾ.ਨਾਗਰਾ ਨੇ ਦੱਸਿਆ ਕਿ ਲਗਾਏ ਜਾ ਰਹੇ ਵਿਸ਼ੇਸ਼ ਕੈਂਪਾਂ ਤਹਿਤ ਅੱਜ ਪਿੰਡ ਹਿਰਦਾਪੁਰ ਵਿਖੇ 145 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ। ਇਨ੍ਹਾਂ ਵਿੱਚੋਂ 68 ਦੇ ਲਗਭਗ ਲੋੜਵੰਦਾਂ ਨੂੰ ਐਨਕਾਂ ਵੀ ਵੰਡੀਆਂ ਗਈਆਂ ਅਤੇ 4 ਮਰੀਜ਼ਾਂ ਨੂੰ ਮਾਤਾ ਕੁਸ਼ੱਲਿਆ ਹਸਪਤਾਲ ਵਿਖੇ ਰੈਫਰ ਕੀਤਾ ਗਿਆ।

ਇਸ ਮੌਕੇ ਉਹਨਾਂ ਨੇ ਜਾਣਕਾਰੀ ਦਿੱਤੀ ਕਿ ਆਉਂਦੇ ਦਿਨਾਂ ਵਿੱਚ ਵੀ ਇਹ ਵਿਸ਼ੇਸ਼ ਕੈਂਪ ਜਾਰੀ ਰਹਿਣਗੇ, ਜਿਸ ਤਹਿਤ ਪਿੰਡ ਅਜਨੌਦਾ ਕਲਾਂ ਵਿਖੇ ਅੱਖਾਂ ਦੀ ਜਾਂਚ ਦਾ ਮੁਫਤ ਵਿਸ਼ੇਸ਼ ਕੈਂਪ ਲੱਗਿਆ। ਜਿਸ ਵਿੱਚ ਵੱਧ ਤੋਂ ਵੱਧ ਲੋਕਾਂ ਨੂੰ ਸ਼ਮੂਲੀਅਤ ਕਰਕੇ ਇਨ੍ਹਾਂ ਕੈਂਪਾਂ ਦਾ ਲਾਹਾ ਲੈਣਾ ਚਾਹੀਦਾ ਹੈ। ਕੈਂਪ ਲਈ ਸਥਾਨਕ ਆਗੂਆਂ ਵੱਲੋਂ ਵਿਸ਼ੇਸ਼ ਸਹਿਯੋਗ ਦਿੱਤਾ ਗਿਆ। ਇਸ ਮੌਕੇ ਅੱਖਾਂ ਦੇ ਮਾਹਿਰ ਡਾ.ਸੰਦੀਪ ਕੌਰ,ਐਮ.ਓ ਡਾ.ਜੈਸਮੀਨ, ਹਰਦੀਪ ਸਿੰਘ, ਜਿਲ੍ਹਾ ਬੀਸੀਸੀ ਕੋਆਰਡੀਨੇਟਰ ਜ਼ਸਵੀਰ ਕੌਰ, ਸੁਸ਼ਮਾ ਕਾਲੀਆ ਅਪਥੈਲਮਿਕ ਅਫਸਰ ਸਮੇਤ ਸਮੂਹ ਸਿਹਤ ਕਰਮਚਾਰੀ ਹਾਜ਼ਰ ਸਨ।

## ਸੀ ਐਸ ਆਰ ਦੇ ਰੇਟ ਘਟਣ ਕਾਰਨ ਠੇਕੇਦਾਰਾਂ ਚ ਮੱਚੀ ਹਾਹਾਕਾਰ

# ਚੀਫ ਇੰਜੀਨੀਅਰ ਅਤੇ ਐਚ ਓ ਡੀ ਪੰਜਾਬ ਨਾਲ ਅੱਜ ਰੇਟਾਂ ਸਬੰਧੀ ਕੀਤੀ ਜਾਵੇਗੀ ਮੁਲਾਕਾਤ : ਯੂਨੀਅਨ ਆਗੂ

**ਪਟਿਆਲਾ, 4 ਮਈ**
**ਅਮਰਜੀਤ ਸਿੰਘ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਕੰਟਰੈਕਟ ਯੂਨੀਅਨ ਵਾਟਰ ਸਪਲਾਈ ਸੈਨੀਟੇਸ਼ਨ ਦੇ ਠੇਕੇਦਾਰਾਂ ਨੇ ਸਰਕਾਰ ਖਿਲਾਫ ਮੋਰਚਾ ਖੋਲਦੇ ਹੋਏ ਸਰਕਾਰੀ ਟੈਂਡਰ ਨਾ ਪਾਉਣ ਦਾ ਫੈਸਲਾ ਲਿਆ ਹੈ ਕਿਉਂਕਿ ਟੈਂਡਰਾਂ ਵਿੱਚ ਨਵੇ ਸੀ ਐਸ ਆਰ ਦੇ ਰੇਟ ਘੱਟ ਹੋਣ ਕਾਰਨ ਸਮੁੱਚੇ ਠੇਕੇਦਾਰਾਂ ਵਿੱਚ ਹਾਂ ਕਾਰ ਮਚੀ ਹੋਈ ਹੈ ਜਿਸ ਨੂੰ ਲੈ ਕੇ ਜਲ ਸਪਲਾਈ ਸੈਨੀਟੇਸ਼ਨ ਵਿਭਾਗ ਦੇ ਸਮੁੱਚੇ ਠੇਕੇਦਾਰਾਂ ਵਿੱਚ ਪੰਜਾਬ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਇਸ ਸਬੰਧੀ ਅੱਜ ਹੋਈ ਇਹ ਮੀਟਿੰਗ ਵਿੱਚ ਸੂਬਾ ਪ੍ਰਧਾਨ ਹਰਪ੍ਰੀਤ ਸਿੰਘ ਕੂਕਾ ਜਸਵੀਰ ਸਿੰਘ ਰੁਪਾਣਾ, ਗੁਰਸਰਨ ਸਿੰਘ ਧਾਲੀਵਾਲ, ਪ੍ਰੇਮ ਕੁਮਾਰ, ਜੱਸੀ ਖਾਨ ਸੰਗਰੂਰ, ਜਤਿੰਦਰ ਸਿੰਘ ਗੁਰਾਇਆ, ਗੁਰਜੰਟ ਸਿੰਘ ,ਰਾਕੇਸ਼ ਕੁਮਾਰ ਧੂਰੀ , ਬਲਜੀਤ ਕੁਮਾਰ ਧੂਰੀ , ਪੰਕਜ ਸੁਨਾਮ ,ਵਿਜੇ ਕੁਮਾਰ ਸਮਾਣਾ,ਪੁਸ਼ਵਿੰਦਰ ਸਿੰਘ ਸੈਣੀ ਨੇ ਕਿਹਾ ਕਿ ਟੈਂਡਰਾਂ ਦੇ ਰੇਟ ਘੱਟ ਪਾਉਣ ਕਾਰਨ ਠੇਕੇਦਾਰਾਂ ਦੇ ਪੱਲੇ ਸਹੀ ਕੰਮ ਕਰਨ ਦੇ ਬਾਵਜੂਦ ਵੀ ਕੁਝ ਵੀ ਪੱਲੇ ਨਹੀਂ ਪੈ ਰਿਹਾ ਜਿਸ ਕਰਕੇ ਠੇਕੇਦਾਰਾਂ ਨੂੰ ਕੰਮ ਕਰਨ ਦੇ ਬਾਵਜੂਦ ਵੀ ਘਾਟਾ ਝੱਲਣਾ ਪੈ ਰਿਹਾ ਹੈ ਉਨਾਂ ਕਿਹਾ ਕਿ ਸੀ ਆਈ ਫਿਟਿੰਗ ਐਕਸੈਸਰੀ ,ਸਮਰਸੀਬਲ ਕੇਵਲ, ਮਸ਼ੀਨਰੀ ਪੈਪ ,ਡਰਿਲਿੰਗ ਰੇਟ ਆਦਿ ਹੋਰ ਸਮਾਨ ਵਿੱਚ ਵੀ ਮਾਰਕੀਟ ਰੇਟ ਤੇਜ਼ ਹੋਣ ਕਾਰਨ ਅਤੇ ਟੈਂਡਰਾਂ ਵਿੱਚ ਰੇਟ ਘੱਟ ਕਾਰਨ ਕੰਮ ਕਰਨ ਵਿੱਚ ਪੂਰਤੀ ਨਹੀਂ ਪੈਂਦੀ ਜਿਸ ਕਾਰਨ ਸਮੁੱਚੇ ਠੇਕੇਦਾਰਾਂ ਨੇ ਟੈਂਡਰਾਂ ਦੇ ਰੇਟ ਸਹੀ ਨਾ ਹੋਣ ਤੱਕ ਟੈਂਡਰ ਨਾ ਪਾਉਣ ਦਾ ਫੈਸਲਾ ਲਿਆ ਹੈ ਉਨਾਂ ਕਿਹਾ ਕਿ ਸਮੁੱਚੀ ਠੇਕੇਦਾਰ ਯੂਨੀਅਨ ਦੇ ਆਗੂ ਚੰਡੀਗੜ੍ਹ ਵਿਖੇ ਚੀਫ ਇੰਜੀਨੀਅਰ ਤੇ ਐਚ ਓ ਡੀ ਪੰਜਾਬ ਨਾਲ ਮੁਲਾਕਾਤ ਕਰਕੇ ਟੈਂਡਰਾਂ ਦੇ ਰੇਟਾਂ ਵਿੱਚ ਸੋਧ ਕਰਨ ਦਾ ਮੁੱਦਾ ਚੁੱਕਣਗੇ ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਦਾ ਇਹ ਚੋਣ ਵਰਾ ਹੈ ਜਿਸ ਵਿੱਚ ਸਰਕਾਰ ਵੱਲੋਂ ਵੱਖ ਵੱਖ ਵਿਭਾਗਾਂ ਦੇ ਟੈਂਡਰ ਘੱਟ ਰੇਟਾਂ ਵਿੱਚ ਹੀ ਲਗਾਉਣ ਦੀ ਦੌੜ ਚੱਲ ਰਹੀ ਹੈ ਪਰ ਠੇਕੇਦਾਰ ਨੂੰ ਇਹਨਾਂ ਟੈਂਡਰਾਂ ਵਿੱਚੋਂ ਕੋਈ ਵੀ ਪੈਸਾ ਨਾ ਬਚਣ ਕਾਰਨ ਨੁਕਸਾਨ ਝੱਲਣ ਲਈ ਮਜਬੂਰ ਹੋਣਾ ਪੈ ਰਿਹਾ ਜਿਸ ਦਾ ਸਮੁੱਚੇ ਠੇਕੇਦਾਰਾਂ ਵੱਲੋਂ ਸੂਬੇ ਭਰ ਵਿੱਚ ਬਾਈਕਾਟ ਕਰਨ ਦਾ ਫੈਸਲਾ ਲਿਆ ਗਿਆ ਹੈ ਜਿਸ ਦਾ ਖਾਮਿਆਜਾ ਪੰਜਾਬ ਸਰਕਾਰ ਨੂੰ ਭੁਗਤਣਾ ਪਵੇਗਾ ਉਹਨਾਂ ਕਿਹਾ ਕੀ ਜਿਹੜੇ ਠੇਕੇਦਾਰ ਪਹਿਲਾਂ ਕੰਮ ਕਰ ਚੁੱਕੇ ਹਨ ਉਹਨਾਂ ਨੂੰ ਵੀ ਕਰੋੜਾਂ ਰੁਪਏ ਦਾ ਘਾਟਾ ਚੱਲਣ ਲਈ ਮਜਬੂਰ ਹੋਣਾ ਪੈ ਰਿਹਾ ਜਿਸ ਤੋਂ ਸਾਫ ਦਿਖਦਾ ਹੈ ਕਿ ਇੰਨੇ ਘੱਟ ਰੇਟਾਂ ਤੇ ਕੰਮ ਕਰਨਾ ਕਿਸੇ ਲਈ ਵੀ ਸੰਭਵ ਨਹੀਂ ਹੈ ਜੇਕਰ ਪੰਜਾਬ ਸਰਕਾਰ ਨੇ ਜਲ ਸਪਲਾਈ ਸਕੀਮਾਂ ਦਾ ਕੰਮ ਕਰਵਾਉਣਾ ਹੈ ਤਾਂ ਉਹ ਟੈਂਡਰ ਲਗਾਉਣ ਦੀ ਵਿਧੀ ਵਿੱਚ ਰੇਟਾਂ ਨੂੰ ਸਹੀ ਕਰਵਾਵੇ ਤਾਂ ਜੋ ਠੇਕੇਦਾਰ ਟੈਂਡਰ ਪਾ ਕੇ ਕੰਮ ਕਰ ਸਕਣ ਜੇਕਰ ਸਰਕਾਰ ਨੇ ਇਹਨਾਂ ਵਿੱਚ ਸੋਧ ਨਾ ਕੀਤੀ ਤਾਂ ਅੱਜ ਦਾ ਖਮੈਜਾ ਪੰਜਾਬ ਸਰਕਾਰ ਅਤੇ ਜਲ ਸਪਲਾਈ ਸੈਨੀਟੇਸ਼ਨ ਵਿਭਾਗ ਨੂੰ ਝੱਲਣਾ ਪਵੇਗਾ।



# 50 ਮਹੀਨਿਆਂ ਦੇ ਕਾਰਜਕਾਲ ਦੌਰਾਨ ਆਪ ਸਰਕਾਰ ਵੱਲੋਂ ਇੱਕ ਵੀ ਵੱਡਾ ਵਾਅਦਾ ਪੂਰਾ ਨਹੀਂ ਹੋਇਆ : ਗੋਗੀ ਟਿਵਾਣਾ

**ਪਟਿਆਲਾ, 4 ਮਈ**
**ਅਮਰਜੀਤ ਸਿੰਘ**
**-ਕੌਮੀ ਪੱਤ੍ਰਿਕਾ ਬਿਊਰੋ-**

ਸੂਬੇ ਅੰਦਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਬਣੀ ਨੂੰ 50 ਮਹੀਨੇ ਤੋਂ ਉੱਤੇ ਦਾ ਸਮਾਂ ਬੀਤ ਚੁੱਕਿਆ ਹੈ ਜਿਸ ਵਿੱਚ ਮੌਜੂਦਾ ਸਰਕਾਰ ਨੇ ਇੱਕ ਵੀ ਵੱਡਾ ਵਾਅਦਾ ਪੂਰਾ ਨਹੀਂ ਕੀਤਾ ਤਾਂ ਹੀ ਪੰਜਾਬ ਦੇ ਲੋਕਾਂ ਦਾ ਹੁਣ ਆਪ ਪਾਰਟੀ ਤੋਂ ਮੋਹ ਭੰਗ ਹੋ ਕੇ ਰਹਿ ਗਿਆ ਹੈ ਅਤੇ ਭਵਿੱਖ ਵਿੱਚ ਆ ਰਹੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦਾ ਸੂਫੜਾ ਸਾਫ ਹੋਣਾ ਤੈਅ ਹੈ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਭਾਜਪਾ ਦੇ ਮੰਡਲ ਦੇ ਪ੍ਰਧਾਨ ਤੇਜਪਾਲ ਸਿੰਘ ਗੋਗੀ ਟਿਵਾਣਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੀਤਾ ਟਿਵਾਣਾ ਨੇ ਕਿਹਾ ਕਿ ਔਰਤਾਂ ਨੂੰ ਖਾਤਿਆਂ ਵਿੱਚ ਪੈਸੇ ਪਾਉਣਾ ਵੀ ਇੱਕ ਜੁਮਲਾ ਹੀ ਤਾਂ ਸੀ ਸਰਕਾਰ ਵੱਲੋਂ



ਵੱਖ-ਵੱਖ ਪੜਾਵਾਂ ਹੇਠ ਰਜਿਸਟਰੇਸ਼ਨ ਕਰਵਾਉਣ ਦੀਆਂ ਵੱਡੀਆਂ ਵੱਡੀਆਂ ਗੱਲਾਂ ਕੀਤੀਆਂ ਜਾ ਰਹੀਆਂ ਹਨ ਪਰ ਚੋਣਾਂ ਤੋਂ ਪਹਿਲਾਂ ਔਰਤਾਂ ਨੂੰ ਕਦੇ ਵੀ ਉਹਨਾਂ ਦੇ ਖਾਤਿਆਂ ਵਿੱਚ ਪੈਸੇ ਨਹੀਂ ਪੈਣਗੇ ਇਹ ਸਿਰਫ ਆਪ ਪਾਰਟੀ ਦਾ ਚੋਣ ਸਟੰਟ ਸੀ ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਦੇ ਖਜ਼ਾਨੇ ਵਿੱਚ ਪੈਸੇ ਹੋਣਗੇ ਤਾਂ ਹੀ ਦੇਣਗੇ ਜਦੋਂ ਸਰਕਾਰ ਦਾ ਖਜ਼ਾਨਾ ਖਾਲੀ ਹੈ ਤਾਂ ਪੈਸੇ ਕਿੱਥੋਂ ਜੁਟਾ ਕੇ ਦੇਣਗੇ ਉਨ੍ਹਾਂ ਕਿਹਾ ਕਿ ਸਰਕਾਰ ਨੇ ਪੰਜਾਬ ਦੇ ਅੰਨਦਾਤਾ ਨਾਲ ਸਭ ਤੋਂ ਵੱਡਾ ਵਿਸ਼ਵਾਸ ਘਾਤ ਕੀਤਾ ਹੈ ਨਾ ਕਰਜ਼ਾ ਮੁਆਫੀ ਹੋਈ ਨਾ ਹੀ ਐਮ ਐਸ ਪੀ ਦੀ ਕਾਨੂੰਨੀ ਗਰੰਟੀ ਯਕੀਨੀ ਬਣਾਈ ਗਈ ਉਨ੍ਹਾਂ ਕਿਹਾ ਕਿ ਖੇਤੀ ਦੀ ਲਾਗਤ ਵਧ ਰਹੀ ਹੈ ਪਰ ਸਰਕਾਰ ਦੀਆਂ ਤਰਜੀਹਾਂ ਵਿੱਚ ਕਿਸਾਨ ਕਿਤੇ ਦਿਖਾਈ ਨਹੀਂ ਦਿੰਦਾ ਉਨ੍ਹਾਂ ਕਿਹਾ ਕਿ ਮਨਰੇਗਾ ਨੂੰ ਭ੍ਰਿਸਟਾਚਾਰ ਅਤੇ ਲੁੱਟ ਦਾ ਮਾਧਿਅਮ ਬਣਾ ਦਿੱਤਾ ਗਿਆ ਸੀ ਜਿਸ ਦੇ ਫਰਜ਼ੀ ਜਾਬ ਕਾਰਡ ਵਿੱਚ ਦੇਰੀ ਅਤੇ ਬਿਨਾਂ ਕੰਮ ਦੇ ਭੁਗਤਾਨ ਵਰਗੀਆਂ ਬੇਨਮੀਆਂ ਆਮ ਦਿਖਾਈ ਦਿੱਤੀਆਂ ਹਨ ਤਾਂ ਹੀ ਸੈਂਟਰ ਸਰਕਾਰ ਨੇ ਇਸ ਵਿੱਚ ਸੋਧ ਕਰਕੇ ਪੰਜਾਬ ਸਰਕਾਰ ਦੀ ਲੁੱਟ ਨੂੰ ਰੋਕਿਆ ਹੈ।

# ‘ਆਪ’ ਦੀ ਟਰੇਡ ਵਿੰਗ ਵਲੋਂ ਗੈਸ ਸਿਲੰਡਰਾਂ ਦੀਆਂ ਕੀਮਤਾਂ ‘ਚ ਅਥਾਹ ਵਾਧੇ ਵਿਰੁੱਧ ਫੁਹਾਰਾ ਚੌਂਕ ਵਿਖੇ ਰੋਸ ਪ੍ਰਦਰਸ਼ਨ




**ਪਟਿਆਲਾ, 4 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਆਮ ਆਦਮੀ ਪਾਰਟੀ ਦੀ ਟਰੇਡ ਵਿੰਗ ਵਲੋਂ ਅੱਜ ਪਟਿਆਲਾ ਦੇ ਫੁਹਾਰਾ ਚੌਂਕ ਵਿਖੇ ਆਮ ਆਦਮੀ ਪਾਰਟੀ ਟ੍ਰੇਡ ਵਿੰਗ ਜਿਲਾ ਪ੍ਰਧਾਨ ਦਿਹਾਤੀ ਗੁਰਪ੍ਰੀਤ ਸਿੰਘ ਧਮੋਲੀ, ਸ਼ਹਿਰੀ ਪ੍ਰਧਾਨ ਵਿਨੋਦ ਸਿੰਗਲਾ, ਸਟੇਟ ਸੈਕਟਰੀ ਸੰਜੀਵ ਗੁਪਤਾ ਦੀ ਅਗਵਾਈ ਹੇਠ ਮੋਦੀ ਸਰਕਾਰ ਵੱਲੋਂ ਗੈਸ ਸਿਲੰਡਰਾਂ ਦੀਆਂ ਕੀਮਤਾਂ ਵਿੱਚ ਕੀਤੇ ਬੇਹਿਸਾਬ ਵਾਧੇ ਦੇ ਵਿਰੋਧ ਵਿੱਚ ਧਰਨਾ ਪ੍ਰਦਰਸ਼ਨ ਕਰਦਿਆਂ ਭਾਜਪਾ ’ਤੇ ਤਿੱਖੇ ਨਿਸ਼ਾਨੇ ਸਾਧੇ ਗਏ।

ਇਸ ਮੌਕੇ ਜ਼ਿਲ੍ਹਾ ਪ੍ਰਧਾਨ ਟ੍ਰੇਡ ਵਿੰਗ ਦਿਹਾਤੀ ਗੁਰਪ੍ਰੀਤ ਸਿੰਘ ਧਮੋਲੀ ਨੇ ਕਿਹਾ ਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਆਮ ਆਦਮੀ ਲਈ ਲਾਚਾਰ ਅਤੇ ਰਸੋਈ ਲਈ ਗੁਨਾਹਗਾਰ ਸਿੱਧ ਹੋਈ ਹੈ।

ਇਸ ਵਿਰੋਧ ਪ੍ਰਦਰਸ਼ਨ ਵਿੱਚ ਪੁੱਜੇ ਬਲਜਿੰਦਰ ਸਿੰਘ ਢਿੱਲੋਂ, ਮੇਅਰ ਕੁੰਦਨ ਗੋਗੀਆ, ਜ਼ਿਲ੍ਹਾ ਯੋਜਨਾ ਕਮੇਟੀ ਚੇਅਰਮੈਨ ਤੇਜਿੰਦਰ ਮਹਿਤਾ ਨੇ ਕਿਹਾ ਕਿ ਵਪਾਰਕ ਐੱਲ ਪੀ ਜੀ ਸਿਲੰਡਰ ਹੁਣ 993 ਰੁਪਏ ਮਹਿੰਗਾ ਹੋ ਗਿਆ ਹੈ। ਪੱਛਮੀ ਏਸ਼ੀਆ ਸੰਕਟ ਕਰ ਕੇ ਆਲਮੀ ਪੱਧਰ ਉੱਤੇ ਊਰਜਾ ਕੀਮਤਾਂ ਵਿੱਚ ਉਛਾਲ ਨਾਲ ਇਹ ਹੁਣ ਤੱਕ ਦਾ ਸਭ ਤੋਂ ਵੱਡਾ ਤੇ ਲਗਾਤਾਰ ਤੀਜਾ ਮਾਸਿਕ ਵਾਧਾ ਹੈ। 19 ਕਿਲੋ ਵਜ਼ਨੀ ਵਪਾਰਕ ਐੱਲ ਪੀ ਜੀ ਸਿਲੰਡਰ ਆਮ ਕਰ ਕੇ ਹੋਟਲਾਂ ਤੇ ਰੈਸਟੋਰੈਂਟਾਂ ’ਚ ਵਰਤਿਆ ਜਾਂਦਾ ਹੈ। ਇਸ ਤੋਂ ਪਹਿਲਾਂ ਕੀਮਤਾਂ ਵਿੱਚ ਪਹਿਲੀ ਅਪਰੈਲ ਨੂੰ 195.50 ਰੁਪਏ ਪ੍ਰਤੀ ਸਿਲੰਡਰ ਤੇ ਪਹਿਲੀ ਮਾਰਚ ਨੂੰ 114.5 ਰੁਪਏ ਪ੍ਰਤੀ ਸਿਲੰਡਰ ਦਾ ਵਾਧਾ ਹੋਇਆ ਸੀ। ਇਨ੍ਹਾਂ ਤਿੰਨ ਵਾਧਿਆਂ ਨਾਲ ਕੁੱਲ ਮਿਲਾ ਕੇ ਕਮਰਸ਼ੀਅਲ ਐੱਲ ਪੀ ਜੀ ਦੀਆਂ ਦਰਾਂ ’ਚ 1303 ਰੁਪਏ ਦਾ ਇਜ਼ਾਫ਼ਾ ਹੋਇਆ ਹੈ।

ਜ਼ਿਲ੍ਹਾ ਮੀਡੀਆ ਇੰਚਾਰਜ ਰਵਿੰਦਰਪਾਲ ਸਿੰਘ ਪ੍ਰਿੰਸ ਲਾਂਬਾ, ਚਰਨਜੀਤ ਸਿੰਘ ਐਸ ਕੇ ਹਲਕਾ ਪ੍ਰਧਾਨ ਦਿਹਾਤੀ, ਗੁਰਪ੍ਰੀਤ ਸਿੰਘ ਮੰਨਣ ਘਨੌਰ, ਭੁਪਿੰਦਰ ਕੌਸਲ ਨਾਭਾ, ਟਿੰਕੂ ਬਾਂਸਲ ਰਾਜਪੁਰਾ, ਪੁਨੀਤ ਬੁੱਧੀਰਾਜ ਪਟਿਆਲਾ ਸ਼ਹਿਰੀ, ਵੇਦ ਪ੍ਰਕਾਸ਼ ਗਰਗ ਸਨੌਰ, ਰਾਜੇਸ਼ ਛਾਬੜਾ ਸਮਾਣਾ, ਦੁਰਗਾ ਦਾਸ ਸਿੰਗਲਾ ਸ਼ੁਤਰਾਣਾ ਸਾਰੇ ਹਲਕਾ ਪ੍ਰਧਾਨ ਅਤੇ ਚੈਅਰਮੈਨ ਟ੍ਰੇਡ ਵਿੰਗ, ਸੁਮੀਤ ਟਕੇਜਾ ਜਿਲ੍ਹਾ ਸ਼ੋਸਲ ਮੀਡੀਆ, ਸੰਦੀਪ ਬੰਧੂ ਹਲਕਾ ਮੀਡੀਆ ਇੰਚਾਰਜ, ਕੀਰਤ ਸਿੰਘ ਸੇਹਰਾ ਮੈਂਬਰ ਟ੍ਰੇਡ ਕਮਿਸ਼ਨ ਮਨੀਸ਼ ਸੂਦ ਬਲਾਕ ਪ੍ਰਭਾਰੀ ਘਨੌਰ ਨੇ ਭਾਰਤੀ ਜਨਤਾ ਪਾਰਟੀ ਨੇ ਘੇਰਦਿਆਂ ਕਿਹਾ ਕਿ ਕੇਂਦਰ ਸਰਕਾਰ ਨੂੰ ਚੋਣਾਂ ਮੌਕੇ ਹੀ ਆਮ ਭਾਰਤੀਆਂ ਨੂੰ ਦਰਪੇਸ਼ ਦੁੱਖ ਤਕਲੀਫ਼ਾਂ ਦੀ ਫ਼ਿਕਰ ਹੁੰਦੀ ਹੈ ਤੇ ਮਗਰੋਂ ਉਨ੍ਹਾਂ ਨੂੰ ਆਪਣੇ ਹਾਲ ਉੱਤੇ ਛੱਡ ਦਿੱਤਾ ਜਾਂਦਾ ਹੈ। ਆਪ ਆਗੂਆਂ ਨੇ ਕਿਹਾ ਕਿ ਇਰਾਨ ਜੰਗ ਲੱਗੇ ਨੂੰ ਤਿੰਨ ਮਹੀਨੇ ਹੋ ਚੁੱਕੇ ਹਨ ਅਤੇ ਸਰਕਾਰ ਨੂੰ ਵਿੱਤੀ ਬੋਝ ਆਮ ਲੋਕਾਂ ਉੱਤੇ ਪਾਉਣ ਦੀ ਥਾਂ ਉਨ੍ਹਾਂ ਨੂੰ ਬਚਾਉਣ ਲਈ ਕੋਈ ਠੋਸ ਯੋਜਨਾ ਤਿਆਰ ਕਰਨੀ ਚਾਹੀਦੀ ਸੀ ਜਦਕਿ ਕਿ ਸਿਲੰਡਰਾਂ ਦੀ ਕੀਮਤ ਵਿੱਚ ਭਾਰੀ ਇਜਾਫਾ ਕਰਕੇ ਲੋਕਾਂ ਦੀ ਹੋਰ ਕਮਰ ਤੋੜ ਦਿੱਤੀ ਹੈ। ਇਸ ਦੌਰਾਨ ਹੋਰਨ ਸੈਂਕੜੇ ਆਪ ਆਗੂ ਮੌਜੂਦ ਸਨ।

# ਸਰਕਾਰ ਵੱਲੋਂ ਸਾਉਣੀ ਦੀ ਮੱਕੀ ਪ੍ਰੋਜੈਕਟ ਦਾ 16 ਜ਼ਿਲ੍ਹਿਆਂ ਤੱਕ ਵਿਸਥਾਰ, ਕਿਸਾਨਾਂ ਨੂੰ ਝੋਨੇ ਦੇ ਫ਼ਸਲੀ ਚੱਕਰ ‘ਚੋਂ ਕੱਢਣ ਲਈ ਪ੍ਰਤੀ ਹੈਕਟੇਅਰ 17500 ਰੁਪਏ ਸਬਸਿਡੀ ਮਿਲੇਗੀ: ਖੁੱਡੀਆਂ

**ਚੰਡੀਗੜ੍ਹ, 4 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸੂਬੇ ਦੇ ਕਿਸਾਨਾਂ ਨੂੰ ਪਾਣੀ ਦੀ ਜ਼ਿਆਦਾ ਖਪਤ ਕਰਨ ਵਾਲੀ ਝੋਨੇ ਦੇ ਫ਼ਸਲ ‘ਚੋਂ ਕੱਢ ਕੇ ਫਸਲੀ ਵਿਭਿੰਨਤਾ ਵੱਲ ਉਤਸ਼ਾਹਿਤ ਕਰਨ ਲਈ ਅਹਿਮ ਕਦਮ ਤਹਿਤ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ 2026-27 ਸੀਜ਼ਨ ਲਈ ਸਾਉਣੀ ਦੀ ਮੱਕੀ ਵਿਭਿੰਨਤਾ ਯੋਜਨਾ ਨੂੰ ਛੇ ਜ਼ਿਲ੍ਹਿਆਂ ਤੋਂ ਹੁਣ 16 ਜ਼ਿਲ੍ਹਿਆਂ ਤੱਕ ਵਧਾਉਣ ਦਾ ਫੈਸਲਾ ਕੀਤਾ ਹੈ, ਜਿਸ ਵਾਸਤੇ ਕਿਸਾਨਾਂ ਨੂੰ ਪ੍ਰਤੀ ਹੈਕਟੇਅਰ 17,500 ਰੁਪਏ ਦਾ ਵਿੱਤੀ ਲਾਭ ਵੀ ਦਿੱਤਾ ਜਾਵੇਗਾ।

ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਇਹ ਫੈਸਲਾ 2025-26 ਸਾਉਣੀ ਸੀਜ਼ਨ ਦੌਰਾਨ ਛੇ ਜ਼ਿਲ੍ਹਿਆਂ ਵਿੱਚ ਲਾਗੂ ਕੀਤੇ ਗਏ ਪਾਇਲਟ ਪ੍ਰੋਜੈਕਟ ਨੂੰ ਕਿਸਾਨਾਂ ਵੱਲੋਂ ਵੱਡਾ ਹੁੰਗਾਰਾ ਮਿਲਣ ਬਾਅਦ ਲਿਆ ਗਿਆ ਹੈ। ਸ. ਖੁੱਡੀਆਂ ਨੇ ਕਿਸਾਨਾਂ ਨੂੰ ਝੋਨੇ ਤੋਂ ਸਾਉਣੀ ਮੱਕੀ ਦੀ ਕਾਸ਼ਤ ਵੱਲ ਜਾਣ ਲਈ ਉਤਸ਼ਾਹਿਤ ਕਰਕੇ ਸੂਬੇ ‘ਚ ਧਰਤੀ ਹੇਠਲੇ ਪਾਣੀ ਦੇ ਡਿੱਗ ਰਹੇ ਪੱਧਰ ਨੂੰ ਰੋਕਣ ਲਈ ਇਸ ਪ੍ਰਾਜੈਕਟ ਦੇ ਵਿਸਥਾਰ ਨੂੰ ਇੱਕ ਨਿਰਣਾਇਕ ਕਦਮ ਦੱਸਿਆ।

ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਇਸ ਯੋਜਨਾ ਤਹਿਤ ਅੰਮ੍ਰਿਤਸਰ, ਬਠਿੰਡਾ, ਫਤਿਹਗੜ੍ਹ ਸਾਹਿਬ, ਗੁਰਦਾਸਪੁਰ, ਹੁਸ਼ਿਆਰਪੁਰ, ਜਲੰਧਰ, ਕਪੂਰਥਲਾ, ਲੁਧਿਆਣਾ, ਮੋਗਾ, ਪਟਿਆਲਾ, ਪਠਾਨਕੋਟ, ਰੂਪਨਗਰ, ਸੰਗਰੂਰ, ਐਸਏਐਸ ਨਗਰ, ਐਸਬੀਐਸ ਨਗਰ ਅਤੇ ਤਰਨ ਤਾਰਨ ਵਿੱਚ 20,000 ਹੈਕਟੇਅਰ (50000 ਏਕੜ) ਰਕਬੇ ਨੂੰ ਸਾਉਣੀ ਦੀ ਮੱਕੀ ਅਧੀਨ ਲਿਆਉਣ ਦਾ ਟੀਚਾ ਮਿੱਥਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਲਈ ਕਿਸਾਨਾਂ ਨੂੰ ਪਿਛਲੇ ਸਾਲ ਵਾਂਗ ਪ੍ਰਤੀ ਹੈਕਟੇਅਰ 17,500 ਰੁਪਏ ਦੀ ਸਬਸਿਡੀ ਵੀ ਦਿੱਤੀ ਜਾਵੇਗੀ। ਇਸ ਵਿੱਚੋਂ 4,500 ਰੁਪਏ ਬਲਾਕ ਖੇਤੀਬਾੜੀ ਦਫ਼ਤਰ ਵਿਖੇ ਲਾਗਤ (ਇਨਪੁੱਟ) ਬਿੱਲ ਜਮ੍ਹਾਂ ਕਰਵਾਉਣ ’ਤੇ ਜਾਰੀ ਕੀਤੇ ਜਾਣਗੇ, ਜਦੋਂਕਿ ਬਾਕੀ 13,000 ਰੁਪਏ ਲਾਜ਼ਮੀ ਜੀਓ-ਟੈਗਡ ਫ਼ਸਲ ਤਸਦੀਕ ਤੋਂ ਬਾਅਦ ਦੋ ਕਿਸ਼ਤਾਂ ਵਿੱਚ ਅਦਾ ਕੀਤੇ ਜਾਣਗੇ।

ਸੂਬੇ ਦੇ ਭੂਮੀਗਤ ਪਾਣੀ ਦੇ ਕੀਮਤੀ ਸਰੋਤਾਂ ਨੂੰ ਬਚਾਉਣ ਲਈ ਸੂਬੇ ਦੇ ਕਿਸਾਨਾਂ ਨੂੰ ਸਾਉਣੀ ਦੀ ਮੱਕੀ ਬੀਜਣ ਦੀ ਅਪੀਲ ਕਰਦਿਆਂ ਖੇਤੀਬਾੜੀ ਮੰਤਰੀ ਨੇ ਕਿਹਾ ਕਿ ਇਛੁੱਕ ਕਿਸਾਨ ਸਰਕਾਰ ਦੀ ਵੈੱਬਸਾਈਟ https://agrimachinerypb.com ਉਤੇ ਰਜਿਸਟਰ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਇਸ ਲਈ ਇੱਕ ਲਾਜ਼ਮੀ ਜੇ-ਫਾਰਮ ਅਤੇ ਖੇਤ ਦੀ ਜੀਓ-ਟੈਗਿੰਗ ਦੀ ਲੋੜ ਹੋਵੇਗੀ ਤਾਂ ਜੋ ਇਹ ਪੁਸ਼ਟੀ ਕੀਤੀ ਜਾ ਸਕੇ ਕਿ ਬਿਨੈਕਾਰ ਕਿਸਾਨ ਨੇ ਪਿਛਲੇ ਸਾਲ ਝੋਨਾ ਲਾਇਆ ਸੀ, ਜੋ ਇਸ ਸਾਲ ਮੱਕੀ ਦੀ ਕਾਸ਼ਤ ਵੱਲ ਜਾ ਰਿਹਾ ਹੈ।



ਖੁੱਡੀਆਂ ਨੇ ਅੱਗੇ ਦੱਸਿਆ ਕਿ ਉੱਨਤ ਕਿਸਾਨ ਪੋਰਟਲ ਰਾਹੀਂ ਤਸਦੀਕ ਦੋ ਪੜਾਵਾਂ ਵਿੱਚ ਕੀਤੀ ਜਾਵੇਗੀ। ਪਹਿਲਾ 15 ਜੁਲਾਈ ਤੋਂ 25 ਜੁਲਾਈ ਤੱਕ, ਜਿਸ ਤੋਂ ਬਾਅਦ 5 ਅਗਸਤ ਤੋਂ 15 ਅਗਸਤ, 2026 ਤੱਕ ਦੂਜਾ ਪੜਾਅ ਹੋਵੇਗਾ। ਹਰੇਕ ਤਸਦੀਕ ਤੋਂ ਬਾਅਦ ਜ਼ਿਲ੍ਹਾ ਮੁੱਖ ਖੇਤੀਬਾੜੀ ਅਫਸਰ ਪ੍ਰਤੀ ਹੈਕਟੇਅਰ ਕ੍ਰਮਵਾਰ 9500 ਰੁਪਏ ਅਤੇ 7500 ਰੁਪਏ ਜਾਰੀ ਕਰਨਗੇ।

ਖੇਤੀਬਾੜੀ ਮੰਤਰੀ ਨੇ ਜ਼ੋਰ ਦਿੰਦਿਆਂ ਕਿਹਾ ਕਿ ਰਜਿਸਟ੍ਰੇਸ਼ਨ ਤੋਂ ਲੈ ਕੇ ਤਸਦੀਕ ਤੱਕ ਦੀ ਪੂਰੀ ਪ੍ਰਕਿਰਿਆ ਨੂੰ ਡਿਜੀਟਲ ਕੀਤਾ ਗਿਆ ਹੈ ਤਾਂ ਜੋ ਪਾਰਦਰਸ਼ਤਾ ਅਤੇ ਯੋਗ ਤੇ ਸਹੀ ਲਾਭਪਾਤਰੀਆਂ ਨੂੰ ਸਮੇਂ ਸਿਰ ਸਬਸਿਡੀ ਦੀ ਵੰਡ ਯਕੀਨੀ ਬਣਾਇਆ ਜਾ ਸਕੇ।

ਗੁਰਮੀਤ ਸਿੰਘ ਖੁੱਡੀਆਂ ਨੇ ਫੀਲਡ ਸਟਾਫ ਨੂੰ ਇਸ ਯੋਜਨਾ ਬਾਰੇ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਲੋਕ ਜਾਗਰੂਕਤਾ ਮੁਹਿੰਮਾਂ ਸ਼ੁਰੂ ਕਰਨ ਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਯਕੀਨੀ ਖ਼ਰੀਦ ਵਿਧੀ ਦੇ ਨਾਲ 17500 ਰੁਪਏ ਪ੍ਰਤੀ ਹੈਕਟੇਅਰ ਦੀ ਵਿੱਤੀ ਸਹਾਇਤਾ ਉਪਲਬਧ ਕਰਵਾ ਕੇ ਮੱਕੀ ਨੂੰ ਝੋਨੇ ਦਾ ਇੱਕ ਵਿਹਾਰਕ ਤੇ ਟਿਕਾਊ ਵਿਕਲਪ ਬਣਾਉਣ ਲਈ ਯਤਨਸ਼ੀਲ ਹੈ।

ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਦੋ-ਫ਼ਸਲੀ (ਝੋਨਾ-ਕਣਕ) ਚੱਕਰ ਹੁਣ ਟਿਕਾਊ ਨਹੀਂ ਰਿਹਾ। ਉਨ੍ਹਾਂ ਕਿਹਾ ਕਿ ਇਹ ਯੋਜਨਾ ਸਿਰਫ਼ ਇੱਕ ਫ਼ਸਲ ਨੂੰ ਬਦਲਣ ਬਾਰੇ ਨਹੀਂ ਸਗੋਂ ਇਹ ਪੰਜਾਬ ਦੇ ਪਾਣੀ ਨੂੰ ਸੁਰੱਖਿਅਤ ਕਰਨ ਅਤੇ ਸੂਬੇ ਦੇ ਕਿਸਾਨਾਂ ਲਈ ਵੱਧ ਮੁਨਾਫ਼ਾ ਯਕੀਨੀ ਬਣਾਉਣ ਬਾਰੇ ਹੈ।

## ਸਰਕਾਰੀ ਹਾਈ ਸਮਾਰਟ ਸਕੂਲ ਜਿੰਦਵੜੀ ਦੇ ਵਿਦਿਆਰਥੀਆਂ ਨੇ NMMS ਪ੍ਰੀਖਿਆ ਵਿੱਚ ਮਾਰੀਆਂ ਮੱਲਾਂ

**ਸ੍ਰੀ ਆਨੰਦਪੁਰ ਸਾਹਿਬ, 4 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਰਕਾਰੀ ਹਾਈ ਸਮਾਰਟ ਸਕੂਲ ਜਿੰਦਵੜੀ ਦੇ ਵਿਦਿਆਰਥੀਆਂ ਨੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਨੈਸ਼ਨਲ ਮੀਨਸ ਕਮ ਮੈਰਿਟ ਸਕਾਲਰਸ਼ਿਪ ਪ੍ਰੀਖਿਆ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਅਤੇ ਇਲਾਕੇ ਦਾ ਨਾਮ ਰੋਸ਼ਨ ਕੀਤਾ ਹੈ। ਸਕੂਲ ਦੇ ਅੱਠਵੀਂ ਜਮਾਤ ਦੇ ਕੁੱਲ 6 ਵਿਦਿਆਰਥੀਆਂ ਨੇ ਇਸ ਮਹੱਤਵਪੂਰਨ ਪ੍ਰੀਖਿਆ ਨੂੰ ਪਾਸ ਕਰਕੇ ਵੱਡੀ ਉਪਲੱਬਧੀ ਹਾਸਲ ਕੀਤੀ ਹੈ, ਜਿਸ ਨਾਲ ਸਕੂਲ ਵਿੱਚ ਖੁਸ਼ੀ ਦਾ ਮਾਹੌਲ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਦੇ ਹੈੱਡ ਮਾਸਟਰ ਸ੍ਰੀ ਅਰਵਿੰਦ ਕੁਮਾਰ ਸ਼ਰਮਾ ਨੇ ਦੱਸਿਆ ਕਿ ਏਕਮਜੀਤ, ਅਸ਼ਮਿਤ ਕੁਮਾਰ, ਲਵਪ੍ਰੀਤ ਸਿੰਘ, ਰਮਜੋਤ ਸਿੰਘ, ਇਸ਼ਿਕਾ ਅਤੇ ਪੰਕ੍ਰਿਤੀ ਨੇ ਆਪਣੀ ਮੇਹਨਤ ਅਤੇ ਲਗਨ ਨਾਲ ਇਹ ਕਾਮਯਾਬੀ ਹਾਸਲ ਕੀਤੀ ਹੈ।

# ਬੈਸਟ ਸ਼ੂਟਰ ਸ਼ੂਟਿੰਗ ਅਕੈਡਮੀ ਦੇ ਖਿਡਾਰੀਆਂ ਨੂੰ ਬੀਬਾ ਜੈ ਇੰਦਰ ਕੌਰ ਨੇ ਕੀਤਾ ਸਨਮਾਨਤ

**ਪਟਿਆਲਾ, 4 ਮਈ**
**-ਅਮਰਜੀਤ ਸਿੰਘ-**
**-ਕੌਮੀ ਪੱਤ੍ਰਿਕਾ ਬਿਊਰੋ-**

ਬੈਸਟ ਸ਼ੂਟਰ ਸ਼ੂਟਿੰਗ ਅਕੈਡਮੀ ਪਟਿਆਲਾ ਦੇ ਵੱਖ-ਵੱਖ ਸ਼ੂਟਿੰਗ ਮੁਕਾਬਲਿਆਂ ਵਿੱਚੋਂ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਮੈਡਲ ਜੇਤੂ ਲੜਕੇ ਲੜਕੀਆਂ ਨੂੰ ਵਿਸ਼ੇਸ਼ ਤੌਰ ਤੇ ਅੰਤਰਰਾਸ਼ਟਰੀ ਕੋਚ ਪਰਵੇਜ਼ ਜੋਸ਼ੀ ਵੱਲੋਂ ਅਕੈਡਮੀ ਵਿਖੇ ਵਿਸ਼ੇਸ਼ ਸਨਮਾਨ ਸਮਰੋਹ ਸਮਾਗਮ ਕਰਵਾਇਆ ਗਿਆ ਜਿੱਥੇ ਵਿਸ਼ੇਸ਼ ਤੌਰ ਤੇ ਪੁੱਜੀ ਭਾਜਪਾ ਮਹਿਲਾ ਵਿੰਗ ਦੀ ਪ੍ਰਧਾਨ ਬੀਬਾ ਜੈ ਇੰਦਰ ਕੌਰ ਅਤੇ ਪਟਿਆਲਾ ਦਿਹਾਤੀ ਹਲਕੇ ਤੋਂ ਭਾਜਪਾ ਦੇ ਸੀਨੀਅਰ ਆਗੂ ਐਡਵੋਕੇਟ ਸਤਬੀਰ ਸਿੰਘ ਖੱਟੜਾ ਅਤੇ ਭਾਜਪਾ ਦੇ ਜਿਲਾ ਪਟਿਆਲਾ ਦੇ ਪ੍ਰਧਾਨ ਵਿਜੇ ਕੂਕਾ ਵੱਲੋਂ ਸਮੁੱਚੇ ਖਿਡਾਰੀਆਂ ਨੂੰ ਸਨਮਾਨਿਤ ਕੀਤਾ ਗਿਆ ਇਸ ਮੌਕੇ ਬੀਬਾ ਜੈ ਇੰਦਰ ਕੌਰ ਅਤੇ ਐਡਵੋਕੇਟ ਸਤਬੀਰ ਸਿੰਘ ਖੱਟੜਾ ਨੇ ਕਿਹਾ ਕਿ ਖੇਡਾਂ ਵਿੱਚ ਨੌਜਵਾਨਾਂ ਨੂੰ ਭਾਗ ਲੈਣਾ ਸਮੇਂ ਦੀ ਮੁੱਖ ਲੋੜ ਹੈ ਜਿੱਥੇ ਨੌਜਵਾਨ ਲੜਕੇ ਲੜਕੀਆਂ ਨੂੰ ਵੱਧ ਚੜ ਕੇ ਖੇਡਾਂ ਵਿੱਚ ਭਾਗ ਲੈਣਾ ਚਾਹੀਦਾ ਹੈ ਉਨਾਂ ਕਿਹਾ ਕਿ ਸ਼ੂਟਿੰਗ ਕਰਨ ਵਾਲੇ ਵਿਦਿਆਰਥੀ ਜਦੋਂ ਅੰਤਰਰਾਸ਼ਟਰੀ ਪੱਧਰ ਤੇ ਆਪਣੀ ਅਕੈਡਮੀ ਅਤੇ ਸਟੇਟ ਲਈ ਤਮਗੇ ਹਾਸਿਲ ਕਰਦੇ ਹਨ ਤਾਂ ਉਦੋਂ ਸਮੇਂ ਦੀਆਂ ਸਰਕਾਰਾਂ ਉਹਨਾਂ ਨੂੰ ਨੌਕਰੀਆਂ ਪ੍ਰਧਾਨ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਦੀਆਂ ਉੱਥੇ ਹੀ ਭਾਜਪਾ ਦੀ ਕੇਂਦਰ ਸਰਕਾਰ ਵੀ ਖਿਡਾਰੀਆਂ ਵਲ ਵਿਸ਼ੇਸ਼ ਤਵੱਜੋ ਦੇ ਰਹੀ ਹੈ ਤਾਂ ਜੋ ਦੇਸ਼ ਦਾ ਨੌਜਵਾਨ ਵਰਗ ਵੱਖ-ਵੱਖ ਖੇਡਾਂ ਨਾਲ ਜੁੜ ਕੇ ਆਪਣੇ ਦੇਸ਼ ਦਾ ਨਾਮ ਅੰਤਰਰਾਸ਼ਟਰੀ ਪੱਧਰ ਤੇ ਚਮਕਾਵੇ ਜਿਸ ਨਾਲ ਦੇਸ਼ ਨੂੰ ਵੀ ਮਾਣ ਮਹਿਸੂਸ ਹੁੰਦਾ ਹੈ ਉਨਾਂ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਸਮੇਂ ਸਮੇਂ ਸਿਰ ਅੰਤਰਰਾਸ਼ਟਰੀ ਖਿਡਾਰੀਆਂ ਨੂੰ ਵੱਖ-ਵੱਖ ਵਿਭਾਗਾਂ ਵਿੱਚ ਉੱਚ ਦਰਜੇ ਦੀਆਂ ਨੌਕਰੀਆਂ ਦੇ ਕੇ ਸਨਮਾਨਿਤ ਵੀ ਕੀਤਾ ਜਾ ਰਿਹਾ ਹੈ।



ਬੈਸਟ ਸ਼ੂਟਰ ਸ਼ੂਟਿੰਗ ਅਕੈਡਮੀ ਵਿਖੇ ਵੱਖ-ਵੱਖ ਸ਼ੂਟਿੰਗ ਮੁਕਾਬਲਿਆਂ ਵਿੱਚੋਂ ਮੈਡਲ ਲੈ ਚੁੱਕੇ ਖਿਡਾਰੀਆਂ ਨੂੰ ਸਨਮਾਨਿਤ ਕਰਦੇ ਹੋਏ ਬੀਬਾ ਜੈ ਇੰਦਰ ਕੌਰ ਨਾਲ ਹਨ ਐਡਵੋਕੇਟ ਸਤਬੀਰ ਸਿੰਘ ਖੱਟੜਾ ਅਤੇ ਹੋਰ ਪੁੱਤਵੰਤੇ।

ਉਨਾਂ ਕਿਹਾ ਕਿ ਬੈਸਟ ਸ਼ੂਟਰ ਸ਼ੂਟਿੰਗ ਅਕੈਡਮੀ ਵੱਲੋਂ ਨੌਜਵਾਨਾਂ ਨੂੰ ਸ਼ੂਟਿੰਗ ਵੱਲ ਛੋਟੀ ਉਮਰ ਤੋਂ ਹੀ ਪ੍ਰੇਰਿਤ ਕਰਨਾ ਇੱਕ ਸਲਾਘਾ ਯੋਗ ਕਦਮ ਹੈ ਉਨਾਂ ਕਿਹਾ ਕਿ ਇਸ ਅਕੈਡਮੀ ਦੇ ਕਈ ਖਿਡਾਰੀ ਪਹਿਲਾਂ ਵੀ ਅੰਤਰਰਾਸ਼ਟਰੀ ਪੱਧਰ ਤੇ ਮੱਲਾ ਮਾਰ ਚੁੱਕੇ ਹਨ ਇਸ ਮਿਹਨਤ ਦੇ ਪਿੱਛੇ ਅੰਤਰਰਾਸ਼ਟਰੀ ਕੋਚ ਪ੍ਰਵੇਸ਼ ਜੋਸ਼ੀ ਦਾ ਅਹਿਮ ਯੋਗਦਾਨ ਰਿਹਾ ਹੈ ਜਿਨਾਂ ਛੋਟੀ ਉਮਰ ਵਾਲੇ ਬੱਚਿਆਂ ਨੂੰ ਸ਼ੂਟਿੰਗ ਵਿੱਚ ਆਉਣ ਲਈ ਇਹ ਵੱਡਾ ਉਪਰਾਲਾ ਕੀਤਾ ਜਾ ਰਿਹਾ ਹੈ ਜਿਸ ਨਾਲ ਭਵਿੱਖ ਵਿੱਚ ਪਟਿਆਲਾ ਅਤੇ ਪੰਜਾਬ ਦੇ ਹੋਰ ਕਈ ਅੰਤਰਰਾਸ਼ਟਰੀ ਖਿਡਾਰੀ ਪੈਦਾ ਹੋਣਗੇ।

# ਥਾਣੇ ਜਾ ਰਹੇ ਭਰਾ-ਭਰਜਾਈ ’ਤੇ ਚੜ੍ਹਾਈ ਕਾਰ, ਘਰੇਲੂ ਵਿਵਾਦ ਨੇ ਲਿਆ ਖ਼ੂਨੀ ਰੂਪ; ਔਰਤ ਦੀ ਟੁੱਟੀ ਲੱਤ

**ਲੁਧਿਆਣਾ, 4 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪਰਿਵਾਰਿਕ ਵਿਵਾਦ ਇਸ ਕਦਰ ਵੱਧ ਗਿਆ ਕਿ ਸ਼ਿਕਾਇਤ ਕਰਨ ਲਈ ਥਾਣੇ ਜਾ ਰਹੇ ਭਰਾ ਭਰਜਾਈ ਉੱਪਰ ਵਿਅਕਤੀ ਨੇ ਕਾਰ ਚੜਾਉਣ ਦੀ ਕੋਸ਼ਿਸ਼ ਕੀਤੀ। ਇਸ ਹਮਲੇ ਦੇ ਦੌਰਾਨ ਔਰਤ ਦੀ ਲੱਤ ਟੁੱਟ ਗਈ। ਹਮਲਾ ਕਰਨ ਤੋਂ ਬਾਅਦ ਮੁਲਜਮ ਧਮਕੀਆਂ ਦਿੰਦਾ ਹੋਇਆ ਮੌਕੇ ਤੋਂ ਫਰਾਰ ਹੋ ਗਿਆ। ਇਸ ਕੇਸ ਵਿੱਚ ਥਾਣਾ ਡੇਹਲੋ ਦੀ ਪੁਲਿਸ ਨੇ ਪਿੰਡ ਸਾਇਆ ਖੁਰਦ ਦੀ ਰਹਿਣ ਵਾਲੀ ਕਿਰਨਦੀਪ ਕੌਰ ਦੀ ਸ਼ਿਕਾਇਤ ’ਤੇ ਮੰਡੀ ਗੋਬਿੰਦਗੜ੍ਹ ਦੇ ਵਾਸੀ ਅਵਤਾਰ ਸਿੰਘ ਉਰਫ ਜਗਤਾਰ ਦੇ ਖਿਲਾਫ ਕੇਸ ਦਰਜ ਕਰ ਲਿਆ ਹੈ। ਥਾਣਾ ਡੇਹਲੋ ਦੀ ਪੁਲਿਸ ਨੂੰ ਸ਼ਿਕਾਇਤ ਦਰਜ ਕਰਵਾਉਂਦਿਆਂ ਕਿਰਨਦੀਪ ਕੌਰ ਨੇ ਦੱਸਿਆ ਕਿ ਉਸ ਦਾ ਸਹੁਰੇ ਪਰਿਵਾਰ ਨਾਲ ਲੰਬੇ ਸਮੇਂ ਤੋਂ ਘਰੇਲੂ ਵਿਵਾਦ ਚੱਲ ਰਿਹਾ ਹੈ, ਜਿਸ ਸਬੰਧੀ ਮਾਮਲਾ ਅਦਾਲਤ ਵਿੱਚ ਵੀ ਵਿਚਾਰਧੀਨ ਹੈ। ਔਰਤ ਨੇ ਪੁਲਿਸ ਨੂੰ ਦੱਸਿਆ ਕਿ ਬੀਤੇ ਦਿਨੀ ਉਸ ਦੇ ਸਹੁਰੇ ਪਰਿਵਾਰ ਦੇ ਮੈਂਬਰ ਕੁਝ ਵਿਅਕਤੀਆਂ ਨੂੰ ਨਾਲ ਲੈ ਕੇ ਘਰ ਵਿੱਚ ਦਾਖਲ ਹੋਣ ਅਤੇ ਉਨ੍ਹਾਂ ਨੂੰ ਜਬਰਦਸਤੀ ਕੱਢਣ ਦੀ ਕੋਸ਼ਿਸ਼ ਕੀਤੀ ਗਈ ਸੀ।

ਮਾਮਲੇ ਵਿੱਚ ਪਿੰਡ ਵਾਸੀਆਂ ਨੇ ਦਖਲ ਦਿੱਤੀ ਅਤੇ ਉਕਤ ਵਿਅਕਤੀ ਮੌਕੇ ਤੋਂ ਚਲੇ ਗਏ। ਇਸ ਘਟਨਾ ਤੋਂ ਬਾਅਦ 2 ਮਈ 2026 ਨੂੰ ਇਕ ਹੋਰ ਵਾਕਾ ਵਾਪਰਿਆ। ਪੀੜਤਾ ਨੇ ਦੱਸਿਆ ਕਿ ਉਹ ਆਪਣੇ ਪਤੀ ਨਾਲ ਮੋਟਰਸਾਈਕਲ ‘ਤੇ ਥਾਣਾ ਡੇਹਲੋਂ ਜਾ ਰਹੀ ਸੀ। ਜਦੋਂ ਉਹ ਡੇਹਲੋਂ ਬਾਈਪਾਸ ਪਹੁੰਚੀ ਤਾਂ ਮੋਬਾਇਲ ਫੋਨ ਤੇ ਗੱਲ ਕਰਨ ਲਈ ਉਸ ਦਾ ਪਤੀ ਰੁੱਕ ਗਿਆ।

ਇਸੇ ਦੌਰਾਨ ਮਰੂਤੀ ਕਾਰ ਤੇ ਸਵਾਰ ਹੋ ਕੇ ਮੁਲਜਮ ਅਵਤਾਰ ਸਿੰਘ ਅਣਪਛਾਤੇ ਵਿਅਕਤੀ ਮੌਕੇ ‘ਤੇ ਆ ਆ ਗਿਆ। ਔਰਤ ਨੇ ਦੋਸ਼ ਲਗਾਇਆ ਕਿ ਮੁਲਜਮ ਨੇ ਕਾਰ ਨੂੰ ਡਿਵਾਈਡਰ ਤੋਂ ਲੰਘਾ ਦਿੱਤਾ ਅਤੇ ਬੜੀ ਹੀ ਤੇਜ਼ ਰਫਤਾਰੀ ਨਾਲ ਉਹਨਾਂ ਦੇ ਮੋਟਰਸਾਈਕਲ ਵਿੱਚ ਮਾਰਨ ਦੀ ਕੋਸ਼ਿਸ਼ ਕੀਤੀ।

# ਜਦੋਂ ਤੱਕ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਹੈ, ਔਰਤਾਂ ਨੂੰ ਸਨਮਾਨ ਰਾਸ਼ੀ ਅਤੇ ਮੁਫ਼ਤ ਬਿਜਲੀ ਮਿਲਦੀ ਰਹੇਗੀ: ਭਗਵੰਤ ਸਿੰਘ ਮਾਨ

## ਵਿਰੋਧੀਆਂ ਦੀ ਨੀਅਤ ਸਾਫ ਹੁੰਦੀ ਤਾਂ ਬੇਅਦਬੀ ਦਾ ਸਖ਼ਤ ਕਾਨੂੰਨ ਪਹਿਲਾਂ ਹੀ ਬਣ ਗਿਆ ਹੁੰਦਾ, ਹੁਣ ਅਸੀਂ ਕਾਨੂੰਨ ਬਣਾ ਦਿੱਤਾ ਹੈ ਅਤੇ ਬੇਅਦਬੀ ਕਰਨ 'ਤੇ ਉਮਰ ਕੈਦ ਦੀ ਸਜ਼ਾ ਹੋਵੇਗੀ: ਭਗਵੰਤ ਸਿੰਘ ਮਾਨ

**ਦਸੂਹਾ (ਹੁਸ਼ਿਆਰਪੁਰ), 4 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਹੁਸ਼ਿਆਰਪੁਰ ਜ਼ਿਲ੍ਹੇ ਦੇ ਦਸੂਹਾ ਹਲਕੇ ਦੇ ਘੋਗਰਾ ਵਿਖੇ ਲੋਕ ਮਿਲਣੀ ਵਿੱਚ ਵਿਰੋਧੀ ਧਿਰ ਉਤੇ ਸਿੱਧੇ ਤੌਰ 'ਤੇ ਨਿਸ਼ਾਨਾ ਸਾਧਦੇ ਹੋਏ ਐਲਾਨ ਕੀਤਾ ਕਿ ਜਦੋਂ ਤੱਕ ਆਮ ਆਦਮੀ ਪਾਰਟੀ (ਆਪ) ਸੱਤਾ ਵਿੱਚ ਹੈ, ਔਰਤਾਂ ਨੂੰ ਉਨ੍ਹਾਂ ਦੀ ਸਨਮਾਨ ਰਾਸ਼ੀ ਅਤੇ ਸੂਬੇ ਵਿੱਚ ਮੁਫ਼ਤ ਬਿਜਲੀ ਮਿਲਦੀ ਰਹੇਗੀ। ਇਸ ਮੌਕੇ ਉਨ੍ਹਾਂ ਨੇ ਸੰਕਲਪ ਲੈਂਦਿਆਂ ਕਿਹਾ ਕਿ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026 ਨੇ ਬੇਅਦਬੀ ਦੀਆਂ ਘਟਨਾਵਾਂ ਨੂੰ ਰੋਕਣ ਲਈ ਸਥਾਈ ਤੌਰ 'ਤੇ ਵਿਵਸਥਾ ਕਰ ਦਿੱਤੀ ਹੈ ਕਿਉਂਕਿ ਬੇਅਦਬੀ ਦੇ ਗੁਨਾਹਗਾਰ ਨੂੰ ਹੁਣ ਉਮਰ ਕੈਦ ਦੀ ਸਜ਼ਾ ਭੁਗਤਣੀ ਪਵੇਗੀ। ਉਨ੍ਹਾਂ ਕਿਹਾ ਕਿ ਜੇਕਰ ਵਿਰੋਧੀ ਧਿਰ ਦੀ ਨੀਅਤ ਸਾਫ ਹੁੰਦੀ ਤਾਂ ਬਹੁਤ ਪਹਿਲਾਂ ਬੇਅਦਬੀ ਦੀਆਂ ਘਟਨਾਵਾਂ ਦਾ ਵਾਪਰਨਾ ਬੰਦ ਹੋ ਸਕਦਾ ਸੀ। ਪੰਜਾਬ ਨੂੰ ਨਸ਼ਿਆਂ ਵਿੱਚ ਡੋਬਣ ਲਈ ਅਕਾਲੀ ਦਲ ਅਤੇ ਸੂਬੇ ਨੂੰ ਬਦਨਾਮ ਕਰਨ ਲਈ ਹਰ ਰੋਜ਼ ਕੂੜ ਪ੍ਰਚਾਰ ਕਰਨ ਲਈ ਸਾਰੀਆਂ ਵਿਰੋਧੀ ਪਾਰਟੀਆਂ 'ਤੇ ਵਰ੍ਹਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਅਤੇ ਪਹਿਲਾਂ ਆਈਆਂ ਸਰਕਾਰਾਂ ਵਿੱਚ ਇੱਕੋ ਇੱਕ ਫ਼ਰਕ ਹੈ ਹੁਣ ਲੋਕਾਂ ਦਾ ਪੈਸਾ ਲੋਕਾਂ ਕੋਲ ਜਾਂਦਾ ਹੈ, ਪਹਿਲਾਂ ਵਾਂਗ ਲੀਡਰਾਂ ਦੀਆਂ ਜੇਬਾਂ ਵਿੱਚ ਨਹੀਂ ਜਾਂਦਾ।

ਲੋਕ ਮਿਲਣੀ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸੂਬੇ ਦੀ ਬੇਮਿਸਾਲ ਤਰੱਕੀ ਅਤੇ ਖੁਸ਼ਹਾਲੀ ਤੋਂ ਈਰਖਾ ਕਰਦੇ ਹੋਏ ਪੰਜਾਬ ਦੇ ਦੋਖੀ ਮੇਰੇ ਵਿਰੁੱਧ ਬਦਨੀਅਤ ਨਾਲ ਕੂੜ ਪ੍ਰਚਾਰ ਕਰ ਰਹੇ ਹਨ। ਇਹ ਤਾਕਤਾਂ ਜੋ ਸੂਬੇ ਦੇ ਵਿਕਾਸ ਅਤੇ ਇਸ ਦੇ ਲੋਕਾਂ ਦੀ ਖੁਸ਼ਹਾਲੀ ਦੀਆਂ ਦੁਸ਼ਮਣ ਹਨ, ਹੁਣ ਮੈਨੂੰ ਬੇਤੁੱਕੇ ਮੁੱਦਿਆਂ 'ਤੇ ਬਦਨਾਮ ਕਰਨ ਲਈ ਨੀਵੇਂ ਪੱਧਰ 'ਤੇ ਡਿੱਗ ਚੁੱਕੀਆਂ ਹਨ। ਮੇਰਾ ਜੀਵਨ ਇੱਕ ਖੁੱਲ੍ਹੀ ਕਿਤਾਬ ਹੈ ਕਿਉਂਕਿ ਮੈਂ ਆਪਣਾ ਸਾਰਾ ਜੀਵਨ ਪੰਜਾਬ ਅਤੇ ਪੰਜਾਬੀਆਂ ਦੀ ਭਲਾਈ ਨੂੰ ਸਮਰਪਿਤ ਕੀਤਾ ਹੈ ਅਤੇ ਇਸ ਨੇਕ ਕੰਮ ਲਈ ਸਖ਼ਤ ਯਤਨ ਕਰ ਰਿਹਾ ਹਾਂ।

ਉਨ੍ਹਾਂ ਨੇ ਅੱਗੇ ਕਿਹਾ, ਰਵਾਇਤੀ ਪਾਰਟੀਆਂ ਨੇ ਹਮੇਸ਼ਾ ਲੋਕਾਂ ਨੂੰ ਆਪਣਾ ਵੋਟ ਬੈਂਕ ਸਮਝਿਆ ਹੈ ਅਤੇ ਕਦੇ ਵੀ ਉਨ੍ਹਾਂ ਦੀ ਭਲਾਈ ਦੀ ਪ੍ਰਵਾਹ ਨਹੀਂ ਕੀਤੀ, ਅਤੇ ਉਹ ਇਸ ਨੂੰ ਹਜ਼ਮ ਨਹੀਂ ਕਰ ਪਾ ਰਹੇ ਹਨ, ਜਿਸ ਕਾਰਨ ਮੇਰੇ ਵਿਰੁੱਧ ਬੇਬੁਨਿਆਦ ਪ੍ਰਚਾਰ ਕਰ ਰਹੇ ਹਨ। ਵਿਕਾਸ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਤਾਕਤਾਂ ਹੁਣ ਬੇਬੁਨਿਆਦ, ਤਰਕਹੀਣ ਅਤੇ ਗੁੰਮਰਾਹਕੁੰਨ ਪ੍ਰਚਾਰ ਨਾਲ ਮੇਰੇ ਅਕਸ ਨੂੰ ਖਰਾਬ ਕਰਨ 'ਤੇ ਤੁਲੀਆਂ ਹੋਈਆਂ ਹਨ, ਜਿਸ ਕਾਰਨ ਸੂਬੇ ਦੇ ਲੋਕ ਉਨ੍ਹਾਂ ਨੂੰ ਕਦੇ ਮੁਆਫ਼ ਨਹੀਂ ਕਰਨਗੇ। ਮੈਂ ਸੂਬੇ ਦੇ ਬੇਮਿਸਾਲ ਵਿਕਾਸ ਨੂੰ ਯਕੀਨੀ ਬਣਾਉਣ ਲਈ ਜੀਅ-ਜਾਨ ਨਾਲ ਕੰਮ ਕਰ ਰਿਹਾ ਹਾਂ ਅਤੇ ਆਏ ਦਿਨ ਅਸੀਂ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਕਈ ਲੋਕ-ਪੱਖੀ ਉਪਰਾਲੇ ਕਰ ਰਹੇ ਹਾਂ।

ਮੁੱਖ ਮੰਤਰੀ ਨੇ ਅੱਗੇ ਕਿਹਾ, ਪਹਿਲੀਆਂ ਸਰਕਾਰਾਂ ਦੇ ਉਲਟ, ਮੈਂ ਕਦੇ ਵੀ ਸਰਕਾਰੀ ਖਜ਼ਾਨੇ ਵਿੱਚੋਂ ਇੱਕ ਪੈਸਾ ਵੀ ਨਹੀਂ ਮੰਗਿਆ, ਸਗੋਂ ਮੈਂ ਇਹ ਯਕੀਨੀ ਬਣਾਇਆ ਹੈ ਕਿ ਟੈਕਸਦਾਤਾਵਾਂ ਦਾ ਇੱਕ-ਇੱਕ ਰੁਪਿਆ ਜਨਤਕ ਭਲਾਈ ਲਈ ਸਮਝਦਾਰੀ ਨਾਲ ਖਰਚ ਕੀਤਾ ਜਾਵੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲੋਕਾਂ ਨੂੰ ਮੁਖਾਤਿਬ ਹੁੰਦਿਆਂ ਕਿਹਾ, ਉਨ੍ਹਾਂ ਦਾ ਪੁੱਤਰ ਤੇ ਭਰਾ ਹੋਣ ਦੇ ਨਾਤੇ ਮੈਂ ਆਪਣੇ ਪਹਿਲੇ ਲੀਡਰਾਂ ਵਾਂਗ ਅਮੀਰੀ ਦੀ ਜ਼ਿੰਦਗੀ ਜੀਉਣ ਦੀ ਬਜਾਏ ਆਮ ਲੋਕਾਂ ਦੇ ਦੁੱਖ-ਦਰਦ ਵੰਡਾਉਣ 'ਤੇ ਧਿਆਨ ਕੇਂਦਰਿਤ ਕੀਤਾ ਹੋਇਆ ਹੈ। ਪਹਿਲਾਂ ਦਾ ਕੋਈ ਵੀ ਸ਼ਾਸਕ ਲੋਕਾਂ ਕੋਲ ਇਸ ਤਰੀਕੇ ਨਾਲ ਨਹੀਂ ਆਇਆ ਸੀ ਕਿ ਉਨ੍ਹਾਂ ਦੀਆਂ ਮੁਸ਼ਕਲਾਂ ਬਾਰੇ ਖੁੱਲ੍ਹ ਕੇ ਗੱਲਬਾਤ ਕਰੇ ਅਤੇ ਉਨ੍ਹਾਂ ਮੁਸ਼ਕਲਾਂ ਨੂੰ ਤਨਦੇਹੀ ਨਾਲ ਹੱਲ ਕਰੇ।

ਮੁੱਖ ਮੰਤਰੀ ਨੇ ਅੱਗੇ ਕਿਹਾ, ਉਨ੍ਹਾਂ ਹੰਕਾਰੀ ਸਿਆਸਤਦਾਨਾਂ ਨੇ ਹਮੇਸ਼ਾ ਲੋਕਾਂ ਨੂੰ ਮਿਲਣ ਦੀ ਬਜਾਏ ਆਪਣੇ ਮਹਿਲ ਦੀਆਂ ਉੱਚੀਆਂ ਕੰਧਾਂ ਵਿੱਚ ਆਪਣੇ ਆਪ ਨੂੰ ਸੀਮਤ ਰੱਖਿਆ ਹੈ ਅਤੇ ਹੁਣ ਸੂਬਾ ਸਰਕਾਰ ਦੇ ਹਰ ਕਦਮ ਤੋਂ ਉਹ ਬੁਖਲਾਏ ਹੋਏ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, ਮੈਂ ਹਮੇਸ਼ਾ ਵਿਕਾਸ ਮੁਖੀ ਅਤੇ ਨਾਗਰਿਕ ਕੇਂਦਰਿਤ ਨੀਤੀਆਂ ਬਣਾਉਣ ਲਈ ਸਿੱਧਾ ਲੋਕਾਂ ਤੋਂ ਫੀਡਬੈਕ ਲੈਣ ਲਈ ਮੈਦਾਨ ਵਿੱਚ ਰਿਹਾ ਹਾਂ, ਜਿਸ



ਨਾਲ ਪੰਜਾਬ ਦੇ ਵਿਕਾਸ ਨੂੰ ਵੱਡਾ ਹੁਲਾਰਾ ਮਿਲਿਆ ਹੈ। ਇਸ ਨਾਲ ਪੂਰੀ ਵਿਰੋਧੀ ਧਿਰ ਸਦਮੇ ਵਿੱਚ ਹੈ ਅਤੇ ਸਾਰੇ ਵਿਰੋਧੀਆਂ ਨੇ ਝੂਠੇ ਦੋਸ਼ ਲਾ ਕੇ ਮੈਨੂੰ ਬਦਨਾਮ ਕਰਨ ਲਈ ਸੋਚੀ-ਸਮਝੀ ਰਣਨੀਤੀ ਨਾਲ ਮੇਰੇ ਵਿਰੁੱਧ ਹੱਥ ਮਿਲਾਇਆ ਹੈ।

ਉਨ੍ਹਾਂ ਅੱਗੇ ਕਿਹਾ, ਇਹ ਤਾਕਤਾਂ ਮਨਘੜਤ ਅਤੇ ਅਪਮਾਨਜਨਕ ਕਹਾਣੀ ਘੜ ਕੇ ਲੋਕਾਂ ਨੂੰ ਭਰਮਾਉਣ ਦੀ ਕੋਸ਼ਿਸ਼ ਕਰ ਰਹੀਆਂ ਹਨ ਜਿਸ ਨੂੰ ਲੋਕ ਸਵੀਕਾਰ ਨਹੀਂ ਕਰਨਗੇ ਅਤੇ ਇਨ੍ਹਾਂ ਤਾਕਤਾਂ ਨੂੰ ਸਬਕ ਸਿਖਾਇਆ ਜਾਵੇਗਾ। ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ, ਸੂਬੇ ਦੇ ਸੂਝਵਾਨ ਲੋਕ ਵਿਰੋਧੀ ਧਿਰ ਦੇ ਇਨ੍ਹਾਂ ਆਗੂਆਂ ਦੇ ਸ਼ੱਕੀ ਤੇ ਧੋਖੇਬਾਜ਼ ਕਿਰਦਾਰ ਤੋਂ ਚੰਗੀ ਤਰ੍ਹਾਂ ਜਾਣੂ ਹਨ ਅਤੇ ਉਹ ਜ਼ਰੂਰ ਇਨ੍ਹਾਂ ਨੂੰ ਸਬਕ ਸਿਖਾਉਣਗੇ। ਵਿਰੋਧੀ ਧਿਰ ਦੀਆਂ ਨੌਟੰਕੀਆਂ ਮੈਨੂੰ ਕਦੇ ਵੀ ਸੂਬੇ ਦੇ ਲੋਕਾਂ ਦੀ ਸੇਵਾ ਤੋਂ ਨਹੀਂ ਰੋਕ ਸਕਦੀਆਂ ਅਤੇ ਮੈਂ ਆਪਣੇ ਆਖਰੀ ਸਾਹ ਤੱਕ ਡਟਿਆ ਰਹਾਂਗਾ। ਉਨ੍ਹਾਂ ਅੱਗੇ ਕਿਹਾ, ਇਨ੍ਹਾਂ ਪਾਰਟੀਆਂ ਕੋਲ ਸੂਬਾ ਸਰਕਾਰ ਵਿਰੁੱਧ ਕੋਈ ਏਜੰਡਾ ਨਹੀਂ ਹੈ ਕਿਉਂਕਿ ਪੰਜਾਬ ਸਰਕਾਰ ਨੇ ਲੋਕ ਭਲਾਈ ਲਈ ਕਈ ਮਹੱਤਵਪੂਰਨ ਫੈਸਲੇ ਲਏ ਹਨ ਜਿਸ ਕਰਕੇ ਵਿਰੋਧੀ ਧਿਰਾਂ ਮੁੱਦਾਹੀਣ ਹਨ।

ਅਕਾਲੀ ਦਲ 'ਤੇ ਸਿੱਧਾ ਹਮਲਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅਕਾਲੀਆਂ ਨੂੰ ਪਾਈ ਗਈ ਹਰ ਵੋਟ ਗੁਰੂ ਸਾਹਿਬ ਜੀ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਬਾਣੀ ਦੀ ਬੇਅਦਬੀ ਦੇ ਹੱਕ ਵਿੱਚ ਹੋਵੇਗੀ। ਉਨ੍ਹਾਂ ਕਿਹਾ ਕਿ ਇਨ੍ਹਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਕੇ ਹਰੇਕ ਵਿਅਕਤੀ ਦੀ ਮਾਨਸਿਕਤਾ ਨੂੰ ਗਹਿਰੀ ਠੇਸ ਪਹੁੰਚਾਈ ਹੈ ਅਤੇ ਬਹਿਬਲ ਕਲਾਂ ਅਤੇ ਬਰਗਾੜੀ ਵਿੱਚ ਨਿਰਦੋਸ਼ਾਂ 'ਤੇ ਗੋਲੀ ਚਲਾਉਣ ਦਾ ਹੁਕਮ ਦਿੱਤਾ ਸੀ। ਇਨ੍ਹਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਵੀ ਘੋਰ ਨਿਰਾਦਰ ਕੀਤਾ ਹੈ।

ਉਨ੍ਹਾਂ ਅੱਗੇ ਕਿਹਾ, ਸਾਬਕਾ ਉਪ ਮੁੱਖ ਮੰਤਰੀ ਦਾਅਵਾ ਕਰਦੇ ਹਨ ਕਿ ਉਨ੍ਹਾਂ ਦੇ ਸ਼ਾਸਨ ਦੌਰਾਨ ਸੂਬੇ ਦਾ ਵੱਡਾ ਵਿਕਾਸ ਹੋਇਆ ਹੈ ਪਰ ਕੋਟਕਪੂਰਾ, ਬਹਿਬਲ ਕਲਾਂ ਅਤੇ ਹੋਰ ਥਾਵਾਂ ਦੇ ਮੁੱਦੇ 'ਤੇ ਅੱਖਾਂ ਬੰਦ ਕਰ ਲੈਂਦੇ ਹਨ ਜਿੱਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਹੋਈ ਅਤੇ ਨਿਰਦੋਸ਼ ਲੋਕ ਮਾਰੇ ਗਏ।

ਮੁੱਖ ਮੰਤਰੀ ਨੇ ਕਿਹਾ, ਅਕਾਲੀ ਦਲ ਦੀ ਪੰਜਾਬ ਬਚਾਓ ਯਾਤਰਾ ਅਸਲ ਵਿੱਚ 'ਪਰਿਵਾਰ ਬਚਾਓ ਯਾਤਰਾ' ਹੈ। 15 ਸਾਲਾਂ ਤੱਕ ਸੂਬੇ ਨੂੰ ਲੁੱਟਣ ਤੋਂ ਬਾਅਦ, ਉਨ੍ਹਾਂ ਨੂੰ ਦੱਸਣਾ ਚਾਹੀਦਾ ਹੈ ਕਿ ਉਹ ਸੂਬੇ ਨੂੰ ਕਿਸ ਤੋਂ ਬਚਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਉਨ੍ਹਾਂ ਅੱਗੇ ਕਿਹਾ, ਅਕਾਲੀਆਂ ਨੇ ਪੰਜਾਬੀਆਂ ਦੀ ਮਾਨਸਿਕਤਾ ਨੂੰ ਡੂੰਘੀ ਸੱਟ ਮਾਰਨ ਅਤੇ ਸੂਬੇ ਦੇ ਕਈ ਮਾਫੀਆ ਨੂੰ ਸਰਪ੍ਰਸਤੀ ਦੇਣ ਤੋਂ ਇਲਾਵਾ, ਸੂਬੇ ਨੂੰ ਬੇਰਹਿਮੀ ਨਾਲ ਲੁੱਟਿਆ ਹੈ। ਅਕਾਲੀ ਲੀਡਰਸ਼ਿਪ ਨੂੰ ਕਦੇ ਵੀ ਮਾਫ਼ ਨਹੀਂ ਕੀਤਾ ਜਾ ਸਕਦਾ ਕਿਉਂਕਿ ਇਹ ਸੂਬੇ ਦੀਆਂ ਕਈ ਪੀੜ੍ਹੀਆਂ ਦੀ ਨਸਲਕੁਸ਼ੀ ਲਈ ਜ਼ਿੰਮੇਵਾਰ ਸੀ ਅਤੇ ਨਸ਼ਿਆਂ ਦੇ ਕਾਰੋਬਾਰ ਨੂੰ ਸਰਪ੍ਰਸਤੀ ਦਿੱਤੀ ਗਈ ਸੀ ਅਤੇ ਉਨ੍ਹਾਂ ਦੇ ਲੰਮੇ ਕੁਸ਼ਾਸਨ ਦੌਰਾਨ ਇਹ ਕਾਰੋਬਾਰ ਵਧਿਆ-ਫੁੱਲਿਆ ਸੀ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, ਅਕਾਲੀਆਂ 'ਤੇ ਪੀੜ੍ਹੀਆਂ ਦੀ ਨਸਲਕੁਸ਼ੀ ਲਈ ਮੁਕੱਦਮਾ ਚਲਾਇਆ ਜਾਣਾ ਚਾਹੀਦਾ ਹੈ ਕਿਉਂਕਿ ਨਸ਼ਿਆਂ ਦੇ ਵਪਾਰ ਨੂੰ ਉਨ੍ਹਾਂ ਦੁਆਰਾ ਸਰਪ੍ਰਸਤੀ ਦਿੱਤੀ ਗਈ ਸੀ। ਇਨ੍ਹਾਂ ਆਗੂਆਂ ਦੇ ਹੱਥ ਲੱਖਾਂ ਨੌਜਵਾਨਾਂ ਦੇ ਖੂਨ ਨਾਲ ਰੰਗੇ ਹੋਏ ਹਨ ਜੋ ਉਨ੍ਹਾਂ ਦੀਆਂ ਸਰਕਾਰੀ ਗੱਡੀਆਂ ਵਿੱਚ ਸੂਬੇ ਵਿੱਚ ਸਪਲਾਈ ਕੀਤੇ ਜਾਣ ਵਾਲੇ ਨਸ਼ੇ ਦਾ ਸ਼ਿਕਾਰ ਹੋ ਗਏ ਸਨ। ਇਨ੍ਹਾਂ ਆਗੂਆਂ ਦੇ ਪਾਪ ਮੁਆਫ਼ ਨਹੀਂ ਕੀਤੇ ਜਾ ਸਕਦੇ ਅਤੇ ਉਨ੍ਹਾਂ ਨੂੰ ਉਨ੍ਹਾਂ ਦੇ ਕੁਕਰਮਾਂ ਲਈ ਲੋਕ ਕਦੇ ਵੀ ਮੁਆਫ਼ ਨਹੀਂ ਕਰ ਸਕਦੇ। ਵਿਧਾਨਕ ਕਾਰਵਾਈ 'ਤੇ ਚਾਨਣਾ ਪਾਉਂਦੇ ਹੋਏ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅਸੀਂ ਖੁਸ਼ਕਿਸਮਤ ਹਾਂ ਕਿ ਪ੍ਰਮਾਤਮਾ ਨੇ ਸਾਨੂੰ ਸਰਬਸੰਮਤੀ ਨਾਲ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026 ਪਾਸ ਕਰਨ ਦੀ ਜ਼ਿੰਮੇਵਾਰੀ ਸੌਂਪੀ ਹੈ, ਜਿਸ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਲਈ ਸਖ਼ਤ ਸਜ਼ਾ ਨਿਰਧਾਰਤ ਕੀਤੀ ਗਈ ਹੈ। ਇਹ ਐਕਟ ਭਵਿੱਖ ਵਿੱਚ ਬੇਅਦਬੀ ਦੇ ਅੰਤ ਨੂੰ ਦਰਸਾਉਂਦਾ ਹੈ ਕਿਉਂਕਿ ਇਹ ਯਕੀਨੀ ਬਣਾਏਗਾ ਕਿ ਕੋਈ ਵੀ ਕਦੇ ਵੀ ਅਜਿਹੇ ਘਿਨਾਉਣੇ ਅਪਰਾਧ ਵਿੱਚ ਸ਼ਾਮਲ ਹੋਣ ਦੀ ਹਿੰਮਤ ਨਹੀਂ ਕਰੇਗਾ। ਉਨ੍ਹਾਂ ਅੱਗੇ ਕਿਹਾ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦਾ ਘਿਨਾਉਣਾ ਜੁਰਮ ਸੂਬੇ ਵਿੱਚ ਸਖ਼ਤ ਘਾਲਣਾ ਘਾਲ ਕੇ ਹਾਸਲ ਕੀਤੀ ਸ਼ਾਂਤੀ, ਸਦਭਾਵਨਾ, ਭਾਈਚਾਰਾ ਅਤੇ ਫਿਰਕੂ ਸਦਭਾਵਨਾ ਨੂੰ ਭੰਗ ਕਰਨ ਦੀ ਡੂੰਘੀ ਸਾਜ਼ਿਸ਼ ਸੀ। ਇਹ ਐਕਟ ਇਹ ਯਕੀਨੀ ਬਣਾਏਗਾ ਕਿ ਇਸ ਨਾ-ਮੁਆਫੀਯੋਗ ਅਪਰਾਧ ਵਿੱਚ ਦੋਸ਼ੀ ਪਾਏ ਜਾਣ ਵਾਲੇ ਕਿਸੇ ਵੀ ਵਿਅਕਤੀ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ ਅਤੇ ਦੂਜਿਆਂ ਲਈ ਮਿਸਾਲ ਕਾਇਮ ਹੋਵੇਗੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਹਰ ਸਿੱਖ ਦੇ ਪਿਤਾ ਹਨ ਅਤੇ ਸੂਬਾ ਸਰਕਾਰ ਪਵਿੱਤਰ ਗ੍ਰੰਥ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ। ਦੁਨੀਆ ਭਰ ਦੇ ਲੋਕ ਖੁਸ਼ ਹਨ ਅਤੇ ਮੈਨੂੰ ਰੋਜ਼ਾਨਾ ਉਨ੍ਹਾਂ ਲੋਕਾਂ ਦੇ ਕਈ ਫੋਨ ਆ ਰਹੇ ਹਨ ਜੋ ਇਸ ਇਤਿਹਾਸਕ ਐਕਟ ਲਈ ਮੇਰਾ ਧੰਨਵਾਦ ਕਰਦੇ ਹਨ। ਅਕਾਲੀ ਲੀਡਰਸ਼ਿਪ 'ਤੇ ਵਰ੍ਹਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਮੌਕਾਪ੍ਰਸਤ ਆਗੂ ਹਨ ਜੋ ਆਪਣੀ ਸਹੂਲਤ ਅਤੇ ਨਿੱਜੀ ਰਾਜਨੀਤਿਕ ਹਿੱਤਾਂ ਅਨੁਸਾਰ ਗਿਰਗਿਟ ਵਾਂਗ ਆਪਣੇ ਰੰਗ ਤੇ ਸਟੈਂਡ ਬਦਲਦੇ ਹਨ। ਹਰ ਕੋਈ ਜਾਣਦਾ ਹੈ ਕਿ ਇਹ ਪਰਿਵਾਰ ਅੰਗਰੇਜ਼ਾਂ ਦੀ ਕਠਪੁਤਲੀ ਸੀ ਅਤੇ ਉਨ੍ਹਾਂ ਨੇ ਦੇਸ਼ ਲਈ ਲੜਨ ਵਾਲੇ ਦੇਸ਼ ਭਗਤਾਂ ਵਿਰੁੱਧ ਸ਼ੌਕ ਰੱਖਣ ਲਈ ਉਨ੍ਹਾਂ ਨੂੰ ਸਰ ਦੀ ਉਪਾਧੀ ਦਿੱਤੀ ਸੀ। ਉਨ੍ਹਾਂ ਅੱਗੇ ਕਿਹਾ, ਇਸ ਪਰਿਵਾਰ ਨੇ 13 ਅਪ੍ਰੈਲ, 1919 ਨੂੰ ਜਲ੍ਹਿਆਂਵਾਲਾ ਬਾਗ ਕਤਲੇਆਮ ਦੇ ਦੋਸ਼ੀ ਜਨਰਲ ਡਾਇਰ ਨੂੰ ਇਸ ਘਿਨਾਉਣੀ ਘਟਨਾ ਤੋਂ ਬਾਅਦ ਰਾਤ ਦੇ ਖਾਣੇ ਦੀ ਮੇਜ਼ਬਾਨੀ ਕਰਕੇ ਸਨਮਾਨਿਤ ਕੀਤਾ ਸੀ। ਇਸ ਕਾਰਵਾਈ ਨੇ ਉਨ੍ਹਾਂ ਦੀ ਰਾਸ਼ਟਰ ਵਿਰੋਧੀ ਅਤੇ ਪੰਜਾਬ ਵਿਰੋਧੀ ਮਾਨਸਿਕਤਾ ਅਤੇ ਕਿਰਦਾਰ ਨੂੰ ਨੰਗਾ ਕਰ ਦਿੱਤਾ।

ਉਨ੍ਹਾਂ ਅੱਗੇ ਕਿਹਾ, ਸਿਰਫ ਇਹ ਹੀ ਨਹੀਂ, ਪਰਿਵਾਰ ਨੇ ਇਹ ਵੀ ਯਕੀਨੀ ਬਣਾਇਆ ਕਿ ਜਨਰਲ ਡਾਇਰ ਨੂੰ ਸ੍ਰੀ ਹਰਿਮੰਦਰ ਸਾਹਿਬ ਵਿਖੇ ਸਿਰੋਪਾ ਅਤੇ ਮੁਆਫ਼ੀ ਦਿੱਤੀ ਜਾਵੇ। ਇਹ ਹੋਰ ਵੀ ਹੈਰਾਨ ਕਰਨ ਵਾਲੀ ਗੱਲ ਹੈ ਕਿ ਜਥੇਦਾਰ ਅਰੂੜ ਸਿੰਘ, ਜਿਸ ਨੇ ਸਿਰੋਪਾ ਦਿੱਤਾ ਸੀ, ਸਾਬਕਾ ਲੋਕ ਸਭਾ ਮੈਂਬਰ ਸਿਮਰਜੀਤ ਸਿੰਘ ਮਾਨ ਦੇ ਨਾਨਾ ਜੀ ਸਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ੋਰ ਦੇ ਕੇ ਕਿਹਾ ਕਿ ਇਤਿਹਾਸ ਮਿਟਾਇਆ ਨਹੀਂ ਜਾ ਸਕਦਾ ਅਤੇ ਬਾਦਲਾਂ ਦੇ ਪੁਰਖਿਆਂ ਦੇ ਸ਼ੱਕੀ ਕਿਰਦਾਰ ਇਤਿਹਾਸ ਦੇ ਪੰਨਿਆਂ 'ਤੇ ਉੱਕਰੇ ਹੋਏ ਹਨ। ਇਸ ਪਰਿਵਾਰ ਦੇ ਹੱਥ ਦੇਸ਼ ਭਗਤਾਂ ਦੇ ਖੂਨ ਨਾਲ ਰੰਗੇ ਹੋਏ ਹਨ ਅਤੇ ਰਾਸ਼ਟਰਵਾਦੀਆਂ ਦੀ ਪਿੱਠ ਵਿੱਚ ਛੁਰਾ ਮਾਰਨ ਵਿੱਚ ਉਨ੍ਹਾਂ ਦੀ ਭੂਮਿਕਾ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਕਾਂਗਰਸ 'ਤੇ ਨਿਸ਼ਾਨਾ ਸਾਧਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕਾਂਗਰਸ ਵਿੱਚ ਹਰ ਆਗੂ ਸੂਬੇ ਦਾ ਮੁਖੀ ਬਣਨ ਦੀ ਇੱਛਾ ਰੱਖਦਾ ਹੈ, ਜਿਸ ਕਰਕੇ ਉਨ੍ਹਾਂ ਕੋਲ ਚੋਣਾਂ ਵਿੱਚ ਕੰਮ ਕਰਨ ਲਈ ਆਮ ਵਰਕਰਾਂ ਦੀ ਥਾਂ ਜ਼ਿਆਦਾ ਮੁੱਖ ਮੰਤਰੀ ਦੇ ਚਿਹਰੇ ਹਨ। ਕਾਂਗਰਸ ਪਾਰਟੀ ਇੱਕ ਵੰਡਿਆ ਹੋਇਆ ਘਰ ਹੈ ਜੋ ਉਨ੍ਹਾਂ ਦੇ ਆਪਸੀ ਕਾਟੋ ਕਲੇਸ਼ ਨਾਲ ਹੀ ਢਹਿ-ਢੇਰੀ ਹੋ ਜਾਵੇਗਾ। ਉਨ੍ਹਾਂ ਅੱਗੇ ਕਿਹਾ ਕਿ 2027 ਵਿੱਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਲੋਕਾਂ ਕੋਲ ਤਿੰਨ ਕਲਮਾਂ ਵਿੱਚੋਂ ਕਿਸੇ ਇੱਕ ਨੂੰ ਚੁਣਨ ਦਾ ਬਦਲ ਹੋਵੇਗਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪਹਿਲੀ ਕਲਮ ਲਾਲ ਸਿਆਹੀ ਵਾਲੀ ਕਾਂਗਰਸ ਦੀ ਕਲਮ ਹੈ, ਜੋ ਸ੍ਰੀ ਹਰਿਮੰਦਰ ਸਾਹਿਬ 'ਤੇ ਹਮਲੇ, 1984 ਦੇ ਦੰਗਿਆਂ ਅਤੇ ਹੋਰ ਸਿੱਖ ਵਿਰੋਧੀ ਤੇ ਪੰਜਾਬ ਵਿਰੋਧੀ ਸਟੈਂਡਾਂ ਦੀ ਪ੍ਰਤੀਕ ਹੈ।

## ਜ਼ਿਲ੍ਹਾ ਅਤੇ ਸਬ ਡਵੀਜ਼ਨ ਪੱਧਰ 'ਤੇ 9 ਮਈ ਨੂੰ ਲੱਗੇਗੀ ਸਾਲ ਦੀ ਦੂਜੀ ਕੌਮੀ ਲੋਕ ਅਦਾਲਤ



**ਤਰਨਤਾਰਨ, 4 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਨੈਸ਼ਨਲ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਮਾਨਯੋਗ ਸੁਪਰੀਮ ਕੋਰਟ ਆਫ ਇੰਡੀਆ, ਨਵੀਂ ਦਿੱਲੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮੈਂਬਰ ਸਕੱਤਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ. ਏ ਐਸ ਨਗਰ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਜ਼ਿਲ੍ਹਾ ਅਤੇ ਸੈਸ਼ਨ ਸਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨ ਤਾਰਨ ਕੰਵਲਜੀਤ ਸਿੰਘ ਬਾਜਵਾ ਵੱਲੋਂ ਜ਼ਿਲ੍ਹਾ ਪੱਧਰ ਅਤੇ ਸਬ ਡਵੀਜ਼ਨ ਪੱਧਰ 'ਤੇ ਸਾਲ 2026 ਦੀ ਦੂਜੀ ਕੌਮੀ ਲੋਕ ਅਦਾਲਤ ਦਾ ਆਯੋਜਨ ਮਿਤੀ 9 ਮਈ 2026 ਨੂੰ ਕੀਤਾ ਜਾ ਰਿਹਾ ਹੈ। ਇਸ ਲੋਕ ਅਦਾਲਤ ਸਬੰਧੀ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨ ਤਾਰਨ ਵੱਲੋਂ ਲੋਕਾਂ ਨੂੰ ਜਾਗਰੂਕ ਕਰਨ ਲਈ ਹਰ ਤਰ੍ਹਾਂ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਇਹ ਜਾਣਕਾਰੀ ਦਿੰਦਿਆਂ ਸੀ.ਜੇ.ਐਮ-ਕਮ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨ ਤਾਰਨ ਮਿਸ ਕਿਰਨ ਜੋਤੀ ਨੇ ਦੱਸਿਆ ਕਿ ਇਸ ਸਬੰਧੀ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨ ਤਾਰਨ ਵੱਲੋਂ ਸਮੇਂ-ਸਮੇਂ 'ਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਅਤੇ ਵੱਧ ਤੋਂ ਵੱਧ ਪ੍ਰਚਾਰ ਕਰਨ ਲਈ ਦਿਸ਼ਾ-ਨਿਰਦੇਸ਼ ਦਿੱਤੇ ਜਾਂਦੇ ਹਨ ਤਾਂ ਜੋ ਲੋਕਾਂ ਨੂੰ ਵੱਧ ਤੋਂ ਵੱਧ ਜਾਗਰੂਕ ਕੀਤਾ ਜਾ ਸਕੇ ਅਤੇ ਅਦਾਲਤਾਂ ਵਿੱਚ ਚੱਲ ਰਹੇ ਫ਼ੌਜਦਾਰੀ, ਰਾਜ਼ੀਨਾਮੇ-ਯੋਗ ਅਤੇ ਪ੍ਰੀ-ਲਿਟੀਗੇਟਿਵ ਕੇਸਾਂ ਵਿੱਚ ਸਮਝੌਤੇ ਰਾਹੀਂ ਰਾਜ਼ੀਨਾਮਾ ਕਰਨ ਲਈ ਆਪਣੇ ਕੇਸ ਲੋਕ ਅਦਾਲਤ ਵਿੱਚ ਲਗਾ ਕੇ ਵੱਧ ਤੋਂ ਵੱਧ ਲਾਭ ਉਠਾ ਸਕਣ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਵੱਖ-ਵੱਖ ਪਿੰਡਾਂ, ਸ਼ਹਿਰਾਂ, ਸਕੂਲਾਂ ਅਤੇ ਕਾਲਜਾਂ ਆਦਿ ਵਿੱਚ ਸੈਮੀਨਾਰ ਲਗਵਾ ਕੇ ਲੋਕਾਂ ਨੂੰ ਲੋਕ ਅਦਾਲਤ ਵਿੱਚ ਕੇਸ ਲਗਾਉਣ ਨਾਲ ਮਿਲਣ ਵਾਲੇ ਲਾਭਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ, ਤਾਂ ਜੋ ਉਨ੍ਹਾਂ ਨੂੰ ਕਾਨੂੰਨੀ ਸੇਵਾਵਾਂ ਅਤੇ ਕੌਮੀ ਲੋਕ ਅਦਾਲਤ ਬਾਰੇ ਵੱਧ ਤੋਂ ਵੱਧ ਜਾਣਕਾਰੀ ਪ੍ਰਾਪਤ ਹੋ ਸਕੇ ਉਹ ਸਰਕਾਰ ਵੱਲੋਂ ਮਿਲਣ ਵਾਲੀ ਸਹਾਇਤਾ ਦਾ ਵੱਧ ਤੋਂ ਵੱਧ ਲਾਭ ਉਠਾ ਸਕਣ। ਇਸ ਨਾਲ ਉਨ੍ਹਾਂ ਦੇ ਸਮੇਂ ਅਤੇ ਪੈਸੇ ਦੀ ਬੱਚਤ ਹੋਵੇਗੀ ਅਤੇ ਵਾਰ-ਵਾਰ ਅਦਾਲਤਾਂ ਦੇ ਚੱਕਰ ਲਗਾਉਣ ਤੋਂ ਵੀ ਛੁਟਕਾਰਾ ਮਿਲ ਜਾਵੇਗਾ। ਇਸ ਲੋਕ ਅਦਾਲਤ ਸਬੰਧੀ ਪੀ.ਐੱਲ.ਵੀਜ਼ ਵੱਲੋਂ ਜਨਤਕ ਥਾਵਾਂ 'ਤੇ ਬੈਨਰ ਲਗਾ ਕੇ ਵੀ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਜ਼ਿਲ੍ਹਾ ਅਤੇ ਸੈਸ਼ਨ ਜੱਜ ਵੱਲੋਂ ਸਥਾਈ ਲੋਕ ਅਦਾਲਤ (ਜਨ ਉਪਯੋਗੀ ਸੇਵਾਵਾਂ) ਦਾ ਲਾਭ ਲੈਣ ਬਾਰੇ ਵੱਧ ਤੋਂ ਵੱਧ ਪ੍ਰਚਾਰ ਕਰਨ ਸਬੰਧੀ ਵੀ ਸਮੇਂ-ਸਮੇਂ 'ਤੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਜਾਂਦੇ ਹਨ ਤਾਂ ਜੋ ਲੋਕ ਜਨ ਉਪਯੋਗੀ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਉਠਾ ਸਕਣ। ਉਨ੍ਹਾਂ ਦੱਸਿਆ ਕਿ ਸਥਾਈ ਲੋਕ ਅਦਾਲਤ ਵਿੱਚ ਸੈਕਸ਼ਨ 22-(ਲ) ਆਫ ਲੀਗਲ ਸਰਵਿਸਿਜ਼ ਅਥਾਰਟੀ ਐਕਟ, 1987 ਦੇ ਅਨੁਸਾਰ ਵੱਖ-ਵੱਖ ਜਨ ਉਪਯੋਗੀ ਸੇਵਾਵਾਂ, ਜਿਵੇ ਕਿ ਟਰਾਂਸਪੋਰਟ ਸੇਵਾਵਾਂ, ਡਾਕ ਟੈਲੀਗਰਾਮ, ਟੈਲੀਫੋਨ, ਹਸਪਤਾਲ ਜਾਂ ਡਿਸਪੈਂਸਰੀ ਸੇਵਾਵਾਂ, ਬੀਮਾ ਸੇਵਾਵਾਂ, ਬੈਂਕਿੰਗ ਸੇਵਾਵਾਂ, ਸਿੱਖਿਆ ਸੇਵਾਵਾਂ, ਬੁਢਾਪਾ ਪੈਨਸ਼ਨ, ਸ਼ਗਨ ਸਕੀਮ, ਵਿਕਟਮ ਕੰਪਨਸ਼ੇਸ਼ਨ ਆਦਿ ਬਾਰੇ ਕੇਸ ਲਗਾਏ ਜਾਂਦੇ ਹਨ ਅਤੇ ਉਨ੍ਹਾਂ ਦਾ ਬਹੁਤ ਘੱਟ ਸਮੇਂ ਵਿੱਚ ਨਿਪਟਾਰਾ ਕੀਤਾ ਜਾਂਦਾ ਹੈ, ਤਾਂ ਜੋ ਲੋਕਾਂ ਨੂੰ ਖੱਜਲ-ਖੁਆਰੀ ਤੋਂ ਬਚਾਇਆ ਜਾ ਸਕੇ।

ਉਨ੍ਹਾਂ ਕਿਹਾ ਕਿ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਪ੍ਰਿੰਟ ਮੀਡੀਆ ਦੁਆਰਾ ਹਰ ਤਰੀਕੇ ਨਾਲ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ, ਤਾਂ ਜੋ ਕੋਈ ਵੀ ਇਨਸਾਨ ਲੋਕ ਅਦਾਲਤ ਦਾ ਲਾਭ ਉਠਾਉਣ ਤੋਂ ਵਾਂਝਾ ਨਾ ਰਹਿ ਸਕੇ ਅਤੇ ਹਰ ਕੋਈ ਸਰਕਾਰ ਦੀਆਂ ਪ੍ਰਦਾਨ ਕੀਤੀਆਂ ਜਾ ਰਹੀਆਂ ਸਹੂਲਤਾਂ ਦਾ ਵੱਧ ਤੋ ਵੱਧ ਲਾਭ ਉਠਾ ਸਕੇ।

## ਸਰਕਾਰ ਵੱਲੋਂ ਅਪ੍ਰੈਲ 2026 ਵਿੱਚ ਮਾਲੀਏ ਵਿੱਚ ਭਾਰੀ ਵਾਧਾ ਦਰਜ, ਵੈਟ ਅਤੇ ਪੀ.ਐਸ.ਡੀ.ਟੀ. ਪ੍ਰਾਪਤੀ ਵਿੱਚ ਦੋਹਰੇ ਅੰਕਾਂ ਦਾ ਵਾਧਾ: ਹਰਪਾਲ ਸਿੰਘ ਚੀਮਾ

**ਚੰਡੀਗੜ੍ਹ, 4 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸੂਬੇ ਦੇ ਮਾਲੀਆ ਉਤਪਾਦਨ ਵਿੱਚ ਇੱਕ ਵੱਡੇ ਮੀਲ ਪੱਥਰ ਨੂੰ ਉਜਾਗਰ ਕਰਦਿਆਂ, ਪੰਜਾਬ ਦੇ ਵਿੱਤ, ਆਬਕਾਰੀ ਅਤੇ ਕਰ ਮੰਤਰੀ ਨੇ ਅੱਜ ਇੱਥੇ ਐਲਾਨ ਕੀਤਾ ਕਿ ਸੂਬੇ ਨੇ ਅਪ੍ਰੈਲ 2026 ਵਿੱਚ ਇੱਕ ਮਹੱਤਵਪੂਰਨ ਵਿੱਤੀ ਪੁਲਾਂਘ ਪੁੱਟਦਿਆਂ ਵੈਲਯੂ ਐਡਿਡ ਟੈਕਸ (ਵੈਟ) ਅਤੇ ਪੰਜਾਬ ਸਟੇਟ ਡਿਵੈਲਪਮੈਂਟ ਟੈਕਸ (ਪੀ.ਐਸ.ਡੀ.ਟੀ.) ਦੋਵਾਂ ਦੀ ਪ੍ਰਾਪਤੀ ਵਿੱਚ ਪ੍ਰਭਾਵਸ਼ਾਲੀ ਦੋਹਰੇ ਅੰਕਾਂ ਦਾ ਵਾਧਾ ਦਰਜ ਕੀਤਾ ਹੈ। ਵਿੱਤ ਮੰਤਰੀ ਨੇ ਕਿਹਾ, ਸੂਬੇ ਨੇ ਸਫਲਤਾਪੂਰਵਕ ਇਹਨਾਂ ਦੋਵਾਂ ਖੇਤਰਾਂ ਤੋਂ ਲਗਭਗ 265 ਕਰੋੜ ਰੁਪਏ ਦਾ ਕੁੱਲ ਵਾਧੂ ਮਾਲੀਆ ਪ੍ਰਾਪਤ ਕੀਤਾ ਹੈ, ਜੋ ਕਿ ਪੂਰੀ ਤਰ੍ਹਾਂ ਨਾਲ ਬਿਹਤਰ ਨਿਗਰਾਨੀ ਪ੍ਰਣਾਲੀਆਂ, ਸਖ਼ਤ ਲਾਗੂਕਰਨ ਪ੍ਰੋਟੋਕੋਲ, ਅਤੇ ਇੱਕ ਪਾਰਦਰਸ਼ੀ ਕਰ ਪ੍ਰਸ਼ਾਸਨਿਕ ਢਾਂਚੇ ਦੀ ਬਦੌਲਤ ਹਾਸਲ ਕੀਤੀ ਗਈ ਸਫ਼ਲਤਾ ਹੈ।

ਇਸ ਵਿੱਤੀ ਸਫਲਤਾ ਦੇ ਵਿਸਤ੍ਰਿਤ ਵੇਰਵੇ ਸਾਂਝੇ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਹਨਾਂ ਵਿਸ਼ੇਸ਼ ਟੈਕਸ ਖੇਤਰਾਂ ਵਿੱਚ ਲਗਾਤਾਰ ਉੱਪਰ ਵੱਲ ਜਾਣ ਵਾਲਾ ਰੁਝਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਸਪੱਸ਼ਟ ਨੀਤੀਗਤ ਤਰਜੀਹਾਂ ਨੂੰ ਉਜਾਗਰ ਕਰਦਾ ਹੈ। ਵਿੱਤ ਮੰਤਰੀ ਨੇ ਕਿਹਾ, ਮੈਨੂੰ ਇਹ ਐਲਾਨ ਕਰਦਿਆਂ ਖੁਸ਼ੀ ਹੋ ਰਹੀ ਹੈ ਕਿ ਸਾਡੀ ਵੈਟ ਪ੍ਰਾਪਤੀ ਨੇ ਅਪ੍ਰੈਲ 2026 ਦੇ ਮਹੀਨੇ ਲਈ 23.28% ਦਾ ਸ਼ਾਨਦਾਰ ਵਾਧਾ ਦਰਜ ਕੀਤਾ ਹੈ। ਇਸ ਮਹੱਤਵਪੂਰਨ ਵਾਧੇ ਨੇ ਸੂਬੇ ਦੇ ਖਜ਼ਾਨੇ ਲਈ ਲਗਭਗ 230 ਕਰੋੜ ਰੁਪਏ ਦਾ ਸ਼ੁੱਧ ਵਾਧਾ ਦਰਜ ਕੀਤਾ ਹੈ, ਜੋ ਕਿ ਕਰ ਪ੍ਰਸ਼ਾਸਨ ਅਤੇ ਪਾਲਣਾ ਵਿੱਚ ਸਾਡੇ ਨਿਰੰਤਰ ਸੁਧਾਰਾਂ ਨੂੰ ਦਰਸਾਉਂਦਾ ਹੈ।

ਸੂਬੇ ਦੇ ਵਿਕਾਸ ਟੈਕਸ ਮਾਲੀਏ ਵਿੱਚ ਸਮਕਾਲੀ ਸਫਲਤਾ ਬਾਰੇ ਵਿਸਤਾਰ ਵਿੱਚ ਦੱਸਦਿਆਂ, ਵਿੱਤ ਮੰਤਰੀ ਚੀਮਾ ਨੇ ਪੀ.ਐਸ.ਡੀ.ਟੀ. ਖੇਤਰ ਵਿੱਚ ਦੇਖੇ ਗਏ ਬਹੁਤ ਹੀ ਸਕਾਰਾਤਮਕ ਰੁਝਾਨਾਂ ਦੀ ਤਫ਼ਸੀਲ ਦਿੱਤੀ। ਉਨ੍ਹਾਂ ਕਿਹਾ, ਵੈਟ ਵਿੱਚ ਮਜ਼ਬੂਤ ਪ੍ਰਦਰਸ਼ਨ ਦੇ ਨਾਲ-ਨਾਲ, ਸਾਡੀ ਪੀ.ਐਸ.ਡੀ.ਟੀ. ਉਗਰਾਹੀ ਵਿੱਚ ਵੀ 20.43% ਦਾ ਪ੍ਰਭਾਵਸ਼ਾਲੀ ਵਾਧਾ ਹੋਇਆ ਹੈ। ਇਹ ਵਾਧਾ ਦਰ ਸਿੱਧੇ ਤੌਰ 'ਤੇ ਲਗਭਗ 35 ਕਰੋੜ ਰੁਪਏ ਦੇ ਇਜ਼ਾਫੇ ਵਿੱਚ ਤਬਦੀਲ ਹੋਈ ਹੈ। ਇਹ ਅੰਕੜੇ ਇਸ ਖੇਤਰ ਦੇ



ਅੰਦਰ ਸਾਡੀ ਬਿਹਤਰ ਨਿਗਰਾਨੀ ਅਤੇ ਸਖ਼ਤ ਲਾਗੂਕਰਨ ਪ੍ਰੋਟੋਕੋਲ ਦਾ ਸਿੱਧਾ ਪ੍ਰਤੀਬਿੰਬ ਹਨ।

ਵਿੱਤ ਮੰਤਰੀ ਚੀਮਾ ਨੇ ਇਸ ਸਮੁੱਚੀ ਆਰਥਿਕ ਤਰੱਕੀ ਦਾ ਸਿਹਰਾ ਉੱਨਤ ਨਿਗਰਾਨੀ ਰਣਨੀਤੀਆਂ ਨੂੰ ਲਗਨ ਨਾਲ ਲਾਗੂ ਕਰਨ ਅਤੇ ਨਿਰਪੱਖ ਸ਼ਾਸਨ ਪ੍ਰਤੀ ਦ੍ਰਿੜ ਵਚਨਬੱਧਤਾ ਨੂੰ ਦਿੱਤਾ। ਉਨ੍ਹਾਂ ਕਿਹਾ, ਵੈਟ ਅਤੇ ਪੀ.ਐਸ.ਡੀ.ਟੀ. ਵਿੱਚ ਇਹ ਮਜ਼ਬੂਤ ਪ੍ਰਦਰਸ਼ਨ ਤਕਨਾਲੋਜੀ-ਸੰਚਾਲਿਤ ਲਾਗੂਕਰਨ ਨੂੰ ਸਰਗਰਮ ਕਰਦਾਤਿਆਂ ਦੀਆਂ ਸਹੂਲਤਾਂ ਨਾਲ ਜੋੜਨ ਦੀ ਸਾਡੀ ਸਰਕਾਰ ਦੀ ਕੇਂਦਰਿਤ ਰਣਨੀਤੀ ਨੂੰ ਰੇਖਾਂਕਿਤ ਕਰਦਾ ਹੈ। ਅਸੀਂ ਸਰਕਾਰੀ ਮਾਲੀਏ ਦੀ ਸੁਰੱਖਿਆ ਦੇ ਉਦੇਸ਼ ਨਾਲ ਇੱਕ ਮਜ਼ਬੂਤ ਲਾਗੂਕਰਨ ਢਾਂਚਾ ਬਣਾਇਆ ਹੈ। ਮੈਂ ਪੰਜਾਬ ਦੇ ਨਾਗਰਿਕਾਂ ਨੂੰ ਭਰੋਸਾ ਦਿਵਾਉਂਦਾ ਹਾਂ ਕਿ ਟੈਕਸ ਚੋਰੀ ਵਿਰੁੱਧ ਸਖ਼ਤ ਕਾਰਵਾਈਆਂ ਜਾਰੀ ਰਹਿਣਗੀਆਂ, ਅਤੇ ਇਸਦੇ ਨਾਲ ਹੀ ਅਸੀਂ ਟੈਕਸ ਨਿਯਮਾਂ ਦੀ ਪਾਲਣਾ ਕਰਨ ਵਾਲੇ ਸਾਰੇ ਕਰਦਾਤਿਆਂ ਲਈ ਇੱਕ ਪੂਰੀ ਤਰ੍ਹਾਂ ਨਿਰਪੱਖ ਅਤੇ ਪਾਰਦਰਸ਼ੀ ਟੈਕਸ ਪ੍ਰਣਾਲੀ ਨੂੰ ਵੀ ਯਕੀਨੀ ਬਣਾਈ ਰੱਖਾਂਗੇ।

## 'ਆਪ' ਵੱਲੋਂ ਗੈਸ ਸਿਲੰਡਰਾਂ ਦੀਆਂ ਕੀਮਤਾਂ 'ਚ ਵਾਧੇ ਵਿਰੁਧ ਰੋਸ਼ ਪ੍ਰਦਰਸ਼ਨ



**ਸੰਗਰੂਰ, 4 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਆਮ ਆਦਮੀ ਪਾਰਟੀ ਅਤੇ ਜ਼ਿਲ੍ਹਾ ਟਰੇਡ ਕਮਿਸ਼ਨ ਵੱਲੋਂ ਬੱਸ ਸਟੈਂਡ ਸੰਗਰੂਰ ਨੇੜੇ ਮੋਦੀ ਸਰਕਾਰ ਵੱਲੋਂ ਗੈਸ ਸਿਲੰਡਰਾਂ ਦੀਆਂ ਕੀਮਤਾਂ ਵਿੱਚ ਕੀਤੇ ਬੇਹਿਸਾਬ ਵਾਧੇ ਦੇ ਵਿਰੋਧ ਵਿੱਚ ਧਰਨਾ ਪ੍ਰਦਰਸ਼ਨ ਕਰਦਿਆਂ ਭਾਜਪਾ 'ਤੇ ਤਿੱਖੇ ਨਿਸ਼ਾਨੇ ਸਾਧੇ ਗਏ। ਇਸ ਮੌਕੇ ਟਰੇਡਰਜ਼ ਕਮਿਸ਼ਨ ਜ਼ਿਲ੍ਹਾ ਸੰਗਰੂਰ ਦੇ ਚੇਅਰਮੈਨ ਸ਼੍ਰੀ ਅਰੁਨ ਜਿੰਦਲ ਸਮੇਤ ਗਿਣਤੀ ਵਿੱਚ 'ਆਪ' ਵਲੰਟੀਅਰਾਂ ਨੇ ਸ਼ਮੂਲੀਅਤ ਕੀਤੀ।

ਉਨ੍ਹਾਂ ਇੱਕ ਸੁਰ ਵਿੱਚ ਕਿਹਾ ਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਆਮ ਆਦਮੀ ਲਈ ਲਾਚਾਰ ਅਤੇ ਰਸੋਈ ਲਈ ਗੁਨਾਹਗਾਰ ਸਿੱਧ ਹੋਈ ਹੈ। ਕਾਬਿਲੇਗੌਰ ਹੈ ਕਿ ਵਪਾਰਕ ਐੱਲ ਪੀ ਜੀ ਸਿਲੰਡਰ ਹੁਣ 993 ਰੁਪਏ ਮਹਿੰਗਾ ਹੋ ਗਿਆ ਹੈ। 19 ਕਿਲੋ ਵਜ਼ਨੀ ਵਪਾਰਕ ਐੱਲ ਪੀ ਜੀ ਸਿਲੰਡਰ ਆਮ ਕਰ ਕੇ ਹੋਟਲਾਂ ਤੇ ਰੈਸਟੋਰੈਂਟਾਂ 'ਚ ਵਰਤਿਆ ਜਾਂਦਾ ਹੈ। ਇਸ ਦੇ ਨਾਲ ਨਾਲ ਛੋਟੇ ਪੱਧਰ ਉੱਤੇ ਖਾਣ ਦੀਆਂ ਚੀਜ਼ਾਂ ਬਣਾ ਕੇ ਵੇਚਣ ਵਾਲਿਆਂ ਵਲੋਂ ਵੀ ਇਹ ਸਿਲੰਡਰ ਵਰਤੇ ਜਾਂਦੇ ਹਨ, ਜਿਸ ਕਾਰਨ ਇਹਨਾਂ ਵਸਤਾਂ ਦੇ ਰੇਟ ਵਿਚ ਵੀ ਵਾਧਾ ਹੋਵੇਗਾ ਤੇ ਮਾਰ ਆਮ ਆਦਮੀ ਨੂੰ ਪਵੇਗੀ।

ਇਸ ਤੋਂ ਪਹਿਲਾਂ ਕੀਮਤਾਂ ਵਿੱਚ ਪਹਿਲੀ ਅਪਰੈਲ ਨੂੰ 195.50 ਰੁਪਏ ਪ੍ਰਤੀ ਸਿਲੰਡਰ ਤੇ ਪਹਿਲੀ ਮਾਰਚ ਨੂੰ 114.5 ਰੁਪਏ ਪ੍ਰਤੀ ਸਿਲੰਡਰ ਦਾ ਵਾਧਾ ਹੋਇਆ ਸੀ। ਇਨ੍ਹਾਂ ਤਿੰਨ ਵਾਧਿਆਂ ਨਾਲ ਕੁੱਲ ਮਿਲਾ ਕੇ ਕਮਰਸ਼ੀਅਲ ਐੱਲ ਪੀ ਜੀ ਦੀਆਂ ਦਰਾਂ 'ਚ 1303 ਰੁਪਏ ਦਾ ਇਜ਼ਾਫ਼ਾ ਹੋਇਆ ਹੈ।

'ਆਪ' ਆਗੂਆਂ ਨੇ ਭਾਰਤੀ ਜਨਤਾ ਪਾਰਟੀ ਨੇ ਘੇਰਦਿਆਂ ਕਿਹਾ ਕਿ ਕੇਂਦਰ ਸਰਕਾਰ ਨੂੰ ਚੋਣਾਂ ਮੌਕੇ ਹੀ ਆਮ ਭਾਰਤੀਆਂ ਨੂੰ ਦਰਪੇਸ਼ ਦੁੱਖ ਤਕਲੀਫ਼ਾਂ ਦੀ ਫ਼ਿਕਰ ਹੁੰਦੀ ਹੈ ਤੇ ਮਗਰੋਂ ਉਨ੍ਹਾਂ ਨੂੰ ਆਪਣੇ ਹਾਲ ਉੱਤੇ ਛੱਡ ਦਿੱਤਾ ਜਾਂਦਾ ਹੈ।

ਉਨ੍ਹਾਂ ਕਿਹਾ ਕਿ ਇਰਾਨ ਜੰਗ ਲੱਗੇ ਨੂੰ ਤਿੰਨ ਮਹੀਨੇ ਹੋ ਚੁੱਕੇ ਹਨ ਅਤੇ ਸਰਕਾਰ ਨੂੰ ਵਿੱਤੀ ਬੋਝ ਆਮ ਲੋਕਾਂ ਉੱਤੇ ਪਾਉਣ ਦੀ ਥਾਂ ਉਨ੍ਹਾਂ ਨੂੰ ਬਚਾਉਣ ਲਈ ਕੋਈ ਠੋਸ ਯੋਜਨਾ ਤਿਆਰ ਕਰਨੀ ਚਾਹੀਦੀ ਸੀ ਜਦਕਿ ਕਿ ਸਿਲੰਡਰਾਂ ਦੀ ਕੀਮਤ ਵਿੱਚ ਭਾਰੀ ਇਜਾਫਾ ਕਰਕੇ ਲੋਕਾਂ ਦੀ ਹੋਰ ਕਮਰ ਤੋੜ ਦਿੱਤੀ ਹੈ।

ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ ਜਦੋਂ ਭਾਜਪਾ ਸੱਤਾ ਵਿੱਚ ਨਹੀਂ ਸੀ ਤਾਂ ਇਹਨਾਂ ਦੇ ਆਗੂ ਸਿਲੰਡਰ ਵਿੱਚ 10 ਰੁਪਏ ਦਾ ਵਾਧਾ ਹੋਣ 'ਤੇ ਵੀ ਸੜਕਾਂ 'ਤੇ ਆ ਜਾਂਦੇ ਸਨ, ਜਿਹੜੇ ਕਿ ਹੁਣ ਕੁੰਭਕਰਨੀ ਨੀਂਦ ਸੌਂ ਗਏ ਹਨ।

ਇਸ ਮੌਕੇ ਜ਼ੋਰਦਾਰ ਮੰਗ ਕੀਤੀ ਗਈ ਕਿ ਇਹਨਾਂ ਵਧੀਆਂ ਕੀਮਤਾਂ ਨੂੰ ਵਾਪਿਸ ਲਿਆ ਜਾਵੇ।

ਇਸ ਮੌਕੇ ਰਾਮ ਕੁਮਾਰ ਟਰੇਡ ਕਮਿਸ਼ਨ ਹਲਕਾ ਸੁਨਾਮ, ਸਮੇਤ ਵੱਖ ਵੱਖ ਅਹੁਦੇਦਾਰ ਅਤੇ ਵੱਡੀ ਗਿਣਤੀ ਵਲੰਟੀਅਰ ਹਾਜ਼ਰ ਸਨ।

## ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਭਾਈ ਵੀਰ ਸਿੰਘ ਬਿਰਧ ਘਰ ਵਿਖੇ ਲਗਾਇਆ ਵਿਸ਼ੇਸ਼ ਸੈਮੀਨਾਰ



**ਤਰਨਤਾਰਨ, 4 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਚੀਫ਼ ਜੁਡੀਸ਼ੀਅਲ ਮੈਜਿਸਟਰੇਟ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨ ਤਾਰਨ ਮਿਸ ਕਿਰਨ ਜੋਤੀ ਵੱਲੋਂ ਭਾਈ ਵੀਰ ਸਿੰਘ ਬਿਰਧ ਘਰ, ਤਰਨ ਤਾਰਨ ਵਿਖੇ ਵਿਸ਼ੇਸ਼ ਸੈਮੀਨਾਰ ਲਗਾਇਆ ਗਿਆ। ਇਸ ਦੌਰਾਨ ਉਨ੍ਹਾਂ ਬਿਰਧ ਘਰ ਵਿੱਚ ਰਹਿ ਰਹੇ ਬਜ਼ੁਰਗਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ। ਉਨ੍ਹਾਂ ਕਿਹਾ ਕਿ ਬਜ਼ੁਰਗਾਂ ਦੀ ਕਿਸੇ ਵੀ ਤਰ੍ਹਾਂ ਦੀ ਜ਼ਰੂਰਤ ਲਈ ਹਰ ਸੰਭਵ ਮੱਦਦ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਕਾਨੂੰਨੀ ਸਹਾਇਤਾ ਮੁਹੱਈਆ ਕਰਵਾਈ ਜਾਂਦੀ ਹੈ। ਉਨ੍ਹਾਂ ਬਜ਼ੁਰਗਾਂ ਨੂੰ ਕਿਹਾ ਕਿ ਉਨ੍ਹਾਂ ਨੂੰ ਜਦੋਂ ਵੀ ਕਾਨੂੰਨੀ ਸਹਾਇਤਾ ਦੀ ਲੋੜ ਹੋਵੇ, ਉਹ ਕਿਸੇ ਵੀ ਕੰਮਕਾਜ਼ ਵਾਲੇ ਦਿਨ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨ ਤਾਰਨ ਦਫ਼ਤਰ ਨਾਲ ਤਾਲਮੇਲ ਕਰ ਸਕਦੇ ਹਨ। ਇਸ ਤੋਂ ਇਲਾਵਾਂ ਉਨ੍ਹਾਂ ਨੇ ਦੱਸਿਆ ਕਿ ਮਿਤੀ 09.05.2026 ਨੂੰ ਨੈਸ਼ਨਲ ਲੋਕ ਅਦਾਲਤ ਲੱਗ ਰਹੀ ਹੈ। ਉਨ੍ਹਾਂ ਦੱਸਿਆ ਕਿ ਨੈਸ਼ਨਲ ਲੋਕ ਅਦਾਲਤ ਦੇ ਬਹੁਤ ਸਾਰੇ ਲਾਭ ਹਨ, ਜਿਵੇਂ ਕਿ ਇਸਦੇ ਫ਼ੈਸਲੇ ਨਾਲ ਧਨ ਅਤੇ ਸਮੇਂ ਦੀ ਬੱਚਤ ਹੁੰਦੀ ਹੈ, ਇਸਦੇ ਫ਼ੈਸਲੇ ਦੇ ਖ਼ਿਲਾਫ਼ ਕੋਈ ਅਪੀਲ ਨਹੀਂ ਹੁੰਦੀ, ਇਸਦੇ ਫ਼ੈਸਲੇ ਨੂੰ ਦੀਵਾਨੀ ਅਦਾਲਤ ਦੀ ਡਿਕਰੀ ਦੀ ਮਾਨਤਾ ਪ੍ਰਾਪਤ ਹੈ, ਲੋਕ ਅਦਾਲਤ ਵਿੱਚ ਫ਼ੈਸਲਾ ਹੋਣ ਨਾਲ ਧਿਰਾਂ ਵਿੱਚ ਦੁਸ਼ਮਣੀ ਘਟਦੀ ਹੈ ਅਤੇ ਧਿਰਾਂ ਵਿੱਚ ਭਾਈਚਾਰਾ ਵੱਧਦਾ ਹੈ, ਲੋਕ ਅਦਾਲਤ ਵਿੱਚ ਫ਼ੈਸਲੇ ਹੋਣ ਉਪਰੰਤ ਕੇਸ ਵਿੱਚ ਲੱਗੀ ਸਾਰੀ ਕੋਰਟ ਫੀਸ ਵਾਪਸ ਮਿਲ ਜਾਂਦੀ ਹੈ। ਇਸ ਤੋਂ ਇਲਾਵਾਂ ਕੋਰਟ ਕੰਪਲੈਕਸ ਤਰਨ ਤਾਰਨ, ਸਬ ਡਵੀਜ਼ਨ ਪੱਟੀ ਅਤੇ ਸਬ ਡਵੀਜ਼ਨ ਖਡੂਰ ਸਾਹਿਬ ਵਿਖੇ ਮੀਡੀਏਸ਼ਨ ਸੈਂਟਰ ਬਣਾਏ ਗਏ ਹਨ, ਜਿਥੇ ਧਿਰਾਂ ਦੇ ਝਗੜੇ ਦਾ ਸਮਝੌਤਾ ਆਪਸੀ ਰਜ਼ਾਮੰਦੀ ਨਾਲ ਕਰਵਾਇਆ ਜਾਂਦਾ ਹੈ। ਇਸੇ ਤਰ੍ਹਾਂ ਜ਼ਿਲ੍ਹਾ ਕਚਹਿਰੀਆਂ ਤਰਨ ਤਾਰਨ ਵਿਖੇ ਪਰਮਾਨੈਂਟ ਲੋਕ ਅਦਾਲਤ ਸਥਾਪਿਤ ਕੀਤੀ ਗਈ ਹੈ, ਜਿਸ ਵਿੱਚ ਧਿਰਾਂ ਦਾ ਆਪਸੀ ਰਜ਼ਾਮੰਦੀ ਨਾਲ ਫ਼ੈਸਲਾ ਕਰਵਾਇਆ ਜਾਂਦਾ ਹੈ, ਜਿਸ ਨਾਲ ਸਮੇ ਦੀ ਬਹੁਤ ਬੱਚਤ ਹੁੰਦੀ ਹੈ। ਇਸ ਮੌਕੇ ਭਾਈ ਵੀਰ ਬਿਰਧ ਘਰ ਤਰਨ ਤਾਰਨ ਦੀ ਪ੍ਰਬੰਧਕ ਕਮੇਟੀ ਵੀ ਮਜੂਦ ਰਹੀ।

## ਸੰਤ ਬਲਬੀਰ ਸਿੰਘ ਸੀਚੇਵਾਲ ਨੇ ਭੰਗਾਲਾ ਦੇ ਸਰਕਾਰੀ ਮਿਡਲ ਸਕੂਲ ਦੇ ਮੁੱਖ ਅਧਿਆਪਕ ਦੀ ਸੇਵਾ ਮੁਕਤੀ ਸਮਾਗਮ ਵਿੱਚ ਕੀਤੀ ਸ਼ਿਰਕਤ



**ਅਬੋਹਰ, 4 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਜ ਸਭਾ ਮੈਂਬਰ ਤੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਭੰਗਾਲਾ ਦੇ ਸਰਕਾਰੀ ਮਿਡਲ ਸਕੂਲ ਦੇ ਮੁੱਖ ਅਧਿਆਪਕ ਦਲੀਪ ਭਾਬੂੰ ਦੀ ਸੇਵਾ ਮੁਕਤੀ ਸਮਾਗਮ ਨੂੰ ਸੰਬੋਧਨ ਕਰਦਿਆ ਕਿਹਾ ਕਿ ਨਿੱਗਰ ਤੇ ਨਿਰੋਏ ਸਮਾਜ ਦੀ ਸਿਰਜਣਾ ਵਿਚ ਸਭ ਤੋਂ ਵੱਡਾ ਹੱਥ ਅਧਿਆਪਕ ਵਰਗ ਦਾ ਹੁੰਦਾ ਹੈ ।ਸਮਾਜ ਨੂੰ ਨਵੀਂ ਦਿਸ਼ਾ ਦੇ ਕੇ ਬੁਲੰਦੀਆਂ 'ਤੇ ਪਹੁੰਚਾਉਣ ਦੀ ਪ੍ਰਮੁੱਖ ਜੁੰਮੇਵਾਰੀ ਵੀ ਅਧਿਆਪਕ ਦੇ ਮੋਢਿਆਂ 'ਤੇ ਹੀ ਹੁੰਦੀ ਹੈ।

ਸੰਤ ਸੀਚੇਵਾਲ ਨੇ ਦੱਸਿਆ ਕਿ ਅਧਿਆਪਕ ਦਲੀਪ ਦੀ ਰੁਚੀ ਵਾਤਾਵਰਣ ਨੂੰ ਸਾਫ਼ ਸੁਥਰਾ ਰੱਖਣ ਵੱਲ ਰਹੀ ਹੈ ਉਹ ਅਕਸਰ ਹੀ ਬਾਬੇ ਨਾਨਕ ਦੀ ਵੇਈਂ ਦੇ ਦਰਸ਼ਨਾਂ ਲਈ ਸੁਲਤਾਨਪੁਰ ਲੋਧੀ ਵੀ ਆਉਂਦੇ ਰਹੇ ਸਨ ਅਤੇ ਸਕੂਲ ਦੇ ਬੱਚਿਆਂ ਨੂੰ ਨਾਲ ਲਿਆਉਂਦੇ ਸਨ ਤਾਂ ਜੋ ਬੱਚਿਆਂ ਦੇ ਮਨ ਵਿੱਚ ਹਵਾ,ਪਾਣੀ ਤੇ ਧਰਤੀ ਨੂੰ ਸਾਫ਼ ਸੁਥਰਾ ਰੱਖਣ ਦੀ ਜਗਿਆਸਾ ਪੈਦਾ ਹੋਵੇ।

ਸੰਤ ਸੀਚੇਵਾਲ ਨੇ ਕਿਹਾ ਕਿ ਸਕੂਲਾਂ ਨੂੰ ਵੀ ਧਾਰਮਿਕ ਅਸਥਾਨਾਂ ਵਾਂਗ ਸਾਫ਼ ਸੁਥਰਾ ਰੱਖਣ ਦੀ ਸਖ਼ਤ ਲੋੜ ਹੈ ਉਨ੍ਹਾਂ ਕਿਹਾ ਕਿ ਸਕੂਲ,ਅਧਿਆਪਕ ਅਤੇ ਮਾਪੇ ਇੰਨ੍ਹਾਂ ਤਿੰਨਾਂ ਦੇ ਬੇਤਹਰ ਤਾਲਮੇਲ ਨਾਲ ਹੀ ਬੱਚੇ ਦੇ ਭਵਿੱਖ ਦਾ ਨਕਸ਼ਾ ਖਿੱਚਿਆ ਜਾਂਦਾ ਹੈ।

ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਅਬੋਹਰ ਇਲਾਕੇ ਦਾ ਜ਼ਿਕਰ ਕਰਦਿਆ ਕਿਹਾ ਕਿ ਇਸ ਖਿਤੇ ਵਿੱਚ ਜਿਹੜਾ ਨਹਿਰੀ ਪਾਣੀ ਆਉਂਦਾ ਹੈ ਉਸ ਵਿੱਚ ਲੁਧਿਆਣੇ ਦਾ ਬੁੱਢਾ ਦਰਿਆ,ਚਿੱਟੀ ਵੇਈ ਅਤੇ ਜਲੰਧਰ ਦੀ ਕਾਲਾ ਸੰਘਿਆ ਅਤੇ ਜਮਸ਼ੇਰ ਡਰੇਨ ਦਾ ਗੰਦਾ ਤੇ ਜ਼ਹਿਰੀਲਾ ਪਾਣੀ ਰਲਿਆ ਹੁੰਦਾ ਹੈ ਹੁਣ ਜਦੋਂ ਬੁੱਢੇ ਦਰਿਆ ਵਿੱਚ 79 ਡੇਅਰੀਆਂ ਦਾ ਗੰਦਾ ਪਾਣੀ ਬੁੱਢੇ ਦਰਿਆ ਵਿੱਚ ਪੈਣ ਤੋਂ ਰੋਕਿਆ ਗਿਆ ਹੈ ਤਾਂ ਪਾਣੀ ਦੀ ਗੁਣਵੱਤਾ ਵਿੱਚ ਵੱਡਾ ਸੁਧਾਰ ਦੇਖਣ ਨੂੰ ਮਿਲ ਰਿਹਾ ਹੈ ।ਉਨ੍ਹਾਂ ਦੱਸਿਆ ਕਿ ਬੁੱਢੇ ਦਰਿਆ ਵਿੱਚ 650 ਟਨ ਗੋਹਾ ਰੋਜ਼ਾਨਾ ਪੈ ਰਿਹਾ ਸੀ ।ਹੁਣ ਉਸ ਦਾ ਪ੍ਰਬੰਧ ਕੀਤਾ ਗਿਆ ਹੈ ਤੇ ਹੁਣ 80 ਟਨ ਗੋਹਾ ਰੋਜ਼ਾਨਾ ਡਿੱਗ ਰਿਹਾ ਹੈ ਜਿਸ ਨੂੰ ਰੋਕਣ ਦੇ ਪ੍ਰਬੰਧ ਕੀਤੇ ਜਾ ਰਹੇ ਹਨ।

ਸੰਤ ਸੀਚੇਵਾਲ ਨੇ ਕਿਹਾ ਕਿ ਜਦੋਂ ਵਾਤਾਵਰਣ ਅਤੇ ਪੰਜਾਬ ਦੇ ਨਦੀਆਂ ਦਰਿਆਵਾਂ ਨਾਲ ਦਲੀਪ ਵਰਗੇ ਟੀਚਰ ਜੁੜਨਗੇ ਤਾਂ ਸਕੂਲਾਂ ਦੇ ਬੱਚੇ ਵੀ ਇਸ ਵਿੱਚ ਬਣਦਾ ਹਿੱਸਾ ਪਾਉਣਗੇ ।ਉਨ੍ਹਾਂ ਸੇਵਾ ਮੁਕਤ ਹੋਏ ਦਲੀਪ ਭਾਬੂੰ ਦੀ ਅਗਲੀ ਪਾਰੀ ਲਈ ਸ਼ੁਭਕਾਮਨਾਵਾਂ ਦਿੱਤੀਆਂ ।ਇਸ ਮੌਕੇ ਸੰਤ ਬਲਬੀਰ ਸਿੰਘ ਸੀਚੇਵਾਲ ਅਤੇ ਅਧਿਆਪਕ ਜੱਥੇਬੰਦੀਆਂ ਦੇ ਆਗੂਆਂ ਦਾ ਸਨਮਾਨ ਵੀ ਕੀਤਾ ਗਿਆ।

## 'ਆਪ' ਦੀ ਟਰੇਡ ਵਿੰਗ ਵਲੋਂ ਗੈਸ ਸਿਲੰਡਰਾਂ ਦੀਆਂ ਕੀਮਤਾਂ 'ਚ ਵਾਧੇ ਵਿੱਚ ਫਾਇਰ ਬ੍ਰਿਗੇਡ ਵਿਖੇ ਰੋਸ਼ ਪ੍ਰਦਰਸ਼ਨ

**ਬਠਿੰਡਾ,4 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਆਮ ਆਦਮੀ ਪਾਰਟੀ ਦੀ ਟਰੇਡ ਵਿੰਗ ਵਲੋਂ ਅੱਜ ਬਠਿੰਡਾ ਦੇ ਫਾਇਰ ਬ੍ਰਿਗੇਡ ਚੌਂਕ ਮੋਦੀ ਸਰਕਾਰ ਵੱਲੋਂ ਗੈਸ ਸਿਲੰਡਰਾਂ ਦੀਆਂ ਕੀਮਤਾਂ ਵਿੱਚ ਕੀਤੇ ਬੇਹਿਸਾਬ ਵਾਧੇ ਦੇ ਵਿਰੋਧ ਵਿੱਚ ਧਰਨਾ ਪ੍ਰਦਰਸ਼ਨ ਕਰਦਿਆਂ ਭਾਜਪਾ 'ਤੇ ਤਿੱਖੇ ਨਿਸ਼ਾਨੇ ਸਾਧੇ ਗਏ।

ਇਸ ਮੌਕੇ ਟਰੇਡ ਵਿੰਗ ਦੇ ਚੇਅਰਮੈਨ ਸ੍ਰੀ ਅਨੀਲ ਠਾਕੁਰ ਜੀ, ਸਟੇਟ ਸੈਕਟਰੀ ਡਾ. ਤਰਸੇਮ ਗਰਗ ਜੀ, ਮਿਡੀਅਮ ਇੰਡਸਟਰੀ ਤੋਂ ਚੇਅਰਮੈਨ ਸ੍ਰੀ ਨੀਲ ਗਰਗ ਜੀ, ਲੋਕ ਸਭਾ ਇੰਚਾਰਜ ਸ੍ਰੀ ਨਵਦੀਪ ਸਿੰਘ ਜੀੜਾ ਜੀ, ਚੇਅਰਮੈਨ ਸ੍ਰੀ ਰਾਕੇਸ਼ ਪੁਰੀ ਜੀ, ਚੇਅਰਮੈਨ ਸ੍ਰੀ ਗੁਰਜੰਟ ਸਿੱਬੀਆ ਜੀ, ਬਠਿੰਡਾ ਅਰਬਨ ਤੋਂ ਸ੍ਰੀ ਰਾਕੇਸ਼ ਗੁਪਤਾ ਜੀ, ਬਠਿੰਡਾ ਦੇਹਾਤੀ ਤੋਂ ਸ੍ਰੀ ਨਰੇਸ਼ ਗੋਇਲ ਜੀ, ਬੁੱਚੋ ਮੰਡੀ ਤੋਂ ਸ੍ਰੀ ਦਰਸ਼ਨ ਕੁਮਾਰ ਜੀ, ਰਾਮਪੁਰਾ ਫੂਲ ਤੋਂ ਸ੍ਰੀ ਵਿਕਰਮਜੀਤ ਸਿੰਘਲਾ ਜੀ, ਮੌੜ ਮੰਡੀ ਤੋਂ ਸ੍ਰੀ ਰੋਹਿਤ ਜੀ ਅਤੇ ਸ੍ਰੀ ਹਰਮੰਦਰ




ਸਿੰਘ ਜੀ ਅਤੇ ਚੇਅਰਮੈਨ ਸੁਰਿੰਦਰ ਬਿੱਟੂ ਜੀ ਹਾਜ਼ਰ ਰਹੇ। ਦੇ ਨਾਲ ਨਾਲ ਹੋਰ ਸਾਰੇ ਵਿੰਗਾਂ ਦੇ ਪ੍ਰਧਾਨ ਅਤੇ ਵਲੰਟੀਅਰ ਵੀ ਮੌਜੂਦ ਰਹੇ।

ਉਨ੍ਹਾਂ ਇੱਕ ਸੁਰ ਵਿੱਚ ਕਿਹਾ ਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਆਮ ਆਦਮੀ ਲਈ ਲਾਚਾਰ ਅਤੇ ਰਸੋਈ ਲਈ ਗੁਨਾਹਗਾਰ ਸਿੱਧ ਹੋਈ ਹੈ।

ਕਾਬਿਲੇਗੌਰ ਹੈ ਕਿ ਵਪਾਰਕ ਐੱਲ ਪੀ ਜੀ ਸਿਲੰਡਰ ਹੁਣ 993 ਰੁਪਏ ਮਹਿੰਗਾ ਹੋ ਗਿਆ ਹੈ। ਪੱਛਮੀ ਏਸ਼ੀਆ ਸੰਕਟ ਕਰ ਕੇ ਆਲਮੀ ਪੱਧਰ ਉੱਤੇ ਊਰਜਾ ਕੀਮਤਾਂ ਵਿੱਚ ਉਛਾਲ ਨਾਲ ਇਹ ਹੁਣ ਤੱਕ ਦਾ ਸਭ ਤੋਂ ਵੱਡਾ ਤੇ ਲਗਾਤਾਰ ਤੀਜਾ ਮਾਸਿਕ ਵਾਧਾ ਹੈ। 19 ਕਿਲੋ ਵਜ਼ਨੀ ਵਪਾਰਕ ਐੱਲ ਪੀ ਜੀ ਸਿਲੰਡਰ ਆਮ ਕਰ ਕੇ ਹੋਟਲਾਂ ਤੇ ਰੈਸਟੋਰੈਂਟਾਂ 'ਚ ਵਰਤਿਆ ਜਾਂਦਾ ਹੈ।

ਇਸ ਤੋਂ ਪਹਿਲਾਂ ਕੀਮਤਾਂ ਵਿੱਚ ਪਹਿਲੀ ਅਪਰੈਲ ਨੂੰ 195.50 ਰੁਪਏ ਪ੍ਰਤੀ ਸਿਲੰਡਰ ਤੇ ਪਹਿਲੀ ਮਾਰਚ ਨੂੰ 114.5 ਰੁਪਏ ਪ੍ਰਤੀ ਸਿਲੰਡਰ ਦਾ ਵਾਧਾ ਹੋਇਆ ਸੀ। ਇਨ੍ਹਾਂ ਤਿੰਨ ਵਾਧਿਆਂ ਨਾਲ ਕੁੱਲ ਮਿਲਾ ਕੇ ਕਮਰਸ਼ੀਅਲ ਐੱਲ ਪੀ ਜੀ ਦੀਆਂ ਦਰਾਂ 'ਚ 1303 ਰੁਪਏ ਦਾ ਇਜ਼ਾਫ਼ਾ ਹੋਇਆ ਹੈ। ਉਂਜ ਘਰੇਲੂ ਰਸੋਈ ਗੈਸ ਸਿਲੰਡਰ ਦੀਆਂ ਕੀਮਤਾਂ ਵਿੱਚ ਕੋਈ ਫੇਰਬਦਲ ਨਹੀਂ ਕੀਤਾ ਗਿਆ। ਸੱਤ ਮਾਰਚ ਨੂੰ 14.2 ਕਿਲੋ ਵਜ਼ਨੀ ਸਿਲੰਡਰ ਦੀਆਂ ਦਰਾਂ 'ਚ 60 ਰੁਪਏ ਦਾ ਵਾਧਾ ਹੋਇਆ ਸੀ। ਦਿੱਲੀ ਵਿੱਚ ਘਰੇਲੂ ਐੱਲ ਪੀ ਜੀ ਸਿਲੰਡਰ 913 ਰੁਪਏ ਨੂੰ ਪੈਂਦਾ ਹੈ। ਸਰਕਾਰੀ ਮਾਲਕੀ ਵਾਲੀਆਂ ਤੇਲ ਕੰਪਨੀਆਂ ਇੰਡੀਅਨ ਆਇਲ ਕਾਰਪੋਰੇਸ਼ਨ (ਆਈ ਓ ਸੀ), ਭਾਰਤ ਪੈਟਰੋਲੀਅਮ ਤੇ ਹਿੰਦੁਸਤਾਨ ਪੈਟਰੋਲੀਅਮ ਹਰੇਕ ਮਹੀਨੇ ਦੀ ਪਹਿਲੀ ਤਰੀਕ ਨੂੰ ਕੌਮਾਂਤਰੀ ਬੈਂਚਮਾਰਕ ਤੇ ਐਕਸਚੇਂਜ ਦਰਾਂ ਦੇ ਆਧਾਰ ਉੱਤੇ ਏ ਟੀ ਐੱਫ ਤੇ ਐੱਲ ਪੀ ਜੀ ਕੀਮਤਾਂ 'ਤੇ ਨਜ਼ਰਸਾਨੀ ਕਰਦੀਆਂ ਹਨ। ਪੱਛਮੀ ਏਸ਼ੀਆ ਜੰਗ ਕਰ ਕੇ ਊਰਜਾ ਸਪਲਾਈ ਚੇਨਾਂ ਵਿੱਚ ਅੜਿੱਕੇ ਆਉਣ ਕਾਰਨ ਆਲਮੀ ਪੱਧਰ 'ਤੇ ਤੇਲ ਕੀਮਤਾਂ ਕਰੀਬ 50 ਫ਼ੀਸਦ ਸ਼ੂਟ ਵਟ ਗਈਆਂ ਹਨ।

## ਸੰਪਾਦਕੀ

# ਵਪਾਰਕ ਗੈਸ ਸਿਲੰਡਰ ਦੀ ਕੀਮਤ 'ਚ ਅਥਾਹ ਵਾਧਾ

ਵਪਾਰਕ ਐੱਲ ਪੀ ਜੀ ਸਿਲੰਡਰ ਦੀ ਕੀਮਤ ਵਿੱਚ 993 ਰੁਪਏ ਦਾ ਭਾਰੀ ਵਾਧਾ ਹੋਣ ਨਾਲ 19 ਕਿਲੋ ਵਾਲੇ ਇਸ ਸਿਲੰਡਰ ਦੀ ਕੀਮਤ 3000 ਰੁਪਏ ਤੋਂ ਟੱਪ ਗਈ ਹੈ। ਭਾਅ ਵਧਾਉਣ ਦਾ ਸਮਾਂ ਅਤੇ ਇਸ ਵਾਧੇ ਨਾਲ ਪੈਣ ਵਾਲੇ ਵਿਆਪਕ ਪ੍ਰਭਾਵ ਦੋਵੇਂ ਹੈਰਾਨ ਕਰਨ ਵਾਲੇ ਹਨ ਕਿਉਂਕਿ ਚਾਰ ਸੂਬਿਆਂ ਵਿੱਚ ਵਿਧਾਨ ਸਭਾ ਚੋਣਾਂ ਦਾ ਅਮਲ ਸਿਰੇ ਚੜ੍ਹਨ ਤੋਂ ਮਹਿਜ਼ ਕੁਝ ਦਿਨਾਂ ਬਾਅਦ ਲਏ ਇਸ ਫ਼ੈਸਲੇ ਦੀ ਘੋਖ ਹੋਣੀ ਬਣਦੀ ਹੈ। ਹਾਲਾਂਕਿ ਗੈਸ ਕੀਮਤਾਂ ਵਿੱਚ ਵਾਧਾ ਕਰਨ ਵਰਗੇ ਫ਼ੈਸਲੇ ਆਲਮੀ ਦਬਾਅ ਤੋਂ ਪ੍ਰਭਾਵਿਤ ਹੁੰਦੇ ਹਨ ਪਰ ਇਸ ਨੂੰ ਘਰੇਲੂ ਚੋਣਾਂ ਵਿੱਚ ਨਫ਼ਾ-ਨੁਕਸਾਨ ਹੋਣ ਦੇ ਪੱਖ ਤੋਂ ਵੀ ਦੇਖਿਆ ਜਾਣਾ ਚਾਹੀਦਾ ਹੈ। ਇਹ ਵਾਧਾ ਨਾ ਤਾਂ ਅਚਾਨਕ ਕੀਤਾ ਗਿਆ ਹੈ ਅਤੇ ਨਾ ਹੀ ਅਣਕਿਆਸਿਆ ਹੈ ਕਿਉਂਕਿ ਪੱਛਮੀ ਏਸ਼ੀਆ ਵਿੱਚ ਵਧਦੇ ਤਣਾਅ ਕਾਰਨ ਪਿਛਲੇ ਕੁਝ ਹਫ਼ਤਿਆਂ ਵਿੱਚ ਕੱਚੇ ਤੇਲ ਦੀਆਂ ਕੀਮਤਾਂ ਛੜੱਪੇ ਮਾਰ ਕੇ ਵਧੀਆਂ ਹਨ ਅਤੇ ਇਹ ਕੀਮਤਾਂ ਹੁਣ 100 ਡਾਲਰ ਪ੍ਰਤੀ ਬੈਰਲ ਨੂੰ ਪਾਰ ਕਰ ਚੁੱਕੀਆਂ ਹਨ। ਸਪਲਾਈ ਵਿੱਚ ਬੇਯਕੀਨੀ ਅਤੇ ਬਾਜ਼ਾਰ ਵਿੱਚ ਅਸਥਿਰਤਾ ਕਾਰਨ ਕੀਮਤਾਂ ਨੂੰ ਤਰਕਸੰਗਤ ਕਰਨਾ ਲਗਪਗ ਤੈਅ ਸੀ। ਇਸ ਲਿਹਾਜ਼ ਨਾਲ ਗੈਸ ਸਿਲੰਡਰ ਦੀਆਂ ਕੀਮਤਾਂ ਵਿੱਚ ਵਾਧਾ ਹੋਣ ਦੀ ਪੂਰੀ ਸੰਭਾਵਨਾ ਸੀ ਪਰ ਇਸ ਫ਼ੈਸਲੇ ਦਾ ਸਮਾਂ ਕਈ ਸਵਾਲ ਖੜ੍ਹੇ ਕਰਦਾ ਹੈ। ਅਜਿਹੇ ਵਿੱਚ ਸਮੇਂ ਅਤੇ ਵਪਾਰਕ ਸਿਲੰਡਰ 'ਚ ਵਾਧੇ ਦੀ ਚੋਣ ਆਪਣੇ-ਆਪ ਬਹੁਤ ਕੁਝ ਬਿਆਨਦੀ ਹੈ। ਦੂਜੇ ਪਾਸੇ, ਘਰੇਲੂ ਗੈਸ ਸਿਲੰਡਰ ਦੀਆਂ ਕੀਮਤਾਂ ਵਿੱਚ ਕੋਈ ਵਾਧਾ ਨਹੀਂ ਕੀਤਾ ਗਿਆ ਜਿਸ ਕਾਰਨ ਆਮ ਲੋਕਾਂ 'ਤੇ ਕੋਈ ਬੋਝ ਨਹੀਂ ਪਿਆ। ਹਾਲਾਂਕਿ ਵਪਾਰਕ ਗੈਸ ਸਿਲੰਡਰ ਦੇ ਵਰਤੋਂਕਾਰਾਂ ਨੂੰ ਇਹ ਵਾਧਾ ਪ੍ਰਭਾਵਿਤ ਕਰੇਗਾ। ਇਸ ਵਾਧੇ ਤੋਂ ਸਿੱਧੇ ਤੌਰ 'ਤੇ ਵੋਟਰਾਂ ਨੂੰ ਬਖ਼ਸ਼ ਦਿੱਤਾ ਹੈ ਪਰ ਰੈਸਤਰਾਂ, ਢਾਬੇ ਅਤੇ ਖਾਣ-ਪੀਣ ਦੇ ਨਿੱਕੇ-ਮੋਟੇ ਕਾਰੋਬਾਰ ਕਰਨ ਵਾਲਿਆਂ ਨੂੰ ਝੰਬ ਦਿੱਤਾ ਹੈ। ਹੁਣ ਉਨ੍ਹਾਂ ਕੋਲ ਦੋ ਰਾਹ ਹਨ: ਪਹਿਲਾ, ਜਾਂ ਤਾਂ ਉਹ ਇਹ ਖਰਚਾ ਝੱਲ ਲੈਣ ਜਾਂ ਫਿਰ ਇਸ ਦੀ ਵਸੂਲੀ ਲਈ ਵਸਤਾਂ ਦੇ ਭਾਅ ਵਧਾ ਦੇਣ। ਖ਼ੈਰ, ਇਸ ਵਾਧੇ ਦਾ ਅਸਰ ਫੌਰੀ ਹੋਣ ਦੀ ਬਜਾਏ ਹੌਲੀ-ਹੌਲੀ ਖਾਧ ਪਦਾਰਥਾਂ ਦੀਆਂ ਕੀਮਤਾਂ ਦੇ ਵਾਧੇ ਦੇ ਰੂਪ ਵਿੱਚ ਸਾਹਮਣੇ ਆਵੇਗਾ। ਫ਼ਿਲਹਾਲ, ਆਮ ਲੋਕਾਂ ਨੂੰ ਰਾਹਤ ਮਿਲ ਗਈ ਹੈ ਪਰ ਇਹ ਰਾਹਤ ਜ਼ਿਆਦਾ ਸਮਾਂ ਚੱਲਣ ਦੀ ਸੰਭਾਵਨਾ ਨਹੀਂ ਹੈ। ਜੇਕਰ ਵਿਸ਼ਵ ਵਿੱਚ ਕੱਚੇ ਤੇਲ ਦੀਆਂ ਕੀਮਤਾਂ ਉੱਚੀਆਂ ਰਹਿੰਦੀਆਂ ਹਨ ਤਾਂ ਘਰੇਲੂ ਐੱਲ ਪੀ ਜੀ ਅਤੇ ਪੀ ਐੱਨ ਜੀ (ਪਾਈਪਡ ਨੈਚੁਰਲ ਗੈਸ) ਦੀਆਂ ਦਰਾਂ ਦੀ ਸਮੀਖਿਆ ਲਈ ਨਿਸ਼ਚਿਤ ਤੌਰ 'ਤੇ ਦਬਾਅ ਵਧ ਸਕਦਾ ਹੈ। ਜੇਕਰ ਇਹ ਵਾਧਾ ਹੁੰਦਾ ਹੈ ਤਾਂ ਇਹ ਪੜਾਅਵਾਰ ਅਤੇ ਨਪਿਆ-ਤੁਲਿਆ ਹੋ ਸਕਦਾ ਹੈ ਪਰ ਇਸ ਬੋਝ ਤੋਂ ਬਚਿਆ ਨਹੀਂ ਜਾ ਸਕਦਾ।

ਜਦੋਂ ਚੋਣਾਂ ਤੋਂ ਫੌਰੀ ਬਾਅਦ ਕਿਆਸੇ ਆਰਥਿਕ ਸੁਧਾਰ ਲਾਗੂ ਹੁੰਦੇ ਹਨ ਤਾਂ ਇਹ ਪ੍ਰਭਾਵ ਜਾਂਦਾ ਹੈ ਕਿ ਇਹ ਫ਼ੈਸਲੇ ਬਾਜ਼ਾਰ ਦੇ ਤਰਕ ਦੇ ਨਾਲ-ਨਾਲ ਸਿਆਸੀ ਖੱਟੀ ਖੱਟਣ ਦੇ ਆਧਾਰ 'ਤੇ ਲਏ ਜਾ ਰਹੇ ਹਨ। ਹਾਲਾਂਕਿ ਮੌਜੂਦਾ ਸਮੇਂ ਭਾਰਤ ਦੀ ਊਰਜਾ ਖੇਤਰ ਵਿੱਚ ਕਮਜ਼ੋਰੀ ਕਿਸੇ ਤੋਂ ਲੁਕੀ ਨਹੀਂ ਹੈ ਅਤੇ ਅਜਿਹੇ ਵਿੱਚ ਸਮੇਂ-ਸਮੇਂ 'ਤੇ ਸੁਧਾਰਵਾਦੀ ਫ਼ੈਸਲੇ ਲੈਣੇ ਲਾਜ਼ਮੀ ਹੋ ਜਾਂਦੇ ਹਨ। ਪਰ ਜਦੋਂ ਫ਼ੈਸਲਿਆਂ ਦਾ ਸਮਾਂ ਸ਼ੱਕ ਦੇ ਘੇਰੇ ਵਿੱਚ ਆ ਜਾਵੇ ਤਾਂ ਭਰੋਸੇਯੋਗਤਾ ਦਾਅ 'ਤੇ ਲੱਗ ਜਾਂਦੀ ਹੈ।

# ਬਾਬਾ ਪੂਰਨ ਦਾਸ ਜੀ ਰੋੜੇਵਾਲ ਵਾਲਿਆਂ ਦੀ ਬਰਸੀ ਸਮਾਗਮ ਸਬੰਧੀ ਹਰਿਆਣਾ ਦੇ ਮੁੱਖ ਮੰਤਰੀ ਨੂੰ ਦਿੱਤਾ ਸੱਦਾ ਪੱਤਰ



**ਪਟਿਆਲਾ, 4 ਮਈ**
**ਅਮਰਜੀਤ ਸਿੰਘ**
**-ਕੌਮੀ ਪੱਤ੍ਰਿਕਾ ਬਿਊਰੋ-**

ਸੰਤ ਬਾਬਾ ਪੂਰਨ ਦਾਸ ਜੀ ਦੀ 60ਵੀਂ ਬਰਸੀ ਸਮਾਗਮ ਸਬੰਧੀ ਸੰਤ ਬਾਬਾ ਗੁਰਚਰਨ ਸਿੰਘ ਜੀ ਦੀ ਰਹਿਨੁਮਾਈ ਹੇਠ ਪਟਿਆਲਾ ਦਿਹਾਤੀ ਹਲਕੇ ਤੋ ਭਾਜਪਾ ਦੇ ਸੀਨੀਅਰ ਆਗੂ ਐਡਵੋਕੇਟ ਸਤਬੀਰ ਸਿੰਘ ਖੱਟੜਾ ਦੀ ਅਗਵਾਈ ਹੇਠ ਬਰਸੀ ਸਮਾਗਮ ਵਿੱਚ ਸਿਰਕਤ ਕਰਨ ਲਈ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨਾਲ ਅਹਿਮ ਮੁਲਾਕਾਤ ਕੀਤੀ ਗਈ ਜਿੱਥੇ ਉਹਨਾਂ ਨਾਲ ਪਿੰਡ ਰੋੜੇਵਾਲ ਦੇ ਸਰਪੰਚ ਬਲਵਿੰਦਰ ਸਿੰਘ ਕੰਗ ਤੇ ਸਿਉਣਾ ਦੇ ਸਾਬਕਾ ਸਰਪੰਚ ਅਮਰੀਕ ਸਿੰਘ ਵੀ ਮੌਜੂਦ ਰਹੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੂੰ ਮਿਲਣ ਸਮੇਂ ਧੰਨ ਧੰਨ ਬਾਬਾ ਪੂਰਨ ਦਾਸ ਜੀ ਦੀ 60ਵੀ ਬਰਸੀ ਸਮਾਗਮ ਸਬੰਧੀ ਪੋਸਟਰ ਵੀ ਰਿਲੀਜ਼ ਕੀਤਾ ਗਿਆ ਜਿੱਥੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਪ੍ਰਬੰਧਕਾਂ ਨੂੰ ਭਰੋਸਾ ਦਿਵਾਉਂਦੇ ਹੋਏ ਕਿਹਾ ਕਿ ਬਰਸੀ ਸਮਾਗਮ ਵਿੱਚ ਜਰੂਰ ਆਵਾਂਗਾ ਅਤੇ ਸੰਤਾਂ ਦੇ ਦਰਸ਼ਨ ਕਰਨ ਦੇ ਨਾਲ ਨਾਲ ਸੰਗਤਾਂ ਦੇ ਵੀ ਦਰਸ਼ਨ ਕਰਾਂਗਾ ਉਨ੍ਹਾਂ ਕਿਹਾ ਕਿ ਸੰਤ ਬਾਬਾ ਪੂਰਨ ਦਾਸ ਜੀ ਇੱਕ ਮਹਾਨ ਤਪਸਵੀ ਸੰਤ ਸਨ ਜਿਨਾਂ ਦੇ ਦਰਸਾਏ ਮਾਰਗ ਤੇ ਚੱਲਣ ਦੀ ਲੋੜ ਹੈ। ਜਿਨਾਂ ਦੀ ਬਦੌਲਤ ਸੰਤ ਬਾਬਾ ਬਲਵੰਤ ਸਿੰਘ ਸਿਹੋੜਾ ਸਾਹਿਬ ਵਾਲਿਆ ਦੀ ਅਪਾਰ ਕਿਰਪਾ ਸਦਕਾ ਹਰਿਆਣਾ ਵਿੱਚ ਵੀ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਨ ਦਾ ਵੱਡਾ ਉਪਰਾਲਾ ਕਰਦੇ ਸਨ

ਉਨ੍ਹਾਂ ਕਿਹਾ ਕਿ ਹਰਿਆਣਾ ਤੋਂ ਵੀ ਬਹੁਤ ਸਾਰੀ ਸੰਗਤ ਇਸ ਬਰਸੀ ਸਮਾਗਮ ਵਿੱਚ ਹਰ ਸਾਲ ਨਤਮਸਤਕ ਹੋਣ ਆਉਂਦੀ ਹੈ ਕਿਉਂਕਿ ਸੰਤ ਬਾਬਾ ਪੂਰਨ ਦਾਸ ਤੇ ਸੰਤ ਬਾਬਾ ਬਲਵੰਤ ਸਿੰਘ ਜੀ ਨੇ ਨੌਜਵਾਨੀ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਗਿਰਨ ਤੋਂ ਬਚਾਇਆ ਹੈ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਨਾਲ ਜੋੜਨ ਦਾ ਵੱਡਾ ਉਪਰਾਲਾ ਕੀਤਾ ਹੈ ਜਿਨਾਂ ਨੂੰ ਹਮੇਸ਼ਾ ਯਾਦ ਰੱਖਣਾ ਸਮੇਂ ਦੀ ਮੁੱਖ ਲੋੜ ਹੈ ਉਹਨਾਂ ਪ੍ਰਬੰਧਕਾਂ ਨੂੰ ਬਰਸੀ ਸਮਾਗਮ ਵਿੱਚ ਆਉਣ ਦਾ ਭਰੋਸਾ ਦਵਾਇਆ

ਇਸ ਮੌਕੇ ਐਡਵੋਕੇਟ ਖੱਟੜਾ ਨੇ ਕਿਹਾ ਕਿ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਬਰਸੀ ਸਮਾਗਮ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਨਤਮਸਤਕ ਹੋ ਕੇ ਸੰਗਤਾਂ ਦੇ ਦਰਸ਼ਨ ਕਰਨ ਲਈ ਵਿਸ਼ੇਸ਼ ਤੌਰ ਤੇ ਪੁੱਜਣਗੇ ਇਸ ਮੌਕੇ ਸਰਪੰਚ ਬਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਬਰਸੀ ਸਮਾਗਮ ਸਬੰਧੀ ਆਉਣ ਵਾਲੇ ਮੁੱਖ ਮਹਿਮਾਨਾਂ ਤੇ ਸੰਗਤ ਲਈ ਤਿਆਰੀਆਂ ਪੂਰੀ ਤਰ੍ਹਾਂ ਮੁਕੰਮਲ ਕਰ ਲਈਆਂ ਗਈਆਂ ਹਨ।

ਜਿੱਥੇ ਪਟਿਆਲਾ ਦੀ ਸਿਰਮੋਰ ਸਮਾਜ ਸੇਵੀ ਸੰਸਥਾ ਦੀ ਪਟਿਆਲਾ ਵੈਲਫੇਅਰ ਸੋਸਾਇਟੀ ਦੀ ਅਗਵਾਈ ਹੇਠ ਹਰ ਸਾਲ ਦੀ ਤਰ੍ਹਾਂ ਇਹ ਸਾਲ ਵੀ ਖ਼ੂਨਦਾਨ ਤੇ ਮੈਡੀਕਲ ਚੈੱਕਅਪ ਕੈਂਪ ਵੀ ਲਗਾਏ ਜਾਣਗੇ

# ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਵਿਸ਼ਾਲ ਮੋਟਰ ਸਾਈਕਲ ਰੋਸ ਮਾਰਚ ਤਿੰਨ ਮਈ ਨੂੰ: ਬੱਲ ਹੰਬੜਾਂ ਅਤੇ ਲਵਲੀ



**ਲੁਧਿਆਣਾ, 4 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸੰਸਦ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਤੋਂ ਐਨਐਸਏ ਹਟਾਏ ਜਾਣ ਦੇ ਬਾਵਜੂਦ ਹਾਲੇ ਵੀ ਉਹਨਾਂ ਨੂੰ ਡਿਬਰੂਗੜ੍ਹ ਦੀ ਜੇਲ੍ਹ ਵਿੱਚ ਬੰਦ ਰੱਖੇ ਜਾਣ ਖਿਲਾਫ ਰੋਸ ਜਾਹਿਰ ਕਰਦੇ ਹੋਏ, ਅਕਾਲੀ ਦਲ ÷ਵਾਰਿਸ ਪੰਜਾਬ ਦੇ* ਵੱਲੋਂ 4 ਮਈ (ਦਿਨ ਐਤਵਾਰ) ਨੂੰ ਇੱਕ ਵਿਸ਼ਾਲ ਮੋਟਰ ਸਾਈਕਲ ਰੋਸ ਮਾਰਚ ਦਾ ਆਯੋਜਨ ਕੀਤਾ ਜਾ ਰਿਹਾ ਹੈ। ਜਿਸ ਵਿੱਚ ਸੈਂਕੜਾ ਦੀ ਗਿਣਤੀ ਵਿੱਚ ਪਾਰਟੀ ਵਰਕਰ ਅਤੇ ਸਮਰਥਕ ਸ਼ਾਮਿਲ ਹੋਣਗੇ।

ਰੋਸ ਮਾਰਚ ਬਾਰੇ ਵਧੇਰੇ ਜਾਣਕਾਰੀ ਦਿੰਦੇ ਹੋਏ, ਸੀਨੀਅਰ ਪਾਰਟੀ ਆਗੂ ਮਲਕੀਤ ਸਿੰਘ ਬੱਲ ਹੰਬੜਾਂ ਅਤੇ ਰਾਜੀਵ ਕੁਮਾਰ ਲਵਲੀ ਨੇ ਦੱਸਿਆ ਹੈ ਕਿ ਭਾਈ ਅੰਮ੍ਰਿਤਪਾਲ ਸਿੰਘ ਉੱਪਰੋਂ ਐਨਐਸਏ ਹਟਾਏ ਜਾਣ ਦੇ ਬਾਵਜੂਦ ਵੀ ਉਹਨਾਂ ਨੂੰ ਡਿਬਰੂਗੜ੍ਹ ਦੀ ਜੇਲ੍ਹ ਵਿੱਚ ਬੰਦ ਰੱਖੇ ਜਾਣ ਖਿਲਾਫ ਲੋਕਾਂ ਵਿੱਚ ਰੋਸ ਵੱਧਦਾ ਹੀ ਜਾ ਰਿਹਾ ਹੈ।

ਜਿਸਨੂੰ ਲੈ ਕੇ ਸਵੇਰ 9 ਵਜੇ ਲਾਢੋਵਾਲ ਪੁੱਲ ਤੋਂ ਮੁੱਲਾਪੁਰ ਪਿੰਡ ਤੱਕ ਇੱਕ ਵਿਸ਼ਾਲ ਮੋਟਰ ਸਾਈਕਲ ਰੋਸ ਮਾਰਚ ਕੱਢਿਆ ਜਾਵੇਗਾ, ਜਿਹੜਾ ਵੱਖ-ਵੱਖ ਪਿੰਡਾਂ ਤੋਂ ਹੋ ਕੇ ਨਿਕਲੇਗਾ। ਇਸ ਦੌਰਾਨ ਉਹ ਭਾਈ ਅੰਮ੍ਰਿਤਪਾਲ ਸਿੰਘ ਨੂੰ ਪੰਜਾਬ ਵਿੱਚ ਵਾਪਸ ਲਿਆਏ ਜਾਣ ਦੀ ਮੰਗ ਵੀ ਕਰਨਗੇ।

ਉਹਨਾਂ ਨੇ ਕਿਹਾ ਕਿ ਵੱਡੀ ਗਿਣਤੀ ਚ ਲੋਕਾਂ ਤੇ ਖਾਸ ਕਰਕੇ ਨੌਜਵਾਨਾਂ ਦਾ ਅਕਾਲੀ ਦਲ ÷ਵਾਰਿਸ ਪੰਜਾਬ ਦੇ÷ ਨਾਲ ਜੁੜਾਅ ਵੱਧਦਾ ਜਾ ਰਿਹਾ ਹੈ। ਉਹਨਾਂ ਨੇ ਕਿਹਾ ਕਿ ਲੋਕ ਭਾਈ ਅੰਮ੍ਰਿਤਪਾਲ ਸਿੰਘ ਨੂੰ ਪੰਜਾਬ ਦਾ ਆਉਣ ਵਾਲਾ ਮੁੱਖ ਮੰਤਰੀ ਦੇਖਣਾ ਚਾਹੁੰਦੇ ਹਨ।

# ਸਰਕਾਰ ਬਣਨ 'ਤੇ ਟਰੁੱਥ ਕਮਿਸ਼ਨ ਬਣਾ ਕੇ ਪੰਜਾਬ ਖਿਲਾਫ ਕੀਤੇ ਜੁਰਮ ਨੂੰ ਜੱਗ ਜਾਹਰ ਕੀਤਾ ਜਾਵੇਗਾ : ਸੋਸਣ

**ਚੰਡੀਗੜ੍ਹ, 4 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਕਾਂਗਰਸੀ ਆਗੂ ਸੁਖਜਿੰਦਰ ਸਿੰਘ ਸੁਖੀ ਰੰਧਾਵਾ ਵੱਲੋਂ ਭਾਈ ਅੰਮ੍ਰਿਤਪਾਲ ਸਿੰਘ ਦੇ ਖਿਲਾਫ ਕੀਤੀ ਜਾ ਰਹੀ ਬਿਆਨਬਾਜ਼ੀ ਦਾ ਗੰਭੀਰ ਨੋਟਿਸ ਲੈਂਦੇ ਹੋਏ 'ਪੰਥਕ ਏਕਤਾ ਕਮੇਟੀ'ਮੈਂਬਰ ਤੇ ਮੋਗੇ ਤੋਂ ਅਕਾਲੀ ਦਲ- ਵਾਰਿਸ ਪੰਜਾਬ ਦੇ ਹਲਕਾ ਇੰਚਾਰਜ ਭਾਈ ਰਛਪਾਲ ਸਿੰਘ ਸੋਸਣ ਨੇ ਅੱਜ ਇੱਥੇ ਖੁਲਾਸਾ ਕੀਤਾ ਕਿ ਰੰਧਾਵਾ ਦੇ ਬਾਪ ਸੰਤੋਖ ਸਿੰਘ ਰੰਧਾਵਾ ਦੀ 1984 ਤੋਂ ਬਾਅਦ ਬਹੁਤ ਹੀ ਬਦਕਾਰ ਭੂਮਿਕਾ ਰਹੀ ਹੈ। ਇੰਦਰਾ ਗਾਂਧੀ ਅਤੇ ਬੇਅੰਤ ਸਿੰਘ ਦੇ ਨਕਸ਼ੇ ਕਦਮਾਂ 'ਤੇ ਚਲਦਿਆਂ ਉਸ ਸਮੇਂ ਕਾਂਗਰਸ ਪ੍ਰਧਾਨ ਵਜੋਂ ਸੈਂਕੜੇ ਸਿੱਖ ਨੌਜਵਾਨਾਂ ਨੂੰ ਘਰਾਂ ਤੋਂ ਚੁੱਕ ਕੇ ਝੂਠੇ ਮੁਕਾਬਲੇ ਬਣਾਉਣ ਅਤੇ ਬੀਬੀਆਂ ਬੱਚਿਆਂ ਦੇ ਬਜ਼ੁਰਗਾਂ ਖਿਲਾਫ ਕਈ ਤਰ੍ਹਾਂ ਦੇ ਜੁਰਮ ਕੀਤੇ ਸਨ । ਉਹਨਾਂ ਕਿਹਾ ਕਿ ਅਕਾਲੀ ਦਲ ਵਾਰਸ ਪੰਜਾਬ ਦੇ ਜਦੋਂ ਸਰਕਾਰ ਬਣਾ ਲੈਣਗੇ ਤਾਂ ਪਹਿਲ ਦੇ ਆਧਾਰ ਤੇ ਟਰੁੱਥ ਕਮਿਸ਼ਨ ਦਾ ਗਠਨ ਕਰਕੇ ਇਹਨਾਂ ਕਾਂਗਰਸੀਆਂ ਦੇ ਗੁਨਾਹਾਂ ਨੂੰ ਜੱਗ ਜਾਹਰ ਕੀਤਾ ਜਾਵੇਗਾ। ਸ. ਸੋਸਣ ਨੇ ਕਿਹਾ ਕਿ ਕਾਂਗਰਸ ਦੇ ਸ਼ਾਸਨ ਕਾਲ ਵਿੱਚ ਜਿਵੇਂ ਸੁਖਜਿੰਦਰ ਰੰਧਾਵਾ ਨੇ ਬੇਅਦਬੀ ਦੇ ਕੇਸਾਂ ਵਿੱਚ ਨਿਆ ਦਵਾਉਣ ਦਾ ਝੂਠਾ ਲਾਰਾ ਲਾ ਕੇ ਸਿੱਖਾਂ ਨਾਲ ਵਿਸ਼ਵਾਸ ਘਾਤ ਕੀਤਾ ਉਹ ਵੀ ਕਿਸੇ ਤੋਂ ਲੁਕਿਆ ਹੋਇਆ ਨਹੀਂ ਹੈ। ਉਹਨਾਂ ਕਿਹਾ ਕਿ ਸੁੱਖੀ ਰੰਧਾਵਾ ਖੁਦ ਵੀ ਪੰਜਾਬ ਵਿੱਚ ਗੈਂਗਸਟਰਵਾਦ ਪੈਦਾ ਕਰਨ ਦਾ ਦੋਸ਼ੀ ਹੈ।

ਉਹਨਾਂ ਕਿਹਾ ਕਿ ਕਾਂਗਰਸੀ ਆਗੂਆਂ ਦੀ ਬੁਖਲਾਹਟ ਸਮਝ ਆ ਰਹੀ ਹੈ ਕਿਉਂਕਿ ਉਹ ਮੁਕਾਬਲੇ ਚੋਂ ਪੂਰੀ ਤਰ੍ਹਾਂ ਬਾਹਰ ਹੋ ਚੁੱਕੇ ਹਨ ਤੇ ਭਾਈ ਅੰਮ੍ਰਿਤਪਾਲ ਸਿੰਘ ਦੇ ਖਿਲਾਫ ਭਾਜਪਾ ਤੇ ਆਮ ਆਦਮੀ ਪਾਰਟੀ ਨਾਲ ਰਲ ਕੇ ਸਾਜਿਸ਼ਾਂ ਕਰ ਰਹੇ ਹਨ ਤਾਂ ਕਿ ਭਾਈ ਅੰਮ੍ਰਿਤਪਾਲ ਸਿੰਘ ਨੂੰ ਲੰਮਾ ਸਮਾਂ ਅੰਦਰ ਰੱਖਿਆ ਜਾ ਸਕੇ।

ਸੋਸਣ ਨੇ ਕਿਹਾ ਕਿ ਇਹ ਸਾਰੀਆਂ ਰਵਾਇਤੀ ਪਾਰਟੀਆਂ ਭਾਈ ਅੰਮ੍ਰਿਤਪਾਲ ਸਿੰਘ ਦੇ ਉਭਾਰ ਤੋਂ ਭੈਭੀਤ ਹਨ ਅਤੇ ਉਹਨਾਂ ਦੇ ਖਿਲਾਫ ਏਕਾ ਕਰਕੇ ਪੰਜਾਬ ਵਿੱਚ ਹਿੰਸਾ ਤੇ ਬਦਅਮਨੀ ਦਾ ਮਾਹੌਲ ਪੈਦਾ ਕਰ ਸਕਦੀਆਂ ਹਨ । ਪਿਛਲੀਆਂ ਚੋਣਾਂ ਸਮੇਂ ਮੌੜ ਬੰਬ ਧਮਾਕਾ ਇਸ ਦੀ ਵੱਡੀ ਮਿਸਾਲ ਹੈ ਕਿ ਲੋਕਾਂ ਵਿੱਚ ਡਰ ਤੇ ਖੌਫ ਪੈਦਾ ਕਰਨ ਦੇ ਲਈ ਸਰਕਾਰਾਂ ਅਤੇ ਸਿਆਸੀ ਪਾਰਟੀਆਂ ਅਜਿਹੇ ਗੁਨਾਹ ਕਰਦੀਆਂ ਰਹੀਆਂ ਹਨ।

ਉਹਨਾਂ ਕਿਹਾ ਕਿ ਕਾਂਗਰਸ ਦੇ ਮੱਥੇ ਤੋਂ ਅਕਾਲ ਤਖਤ ਸਾਹਿਬ ਅਤੇ ਅਨੇਕਾਂ ਹੋਰ ਗੁਰਦੁਆਰਿਆਂ ਉੱਤੇ ਕੀਤੇ ਹਮਲੇ ਸਿੱਖ ਕੌਮ ਦੀ ਨਸਲ ਕੁਸ਼ੀ ਦਾ ਦਾਗ ਕਦੇ ਨਹੀਂ ਮਿਟ ਸਕਦਾ। ਸੋਸਣ ਨੇ ਸੁਖਜਿੰਦਰ ਸਿੰਘ ਰੰਧਾਵੇ ਤੇ ਤੰਜ ਕਸਦਿਆਂ ਕਿਹਾ ਕਿ ਉਹ ਭਾਈ ਸਾਹਿਬ ਦੇ ਖਿਲਾਫ ਖੁੱਲ ਕੇ ਨਫਰਤ ਗਲੱਛਣ ਤਾਂ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਦਾ ਬੀ ਨਾਸ ਹੋ ਸਕੇ।

# ਮਜ਼ਦੂਰ ਵਰਗ ਦੇ ਯੋਗਦਾਨ ਨੂੰ ਭਾਜਪਾ ਵੱਲੋਂ ਸਲਾਮ, ਮਜ਼ਦੂਰ ਦਿਵਸ 'ਤੇ ਸਮਾਗਮ ਆਯੋਜਿਤ



**ਲੁਧਿਆਣਾ, 4 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮਜ਼ਦੂਰ ਦਿਵਸ ਦੇ ਮੌਕੇ 'ਤੇ ਭਾਰਤੀ ਜਨਤਾ ਪਾਰਟੀ ਵੱਲੋਂ ਇੱਕ ਵਿਸ਼ੇਸ਼ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਸ ਦੌਰਾਨ ਭਾਜਪਾ ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ ਨੇ ਕਿਹਾ ਕਿ ਮਜ਼ਦੂਰ ਵਰਗ ਦੀ ਮਿਹਨਤ ਅਤੇ ਸਮਰਪਣ ਭਾਰਤ ਦੀ ਅਰਥਵਿਵਸਥਾ ਦੀ ਰੀੜ੍ਹ ਦੀ ਹੱਡੀ ਹੈ ਅਤੇ ਦੇਸ਼ ਦੇ ਨਿਰਮਾਣ ਵਿੱਚ ਉਨ੍ਹਾਂ ਦਾ ਯੋਗਦਾਨ ਅਮੋਲਕ ਹੈ।

ਉਨ੍ਹਾਂ ਦੱਸਿਆ ਕਿ ਕੇਂਦਰ ਸਰਕਾਰ ਮਜ਼ਦੂਰਾਂ ਦੀ ਭਲਾਈ ਲਈ ਕਈ ਯੋਜਨਾਵਾਂ ਚਲਾ ਰਹੀ ਹੈ, ਤਾਂ ਜੋ ਉਨ੍ਹਾਂ ਦੇ ਜੀਵਨ ਸਤਰ ਵਿੱਚ ਸੁਧਾਰ ਆ ਸਕੇ।

ਉਨ੍ਹਾਂ ਮਜ਼ਦੂਰਾਂ ਦੇ ਅਧਿਕਾਰਾਂ ਦੀ ਰੱਖਿਆ ਅਤੇ ਸਤਿਕਾਰ ਨੂੰ ਪ੍ਰਾਥਮਿਕਤਾ ਦੇਣ ਦੀ ਗੱਲ ਵੀ ਕਹੀ।

ਇਸ ਮੌਕੇ 'ਤੇ ਮਜ਼ਦੂਰਾਂ ਨੂੰ ਸਨਮਾਨਿਤ ਕਰਦੇ ਹੋਏ ਉਨ੍ਹਾਂ ਨੂੰ ਮਜ਼ਦੂਰ ਦਿਵਸ ਦੀਆਂ ਵਧਾਈਆਂ ਦਿੱਤੀਆਂ ਗਈਆਂ ਅਤੇ ਉਨ੍ਹਾਂ ਦੇ ਚੰਗੇ ਭਵਿੱਖ ਲਈ ਕਾਮਨਾ ਕੀਤੀ ਗਈ। ਸਮਾਗਮ ਵਿੱਚ ਭਾਜਪਾ ਦੇ ਕਈ ਅਹੁਦੇਦਾਰ ਅਤੇ ਵਰਕਰ ਵੀ ਮੌਜੂਦ ਰਹੇ।

# ਸ਼੍ਰੋਮਣੀ ਪੰਥਕ ਦਲ ਦੀ ਮੀਟਿੰਗ 'ਚ ਵਿਚਾਰਾਂ



**ਲੁਧਿਆਣਾ, 4 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਲੁਧਿਆਣਾ ਸ਼ਰੋਮਣੀ ਪੰਥਕ ਦਲ ਦੀ ਅਹਿਮ ਮੀਟਿੰਗ ਇੰਜੀਨਿਅਰ ਪ੍ਰਧਾਨ ਸੁਰਿੰਦਰ ਸਿੰਘ ਸਹੋਤਾ ਦੀ ਅਗਵਾਈ ਹੇਠ ਪੰਜਾਬੀ ਭਵਨ ਵਿਖੇ ਹੋਈ, ਜਿਸ ਚ ਸਮੂਹ ਅਹੁਦੇਦਾਰਾ ਨੇ ਹਿੱਸਾ ਲਿਆ। ਇਸ ਮੌਕੇ ਪ੍ਰਧਾਨ ਸਹੋਤਾ ਨੇ ਦੱਸਿਆ ਕਿ ਸ਼੍ਰੋਮਣੀ ਪੰਥਕ ਦਲ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਲੜਨ ਲਈ ਬਿਲਕੁਲ ਤਿਆਰ ਹੈ ਅਤੇ ਉਹਨਾਂ ਦੀ ਪਾਰਟੀ ਵੀ 2027 ਦੇ ਮਿਸ਼ਨ ਨੂੰ ਸਫਲ ਕਰਨ ਲਈ ਹਰੇਕ ਪਿੰਡ ਹਰ ਕਸਬੇ ਵਿਚ ਪਾਰਟੀ ਨੂੰ ਮਜ਼ਬੂਤ ਕਰਨ ਲਈ ਮੁਹਿੰਮ ਆਰੰਭੇਗੀ।

ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਰਵਾਇਤੀ ਪਾਰਟੀਆਂ ਸ਼੍ਰੋਮਣੀ ਅਕਾਲੀ ਦਲ, ਭਾਜਪਾ, ਕਾਂਗਰਸ ਅਤੇ ਆਮ ਆਦਮੀ ਪਾਰਟੀ ਦੀਆਂ ਸਰਮਾਏਦਾਰੀ ਪੱਖੀ ਨੀਤੀਆਂ ਨੂੰ ਦੇਖਿਆ ਅਤੇ ਲੋਕ ਇਹਨਾਂ ਪਾਰਟੀਆਂ ਤੋਂ ਹੁਣ ਛੁਟਕਾਰਾ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਅੱਜ ਪੰਜਾਬ ਦੀ ਨੌਜਵਾਨੀ ਨੂੰ ਨਸ਼ਿਆਂ ਦੀ ਦਲਦਲ ਵਿਚ ਧੱਕਿਆ ਜਾ ਰਿਹਾ ਅਤੇ ਸ਼ਰੇਆਮ ਚਿੱਟਾ ਵਿੱਕ ਰਿਹਾ, ਗੈਂਗਵਾਰ, ਲੁੱਟ ਖੋਹਾਂ ਹੋ ਰਹੀਆਂ ਹਨ। ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਅਪੀਲ ਕਰਦਿਆ ਕਿਹਾ ਕਿ ਉਹ ਸ਼੍ਰੋਮਣੀ ਪੰਥਕ ਦਲ ਨੂੰ ਇਸ ਵਾਰ ਸਾਥ ਦੇਣ ਜਿਸ ਨਾਲ ਪੰਜਾਬ ਦੀ ਜਨਤਾ ਦਾ ਭਲਾ ਹੋ ਸਕੇ। ਸਹੋਤਾ ਨੇ ਕਿਹਾ ਕਿ 2026 ਵਿਚ ਸੂਬੇ ਦੀਆਂ ਨਗਰ ਕਮੇਟੀਆ,ਨਗਰ ਨਿਗਮਾਂ ਦੀਆਂ ਚੋਣਾਂ ਵਿਚ ਉਨ੍ਹਾਂ ਦੀ ਪਾਰਟੀ ਆਪਣੇ ਉਮੀਦਵਾਰ ਵੀ ਖੜ੍ਹੇ ਕਰੇਗੀ।

# ਵਿਸ਼ਾਲ ਸ਼ੋਭਾ ਯਾਤਰਾ ਸਬੰਧੀ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਮੀਟਿੰਗ ਕੀਤੀ

**ਫਗਵਾੜਾ, 4 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੋਮਣੀ ਸ੍ਰੀ ਗੁਰੂ ਰਵਿਦਾਸ ਮੰਦਰ ਪ੍ਰਬੰਧਕ ਕਮੇਟੀ ਦੇ ਅਧਿਕਾਰੀਆਂ ਨੇ ਫਗਵਾੜਾ ਵਿੱਚ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਜਨਮ ਦਿਵਸ ਦੇ ਸਬੰਧ ਵਿੱਚ ਸ਼ਨੀਵਾਰ, 31 ਜਨਵਰੀ ਨੂੰ ਕੱਢੀ ਜਾਣ ਵਾਲੀ ਵਿਸ਼ਾਲ ਸ਼ੋਭਾ ਯਾਤਰਾ ਸਬੰਧੀ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਮੀਟਿੰਗ ਕੀਤੀ, ਜਿੱਥੇ ਰੂਟ ਯੋਜਨਾਵਾਂ ਅਤੇ ਹੋਰ ਮਾਮਲਿਆਂ 'ਤੇ ਚਰਚਾ ਕੀਤੀ ਗਈ। ਇਸ ਬੈਠਕ ਵਿੱਚ ਪ੍ਰਸ਼ਾਸਨ ਵੱਲੋਂ ਏਡੀਸੀ ਸ਼ਿਖਾ ਭਗਤ, ਐਸਪੀ ਮਾਧਵੀ ਸ਼ਰਮਾ, ਡੀਐਸਪੀ ਭਾਰਤ ਭੂਸ਼ਣ, ਤਹਿਸੀਲਦਾਰ ਅਤੇ ਹੋਰ ਪ੍ਰਸ਼ਾਸਨਿਕ ਅਤੇ ਪੁਲਿਸ ਅਧਿਕਾਰੀ ਮੌਜੂਦ ਸਨ।

# ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ਼੍ਰੋਮਣੀ ਅਕਾਲੀ ਦਲ ਦਾ 32ਵਾਂ ਸਥਾਪਨਾ ਦਿਵਸ ਮਨਾਇਆ ਗਿਆ



**ਅੰਮ੍ਰਿਤਸਰ, 4 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ 32ਵੇਂ ਸਥਾਪਨਾ ਦਿਵਸ ਦੇ ਸਬੰਧ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਇਸ ਮੌਕੇ ਪਾਰਟੀ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਪਾਰਟੀ ਦੇ ਇਤਿਹਾਸ ਅਤੇ ਸਾਲ 1994 ਦੇ 'ਅੰਮ੍ਰਿਤਸਰ ਐਲਾਨਨਾਮੇ' 'ਤੇ ਵਿਸਥਾਰ ਨਾਲ ਰੌਸ਼ਨੀ ਪਾਈ।

ਮਾਨ ਨੇ ਕਿਹਾ ਕਿ ਉਸ ਸਮੇਂ ਦੇ ਕਈ ਪ੍ਰਮੁੱਖ ਆਗੂ, ਜਿਨ੍ਹਾਂ ਨੇ ਅਸਲ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਇਸ ਐਲਾਨਨਾਮੇ ਨੂੰ ਬਰਕਰਾਰ ਰੱਖਣ ਦੀ ਸਹੁੰ ਚੁੱਕੀ ਸੀ, ਬਾਅਦ ਵਿੱਚ ਕੇਂਦਰ ਸਰਕਾਰ ਦੇ ਦਬਾਅ ਕਾਰਨ ਕਾਂਗਰਸ, ਭਾਜਪਾ ਜਾਂ ਬਾਦਲ ਦਲ ਵਰਗੀਆਂ ਮੁੱਖ ਧਾਰਾ ਦੀਆਂ ਰਾਜਨੀਤਿਕ ਪਾਰਟੀਆਂ ਵਿੱਚ ਸ਼ਾਮਲ ਹੋ ਗਏ, ਜੋ ਕਿ ਦੁਖਦਾਈ ਹੈ।ਉਨ੍ਹਾਂ ਇਨ੍ਹਾਂ ਘਟਨਾਵਾਂ ਦੇ ਇਤਿਹਾਸਕ ਮਹੱਤਵ 'ਤੇ ਜ਼ੋਰ ਦਿੰਦਿਆਂ ਸੁਝਾਅ ਦਿੱਤਾ ਕਿ 'ਅੰਮ੍ਰਿਤਸਰ ਐਲਾਨਨਾਮੇ' ਦਾ ਅਸਲ ਦਸਤਾਵੇਜ਼, ਜੋ ਇਸ ਸਮੇਂ ਉਸ ਵੇਲੇ ਦੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਭਾਈ ਮਨਜੀਤ ਸਿੰਘ ਕੋਲ ਵਿਦੇਸ਼ ਵਿੱਚ ਸੁਰੱਖਿਅਤ ਹੈ, ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਲਾਇਬਰੇਰੀ ਵਿੱਚ ਸੰਭਾਲ ਕੇ ਰੱਖਿਆ ਜਾਣਾ ਚਾਹੀਦਾ ਹੈ, ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਲਈ ਇਹ ਇਤਿਹਾਸਕ ਵਿਰਾਸਤ ਬਣੀ ਰਹੇ।ਮਾਨ ਨੇ ਸਿੱਖ ਆਗੂਆਂ ਦੇ ਕਤਲਾਂ ਸਬੰਧੀ ਕਥਿਤ ਅੰਤਰਰਾਸ਼ਟਰੀ ਸਾਜ਼ਿਸ਼ਾਂ ਦਾ ਵੀ ਜ਼ਿਕਰ ਕਰਦਿਆਂ ਕਿਹਾ ਕਿ ਇਨ੍ਹਾਂ ਘਟਨਾਵਾਂ ਵਿੱਚ ਭਾਰਤ ਸਰਕਾਰ ਦੀ ਸੰਭਾਵਿਤ ਭੂਮਿਕਾ ਦੀ ਨਿਰਪੱਖ ਅਤੇ ਉੱਚ ਪੱਧਰੀ ਜਾਂਚ ਹੋਣੀ ਚਾਹੀਦੀ ਹੈ। ਉਨ੍ਹਾਂ ਅਮਰੀਕਾ ਵਿੱਚ ਵਸਦੇ ਸਿੱਖਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਸਰਕਾਰ 'ਤੇ ਦਬਾਅ ਪਾਉਣ ਤਾਂ ਜੋ ਜ਼ਿੰਮੇਵਾਰ ਅਧਿਕਾਰੀਆਂ ਦੀ ਜਵਾਬਦੇਹੀ ਤੈਅ ਕੀਤੀ ਜਾ ਸਕੇ।ਇਸ ਦੌਰਾਨ ਉਨ੍ਹਾਂ ਨੇ ਦੀਪ ਸਿੱਧੂ ਅਤੇ ਸਿੱਧੂ ਮੂਸੇਵਾਲਾ ਵਰਗੀਆਂ ਸਥਾਨਕ ਮੌਤਾਂ ਦਾ ਹਵਾਲਾ ਦਿੰਦਿਆਂ ਦੱਸਿਆ ਕਿ ਪਾਰਟੀ ਦੇ ਜਨਰਲ ਸਕੱਤਰ ਹਰਪਾਲ ਸਿੰਘ ਬਲੇਅਰ ਦੇ ਘਰ ਵੀ ਹਾਲ ਹੀ ਵਿੱਚ ਹਥਿਆਰਬੰਦ ਅਣਪਛਾਤੇ ਵਿਅਕਤੀ ਦਾਖਲ ਹੋਏ ਸੀ, ਜਿਸ ਨਾਲ ਸੁਰੱਖਿਆ ਸੰਬੰਧੀ ਚਿੰਤਾਵਾਂ ਵਧ ਗਈਆਂ ਹਨ। ਮਾਨ ਨੇ ਅੰਤ ਵਿੱਚ ਐਲਾਨ ਕੀਤਾ ਕਿ ਸਾਲ 2027 ਦੀਆਂ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਉਮੀਦਵਾਰਾਂ ਦੀ ਚੋਣ ਪ੍ਰਕਿਰਿਆ ਨੂੰ ਤੇਜ਼ ਕਰਨ ਲਈ ਪਾਰਟੀ ਵੱਲੋਂ ਇੱਕ ਪਾਰਲੀਮੈਂਟਰੀ ਕਮੇਟੀ ਦਾ ਗਠਨ ਕਰ ਦਿੱਤਾ ਗਿਆ ਹੈ।

# ਮਾਮਲਾ ਸਰਕਾਰੀ ਟੈਂਡਰਾਂ ਦੇ ਰੇਟ ਘੱਟ ਹੋਣ ਦਾ



**ਪਟਿਆਲਾ, 4 ਮਈ**
**ਅਮਰਜੀਤ ਸਿੰਘ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਕੰਟਰੈਕਟ ਯੂਨੀਅਨ ਵਾਟਰ ਸਪਲਾਈ ਸੈਨੀਟੇਸ਼ਨ ਦੀ ਸੂਬਾ ਪੱਧਰੀ ਮੀਟਿੰਗ ਸੂਬਾ ਪ੍ਰਧਾਨ ਹਰਪ੍ਰੀਤ ਸਿੰਘ ਕੂਕਾ ਸਮਾਣਾ ਦੀ ਅਗਵਾਹੀ ਹੇਠ ਹੋਈ ਜਿਸ ਵਿੱਚ ਸੂਬੇ ਭਰ ਵਿੱਚੋਂ ਠੇਕੇਦਾਰ ਮੌਜੂਦ ਰਹੇ ਜਿੱਥੇ ਸਮੁੱਚੇ ਠੇਕੇਦਾਰਾਂ ਨੇ ਫੈਸਲਾ ਕੀਤਾ ਹੈ ਕਿ ਜਦੋਂ ਤੱਕ ਸਰਕਾਰ ਨਵਾੜ 31 ਦੇ ਟੈਂਡਰ ਦੇ ਰੇਟਾਂ ਵਿੱਚ ਸੁਧਾਰ ਨਹੀਂ ਕਰਦੀ ਉਦੋਂ ਤੱਕ ਸੂਬੇ ਭਰ ਵਿੱਚੋ ਕੋਈ ਵੀ ਠੇਕੇਦਾਰ ਜਲ ਸਪਲਾਈ ਵਿਭਾਗ ਦੇ ਟੈਂਡਰ ਨਹੀਂ ਪਵੇਗਾ ਇਸ ਸਬੰਧੀ ਗੱਲਬਾਤ ਕਰਦੇ ਹੋਏ ਸੂਬਾ ਪ੍ਰਧਾਨ ਹਰਪ੍ਰੀਤ ਸਿੰਘ ਕੂਕਾ ਨੇ ਕਿਹਾ ਸਰਕਾਰ ਦੇ ਅਧਿਕਾਰੀਆਂ ਵੱਲੋਂ ਟੈਂਡਰਾਂ ਦੇ ਰੇਟ ਘੱਟ ਪਾਏ ਜਾਣ ਨਾਲ ਠੇਕੇਦਾਰ ਭਾਈਚਾਰੇ ਦਾ ਸਿੱਧੇ ਤੌਰ ਤੇ ਨੁਕਸਾਨ ਹੈ ।

ਜਿੱਥੇ ਉਹਨਾਂ ਨੂੰ ਕੰਮ ਕਰਨ ਦੀ ਲਾਗਤ ਦੇ ਪੈਸੇ ਵੀ ਪੂਰੇ ਨਹੀਂ ਹੁੰਦੇ ਜਿਸ ਕਰਕੇ ਸਮੁੱਚੇ ਠੇਕੇਦਾਰਾਂ ਵਿੱਚ ਹਾਹਾਕਾਰ ਮੱਚੀ ਹੋਈ ਹੈ ਕਿਉਂਕਿ ਟੈਂਡਰਾਂ ਮੁਤਾਬਕ ਜਦੋਂ ਕਿਸੇ ਪ੍ਰੋਜੈਕਟ ਤੇ ਠੇਕੇਦਾਰ ਲਾਗਤ ਮੁੱਲ ਦੇ ਪੈਸੇ ਵੀ ਪੂਰੇ ਨਹੀਂ ਹੁੰਦੇ ਤਾਂ ਉਹ ਆਪਣੇ ਘਰਾਂ ਦਾ ਗੁਜ਼ਾਰੇ ਕਿਵੇਂ ਚਲਾਉਣਗੇ ਜਿਸ ਕਰਕੇ ਵਿਭਾਗ ਦੇ ਅਧਿਕਾਰੀਆਂ ਨੂੰ ਚਾਹੀਦਾ ਹੈ ਕਿ ਉਹ ਸਮੁੱਚੇ ਸਰਕਾਰੀ ਟੈਂਡਰਾਂ ਵਿੱਚ ਜਲਦ ਤੋਂ ਜਲਦ ਸੁਧਾਰ ਕਰੇ ਤਾਂ ਜੋ ਸਮੁੱਚੇ ਠੇਕੇਦਾਰਾਂ ਨੂੰ ਰਾਹਤ ਮਿਲ ਸਕੇ ਕੂਕਾ ਨੇ ਕਿਹਾ ਕੀ ਜਦੋਂ ਤੱਕ ਵਿਭਾਗ ਅੰਦਰਲੇ ਹੋਣ ਵਾਲੇ ਕੰਮਾਂ ਦੇ ਟੈਂਡਰਾਂ ਵਿੱਚ ਸਹੀ ਰੇਟ ਨਹੀਂ ਪਾਏ ਜਾਂਦੇ ਉਦੋਂ ਤੱਕ ਸਮੁੱਚੇ ਠੇਕੇਦਾਰ ਕੋਈ ਵੀ ਟੈਂਡਰ ਨਹੀਂ ਪਾਉਣਗੇ ਉਨ੍ਹਾਂ ਕਿਹਾ ਕਿ ਹਰ ਠੇਕੇਦਾਰ ਬਚਤ ਲਈ ਕੰਮ ਕਰਨਾ ਚਾਹੁੰਦਾ ਹੈ ਪਰ ਜਦੋਂ ਸਮੁੱਚਾ ਕੰਮ ਨਿਬੇੜਨ ਦੇ ਬਾਵਜੂਦ ਵੀ ਕੋਈ ਪੈਸਾ ਨਾ ਬਚੇ ਤਾਂ ਠੇਕੇਦਾਰ ਭਾਈਚਾਰਾ ਕਿੱਥੋਂ ਕਾਮਯਾਬ ਹੋਵੇਗਾ ।

ਸਮੁੱਚੇ ਠੇਕੇਦਾਰਾਂ ਪ੍ਰਤੀ ਸਰਕਾਰ ਦੇ ਉਚ ਅਧਿਕਾਰੀਆਂ ਨੂੰ ਸੋਚਣਾ ਚਾਹੀਦਾ ਹੈ ਕਿ ਉਹ ਤੁਰੰਤ ਟੈਂਡਰਾਂ ਦੇ ਰੇਟਾਂ ਵਿੱਚ ਸੁਧਾਰ ਕਰੇ ਇਸ ਮੌਕੇ ਗੁਰਸ਼ਰਨ ਸਿੰਘ ਧਾਲੀਵਾਲ, ਜਸਵੀਰ ਸਿੰਘ ਰੁਪਾਣਾ ਦੇਵੀਨਗਰ, ਲਖਵਿੰਦਰ ਸਿੰਘ, ਜੱਸੀ ਖਾਨ ਸੰਗਰੂਰ, ਜਤਿੰਦਰ ਸਿੰਘ ਗੁਰਾਇਆ, ਗੁਰਜੰਟ ਸਿੰਘ ਰਕੇਸ਼ ਪੁਰੀ ਸੁਖਦੇਵ ਸਿੰਘ, ਪੰਕਜ, ਆਦਿ ਵੀ ਹਾਜ਼ਰ ਸਨ

# ਵਾਟਰ ਕੂਲਰ ਸੁਧਾਰ ਸਭਾ ਸ੍ਰੀ ਕੇਦਾਰ ਨਾਥ ਜੀ ਰਜਿ: ਭਗਤਾ ਦੇ ਸਹਿਯੋਗ ਨਾਲ ਲਗਿਆ



**ਪਟਿਆਲਾ, 4 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਬੁੱਧ ਪੂਰਨਿਮਾ ਅਤੇ ਲੇਬਰ ਡੇਅ ਮੌਕੇ ਨਵਾਂ ਵਾਟਰ ਕੂਲਰ ਸੁਧਾਰ ਸਭਾ ਸ੍ਰੀ ਕੇਦਾਰ ਨਾਥ ਜੀ ਰਜਿ: ਮੱਥੁਰਾ ਕਾਲੋਨੀ ਪਟਿਆਲਾ ਵਿਖੇ ਭਗਤਾ ਦੇ ਸਹਿਯੋਗ ਨਾਲ ਲਗਾਇਆ ਗਿਆ। ਜਿਹੜਾ ਕਿ ਮੱਥੁਰਾ ਕਾਲੋਨੀ ਵਿਸ਼ਾਲ ਸ਼ਿਵ ਜੀ ਦੀ ਮੂਰਤੀ ਨੇੜੇ ਰੋਡ ਦੇ ਉੱਤੇ ਸ਼ੈਡ ਦੇ ਥੱਲੇ ਲਗਾਇਆ ਗਿਆ। ਇਸ ਮੌਕੇ ਪਲਾਓ ਦਾ ਲੰਗਰ ਅਤੇ ਰਜਿੰਦਰਾ ਹਸਪਤਾਲ ਵਿੱਚ ਵੀ ਹਰ ਪੂਰਨ ਮਾਸ਼ੀ ਤੇ ਸੇਵਾ ਕੀਤੀ ਜਾਂਦੀ ਹੈ। ਸਤਨਾਮ ਹਸੀਜਾ ਨੇ ਦੱਸਿਆ ਕਿ ਅੱਜ ਸ੍. ਇਕਬਾਲ ਸਿੰਘ ਐਲ.ਆਈ.ਸੀ. ਵਾਲਿਆਂ ਨੇ ਅਤੁੱਟ ਛਬੀਲ ਦਾ ਲੰਗਰ ਚਲਾਇਆ। ਇਹ ਸੁਧਾਰ ਸਭ ਦੇ ਸ਼ੈਡ ਥੱਲੇ ਸੇਵਾ ਕੀਤੀ ਗਈ।

ਸਤਨਾਮ ਹਸੀਜਾ ਨੇ ਦੱਸਿਆ ਕਿ ਜਿਸ ਨੇ ਵੀ ਇੱਥੇ ਲੰਗਰ ਕਰਨਾ ਹੈ ਜਾਂ ਛਬੀਲ ਲਗਾਉਣੀ ਹੈ ਉਹ ਸੁਧਾਰ ਸਭਾ ਦੇ ਨਾਲ ਸੰਪਰਕ ਕਰਨ, ਤਾਂ ਜ਼ੋ ਕਿਸੇ ਹੋਰ ਵਿਅਕਤੀ ਦੀ ਬੁੱਕਿੰਗ ਨਾ ਪਹਿਲਾਂ ਹੋਈ ਹੋਵੇ। ਇਸ ਲੰਗਰ ਸ਼ੈਡ ਦੀ ਸੇਵਾ ਸੁਧਾਰ ਸਭਾ ਵਲੋਂ ਕੀਤੀ ਗਈ ਹੈ ਅਤੇ ਸੁਧਾਰ ਸਭਾ ਕੋਲ ਲੰਗਰ ਦੇ ਸਾਰੇ ਸਮਾਨ ਦਾ ਮੇਜ਼, ਕੁਰਸੀਆਂ, ਆਦਿ ਸਾਰਾ ਸਮਾਨ ਮੌਜੂਦ ਹੈ।

ਸੁਧਾਰ ਸਭਾ ਹਰ ਮਹੀਨੇ ਤ੍ਰਿਸਦੀ ਮਾਸਿਕ ਮਨਾਉਂਦੀ ਹੈ ਅਤੇ ਭੰਡਾਰਾ ਕਰਦੀ ਹੈ ਅਤੇ ਹੋਰ ਵੀ ਸਾਰੇ ਵਾਰ ਤਿਉਹਾਰ ਅਤੇ ਵਿਕਾਸ ਦੇ ਕੰਮ ਕਰਦੀ ਹੈ। ਸੁਧਾਰ ਸਭਾ ਵਲੋਂ ਸੰਗਤਾਂ ਨੂੰ ਕਿਹਾ ਜਾਂਦਾ ਹੈ ਕਿ ਜਿਸ ਵਿਅਕਤੀ ਵਲੋਂ ਵੀ ਸੇਵਾ ਕਰਨੀ ਹੋਵੇ ਉਹ ਪ੍ਰੋਗਰਾਮ ਕਰਨ ਤੋਂ ਕੁੱਝ ਦਿਨ ਪਹਿਲਾ ਸੰਸਥਾ ਦੇ ਮੈਂਬਰਾਂ ਨਾਲ ਜਾਂ ਸਤਨਾਮ ਹਸੀਜਾ ਸਰਪ੍ਰਸਤ ਨਾਲ ਸੰਪਰਕ ਕਰਨ।

# 'ਜਲ ਚੇਤਨਾ' ਵਰਕਸ਼ਾਪ ਨੇ ਪਾਣੀ ਦੇ ਸੰਕਟ 'ਤੇ ਚਾਨਣ ਪਾਇਆ, ਸੰਰੱਖਣ ਲਈ ਕੀਤਾ ਪ੍ਰੇਰਿਤ



**ਪਟਿਆਲਾ, 4 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਕੂਲ ਆਫ ਐਮੀਨੈਂਸ, ਫੀਲ ਖਾਨਾ ਵਿੱਚ ਵੀਰਵਾਰ ਨੂੰ ਜਲ ਚੇਤਨਾ ਵਰਕਸ਼ਾਪ ਦਾ ਸਫਲ ਆਯੋਜਨ ਕੀਤਾ ਗਿਆ। ਇਹ ਪ੍ਰੋਗਰਾਮ ਆਈ ਜੇ ਡੋਡਾ ਫਾਊਂਡੇਸ਼ਨ ਵੱਲੋਂ, ਜੋਨਿਤਾ ਡੋਡਾ ਦੀ ਅਗਵਾਈ ਹੇਠ ਕਰਵਾਇਆ ਗਿਆ।

ਇਸ ਨੂੰ ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨੋਲੋਜੀ ਅਤੇ ਡਾਇਰੈਕਟੋਰੇਟ ਆਫ ਇਨਵਾਇਰਨਮੈਂਟ ਐਂਡ ਕਲਾਈਮੇਟ ਚੇਂਜ ਦੇ ਸਹਿਯੋਗ ਨਾਲ, ਇਨਵਾਇਰਨਮੈਂਟਲ ਕਮਪਨਸੇਸ਼ਨ ਫੰਡ ਹੇਠ ਆਯੋਜਿਤ ਕੀਤਾ ਗਿਆ।

ਵਰਕਸ਼ਾਪ ਦੌਰਾਨ ਪਾਣੀ ਦੇ ਸੰਰੱਖਣ, ਪ੍ਰਦੂਸ਼ਣ ਅਤੇ ਭੂ-ਜਲ ਦੇ ਤੇਜ਼ੀ ਨਾਲ ਘਟ ਰਹੇ ਪੱਧਰ ਵਰਗੇ ਗੰਭੀਰ ਮਸਲਿਆਂ 'ਤੇ ਚਰਚਾ ਕੀਤੀ ਗਈ। ਵਿਸ਼ੇਸ਼ਗਿਆਨਾਂ ਨੇ ਦੱਸਿਆ ਕਿ ਪੰਜਾਬ ਵਿੱਚ ਭੂ-ਜਲ ਦਾ ਪੱਧਰ ਤੇਜ਼ੀ ਨਾਲ ਘਟ ਰਿਹਾ ਹੈ ਅਤੇ 75 ਫੀਸਦੀ ਤੋਂ ਵੱਧ ਬਲਾਕ 'ਓਵਰ-ਐਕਸਪਲੋਇਟਡ' ਸ਼੍ਰੇਣੀ ਵਿੱਚ ਸ਼ਾਮਲ ਹੋ ਚੁੱਕੇ ਹਨ। ਨਾਲ ਹੀ, ਨੀਤੀ ਆਯੋਗ ਵੱਲੋਂ ਪਹਿਲਾਂ ਜਾਰੀ ਕੀਤੀਆਂ ਚੇਤਾਵਨੀਆਂ ਦਾ ਵੀ ਜ਼ਿਕਰ ਕੀਤਾ ਗਿਆ, ਜਿਨ੍ਹਾਂ ਵਿੱਚ ਦੇਸ਼ ਦੇ ਕਈ ਸ਼ਹਿਰਾਂ ਵਿੱਚ ਭਾਰੀ ਪਾਣੀ ਸੰਕਟ ਦੀ ਸੰਭਾਵਨਾ ਜਤਾਈ ਗਈ ਸੀ।

ਇਸ ਮੌਕੇ ਵਿਦਿਆਰਥੀਆਂ, ਅਧਿਆਪਕਾਂ ਅਤੇ ਈਕੋ-ਕਲੱਬ ਦੇ ਮੈਂਬਰਾਂ ਨੇ ਇੰਟਰਐਕਟਿਵ ਸੈਸ਼ਨਾਂ ਵਿੱਚ ਉਤਸ਼ਾਹ ਨਾਲ ਭਾਗ ਲਿਆ ਅਤੇ ਟਿਕਾਊ ਪਾਣੀ ਪ੍ਰਬੰਧਨ ਅਤੇ ਪਰਿਆਵਰਣੀ ਜ਼ਿੰਮੇਵਾਰੀਆਂ ਬਾਰੇ ਕੀਮਤੀ ਜਾਣਕਾਰੀ ਹਾਸਲ ਕੀਤੀ।

ਸੰਬੋਧਨ ਕਰਦੇ ਹੋਏ ਜੋਨਿਤਾ ਡੋਡਾ ਨੇ ਐਲ ਨੀਨੋ ਦੇ ਵੱਧਦੇ ਪ੍ਰਭਾਵ ਬਾਰੇ ਵੀ ਗੱਲ ਕੀਤੀ। ਉਨ੍ਹਾਂ ਕਿਹਾ ਕਿ ਬਦਲਦੇ ਮੌਸਮੀ ਪੈਟਰਨ ਭਾਰਤ ਵਿੱਚ ਪਾਣੀ ਦੀ ਕਮੀ ਨੂੰ ਹੋਰ ਗੰਭੀਰ ਬਣਾ ਸਕਦੇ ਹਨ। ਉਨ੍ਹਾਂ ਨੇ ਭਾਰਤ ਮੌਸਮ ਵਿਭਾਗ ਦੇ ਅਨੁਮਾਨਾਂ ਦਾ ਹਵਾਲਾ ਦਿੰਦਿਆਂ ਦੱਸਿਆ ਕਿ ਐਲ ਨੀਨੋ ਅਕਸਰ ਕਮਜ਼ੋਰ ਮਾਨਸੂਨ ਅਤੇ ਘੱਟ ਵਰਖਾ ਨਾਲ ਜੁੜਿਆ ਹੁੰਦਾ ਹੈ।ਉਨ੍ਹਾਂ ਕਿਹਾ, ਪਾਣੀ ਦਾ ਸੰਰੱਖਣ ਹੁਣ ਚੋਣ ਨਹੀਂ, ਲੋੜ ਬਣ ਚੁੱਕਾ ਹੈ। 'ਜਲ ਚੇਤਨਾ' ਰਾਹੀਂ ਅਸੀਂ ਨੌਜਵਾਨ ਮਨਾਂ ਨੂੰ ਪ੍ਰੇਰਿਤ ਕਰਨਾ ਚਾਹੁੰਦੇ ਹਾਂ ਕਿ ਉਹ ਜ਼ਿੰਮੇਵਾਰ ਆਦਤਾਂ ਅਪਣਾਉਣ ਅਤੇ ਆਉਣ ਵਾਲੀਆਂ ਪੀੜੀਆਂ ਲਈ ਇਸ ਕੀਮਤੀ ਸੰਸਾਧਨ ਦੀ ਰੱਖਿਆ ਕਰਨ।

ਇਸ ਸਮਾਗਮ ਦੇ ਸਮਨਵਯ ਵਿੱਚ ਜ਼ਿਲ੍ਹਾ ਸਿੱਖਿਆ ਦਫ਼ਤਰ, ਪਟਿਆਲਾ ਨੇ ਮਹੱਤਵਪੂਰਨ ਭੂਮਿਕਾ ਨਿਭਾਈ।

• ਡਾ. ਸੁਖਦੀਪ ਸਿੰਘ ਹੁੰਦਲ
75080-18842

ਗਰਮੀਆਂ 'ਚ ਜਿੱਥੇ ਬਾਗ਼ਾਂ ਨੂੰ ਧੁੱਪ ਦੀ ਮਾਰ ਤੋਂ ਬਚਾਉਣ ਲਈ ਸਿੰਚਾਈ ਦਾ ਖ਼ਿਆਲ ਰੱਖਣਾ ਜ਼ਰੂਰੀ ਹੈ ਉੱਥੇ ਸਬਜ਼ੀਆਂ ਦੀ ਤੁੜਾਈ, ਸ਼ਹਿਦ ਮੱਖੀਆਂ ਦੀ ਸੰਭਾਲ ਤੇ ਖੁੰਬਾਂ ਦੀ ਪੈਦਾਵਾਰ ਦਾ ਵੀ ਖ਼ਾਸ ਧਿਆਨ ਰੱਖੋ...



# ਮਈ ਮਹੀਨੇ ਦੇ ਬਾਗ਼ਬਾਨੀ ਰੁਝੇਵੇਂ

ਮਈ ਵਿਚ ਕਾਫ਼ੀ ਗਰਮੀ ਹੁੰਦੀ ਹੈ। ਗਰਮੀ ਕਾਰਨ ਜ਼ਮੀਨ ਤੇ ਪੱਤਿਆਂ ਰਾਹੀਂ ਵਾਸ਼ਪੀਕਰਨ ਜ਼ਰੀਏ ਕਾਫ਼ੀ ਪਾਣੀ ਉੱਡ ਜਾਂਦਾ ਹੈ। ਬੂਟਿਆਂ 'ਚ ਪਾਣੀ ਦੀ ਮੰਗ ਵੱਧ ਜਾਂਦੀ ਹੈ। ਇਸ ਮਹੀਨੇ ਬੂਟਿਆਂ ਨੂੰ ਭਿਆਨਕ ਗਰਮੀ ਤੋਂ ਬਚਾਉਣਾ, ਮਲਚਿੰਗ ਰਾਹੀਂ ਨਮੀ ਦੀ ਸੰਭਾਲ ਕਰਨਾ ਤੇ ਫਲਾਂ ਨੂੰ ਗਰਮੀ ਕਾਰਨ ਹੋਣ ਵਾਲੀਆਂ ਸਮੱਸਿਆਵਾਂ ਤੋਂ ਬਚਾਉਣਾ ਅਹਿਮ ਕਾਰਜ ਹਨ।

## ਸਦਾਬਹਾਰ ਬੂਟਿਆਂ ਦਾ ਗਰਮੀ ਤੋਂ ਬਚਾਅ

ਸਦਾਬਹਾਰ ਫਲਦਾਰ ਬੂਟਿਆਂ ਦੇ ਸੋਕੇ ਤੇ ਜ਼ਿਆਦਾ ਗਰਮੀ ਤੋਂ ਬਚਾਅ ਲਈ ਨਵੇਂ ਲਗਾਏ ਬੂਟਿਆਂ ਨੂੰ ਹਲਕੀ ਸਿੰਚਾਈ ਕਰਦੇ ਰਹੋ ਤੇ ਜ਼ਮੀਨ ਚ ਨਮੀ ਦੀ ਸੰਭਾਲ ਲਈ ਜ਼ਮੀਨ 'ਤੇ ਪਰਾਲੀ, ਖੋਰੀ ਜਾਂ ਪਲਾਸਟਿਕ ਸ਼ੀਟ ਨਾਲ ਢਕ ਦੇਣਾ ਚਾਹੀਦਾ ਹੈ। ਨਵੇਂ ਬੂਟਿਆਂ ਦੇ ਤਣਿਆਂ ਨੂੰ ਧੁੱਪ ਦੇ ਮਾੜੇ ਅਸਰ ਤੋਂ ਬਚਾਉਣ ਲਈ ਤਣਿਆਂ ਨੂੰ ਪਰਾਲੀ ਆਦਿ ਲਪੇਟ ਦਿਉ ਤੇ ਤਣਿਆਂ 'ਤੇ ਕਲੀ 'ਚ ਨੀਲਾ ਥੋਥਾ ਪਾ ਕੇ ਸਫ਼ੈਦੀ ਕਰੋ। ਗਰਮੀ ਕਾਰਨ ਨਿੰਬੂ, ਅਨਾਰ, ਲੀਚੀ ਦੇ ਫਲਾਂ ਦਾ ਛਿਲਕਾ ਫਟ ਜਾਂਦਾ ਹੈ। ਇਹ ਕੋਈ ਬਿਮਾਰੀ ਨਹੀਂ ਹੈ, ਇਸ ਦੀ ਰੋਕਥਾਮ ਲਈ ਸ਼ਾਮ ਨੂੰ ਸੂਰਜ ਛਿਪਣ ਤੋਂ ਇਕ ਘੰਟੇ ਬਾਅਦ ਬੂਟਿਆਂ 'ਤੇ ਪਾਣੀ ਦਾ ਛਿੜਕਾਅ ਕਰੋ। ਨਵੇਂ ਬੂਟਿਆਂ ਨੂੰ ਹਫ਼ਤੇ 'ਚ ਦੋ ਵਾਰ, ਅੰਗੂਰ, ਆੜੂ, ਨਾਸ਼ਪਾਤੀ ਤੇ ਅਲੂਚੇ ਦੇ ਬੂਟਿਆਂ ਨੂੰ ਹਫ਼ਤੇ ਵਿਚ ਇਕ ਵਾਰ ਪਾਣੀ ਦਿਉ ਤਾਂ ਕਿ ਵਧੀਆ ਫਲਾਂ ਦੀ ਪੈਦਾਵਾਰ ਹੋਵੇ। ਅਮਰੂਦ ਦੇ ਬਾਗ਼ ਨੂੰ ਨਦੀਨਾਂ ਤੋਂ ਬਚਾਉਣ ਲਈ 25 ਕਿੱਲੋ ਪਰਾਲੀ ਪ੍ਰਤੀ ਮਰਲਾ ਬੂਟਿਆਂ ਹੇਠ ਵਿਛਾ ਦਿਉ ਤੇ ਸ਼ਿਫਾਰਸ਼ ਕੀਤੀ ਰੂੜੀ ਦੀ ਖਾਦ ਤੇ ਅੱਧੀਆਂ ਰਸਾਇਣਕ ਖਾਦਾਂ ਦੀ ਪਹਿਲੀ ਕਿਸ਼ਤ ਮਈ ਮਹੀਨੇ ਦੇ ਅਖ਼ੀਰ ਵਿਚ ਪਾ ਦਿਉ।

ਆੜੂ, ਅਲੂਚਾ, ਫਾਲਸਾ, ਅੰਗੂਰਾਂ ਦੇ ਫਲਾਂ ਦੀ ਤੁੜਾਈ ਕਰ ਲਵੋ। ਆੜੂ 'ਚ ਪੱਤੇ ਮਰੁੰਡਣ ਵਾਲੇ ਚੇਪੇ ਦੀ ਰੋਕਥਾਮ ਲਈ 1.6 ਮਿਲੀਲਿਟਰ ਰੋਗਰ 30 ਈਸੀ ਦਵਾਈ ਪ੍ਰਤੀ ਲਿਟਰ ਪਾਣੀ ਦੇ ਹਿਸਾਬ ਛਿੜਕੋ। ਨਾਸ਼ਪਾਤੀ 'ਚ ਤੇਲੇ ਦੀ ਰੋਕਥਾਮ ਲਈ 0.4 ਮਿਸੀਲਿਟਰ ਇਮਿਡਾਕਲੋਰਪਰਿਡ 200 ਐੱਸਐੱਲ ਜਾਂ 0.32 ਗ੍ਰਾਮ ਥਾਇਆਮੀਥੋਕਸਮ 25 ਡਬਲਿਊਪੀ ਪ੍ਰਤੀ ਲਿਟਰ ਪਾਣੀ ਦੇ ਹਿਸਾਬ ਛਿੜਕਾਅ ਕਰੋ। ਅੰਬ ਦੇ ਕੇਰੇ ਦੀ ਰੋਕਥਾਮ ਲਈ 0.2 ਗ੍ਰਾਮ 2,4-ਡੀ ਸੋਡੀਅਮ ਸਾਲਟ (ਹਾਰਟੀਕਲਚਰ ਗ੍ਰੇਡ) ਦਵਾਈ ਪ੍ਰਤੀ 10 ਲਿਟਰ ਪਾਣੀ ਦੇ ਹਿਸਾਬ ਨਾਲ ਛਿੜਕਾਅ ਕਰੋ। ਅੰਗੂਰਾਂ 'ਚ ਐਨਥਰੈਕਨੋਜ਼ ਦੀ ਰੋਕਥਾਮ ਲਈ ਬੋਰਡੋ ਮਿਸ਼ਰਣ 2:2:250 ਦੇ ਅਨੁਪਾਤ 'ਚ ਅਖ਼ੀਰਲੇ ਹਫ਼ਤੇ ਛਿੜਕਾਅ ਕਰੋ। ਨਿੰਬੂ ਜਾਤੀ 'ਚ ਜ਼ਿੰਕ ਦੀ ਘਾਟ ਦੀ ਰੋਕਥਾਮ ਲਈ 3 ਗ੍ਰਾਮ ਜ਼ਿੰਕ ਸਲਫੇਟ ਤੇ ਕੀੜਿਆਂ ਦੀ ਰੋਕਥਾਮ ਲਈ 2 ਮਿਲੀਲਿਟਰ ਫੋਸਮਾਈਟ 50 ਤਾਕਤ ਜਾਂ 0.4 ਮਿਲੀਲਿਟਰ ਇਮਿਡਾਕਲੋਰਪਰਿਡ 17.8 ਐੱਸਐੱਲ ਦਵਾਈ ਪ੍ਰਤੀ ਲਿਟਰ ਪਾਣੀ ਦੇ ਹਿਸਾਬ ਛਿੜਕਾਅ ਕਰੋ। ਕੇਲੇ ਨੂੰ 60 ਗ੍ਰਾਮ ਯੂਰੀਆ ਤੇ 60 ਗ੍ਰਾਮ ਮਿਊਰੇਟ ਆਫ ਪੋਟਾਸ਼ ਖਾਦ ਪ੍ਰਤੀ ਬੂਟਾ ਪਾਉ।

### ਫੁੱਲਾਂ ਦੀ ਸਿੰਚਾਈ ਦਾ ਰੱਖੋ ਖ਼ਾਸ ਖ਼ਿਆਲ

*ਕੋਸਮੋਸ, ਗਲਾਰਡੀਆ, ਗੋਮਫਰੀਨਾ, ਕੋਚੀਆ, ਜ਼ੀਨੀਆ, ਪਾਰਚੁਲੈਕਾ ਆਦਿ ਫੁੱਲਾਂ ਦੀਆਂ ਕਿਆਰੀਆਂ ਨੂੰ ਪਾਣੀ ਲਗਾਉਂਦੇ ਰਹੋ ਤੇ ਨਦੀਨਾਂ ਦੀ ਰੋਕਥਾਮ ਲਈ ਗੋਡੀ ਕਰ ਦਿਉ। ਘਾਹ ਦੇ ਲਾਅਨ ਨੂੰ ਹਰਿਆ-ਭਰਿਆ ਰੱਖਣ ਲਈ ਸਿੰਚਾਈ ਦਾ ਖ਼ਾਸ ਧਿਆਨ ਰੱਖੋ ਤੇ ਕਟਾਈ ਕਰਦੇ ਰਹੋ। ਜਿਹੜੇ ਲਾਅਨ ਵਿਚ ਮੋਥੇ ਦੀ ਬਹੁਤਾਤ ਹੋਵੇ, ਉਸ ਨੂੰ ਵਾਹ ਕੇ ਮਈ-ਜੂਨ ਵਿਚ ਚੰਗੀ ਧੁੱਪ ਲਗਾ ਕੇ ਨਦੀਨ ਚੰਗੀ ਤਰ੍ਹਾਂ ਕੱਢ ਦਿਉ ਤਾਂ ਜੋ ਜੁਲਾਈ-ਅਗਸਤ ਵਿਚ ਨਵਾਂ ਘਾਹ ਲਗਾਇਆ ਜਾ ਸਕੇ। ਗੁਲਾਬ, ਦਰਖਤਾਂ, ਝਾੜੀਆਂ ਤੇ ਵੇਲਾਂ ਵਾਲੇ ਬੂਟਿਆਂ ਨੂੰ ਹਫ਼ਤੇ ਬਾਅਦ ਪਾਣੀ ਦਿੰਦੇ ਰਹੋ।*

### ਸ਼ਹਿਦ ਦੀਆਂ ਮੱਖੀਆਂ ਦੀ ਸੰਭਾਲ

*ਸ਼ਹਿਦ ਦੀਆਂ ਮੱਖੀਆਂ ਦੇ ਬਕਸਿਆਂ ਨੂੰ ਗਰਮੀ ਤੋਂ ਬਚਾਉਣ ਲਈ ਬਕਸਿਆਂ ਨੂੰ ਸੰਘਣੀ ਛਾਂ ਵਿਚ ਰੱਖਣ ਦਾ ਪ੍ਰਬੰਧ ਕਰੋ। ਗਰਮੀ ਕਾਰਨ ਮੱਖੀਆਂ ਲਈ ਪਾਣੀ ਦਾ ਉਚਿਤ ਪ੍ਰਬੰਧ ਕਰੋ, ਇਸ ਦੇ ਲਈ ਬਕਸਿਆਂ ਦੇ ਸਟੈਂਡ ਦੇ ਪਾਵਿਆਂ ਹੇਠ ਰੱਖੇ ਕੌਲਿਆਂ 'ਚ ਪਾਣੀ ਪਾਇਆ ਜਾ ਸਕਦਾ ਹੈ। ਇਸ ਨਾਲ ਮੱਖੀਆਂ ਦੀ ਪਾਣੀ ਸਬੰਧੀ ਲੋੜ ਵੀ ਪੂਰੀ ਹੋਵੇਗੀ ਅਤੇ ਬਕਸਿਆਂ ਦਾ ਕੀੜੀਆਂ ਤੋਂ ਵੀ ਬਚਾਅ ਰਹੇਗਾ।*

## ਸਬਜ਼ੀਆਂ ਦੀ ਬਿਮਾਰੀਆਂ ਤੋਂ ਰੋਕਥਾਮ

ਸਬਜ਼ੀਆਂ ਨੂੰ ਹਫ਼ਤੇ ਬਾਅਦ ਪਾਣੀ ਲਗਾਉਂਦੇ ਰਹੋ ਤੇ ਇਨ੍ਹਾਂ ਦੀ ਤੁੜਾਈ ਇਕ ਦਿਨ ਛੱਡ ਕੇ ਸ਼ਾਮ ਸਮੇਂ ਕਰੋ ਕਿਉਂਕਿ ਸਵੇਰ ਵੇਲੇ ਪਰ-ਪਰਾਗਣ ਕਿਰਿਆ ਖ਼ਰਾਬ ਹੁੰਦੀ ਹੈ। ਘੀਆ ਕੱਦੂ ਤੇ ਰਾਮਾ-ਤੋਰੀ ਦੀ ਤੁੜਾਈ ਸਵੇਰ ਵੇਲੇ ਕਰੋ ਕਿਉਂਕਿ ਇਨ੍ਹਾਂ ਦੇ ਫੁੱਲ ਸ਼ਾਮ ਨੂੰ ਖੁੱਲ੍ਹਦੇ ਹਨ। ਪਿਆਜ਼ ਤੇ ਲਸਣ ਦੀ ਕਟਾਈ ਕਰ ਕੇ ਸੁੱਕੀ ਜਗ੍ਹਾ ਸਟੋਰ ਕਰ ਲਵੋ।

ਮੂਲੀ ਦੀ ਪੂਸਾ ਚੇਤਕੀ ਕਿਸਮ ਦੀ ਬਿਜਾਈ ਹੁਣ ਕਰ ਲਵੋ। ਕੱਦੂ ਜਾਤੀ ਦੀਆਂ ਸਬਜ਼ੀਆਂ ਨੂੰ ਧੂੜੇਦਾਰ ਉੱਲੀ ਤੋਂ ਬਚਾਅ ਲਈ 0.5 ਮਿਲੀਲਿਟਰ ਕੈਰਾਥੇਨ ਤੇ ਪੀਲੇ ਧੱਬਿਆਂ ਦੇ ਰੋਗ ਤੋਂ ਬਚਾਅ ਲਈ 3 ਗ੍ਰਾਮ ਇੰਡੋਫਿਲ ਐੱਮ-45 ਪ੍ਰਤੀ ਲਿਟਰ ਪਾਣੀ ਦੇ ਹਿਸਾਬ ਨਾਲ 7 ਦਿਨਾਂ ਦੇ ਵਕਫ਼ੇ 'ਤੇ ਛਿੜਕਾਅ ਕਰੋ। ਜ਼ਿਆਦਾ ਬਿਮਾਰੀ ਹੋਵੇ ਤਾਂ ਤੀਸਰਾ ਤੇ ਚੌਥਾ ਛਿੜਕਾਅ 2.5 ਗ੍ਰਾਮ ਰਿਡੋਮਿਲ ਗੋਲਡ ਜਾਂ 3 ਗ੍ਰਾਮ ਏਲੀਅਟ ਦਵਾਈ ਦਾ 10 ਦਿਨ ਦੇ ਵਕਫ਼ੇ 'ਤੇ ਕਰੋ। ਬੈਂਗਣ ਦੇ ਫਲ ਦੇ ਗੜੂੰਏਂ ਦੀ ਰੋਕਥਾਮ ਲਈ ਇਕ ਮਿ.ਲੀ ਸੁਮੀਸੀਡਾਨ 20 ਤਾਕਤ ਜਾਂ 2 ਮਿ.ਲੀ ਰਿਪਕੋਰਡ 10 ਤਾਕਤ ਤੇ ਜੂੰ ਦੀ ਰੋਕਥਾਮ ਲਈ 3 ਮਿ.ਲੀ ਉਮਾਈਟ 57 ਤਾਕਤ ਜਾਂ 4.5 ਮਿ.ਲੀ ਫਾਸਮਾਈਟ 50 ਤਾਕਤ ਜਾਂ 2.5 ਮਿ.ਲੀ ਮੈਟਾਸਿਸਟਾਕਸ ਦਵਾਈ ਪ੍ਰਤੀ ਲਿਟਰ ਪਾਣੀ ਦੇ ਹਿਸਾਬ ਛਿੜਕਾਅ ਕਰੋ।

## ਖੁੰਬਾਂ ਦੀ ਪੈਦਾਵਾਰ

ਖੁੰਬ ਦੀ ਕਾਸ਼ਤ ਲਈ ਪਰਾਲੀ ਦੇ 1-1.5 ਕਿੱਲੋ ਦੇ ਪੂਲੇ ਬਣਾ ਕੇ ਗਿੱਲੇ ਕਰ ਕੇ ਕਮਰੇ 'ਚ ਬੈੱਡ ਲਗਾਉ ਤੇ ਦਿਨ 'ਚ ਦੋ ਵਾਰ ਪਾਣੀ ਲਗਾਉ। ਮਹੀਨੇ ਤਕ ਫ਼ਸਲ ਤਿਆਰ ਹੋ ਜਾਵੇਗੀ। ਮਿਲਕੀ ਖੁੰਬ ਦੀ ਬਿਜਾਈ ਤੂੜੀ ਨੂੰ ਉਬਾਲ ਕੇ, ਬੀਜ ਰਲਾ ਕੇ ਪਲਾਸਟਿਕ ਦੇ ਲਿਫ਼ਾਫ਼ਿਆਂ 'ਚ ਭਰ ਕੇ ਕਰੋ। 15-20 ਦਿਨ ਬਾਅਦ ਜਦੋਂ ਰੇਸ਼ਾ ਫ਼ੈਲ ਜਾਵੇ ਤਾਂ ਕੇਸਿੰਗ ਕਰ ਦਿਉ। •





# ਰਵਾਇਤੀ ਢੰਗਾਂ ਨਾਲ ਕੀੜਿਆਂ ਦੀ ਰੋਕਥਾਮ

ਬਹੁਤ ਸਾਰੇ ਰਵਾਇਤੀ ਢੰਗਾਂ ਨੂੰ ਅਪਣਾ ਕੇ ਕੀਟਨਾਸ਼ਕ ਜ਼ਹਿਰਾਂ ਦੇ ਛਿੜਕਾਅ ਤੋਂ ਬਿਨਾਂ ਫ਼ਸਲੀ ਕੀੜਿਆਂ ਦੀ ਰੋਕਥਾਮ ਕੀਤੀ ਜਾ ਸਕਦੀ ਹੈ।

## ਮਕੈਨੀਕਲ ਰੋਕਥਾਮ

ਹੱਥਾਂ ਜਾਂ ਹੱਥ-ਯੰਤਰਾਂ ਨਾਲ ਕੀੜਿਆਂ ਦੀ ਰੋਕਥਾਮ ਕਰਨ ਨੂੰ ਮਕੈਨੀਕਲ ਕੰਟਰੋਲ ਆਖਦੇ ਹਨ।

**ਹੱਥਾਂ ਨਾਲ ਕੀੜੇ ਇਕੱਠੇ ਕਰਨਾ** : ਕਈ ਸੁੰਡੀਆਂ ਕਾਫ਼ੀ ਵੱਡੀਆਂ ਹੁੰਦੀਆਂ ਹਨ, ਜਿਨ੍ਹਾਂ ਨੂੰ ਬੂਟੇ ਉੱਪਰੋਂ ਚੁੱਕਿਆ ਤੇ ਖ਼ਤਮ ਕੀਤਾ ਜਾ ਸਕਦਾ ਹੈ। ਕੁਝ ਕੀੜੇ ਝੁੰਡਾਂ 'ਚ ਆਂਡੇ ਦਿੰਦੇ ਹਨ, ਇਨ੍ਹਾਂ ਆਂਡਿਆਂ ਨੂੰ ਲੱਭ ਕੇ ਖ਼ਤਮ ਕੀਤਾ ਜਾ ਸਕਦਾ ਹੈ। ਉਦਾਹਰਣ ਵਜੋਂ ਤੰਬਾਕੂ ਦੀ ਸੁੰਡੀ, ਗੋਭੀ ਦੀ ਤਿਤਲੀ ਤੇ ਭੱਬੂ ਕੁੱਤੇ ਦੇ ਬਾਲਗ ਆਪਣੇ ਆਂਡੇ ਪੱਤੇ ਦੇ ਹੇਠਲੇ ਪਾਸੇ ਝੁੰਡਾਂ 'ਚ ਦਿੰਦੇ ਹਨ। ਅਜਿਹੇ ਪੱਤਿਆਂ ਨੂੰ ਆਂਡਿਆਂ ਸਮੇਤ ਤੋੜ ਕੇ ਜ਼ਮੀਨ 'ਚ ਦਬਾਉਣ ਜਾਂ ਮਿੱਟੀ ਦਾ ਤੇਲ ਮਿਲੇ ਪਾਣੀ 'ਚ ਪਾ ਕੇ ਖ਼ਤਮ ਕੀਤਾ ਜਾ ਸਕਦਾ ਹੈ। ਇਸੇ ਤਰ੍ਹਾਂ ਇਨ੍ਹਾਂ ਆਂਡਿਆਂ ਵਿੱਚੋਂ ਸੁੰਡੀਆਂ ਨਿਕਲਣ ਤੋਂ ਬਾਅਦ ਇਹ ਮੁਢਲੀ ਅਵਸਥਾ ਵਿਚ ਝੁੰਡ 'ਚ ਰਹਿ ਕੇ ਪੱਤਿਆਂ ਨੂੰ ਖਾਂਦੀਆਂ ਹਨ। ਅਜਿਹੇ ਨੁਕਸਾਨੇ ਪੱਤਿਆਂ ਨੂੰ ਸੁੰਡੀਆਂ ਸਮੇਤ ਤੋੜ ਕੇ ਖ਼ਤਮ ਕਰ ਦੇਵੋ। ਕਾਣੇ ਹੋਏ ਫਲਾਂ 'ਚ ਫਲ ਦੀ ਮੱਖੀ ਦੇ ਲਾਰਵੇ (maggots) ਹੁੰਦੇ ਹਨ। ਇਨ੍ਹਾਂ ਫਲਾਂ ਨੂੰ ਜ਼ਮੀਨ 'ਚ ਦਬਾ ਦੇਵੋ।

ਗੁਰਦਾਸਪੁਰ ਗੜੂੰਆਂ ਦੇ ਲਾਰਵੇ ਮੁਢਲੀ ਅਵਸਥਾ 'ਚ ਇਕੱਠੇ ਰਹਿ ਕੇ ਗੰਨੇ ਦਾ ਨੁਕਸਾਨ ਕਰਦੇ ਹਨ। ਕਾਣੇ ਗੰਨਿਆਂ ਨੂੰ ਲਾਰਵੇ ਸਮੇਤ ਤੋੜ ਕੇ ਜ਼ਮੀਨ 'ਚ ਦੱਬਣ ਨਾਲ ਇਨ੍ਹਾਂ ਨੂੰ ਖ਼ਤਮ ਕੀਤਾ ਜਾ ਸਕਦਾ ਹੈ। ਇਸ ਤੋਂ ਇਲਾਵਾ ਦਰਖ਼ਤਾਂ ਨੂੰ ਹਿਲਾ ਕੇ ਪੱਤੇ ਖਾਣ ਵਾਲੀਆਂ ਵੱਡੀਆਂ ਸੁੰਡੀਆਂ ਹੇਠਾਂ ਡਿੱਗਣ 'ਤੇ ਮਿੱਟੀ ਦਾ ਤੇਲ ਰਲੇ ਪਾਣੀ 'ਚ ਪਾ ਕੇ ਖ਼ਤਮ ਕੀਤਾ ਜਾ ਸਕਦਾ ਹੈ।

**ਸਕਰੀਨ ਜਾਲੀਆਂ ਦੀ ਵਰਤੋਂ** : ਘਰਾਂ 'ਚ ਲੱਗੇ ਜਾਲੀਦਾਰ ਦਰਵਾਜ਼ੇ, ਮੱਖੀਆਂ-ਮੱਛਰਾਂ ਨੂੰ ਦੂਰ ਰੱਖਦੇ ਹਨ। ਆਟੇ ਜਾਂ ਸੂਜ਼ੀ 'ਚ ਪਈ ਸੁਸਰੀ (Red rust flour beetle) ਨੂੰ ਛਾਣ ਕੇ ਅਲੱਗ ਕੀਤਾ ਜਾਂਦਾ ਹੈ। ਮਠਿਆਈ ਨੂੰ ਕੀੜੀਆਂ ਤੋਂ ਬਚਾਉਣ ਲਈ ਕਿਸੇ ਸਟੈਂਡ ਉੱਪਰ ਰੱਖਣ ਤੇ ਸਟੈਂਡ ਦੀਆਂ ਲੱਤਾਂ ਪਾਣੀ 'ਚ ਰੱਖਣ ਵਾਲਾ ਪੁਰਾਣਾ ਤੇ ਕਾਰਗਰ ਤਰੀਕਾ ਹੈ। ਟਿੱਡੀ ਦਲ ਦੇ ਰਸਤੇ 'ਚ 30 ਸੈ.ਮੀ. ਚੌੜੇ ਤੇ 60 ਸੈ.ਮੀ. ਡੂੰਘੇ ਟੋਏ ਪੁੱਟਣ ਨਾਲ ਟਿੱਡੀ ਦਲ ਦੇ ਬੱਚੇ ਟੋਇਆਂ 'ਚ ਡਿੱਗ ਜਾਂਦੇ ਹਨ। ਇਨ੍ਹਾਂ ਨੂੰ ਟੋਇਆਂ 'ਚ ਹੀ ਖ਼ਤਮ ਕੀਤਾ ਜਾ ਸਕਦਾ ਹੈ। ਫਲਾਂ ਨੂੰ ਕੱਪੜੇ ਜਾਂ ਪਰਾਲੀ 'ਚ ਲਪੇਟ ਕੇ ਰੱਖਣ ਨਾਲ ਫਲ ਦੀ ਮੱਖੀ ਇਸ 'ਚ ਆਂਡੇ ਨਹੀਂ ਦੇ ਸਕਦੀ। ਮੀਲੀ ਬੱਗ ਦੇ ਨਿੰਫ ਜ਼ਮੀਨ 'ਚ ਹੁੰਦੇ ਹਨ ਤੇ ਫਰਵਰੀ-ਮਾਰਚ ਵਿਚ ਨਿਕਲੇ ਅੰਬ ਦੇ ਬੂਰ 'ਚੋਂ ਰਸ ਚੂਸਣ ਲਈ ਇਨ੍ਹਾਂ ਨੂੰ ਰੁੱਖ 'ਤੇ ਚੜ੍ਹਣ ਦੀ ਲੋੜ ਹੁੰਦੀ ਹੈ। ਅੰਬ ਦੇ ਰੁੱਖ 'ਤੇ ਤਿਲਕਣ ਵਾਲਾ ਬੈਂਡ ਲਗਾ ਕੇ ਇਨ੍ਹਾਂ ਨੂੰ ਰੁੱਖ 'ਤੇ ਚੜ੍ਹਣ ਤੋਂ ਰੋਕਿਆ ਜਾ ਸਕਦਾ ਹੈ।

**ਜਾਲ ਜਾਂ ਕੁੜਿੱਕੀ ਦੀ ਵਰਤੋਂ** : ਕਈ ਕੀੜਿਆਂ ਨੂੰ ਉਨ੍ਹਾਂ ਦੇ ਮਨ ਭਾਉਂਦੇ ਚੋਗੇ ਜਾਂ ਉਨ੍ਹਾਂ ਨੂੰ ਆਪਣੇ ਵੱਲ ਖਿੱਚਣ ਵਾਲੇ ਰਸਾਇਣ ਦੀ ਮਦਦ ਨਾਲ ਕੁੜਿੱਕੀ 'ਚ ਫਸਾ ਲਿਆ ਜਾਂਦਾ ਹੈ। ਫਲ ਦੀ ਨਰ ਮੱਖੀ ਫਰੂਟ-ਫਲਾਈ ਟਰੈਪ ਵੱਲ ਆਕਰਸ਼ਿਤ ਹੁੰਦੀ ਹੈ ਤੇ ਉਸ 'ਚ ਫਸ ਕੇ ਖ਼ਤਮ ਹੋ ਜਾਂਦੀ ਹੈ। ਪੀਲੇ ਰੰਗ ਦੇ ਚਿਪਕਣ ਵਾਲੇ ਕਾਰਡ ਨਾਲ ਛੋਟੇ ਤੇ ਉੱਡਣ ਵਾਲੇ ਕੀੜੇ, ਮੱਛਰ, ਚਿੱਟੀ ਮੱਖੀ ਆਦਿ ਚਿਪਕ ਜਾਂਦੇ ਹਨ ਤੇ ਮਰ ਜਾਂਦੇ ਹਨ। ਉੱਡਣ ਤੇ ਹਵਾ 'ਚ ਕੁੱਦਣ ਵਾਲੇ ਕੀੜਿਆਂ ਨੂੰ ਜਾਲ ਦੀ ਮਦਦ ਨਾਲ ਫੜਿਆ ਜਾ ਸਕਦਾ ਹੈ।

**ਬੂਟਿਆਂ ਦੀ ਕਾਂਟ-ਛਾਂਟ** : ਕੀੜਿਆਂ ਦੇ ਹਮਲੇ ਵਾਲੀਆਂ ਟਹਿਣੀਆਂ ਨੂੰ ਕੱਟ ਕੇ ਸਾੜ ਦੇਣ ਨਾਲ ਕਈ ਪ੍ਰਕਾਰ ਦੇ ਕੀੜਿਆਂ ਨੂੰ ਰੋਕਿਆ ਜਾ ਸਕਦਾ ਹੈ। ਝੋਨੇ ਦੀ ਪਨੀਰੀ ਦੇ ਪੱਤਿਆਂ ਦੇ ਸਿਰੇ ਕੱਟਣ ਨਾਲ ਗੋਭ ਦੀ ਸੁੰਡੀ ਦੇ ਆਂਡੇ ਨਸ਼ਟ ਹੋ ਜਾਂਦੇ ਹਨ ਤੇ ਇਸ ਦਾ ਹਮਲਾ ਪਨੀਰੀ ਤੋਂ ਖੇਤ ਤਕ ਨਹੀ ਪਹੁੰਚਦਾ। ਸਰ੍ਹੋਂ ਵਿਚ ਚੇਪੇ ਦੇ ਹਮਲੇ ਨੂੰ ਰੋਕਣ ਲਈ ਹਮਲੇ ਵਾਲੀਆਂ ਟਾਹਣੀਆਂ ਕੱਟਣ ਨਾਲ ਇਸ ਦਾ ਹਮਲਾ ਘੱਟ ਜਾਂਦਾ ਹੈ। ਘਰਾਂ 'ਚ ਮੋਟੀਆਂ ਸੁੰਡੀਆਂ ਨੂੰ ਝਾੜੂ ਨਾਲ ਤੇ ਮੱਖੀਆਂ ਨੂੰ ਅਖ਼ਬਾਰ ਨਾਲ ਮਾਰਨਾ ਆਮ ਗੱਲ ਹੈ।

### ਆਤਮਘਾਤੀ ਰੋਕਥਾਮ (Autocidal Control)

*ਇਸ ਤਰੀਕੇ ਨਾਲ ਕੀੜਿਆਂ ਦੀ ਰੋਕਥਾਮ ਉਨ੍ਹਾਂ ਨੂੰ ਨਿਪੁੰਸਕ ਬਣਾ ਕੇ ਜਾਂ ਉਨ੍ਹਾਂ ਦੀ ਜੀਨ ਵਿਚ ਤਬਦੀਲੀ ਕਰ ਕੇ ਕੀਤੀ ਜਾਂਦੀ ਹੈ। ਕੀੜਿਆਂ ਨੂੰ ਨਿਪੁੰਸਕ ਬਣਾਉਣ ਲਈ ਪਹਿਲਾ ਉਨਾਂ ਨੂੰ ਵੱਡੀ ਗਿਣਤੀ ਵਿਚ ਪ੍ਰਯੋਗਸ਼ਾਲਾ 'ਚ ਪਾਲਿਆ ਜਾਂਦਾ ਹੈ ਤੇ ਫਿਰ ਉਨ੍ਹਾਂ ਨੂੰ ਕਿਰਨਾਂ ਦੀ ਮਦਦ ਨਾਲ ਨਿਪੁੰਸਕ ਕਰ ਕੇ ਖੁੱਲ੍ਹੇ ਵਿਚ ਛੱਡ ਦਿੱਤਾ ਜਾਂਦਾ ਹੈ। ਮਾਦਾ ਕੀੜੇ ਦਾ ਨਿਪੁੰਸਕ ਨਰ ਨਾਲ ਮਿਲਾਪ ਹੋਣ ਕਾਰਨ ਮਾਦਾ, ਪਰਿਵਾਰ ਨੂੰ ਵਧਾਉਣ 'ਚ ਅਸਮਰੱਥ ਹੋ ਜਾਂਦੀ ਹੈ। ਜੇ ਅਜਿਹੇ ਨਿਪੁੰਸਕ ਨਰ ਕਈ ਪੀੜ੍ਹੀਆਂ ਤਕ ਖੁੱਲ੍ਹੇ ਵਿਚ ਛੱਡੇ ਜਾਣ ਤੇ ਕਿਸੇ ਤਰੀਕੇ ਨਾਲ ਬਾਹਰੋਂ ਸਿਹਤਮੰਦ ਨਰਾਂ ਦਾ ਪ੍ਰਵੇਸ਼ ਉਸ ਜਗ੍ਹਾ ਨਾ ਹੋਵੇ ਤਾਂ ਉਸ ਕੀੜੇ ਦੀ ਗਿਣਤੀ ਘਟਣੀ ਸ਼ੁਰੂ ਹੋ ਜਾਂਦੀ ਹੈ ਤੇ ਇਹ ਖ਼ਤਮ ਹੋ ਜਾਂਦਾ ਹੈ। ਮਾਦ ਦੇ ਨਿਪੁੰਸਕ ਨਰ ਤੇ ਸਿਹਤਮੰਦ ਨਰ ਨਾਲ ਹੋਏ ਮਿਲਾਪ ਦੀ ਦਰ ਤੋਂ ਕੀੜੇ ਦੀ ਜਨਸੰਖਿਆ ਵਿਚ ਹੋਣ ਵਾਲੀ ਕਮੀ ਦੀ ਤੀਬਰਤਾ ਦਾ ਪਤਾ ਲਗਾਇਆ ਜਾ ਸਕਦਾ ਹੈ। ਕਿਰਨਾਂ ਤੋਂ ਇਲਾਵਾ ਕੁਝ ਅਜਿਹੇ ਰਸਾਇਣ ਖੋਜਣ ਦੇ ਯਤਨ ਕੀਤੇ ਜਾ ਰਹੇ ਹਨ ਜੋ ਕਿ ਕੀੜਿਆਂ ਨੂੰ ਨਿਪੁੰਸਕ ਬਣਾ ਸਕਣ। ਇਸ ਤਰ੍ਹਾਂ ਕਰਨ ਨਾਲ ਕੀੜਿਆਂ ਨੂੰ ਪ੍ਰਯੋਗਸ਼ਾਲਾ ਵਿਚ ਪੈਦਾ ਕਰਨ ਦੀ ਜ਼ਰੂਰਤ ਨਹੀ ਪਵੇਗੀ। ਅਜਿਹੇ ਰਸਾਇਣਾਂ ਵਿਚ ਕੀੜਿਆਂ ਨੂੰ ਆਪਣੇ ਵੱਲ ਆਕਰਸ਼ਿਤ ਕਰਨ ਵਾਲਾ ਪਦਾਰਥ ਮਿਲਾ ਕੇ ਇਨ੍ਹਾਂ ਨੂੰ ਵਰਤੋਂ 'ਚ ਲਿਆਇਆ ਜਾਂਦਾ ਹੈ ਤਾਂ ਕਿ ਕਿਸੇ ਖ਼ਾਸ ਜਗ੍ਹਾ ਦੇ ਸਾਰੇ ਕੀੜਿਆਂ ਨੂੰ ਆਕਰਸ਼ਿਤ ਕਰ ਕੇ ਨਿਪੁੰਸਕ ਬਣਾਇਆ ਜਾ ਸਕੇ।।ਇਕ ਦੂਸਰੇ ਤਰੀਕੇ ਵਿਚ ਕੀੜਿਆਂ ਦੀ ਰੋਕਥਾਮ ਲਈ ਉਨ੍ਹਾਂ ਵਿਚ ਜੀਨ ਦੇ ਪੱਧਰ 'ਤੇ ਤਬਦੀਲੀਆਂ ਕਰਨਾ ਵੀ ਸ਼ਾਮਲ ਹੈ।*

### ਭੌਤਿਕ ਰੋਕਥਾਮ (Physical Control)

*ਕੀੜਿਆਂ ਦੇ ਭੌਤਿਕ ਕੰਟਰੋਲ ਤੋਂ ਭਾਵ ਕੀੜਿਆਂ ਦੀ ਜਨਸੰਖਿਆ ਨੂੰ ਭੌਤਿਕ ਤਰੀਕਿਆਂ ਨਾਲ ਘਟਾਉਣਾ ਜਾਂ ਕੀੜਿਆਂ ਦੀ ਜਨਸੰਖਿਆ ਘਟਾਉਣ ਲਈ ਉਨ੍ਹਾਂ ਦੇ ਭੌਤਿਕ ਵਾਤਾਵਰਨ ਵਿਚ ਤਬਦੀਲੀ ਕਰਨਾ ਹੈ।*

*ਗਰਮੀ ਤੇ ਠੰਢ : ਖ਼ੁਸ਼ਕ ਅਤੇ ਗਰਮ ਹਵਾ ਦੀ ਵਰਤੋਂ, ਜਿਵੇਂ ਕਿ ਮਈ-ਜੂਨ ਵਿਚ ਸੂਰਜੀ ਗਰਮੀ ਦੀ ਵਰਤੋਂ ਬੀਜ ਅਤੇ ਭੰਡਾਰਨ ਕੀਤੇ ਅਨਾਜ਼ ਵਿਚ ਲੁਕੇ ਕੀੜਿਆਂ ਨੂੰ ਮਾਰਨ ਲਈ ਕੀਤੀ ਜਾਂਦੀ ਹੈ। ਖਾਲੀ ਗੁਦਾਮ ਦੇ ਅੰਦਰ 10-12 ਘੰਟਿਆਂ ਲਈ 50 ਡਿਗਰੀ ਸੈਂਟੀਗ੍ਰੇਡ ਤਾਪਮਾਨ ਰੱਖਣ ਨਾਲ ਅਨਾਜ਼ ਨੂੰ ਨੁਕਸਾਨ ਪਹੁੰਚਾਉਣ ਵਾਲੇ ਕੀੜੇ ਖ਼ਤਮ ਕੀਤੇ ਜਾ ਸਕਦੇ ਹਨ।।ਅਪ੍ਰੈਲ-ਮਈ ਦੇ ਮਹੀਨੇ ਵਿਚ ਨਰਮੇਂ ਦੇ ਬੀਜ ਨੂੰ ਪਤਲੀ ਤਹਿ ਵਿਚ ਵਿਛਾ ਕੇ ਸੂਰਜੀ ਤਪਸ਼ ਨਾਲ ਗੁਲਾਬੀ ਸੁੰਡੀ ਦੇ ਲਾਰਵੇ ਖ਼ਤਮ ਕੀਤੇ ਜਾ ਸਕਦੇ ਹਨ।।ਗੰਨੇ ਵਿਚ ਸਕੇਲ ਕੀੜੇ ਨੂੰ ਖ਼ਤਮ ਕਰਨ ਲਈ ਗੰਨਿਆਂ ਨੂੰ ਸਿੱਲ੍ਹੀ ਗਰਮ ਹਵਾ ਦੇ ਯੰਤਰ ਵਿਚ ਰੱਖ ਕੇ ਸੋਧਿਆ ਜਾਂਦਾ ਹੈ। ਫਲ ਨੂੰ ਕਈ ਦਿਨ ਤਕ 10 ਡਿਗਰੀ ਸੈਂਟੀਗ੍ਰੇਡ ਤਾਪਮਾਨ 'ਤੇ ਰੱਖਣ ਨਾਲ ਫਲ ਦੀ ਮੱਖੀ ਦੇ ਲਾਰਵੇ ਮਰ ਜਾਂਦੇ ਹਨ।*

*ਨਮੀ : ਕੀੜੇ ਹਵਾ ਵਿਚਲੀ ਨਮੀ ਪ੍ਰਤੀ ਕਾਫੀ ਸੰਵੇਦਨਸ਼ੀਲ ਹੁੰਦੇ ਹਨ ਪਰ ਖੇਤਾਂ ਵਿਚ ਘੱਟ ਨਮੀ ਨੂੰ ਬਰਕਰਾਰ ਰੱਖਣਾ ਬਹੁਤ ਮੁਸ਼ਕਿਲ ਤਾਂ ਹੈ।ਪਰ ਇਹ ਤਰੀਕਾ ਅਨਾਜ਼ ਨੂੰ ਨੁਕਸਾਨ ਪਹੁੰਚਾਉਣ ਵਾਲੇ ਕੀੜਿਆਂ ਦੀ ਰੋਕਥਾਮ ਲਈ ਕਾਫ਼ੀ ਢੁਕਵਾਂ ਹੈ।।8-10 ਫ਼ੀਸਦੀ ਨਮੀ ਵਾਲੇ ਅਨਾਜ਼ ਨੂੰ ਜੇ ਠੰਢੀ ਤੇ ਖ਼ੁਸ਼ਕ ਜਗ੍ਹਾਂ 'ਤੇ ਰੱਖਿਆ ਜਾਵੇ ਤਾਂ ਸੁਸਰੀ ਦਾ ਹਮਲਾ ਨਹੀਂ ਹੁੰਦਾ।।ਇਸੇ ਤਰ੍ਹਾਂ ਮੱਛਰ ਖੜ੍ਹੇ ਪਾਣੀ 'ਚ ਪੈਦਾ ਹੁੰਦਾ ਹੈ। ਪਾਣੀ ਨੂੰ ਸੁਕਾਉਣ ਨਾਲ ਮੱਛਰ ਦੇ ਲਾਰਵੇ ਮਰ ਜਾਂਦੇ ਹਨ।।ਲੱਕੜ ਦੇ ਵੱਡੇ ਹਿੱਸਿਆਂ ਨੂੰ ਘੱਟੋ ਘੱਟ 15 ਦਿਨ ਪਾਣੀ ਵਿਚ ਡੋਬ ਕੇ ਰੱਖਣ ਨਾਲ ਵੀਵਲਜ਼ ਡੁੱਬ ਕੇ ਮਰ ਜਾਂਦੀਆਂ ਹਨ।*

## ਸਰਵਪੱਖੀ ਰੋਕਥਾਮ

ਸਰਵਪੱਖੀ ਰੋਕਥਾਮ ਤੋਂ ਭਾਵ ਫ਼ਸਲਾਂ ਦੇ ਹਾਨੀਕਾਰਕ ਕੀੜਿਆਂ ਦੀ ਰੋਕਥਾਮ ਲਈ ਵਰਤੇ ਜਾਣ ਵਾਲੇ ਉਨ੍ਹਾਂ ਸਾਰੇ ਤਰੀਕਿਆਂ ਦੇ ਸੰਗਠਿਤ ਰੂਪ ਤੋਂ ਹੈ, ਜਿਸ ਨਾਲ ਲਾਭ ਵਧੇਰੇ ਹੁੰਦਾ ਹੈ ਤੇ ਹਾਨੀ ਘੱਟ ਹੁੰਦੀ ਹੈ।ਸਰਵਪੱਖੀ ਕੀਟ ਪ੍ਰਬੰਧ ਇਸ ਮੂਲ 'ਤੇ ਆਧਾਰਿਤ ਹੈ ਕਿ ਰਸਾਇਣਾਂ ਦੀ ਵਰਤੋਂ ਦੀ ਦਰ ਤੇ ਮਾਤਰਾ ਦੋਵੇਂ ਘੱਟ ਕੀਤੀਆਂ ਜਾਣ ਤਾਂ ਕਿ ਇਨ੍ਹਾਂ ਦੀ ਵਧੇਰੇ ਵਰਤੋਂ ਤੋਂ ਹੋਣ ਵਾਲੇ ਨੁਕਸਾਨ ਨੂੰ ਖ਼ਤਮ ਕੀਤਾ ਜਾ ਸਕੇ। ਕੀੜਿਆਂ ਦੀ ਰਸਾਇਣਕ ਤੇ ਜੈਵਿਕ ਰੋਕਥਾਮ ਸਰਵਪੱਖੀ ਕੀਟ ਪ੍ਰਬੰਧ ਹੇਠ ਵਧੀਆ ਬਦਲਾਅ ਸਮਝੇ ਜਾਂਦੇ ਹਨ।

**ਚੋਣਵੇਂ ਕੀਟਨਾਸ਼ਕਾਂ ਦੀ ਵਰਤੋਂ** : ਮੀਥਾਈਲ ਡੈਮੇਟਨ ਨੂੰ ਚੇਪੇ ਦੀ ਰੋਕਥਾਮ ਲਈ ਵਰਤਿਆ ਜਾਂਦਾ ਹੈ ਪਰ ਨਾਲ ਹੀ ਇਹ ਸ਼ਿਕਾਰੀ ਤੇ ਪਰਜੀਵੀ ਕੀੜਿਆਂ ਲਈ ਹਾਨੀਕਾਰਕ ਨਹੀਂ ਹੈ। ਸਰ੍ਹੋਂ ਦੇ ਚੇਪੇ ਦੀ ਰੋਕਥਾਮ ਲਈ ਵਰਤਿਆ ਜਾਣ ਵਾਲਾ ਕੀਟਨਾਸ਼ਕ ਮੀਨੋਜ਼ੋਨ ਲੇਡੀ ਬਰਡ ਬੀਟਲ ਨੂੰ ਨੁਕਸਾਨ ਨਹੀਂ ਪਹੁੰਚਾਉਂਦਾ। ਇਸ ਤਰ੍ਹਾਂ ਉਹ ਕੀਟਨਾਸ਼ਕ ਵਰਤਣੇ ਚਾਹੀਦੇ ਹਨ, ਜੋ ਦੁਸ਼ਮਣ ਕੀੜਿਆਂ ਲਈ ਹਾਨੀਕਾਰਕ ਹੋਣ ਪਰ ਮਿੱਤਰ ਕੀੜਿਆਂ ਲਈ ਨਹੀਂ।

**ਰਸਾਇਣਾਂ ਦੀ ਵਰਤੋਂ ਦਾ ਸਮਾਂ** : ਕਿਸੇ ਰਸਾਇਣ ਦੀ ਵਰਤੋਂ ਦਾ ਸਮਾਂ ਹਾਨੀਕਾਰਕ ਤੇ ਮਿੱਤਰ ਕੀੜਿਆਂ 'ਤੇ ਚੋਣਵਾਂ ਅਸਰ ਪਾ ਸਕਦਾ ਹੈ, ਜਿਵੇਂ ਕਿ ਅਲਫਾ-ਅਲਫਾ ਕੈਟਰਪਿਲਰ ਦੇ ਪਰਜੀਵੀ ਕਿਸੇ ਰਸਾਇਣ ਦੇ ਪ੍ਰਯੋਗ ਨਾਲ ਨੁਕਸਾਨੇ ਨਹੀ ਜਾਂਦੇ ਜਦੋਂ ਇਹ ਪਿਊਪਾ ਦੀ ਅਵਸਥਾ 'ਚ ਹੁੰਦੇ ਹਨ ਪਰ ਇਹ ਧਿਆਨ ਰੱਖਣ ਵਾਲੀ ਗੱਲ ਹੈ ਕਿ ਇਸ ਰਸਾਇਣ ਦੇ ਮਾਰੂ ਅਸਰ ਲੰਬੇ ਸਮੇਂ ਤਕ ਨਾ ਰਹਿਣ ਵਾਲੇ ਹੋਣ।

**ਬਿਮਾਰੀ ਫ਼ੈਲਾਉਣ ਵਾਲੇ ਸੂਖ਼ਮ ਜੀਵਾਂ ਦੀ ਵਰਤੋਂ** : ਕੀੜਿਆਂ 'ਚ ਬਿਮਾਰੀ ਫ਼ੈਲਾਉਣ ਵਾਲੇ ਸੂਖ਼ਮ ਜੀਵ, ਜਿਵੇਂ ਪੋਲੀਹੈਡਰਲ ਵਾਇਰਸ ਦੀ ਵਰਤੋਂ ਰਸਾਇਣਾਂ ਦੀ ਵਰਤੋਂ ਘੱਟ ਕਰਨ ਲਈ ਅਲਫਾ-ਅਲਫਾ ਕੈਟਰਪਿਲਰ ਦੇ ਵਿਰੁੱਧ ਸਫਲਤਾ-ਪੂਰਵਕ ਕੀਤੀ ਗਈ ਹੈ।

**ਕੀੜੇ ਦਾ ਸੁਭਾਅ** : ਕੀੜੇ ਦੇ ਸੁਭਾਅ ਨੂੰ ਸਮਝਣ ਨਾਲ ਰਸਾਇਣ ਦੀ ਵਰਤੋਂ ਕਦੋਂ ਤੇ ਕਿਸ ਜਗ੍ਹਾ 'ਤੇ ਕਰਨੀ ਹੈ, ਇਸ ਦਾ ਪਤਾ ਲਗਾਇਆ ਜਾ ਸਕਦਾ ਹੈ, ਜਿਵੇਂ ਕੱਦੂ ਜਾਤੀ ਦੇ ਫਲ ਦੀ ਮੱਖੀ ਦਿਨ ਵੇਲੇ ਮੱਕੀ ਦੇ ਪੱਤੇ ਦੇ ਹੇਠਲੇ ਪਾਸੇ ਬੈਠ ਕੇ ਆਰਾਮ ਕਰਦੀ ਹੈ। ਇਸ ਦੀ ਰੋਕਥਾਮ ਖਿੜੀ ਧੁੱਪ ਵਾਲੇ ਸਮੇਂ ਤੇ ਕੱਦੂ ਜਾਤੀ ਦੇ ਬੂਟੇ 'ਤੇ ਨਾ ਕਰ ਕੇ ਇਸ ਦੇ ਨੇੜੇ ਲੱਗੀ ਮੱਕੀ 'ਤੇ ਕਰਨ ਨਾਲ ਇਸ ਦਾ ਵਧੇਰੇ ਖ਼ਾਤਮਾ ਕੀਤਾ ਜਾ ਸਕਦਾ ਹੈ।

## ਲੀਗਲ ਰੋਕਥਾਮ

ਜਦੋਂ ਪੌਦੇ ਤੇ ਬੀਜ ਇਕ ਜਗ੍ਹਾ ਤੋਂ ਦੂਸਰੀ ਜਗ੍ਹਾ ਲਿਜਾਏ ਜਾਂਦੇ ਹਨ ਤਾਂ ਇਨ੍ਹਾਂ ਨਾਲ ਬਿਮਾਰੀਆਂ ਤੇ ਕੀੜੇ ਮਕੌੜੇ ਵੀ ਨਵੀਂ ਜਗ੍ਹਾ ਪਹੁੰਚ ਜਾਂਦੇ ਹਨ। ਇਨ੍ਹਾਂ ਕੀੜਿਆਂ ਤੇ ਬਿਮਾਰੀਆਂ ਨੂੰ ਸੰਸਾਰ ਦੇ ਦੂਸਰੇ ਹਿੱਸਿਆਂ 'ਚ ਫੈਲਣ ਤੋਂ ਰੋਕਣ ਲਈ ਬਣਾਏ ਗਏ ਕਨੂੰਨ ਲੀਗਲ ਰੋਕਥਾਮ ਅਖਵਾਉਂਦੇ ਹਨ। ਭਾਰਤ ਵਿਚ ਵੀ ਅਜਿਹੇ ਕਾਨੂੰਨੀ ਪ੍ਰਬੰਧ ਹਨ। ਇਸ ਐਕਟ ਅਧੀਨ ਦਰਾਮਦ ਕੀਤੀਆਂ ਜਾਣ ਵਾਲੀਆਂ ਸਾਰੀਆਂ ਚੀਜ਼ਾਂ ਦਾ ਨਿਰੀਖਣ ਕੀਤਾ ਜਾਂਦਾ ਹੈ ਕਿ ਇਹ ਕੀੜਿਆਂ ਤੇ ਬਿਮਾਰੀਆਂ ਤੋਂ ਮੁਕਤ ਹਨ ਜਾਂ ਨਹੀ ਜਾਂ ਇਨ੍ਹਾਂ ਵਸਤਾਂ ਨੂੰ ਜ਼ਹਿਰੀਲੀ ਗੈਸ ਨਾਲ ਕੀੜਿਆਂ ਤੇ ਬਿਮਾਰੀਆਂ ਤੋਂ ਮੁਕਤ ਕੀਤਾ ਜਾਂਦਾ ਹੈ। •

ਮੱਧ ਪ੍ਰਦੇਸ਼ 'ਚ ਅਜਿਹਾ ਬੀਜ ਬੈਂਕ ਹੈ, ਜਿਸ 'ਚ 9 ਹਜ਼ਾਰ ਕਿਸਮਾਂ ਦੇ ਦੇਸੀ ਬੀਜ ਸੰਭਾਲ ਕੇ ਰੱਖੇ ਗਏ ਹਨ। ਇਨ੍ਹਾਂ ਵਿੱਚੋਂ 7 ਹਜ਼ਾਰ ਕਿਸਮਾਂ ਇਕੱਲੇ ਛੋਲਿਆਂ ਨਾਲ ਸਬੰਧਤ ਹਨ। ਪੰਜਾਬ ਨੂੰ ਵੀ ਅਜਿਹੀ ਪਹਿਲਕਦਮੀ ਕਰਨੀ ਚਾਹੀਦੀ ਹੈ...



# 9 ਹਜ਼ਾਰ ਦੇਸੀ ਫ਼ਸਲਾਂ ਦੇ ਬੀਜ ਸੰਭਾਲਦੇ ਨੇ ਬੀਜ ਬੈਂਕ

• ਬ੍ਰਿਸ ਭਾਨ ਬੁਜਰਕ
98761-01698

ਦੇਸ਼ ਦੇ ਕਈ ਸੂਬਿਆਂ 'ਚ ਕਿਸਾਨਾਂ ਵੱਲੋਂ ਬੀਜਾਂ ਦੀ ਪੈਦਾਵਾਰ ਕਰਨੀ ਛੱਡ ਦਿੱਤੇ ਜਾਣ ਤੋਂ ਬਾਅਦ ਬਹੁਤ ਸਾਰੇ ਕਿਸਾਨ ਫ਼ਸਲਾਂ, ਫੁੱਲਾਂ, ਫਲਾਂ, ਸਬਜ਼ੀਆਂ ਦੇ ਬੀਜਾਂ ਦੀ ਖ਼ਰੀਦ ਲਈ ਬਾਜ਼ਾਰ 'ਤੇ ਨਿਰਭਰ ਹਨ। ਕੋਈ ਸਮਾਂ ਸੀ ਜਦੋਂ ਕਿਸਾਨ ਰਵਾਇਤੀ ਫ਼ਸਲਾਂ ਕਣਕ, ਝੋਨਾ, ਕਪਾਹ, ਛੋਲੇ, ਮੱਕੀ ਸਮੇਤ ਕਈ ਫ਼ਸਲਾਂ ਦੇ ਬੀਜ ਆਪਣੇ ਖੇਤਾਂ ਵਿੱਚੋਂ ਹੀ ਰੱਖ ਕੇ ਅਗਲੀ ਫ਼ਸਲ ਬੀਜਦੇ ਸਨ। ਬੀਜ-ਸੰਭਾਲ ਦੇ ਅਧੁਨਿਕ ਢੰਗ ਨਾ ਹੋਣ ਕਾਰਨ ਕਣਕ ਦਾ ਬੀਜ ਨੂੰ ਪੰਜ-ਛੇ ਮਹੀਨੇ ਤੂੜੀ ਵਾਲੇ ਕੋਠੇ 'ਚ ਰੱਖਿਆ ਜਾਂਦਾ ਸੀ ਤਾਂ ਕਿ ਕੀੜੇ-ਮਕੌੜਿਆਂ ਤੋਂ ਬਚਾਅ ਹੋ ਸਕੇ।

## ਕਈ ਸੂਬਿਆਂ ਨੇ ਬਣਾਏ ਬੀਜ ਬੈਂਕ

ਆਧੁਨਿਕਤਾ ਨੇ ਖੇਤਾਂ ਵਿੱਚੋਂ ਬਹੁਤ ਸਾਰੀਆਂ ਦੇਸੀ ਕਿਸਮਾਂ ਦੀਆਂ ਫ਼ਸਲਾਂ ਦਾ ਖਾਤਮਾ ਕਰ ਦਿੱਤਾ ਹੈ ਪਰ ਮੱਧ ਪ੍ਰਦੇਸ਼, ਉੱਤਾਰਖੰਡ ਤੇ ਮਹਾਰਾਸ਼ਟਰ ਵਿਚ ਦੇਸੀ ਫ਼ਸਲਾਂ ਦੇ ਬੀਜਾਂ ਨੂੰ ਸੰਭਾਲਿਆ ਜਾ ਰਿਹਾ ਹੈ। ਮੱਧ ਪ੍ਰਦੇਸ਼ ਵਿਚ ਅਜਿਹਾ ਬੈਂਕ ਹੈ, ਜਿਸ ਵਿਚ ਕਰੀਬ 9 ਹਜ਼ਾਰ ਕਿਸਮਾਂ ਦੇ ਦੇਸੀ ਬੀਜ ਸੰਭਾਲ ਕੇ ਰੱਖੇ ਗਏ ਹਨ। ਇਨ੍ਹਾਂ ਵਿੱਚੋਂ 7 ਹਜ਼ਾਰ ਕਿਸਮਾਂ ਇਕੱਲੇ ਛੋਲਿਆਂ ਨਾਲ ਸਬੰਧਤ ਹਨ। ਉੱਤਰਾਖੰਡ ਵਿਚ ਵਿਆਹਾਂ ਮੌਕੇ ਕਿਸੇ ਨਾ ਕਿਸੇ ਕਿਸਮ ਦੇ ਦੇਸੀ ਬੀਜ ਤੋਹਫ਼ੇ ਵਜੋਂ ਵੀ ਦਿੱਤੇ ਜਾਂਦੇ ਹਨ। ਮਹਾਰਾਸ਼ਟਰ ਦੇ ਵਰਧਾ ਜ਼ਿਲ੍ਹੇ ਦੀ ਤਹਿਸੀਲ ਸਮੁੰਦਰਪੁਰ ਦੇ ਗੀਰੜ ਪਿੰਡ ਵਿਚ ਵੀ ਦੇਸੀ ਬੀਜਾਂ ਨੂੰ ਸੰਭਾਲ ਕੇ ਰੱਖਣ ਦੀ ਮੁਹਿੰਮ ਚਲਾਈ ਜਾ ਰਹੀ ਹੈ। ਪੰਜਾਬ ਦੇ ਜੈਵਿਕ ਖੇਤੀ ਕਰਨ ਵਾਲੇ ਜ਼ਿਆਦਾਤਰ ਕਿਸਾਨ ਕਣਕ, ਪਾਲਕ, ਕਮਾਦ, ਮਟਰ, ਛੋਲਿਆਂ ਸਮੇਤ ਕਈ ਤਰ੍ਹਾਂ ਦੇ ਦੇਸੀ ਬੀਜਾਂ ਨਾਲ ਹੀ ਖੇਤੀ ਕਰਦੇ ਹਨ।

## ਕਾਰਗਰ ਹਨ ਦੇਸੀ ਕਿਸਮਾਂ

ਹਾਈਬ੍ਰਿਡ ਬੀਜਾਂ ਦੇ ਮੁਕਾਬਲੇ ਦੇਸੀ ਕਿਸਮਾਂ ਮੌਸਮੀ ਤਬਦੀਲੀਆਂ ਨਾਲ ਟਾਕਰਾ ਕਰਨ ਦੇ ਸਮਰੱਥ ਹਨ ਤੇ ਇਨ੍ਹਾਂ ਅੰਦਰ ਕੀੜਿਆਂ ਤੇ ਬਿਮਾਰੀਆਂ ਦਾ ਮੁਕਾਬਲਾ ਕਰਨ ਦੀ ਵਧੇਰੇ ਸਮਰਥਾ ਹੋਣ ਕਾਰਨ ਕੀੜੇਮਾਰ ਦਵਾਈਆਂ ਤੇ ਰਸਾਇਣਕ ਖਾਦਾਂ ਦੀ ਜ਼ਰੂਰਤ ਵੀ ਘੱਟ ਪੈਂਦੀ ਹੈ। ਕਈ ਦੇਸੀ ਕਿਸਮਾਂ ਆਪਣੇ ਫਲ ਕੁਦਰਤੀ ਤੌਰ 'ਤੇ ਪੈਦਾ ਕਰਦੀਆਂ ਹਨ ਜਦਕਿ ਹਾਈਬ੍ਰਿਡ ਕਿਸਮਾਂ ਕੋਲੋਂ ਕਈ ਗੁਣਾਂ ਵੱਧ ਝਾੜ ਲੈਣ ਲਈ ਖਾਦਾਂ ਤੇ ਕੀੜੇਮਾਰ ਜ਼ਹਿਰਾਂ ਦੀ ਵਰਤੋਂ ਵਧੇਰੇ ਕਰਨੀ ਪੈਂਦੀ ਹੈ। ਇਨ੍ਹਾਂ ਜ਼ਹਿਰਾਂ ਕਾਰਨ ਦੁਸਮਣ ਕੀੜਿਆਂ ਦੇ ਨਾਲ-ਨਾਲ ਕਿਸਾਨ ਦੇ ਮਿੱਤਰ ਕੀੜੇ ਵੀ ਖ਼ਤਮ ਹੋ ਰਹੇ ਹਨ। ਮੌਸਮੀ ਤਬਦੀਲੀਆਂ ਕਾਰਨ ਇਕ ਨਾ ਇਕ ਦਿਨ ਦੇਸੀ ਕਿਸਮਾਂ ਦੀ ਕਾਸ਼ਤ ਵੱਲ ਮੁੜਨਾ ਪਵੇਗਾ। ਹਾਈਬ੍ਰਿਡ ਕਿਸਮਾਂ, ਖ਼ਾਸ ਕਰਕੇ ਜੀਐੱਮ ਫ਼ਸਲਾਂ ਨੇ ਮਨੁੱਖੀ ਸਿਹਤ ਉੱਪਰ ਕਈ ਮਾਰੂ ਅਸਰ ਕੀਤੇ ਹਨ।

ਪੰਜਾਬ ਦੇ ਕਿਸਾਨਾਂ ਨੂੰ ਆਪਣੇ ਖਾਣ ਲਈ ਦੇਸੀ ਕਿਸਮਾਂ ਦੀਆਂ ਫ਼ਸਲਾਂ ਬੀਜਣ ਤੋਂ ਇਲਾਵਾ ਇਨ੍ਹਾਂ ਕਿਸਮਾਂ ਦੇ ਬੀਜਾਂ ਦੀ ਸੰਭਾਲ ਵੱਲ ਖ਼ਾਸ ਧਿਆਨ ਦੇਣਾ ਚਾਹੀਦਾ ਹੈ। •

### ਕੁਦਰਤੀ ਜੜੀਆਂ-ਬੂਟੀਆਂ ਦਾ ਖ਼ਾਤਮਾ

*ਦੇਸੀ ਕਿਸਮਾਂ ਦੇ ਨਾਲ-ਨਾਲ ਅਜਿਹੀ ਬਨਸਪਤੀ ਵੀ ਖ਼ਤਮ ਹੋ ਰਹੀ ਹੈ, ਜਿਹੜੀ ਸਾਡੀਆਂ ਖ਼ੁਰਾਕੀ ਲੋੜਾਂ ਨੂੰ ਪੂਰਾ ਕਰਦੀ ਸੀ। ਔਸ਼ਧੀ ਗੁਣਾਂ, ਵਿਟਾਮਿਨ, ਆਇਰਨ, ਕੈਲਸ਼ੀਅਮ ਆਦਿ ਦੀ ਪੂਰਤੀ ਲਈ ਸਾਨੂੰ ਮੈਡੀਕਲ ਸਟੋਰਾਂ 'ਤੇ ਨਿਰਭਰ ਕਰਨਾ ਪੈ ਰਿਹਾ ਹੈ। ਕਿਸਾਨ ਦੇਸੀ ਕਿਸਮਾਂ ਦੇ ਬੀਜ ਹਰ ਵਾਰ ਉਸੇ ਫ਼ਸਲ ਤੋਂ ਲੈ ਕੇ ਬੀਜ ਸਕਦਾ ਹੈ ਪਰ ਹਾਈਬ੍ਰਿਡ ਕਿਸਮਾਂ ਦਾ ਬੀਜ ਹਰ ਸਾਲ ਨਵਾਂ ਖ਼ਰੀਦਣਾ ਪੈਂਦਾ ਹੈ ਅਤੇ ਇਹ ਮਹਿੰਗਾ ਵੀ ਹੁੰਦਾ ਹੈ। ਅਜਿਹੀਆਂ ਵੱਧ ਝਾੜ ਦੇਣ ਵਾਲੀਆਂ ਹਾਈਬ੍ਰਿਡ ਕਿਸਮਾਂ ਜ਼ਰੀਏ ਜੇ ਵਪਾਰੀ ਕਿਸਾਨਾਂ ਲਈ ਕਮਾਈ ਦੇ ਵਧੇਰੇ ਜ਼ਰੀਏ ਪੈਦਾ ਕਰ ਰਿਹਾ ਹੈ ਤਾਂ ਦੂਜੇ ਪਾਸੇ ਇਹੀ ਵਪਾਰੀ ਵਰਗ ਗੰਭੀਰ ਬਿਮਾਰੀਆਂ ਤੇ ਹੋਰ ਅਲਾਮਤਾਂ ਦੇ ਰੂਪ ਵਿਚ ਕਿਸਾਨਾਂ ਪਾਸੋਂ ਕਈ ਗੁਣਾਂ ਪੈਸਾ ਵਸੂਲ ਵੀ ਰਿਹਾ ਹੈ।*

• ਗੁਰਜੀਤ ਸਿੰਘ ਮਾਂਗਟ, ਨਵਜੋਤ ਕੌਰ ਸਿੱਧੂ, 98145-16464

ਝੋਨੇ ਦੀ ਫ਼ਸਲ ਤੋਂ ਮੁਨਾਫ਼ਾ ਕਾਇਮ ਰੱਖਣ ਲਈ ਸੁਧਰੀਆਂ ਤੇ ਘੱਟ ਸਮੇਂ 'ਚ ਤਿਆਰ ਹੋਣ ਵਾਲੀਆਂ ਕਿਸਮਾਂ ਬੇਹੱਦ ਅਹਿਮ ਹਨ। ਕਿਸਮ ਦੀ ਚੋਣ ਫ਼ਸਲੀ ਚੱਕਰ ਨੂੰ ਧਿਆਨ 'ਚ ਰੱਖ ਕੇ ਹੀ ਕਰੋ...



# ਝੋਨੇ ਦੀ ਸੁਚੱਜੀ ਕਾਸ਼ਤ

ਝੋਨਾ ਸਾਉਣੀ ਦੀ ਮੁੱਖ ਫ਼ਸਲ ਹੈ। ਸਾਲ 2017-18 ਵਿਚ ਝੋਨੇ ਦੀ ਕਾਸ਼ਤ ਲਗਪਗ 76 ਲੱਖ ਏਕੜ ਰਕਬੇ 'ਚ ਕੀਤੀ ਗਈ, ਜਿਸ ਤੋਂ ਔਸਤ ਝਾੜ 26 ਕੁਇੰਟਲ ਪ੍ਰਤੀ ਏਕੜ ਤੇ ਉਤਪਾਦਨ 2010.9 ਲੱਖ ਕੁਇੰਟਲ ਰਿਹਾ।

ਜ਼ਮੀਨਦੋਜ਼ ਪਾਣੀ ਦੇ ਡਿੱਗ ਰਹੇ ਪੱਧਰ ਤੇ ਪਰਾਲੀ ਦੀ ਸਾਂਭ-ਸੰਭਾਲ ਇਸ ਸਮੇਂ ਵੱਡੀ ਚਿੰਤਾ ਦਾ ਵਿਸ਼ਾ ਹਨ। ਮੌਸਮੀ ਤਬਦੀਲੀਆਂ ਤੇ ਮੰਡੀਕਰਨ ਦੀਆਂ ਸਮੱਸਿਆਵਾਂ ਨੇ ਸਥਿਤੀ ਨੂੰ ਹੋਰ ਗੁੰਝਲਦਾਰ ਬਣਾਇਆ ਹੈ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੁਆਰਾ ਘੱਟ ਸਮੇਂ 'ਚ ਪੱਕਣ ਵਾਲੀਆਂ ਕਿਸਮਾਂ ਪੀਆਰ-121, ਪੀਆਰ-122, ਪੀਆਰ-124, ਪੀਆਰ-126 ਦੀ ਸਿਫ਼ਾਰਸ਼ ਉਪਰੰਤ ਪੀਆਰ ਕਿਸਮਾਂ ਹੇਠ ਰਕਬੇ 'ਚ ਨਿਰੰਤਰ ਵਾਧ ਰਿਹਾ ਹੈ। 2017 ਦੌਰਾਨ ਪੀਆਰ ਕਿਸਮਾਂ ਹੇਰ ਰਕਬਾ 68.5 ਫ਼ੀਸਦੀ ਹੋ ਗਿਆ ਤੇ ਪੂਸਾ-44 ਹੇਠ ਸਿਰਫ਼ 17 ਫ਼ੀਸਦੀ ਰਹਿ ਗਿਆ। ਪੀਆਰ ਕਿਸਮਾਂ ਦੀ ਕਾਸ਼ਤ ਬਦੌਲਤ ਪੰਜਾਬ ਪਿਛਲੇ ਤਿੰਨ ਸਾਲ ਤੋਂ ਪ੍ਰਤੀ ਏਕੜ ਝਾੜ, ਪੈਦਾਵਾਰ ਤੇ ਕੇਂਦਰੀ ਪੂਲ 'ਚ ਯੋਗਦਾਨ ਦੇ ਨਵੇਂ ਕੀਰਤੀਮਾਨ ਸਥਾਪਿਤ ਕਰ ਰਿਹਾ ਹੈ। ਮੁਨਾਫ਼ੇ ਨੂੰ ਕਾਇਮ ਰੱਖਣ ਲਈ ਖੇਤੀ ਦੀਆਂ ਸਮੁੱਚੀਆਂ ਸਿਫ਼ਾਰਸ਼ਾਂ ਨੂੰ ਅਪਨਾਉਣਾ ਪਵੇਗਾ। ਇਨ੍ਹਾਂ ਪਹਿਲੂਆਂ ਨੂੰ ਧਿਆਨ 'ਚ ਰੱਖਦੇ ਹੋਏ, ਝੋਨੇ ਦੀ ਸਫ਼ਲ ਕਾਸ਼ਤ ਲਈ ਕੁਝ ਜ਼ਰੂਰੀ ਗੱਲਾਂ ਨੂੰ ਧਿਆਨ 'ਚ ਰੱਖਣਾ ਬੇਹੱਦ ਲਾਜ਼ਮੀ ਹੈ :

## ਸਹੀ ਕਿਸਮ ਦੀ ਚੋਣ

ਝੋਨੇ ਤੋਂ ਮੁਨਾਫ਼ੇ ਨੂੰ ਕਾਇਮ ਰੱਖਣ ਲਈ ਸੁਧਰੀਆਂ ਕਿਸਮਾਂ ਦਾ ਯੋਗਦਾਨ ਬਹੁਤ ਅਹਿਮ ਹੈ। ਨਤੀਜਿਆਂ ਅਨੁਸਾਰ ਕੁੱਲ ਝਾੜ ਵਿਚ ਅੱਧਾ ਯੋਗਦਾਨ ਕਿਸਮਾਂ ਦਾ ਹੈ ਤੇ ਬਾਕੀ ਅੱਧਾ ਪੈਦਾਵਾਰ ਦੀਆਂ ਤਕਨੀਕਾਂ ਦਾ ਹੁੰਦਾ ਹੈ। ਪ੍ਰਮਾਣਿਤ ਕਿਸਮਾਂ ਖੇਤੀ ਦੀ ਮੁੱਢਲੀ ਸਮੱਗਰੀ ਹੈ ਕਿਉਂਕਿ ਬਾਕੀ ਸਾਰੀਆਂ ਤਕਨੀਕਾਂ ਇਸ ਉੱਪਰ ਨਿਰਭਰ ਕਰਦੀਆਂ ਹਨ। ਮੌਸਮੀ ਤਬਦੀਲੀਆਂ ਤੇ ਜ਼ਮੀਨਦੋਜ਼ ਪਾਣੀ ਦੇ ਘਟਦੇ ਪੱਧਰ ਨੂੰ ਧਿਆਨ 'ਚ ਰੱਖਦੇ ਹੋਏ ਉਨ੍ਹਾਂ ਕਿਸਮਾਂ ਨੂੰ ਤਵੱਜੋਂ ਦੇਣੀ ਚਾਹੀਦੀ ਹੈ ਜੋ ਵਧੇਰੇ ਝਾੜ ਦੇ ਨਾਲ-ਨਾਲ ਪੱਕਣ 'ਚ ਘੱਟ ਸਮਾਂ ਲੈਂਦੀਆਂ ਹੋਣ। ਕਿਸਮ ਦੀ ਚੋਣ ਇਨ੍ਹਾਂ ਗੱਲਾਂ ਨੂੰ ਧਿਆਨ 'ਚ ਰੱਖ ਕੇ ਕਰਨੀ ਚਾਹੀਦੀ ਹੈ :

**ਫ਼ਸਲੀ ਚੱਕਰ** : ਵੱਖ-ਵੱਖ ਫ਼ਸਲੀ ਚੱਕਰਾਂ ਲਈ ਕਿਸਮਾਂ ਵੀ ਵੱਖਰੀਆਂ-ਵੱਖਰੀਆਂ ਹੁੰਦੀਆਂ ਹਨ, ਜਿਵੇਂ ਕਣਕ-ਝੋਨੇ ਲਈ ਪੀਆਰ-121, ਪੀਆਰ-122, ਪੀਆਰ-124, ਪੀਆਰ-114 ਆਦਿ। ਆਲੂ/ਮੂੰਗੀ/ਖ਼ਰਬੂਜ਼ੇ ਲਈ ਪੀਆਰ-126, ਪੀਆਰ-124, ਪੀਆਰ-121, ਪੂਸਾ ਬਾਸਮਤੀ-1509 ਢੁਕਵੀਆਂ ਹਨ।

**ਮੰਡੀਕਰਨ** : ਸੀਐੱਸਆਰ-30, ਪੰਜਾਬ ਬਾਸਮਤੀ-5, ਪੰਜਾਬ ਬਾਸਮਤੀ-4 ਦੇ ਮੰਡੀਕਰਨ ਲਈ ਅੰਮ੍ਰਿਤਸਰ, ਗੁਰਦਾਸਪੁਰ, ਤਰਨਤਾਰਨ ਜ਼ਿਲ੍ਹੇ ਜ਼ਿਆਦਾ ਢੁਕਵੇਂ ਹਨ।

**ਇਲਾਕੇ ਦੀ ਮੰਗ** : ਪੀਆਰ-114, ਪੀਆਰ-123 ਤੇ ਪੀਆਰ-126 ਕਿਸਮਾਂ ਫ਼ਰੀਦਕੋਟ, ਫਿਰੋਜ਼ਪੁਰ ਤੇ ਫ਼ਤਹਿਗੜ੍ਹ ਸਾਹਿਬ ਜ਼ਿਲ੍ਹਿਆਂ ਲਈ ਢੁਕਵੀਆਂ ਹਨ।

### ਪਰਮਲ ਤੇ ਬਾਸਮਤੀ ਦਾ ਸਹੀ ਅਨੁਪਾਤ

*ਇਹ ਗੱਲ ਖ਼ਾਸ ਧਿਆਨ ਦੇਣ ਵਾਲੀ ਹੈ ਕਿ ਪਰਮਲ ਤੇ ਬਾਸਮਤੀ ਝੋਨੇ ਦੇ ਅਨੁਪਾਤ ਨੂੰ ਸਹੀ ਰੱਖਿਆ ਜਾਵੇ। ਜੇ ਬਾਸਮਤੀ ਹੇਠ ਰਕਬਾ ਜ਼ਿਆਦਾ ਵਧੇਗਾ ਤਾਂ ਵਾਜਬ ਮੁੱਲ ਨਹੀਂ ਮਿਲੇਗਾ। ਇਸ ਦੀ ਉਦਾਹਰਣ 2014-15, ਅਤੇ 2015-16 ਦੀ ਪੈਦਾਵਾਰ ਤੋਂ ਲਈ ਜਾ ਸਕਦੀ ਹੈ। ਇਨ੍ਹਾਂ ਵਰ੍ਹਿਆਂ ਦੌਰਾਨ ਬਾਸਮਤੀ ਦਾ ਰਕਬਾ 8.62 ਤੋਂ 7.60 ਲੱਖ ਹੈਕਟੇਅਰ ਸੀ, ਜਿਸ ਕਾਰਨ ਬਾਸਮਤੀ ਦੀ ਕੀਮਤ ਝੋਨੇ ਤੋਂ ਵੀ ਹੇਠਾਂ ਚਲੀ ਗਈ ਸੀ।।ਬਾਸਮਤੀ ਦੀ ਵਾਜਬ ਕੀਮਤ ਤਦ ਹੀ ਮਿਲਦੀ ਹਨ ਜੇ ਇਸ ਦਾ ਰਕਬਾ 5 ਤੋਂ 5.5 ਲੱਖ ਹੈਕਟੇਅਰ ਹੋਵੇ। ਬਾਸਮਤੀ ਦੀ ਕੀਮਤ ਕੌਮਾਂਤਰੀ ਤੇ ਘਰੇਲੂ ਮੰਗ, ਦੇਸ਼-ਵਿਦੇਸ਼ ਵਿਚ ਪਿਛਲੇ ਸੀਜ਼ਨ ਦੇ ਬਚੇ ਸਟਾਕ, ਸੰਭਾਵਿਤ ਰਕਬਾ ਆਦਿ 'ਤੇ ਨਿਰਭਰ ਕਰਦੀ ਹੈ।*

## ਤਸੱਲੀਬਖ਼ਸ਼ ਬੀਜ ਦਾ ਪ੍ਰਬੰਧ

ਵੇਖਣ 'ਚ ਆਇਆ ਹੈ ਕਿ ਕਿਸਾਨ ਆਪ ਬੀਜ ਨਹੀਂ ਰੱਖ ਰਹੇ ਤੇ ਹਰ ਸਾਲ ਨਵਾਂ ਬੀਜ ਖ਼ਰੀਦਣ ਦਾ ਰੁਝਾਨ ਹੈ। ਅਜਿਹਾ ਕਰਨਾ ਲਾਹੇਵੰਦ ਨਹੀਂ ਹੈ। ਕਈ ਵਾਰ ਬੀਜ ਦੀ ਵਧੇਰੇ ਮੰਗ ਦੀ ਪੂਰਤੀ ਲਈ ਦੁਕਾਨਦਾਰ ਘਟੀਆ ਬੀਜ ਵੇਚ ਦਿੰਦੇ ਹਨ। ਜਿਸ ਨਾਲ ਫ਼ਸਲ ਨੂੰ ਬਿਮਾਰੀਆਂ ਵੱਧ ਲਗਦੀਆਂ ਅਤੇ ਉਤਪਾਦਨ 'ਚ ਵੀ ਗਿਰਾਵਟ ਆਉਂਦੀ ਹੈ। ਫ਼ਸਲ 'ਤੇ ਇਹ ਇਹ ਬਿਮਾਰੀਆਂ ਬੀਜ ਦੁਆਰਾ ਫ਼ੈਲਦੀਆਂ ਹਨ। ਇਸ ਲਈ ਜ਼ਰੂਰੀ ਹੈ ਕਿ ਵਧੀਆ ਕਿਸਮਾਂ ਦੇ ਨਾਲ-ਨਾਲ ਉੱਤਮ ਕੁਆਲਟੀ ਦਾ ਬੀਜ ਹੀ ਵਰਤਿਆ ਜਾਵੇ। ਇਸ ਦੇ ਲਈ ਜ਼ਰੂਰੀ ਹੈ ਕਿ ਬੀਜ ਭਰੋਸੇਯੋਗ ਅਦਾਰਿਆਂ ਤੋਂ ਹੀ ਲਿਆ ਜਾਵੇ।

## ਨਰੋਈ ਪਨੀਰੀ ਤਿਆਰ ਕਰਨ ਦਾ ਢੰਗ

ਫ਼ਸਲ ਤੋਂ ਪੂਰਾ ਝਾੜ ਲੈਣ ਲਈ ਨਰੋਈ ਪਨੀਰੀ ਉਗਾਉਣਾ ਬਹੁਤ ਜ਼ਰੂਰੀ ਹੈ :

**ਬਿਜਾਈ ਦਾ ਸਮਾਂ** : ਝੋਨੇ ਤੇ ਬਾਸਮਤੀ ਤੋਂ ਉੱਤਮ ਕੁਆਲਟੀ ਦੇ ਚੌਲ ਤੇ ਵਧੇਰੇ ਝਾੜ ਲੈਣ ਲਈ ਪ੍ਰਮਾਣਿਤ ਕਿਸਮਾਂ ਦੀ ਬਿਜਾਈ ਸਿਫ਼ਾਰਸ਼ ਕੀਤੇ ਸਮੇਂ ਮੁਤਾਬਿਕ ਹੀ ਕਰੋ। ਪੀਆਰ-122 ਕਿਸਮ ਦੀ ਪਨੀਰੀ ਲਗਾਉਣ ਲਈ ਢੁੱਕਵਾਂ ਸਮਾਂ 15-20 ਮਈ ਹੈ ਤੇ ਪਨੀਰੀ ਨੂੰ ਖੇਤ 'ਚ ਬੀਜਣ ਲਈ ਢੁੱਕਵਾਂ ਸਮਾਂ 15-20 ਜੂਨ ਹੈ। ਪੀਆਰ-127, ਪੀਆਰ-123, ਪੀਆਰ-121, ਪੀਆਰ-114 ਤੇ ਪੀਆਰ-113 ਦੀ ਪਨੀਰੀ ਲਗਾਉਣ ਲਈ 20-25 ਮਈ ਤੇ ਲੁਆਈ ਲਈ ਢੁੱਕਵਾਂ ਸਮਾਂ 20-25 ਜੂਨ ਹੈ। ਪੀਆਰ-126 ਤੇ ਪੀਆਰ-124 ਲਈ 25 ਤੋਂ 30 ਮਈ ਅਤੇ ਲੁਆਈ ਲਈ 25 ਤੋਂ 30 ਜੂਨ ਦਾ ਸਮਾਂ ਢੁੱਕਵਾਂ ਹੈ। ਪੂਸਾ ਬਾਸਮਤੀ-1121, ਪੂਸਾ ਬਾਸਮਤੀ-1637, ਪੰਜਾਬ ਬਾਸਮਤੀ-2, 3, 4 ਤੇ 5 ਦੀ ਪਨੀਰੀ ਲਗਾਉਣ ਲਈ ਪਹਿਲੀ ਤੋਂ 15 ਜੂਨ ਤਕ ਤੇ ਲੁਆਈ ਲਈ ਪਹਿਲੀ ਤੋਂ 15 ਜੁਲਾਈ, ਪੂਸਾ ਬਾਸਮਤੀ-1509, ਸੀਐੱਸਆਰ-30, ਬਾਸਮਤੀ-386 ਤੇ ਬਾਸਮਤੀ-370 ਦੀ ਪਨੀਰੀ ਲਗਾਉਣ ਲਈ 15-30 ਜੂਨ ਤੇ ਲੁਆਈ ਲਈ 15-30 ਜੁਲਾਈ ਤਕ ਢੁੱਕਵਾਂ ਸਮਾਂ ਹੈ।

### ਧਿਆਨ ਰੱਖਣਯੋਗ ਨੁਕਤੇ

*ਮਾੜੇ ਪਾਣੀਆਂ ਲਈ ਪੀਆਰ-121, ਪੀਆਰ-126 ਅਤੇ ਸੀਐੱਸਆਰ-30 ਕਿਸਮਾਂ ਜ਼ਿਆਦਾ ਢੁਕਵੀਆਂ ਹਨ। ਪੀਆਰ-127 ਕਿਸਮ ਦੀ ਮਾੜੇ ਪਾਣੀਆਂ/ਜ਼ਮੀਨਾਂ 'ਚ ਕਾਸ਼ਤ ਨਾ ਕਰੋ। ਪੀਆਰ-126 ਕਿਸਮ ਦੇ ਵਧੀਆ ਫੁਟਾਰੇ ਲਈ 25 ਤੋਂ 30 ਦਿਨ ਦੀ ਪਨੀਰੀ ਖੇਤ ਵਿਚ ਲਗਾਉਣੀ ਜ਼ਰੂਰੀ ਹੈ। ਪੂਸਾ ਬਾਸਮਤੀ-1637 ਕਿਸਮ ਨੂੰ ਪੂਸਾ ਬਾਸਮਤੀ-1 (ਮੁੱਛਲ) ਤੋਂ ਵਿਕਸਿਤ ਕੀਤੀ ਗਈ ਹੈ। ਇਹ ਭੁਰੜ ਰੋਗ ਦਾ ਕੁਝ ਹੱਦ ਤਕ ਟਾਕਰਾ ਕਰਨ ਦੇ ਸਮਰੱਥ ਹੈ। ਇਸੇ ਤਰ੍ਹਾਂ ਪੰਜਾਬ ਬਾਸਮਤੀ-3, ਪੰਜਾਬ ਬਾਸਮਤੀ-4 ਅਤੇ ਪੰਜਾਬ ਬਾਸਮਤੀ-5 ਵੀ ਝੁਲਸ ਰੋਗ ਦਾ ਟਾਕਰਾ ਕਰਨ ਦੇ ਸਮਰੱਥ ਹੈ। ਬਾਸਮਤੀ-1121 ਕਿਸਮ ਦੇ ਰਿੱਝੇ ਹੋਏ ਚਾਵਲ ਲੰਬਾਈ 'ਚ ਸਭ ਤੋਂ ਵੱਡੇ ਹੁੰਦੇ ਹਨ। ਪੂਸਾ ਬਾਸਮਤੀ-1509 ਕਿਸਮ ਘੱਟ ਸਮੇਂ 'ਚ ਪੱਕਣ ਵਾਲੀ ਹੋਣ ਕਾਰ ਬਹੁ-ਫ਼ਸਲੀ ਚੱਕਰ ਲਈ ਬਹੁਤ ਢੁੱਕਵੀ ਹੈ। ਬਾਸਮਤੀ-386 ਦੀ ਅੰਤਰਰਾਸ਼ਟਰੀ ਮੰਡੀ 'ਚ ਕਾਫੀ ਮੰਗ ਹੋਣ ਕਾਰਨ ਇਹ ਵਧੀਆ ਮੁੱਲ 'ਤੇ ਵਿਕਦੀ ਹੈ।*

**ਪਨੀਰੀ ਲਈ ਖੇਤ ਦੀ ਚੋਣ ਤੇ ਤਿਆਰੀ** : ਪਨੀਰੀ ਦੀ ਬਿਜਾਈ ਲਈ ਜ਼ਮੀਨ ਦਰਮਿਆਨੀ ਤੋਂ ਭਾਰੀ ਹੋਵੇ, ਪਿਛਲੇ ਸਾਲ ਦੇ ਪਿੜ੍ਹ ਦੀ ਥਾਂ ਨਾ ਹੋਵੇ, ਦਰੱਖ਼ਤਾਂ ਜਾਂ ਛਾਂ ਤੋਂ ਪਰ੍ਹੇ ਹੋਵੇ, ਕੁੱਪ ਵਾਲੀ ਜਗ੍ਹਾ ਨਾ ਹੋਵੇ।

**ਬੀਜ ਤੇ ਪਨੀਰੀ ਦੀ ਸੋਧ** : ਬਿਜਾਈ ਤੋਂ ਪਹਿਲਾਂ ਬੀਜ ਨੂੰ 20 ਗ੍ਰਾਮ ਬਾਵਿਸਟਿਨ 50 ਡਬਲਿਊਪੀ (ਕਾਰਬੈਂਡਿਜ਼ਿਮ) ਤੇ ਇਕ ਗ੍ਰਾਮ ਸਟ੍ਰੈਪਟੋਸਾਈਕਲੀਨ ਦੇ 10 ਲਿਟਰ ਪਾਣੀ ਦੇ ਘੋਲ 'ਚ 8 ਤੋਂ 10 ਘੰਟੇ ਡੋਬ ਕੇ ਰੱਖੋ। ਪਨੀਰੀ ਨੂੰ ਖੇਤ 'ਚ ਲਗਾਉਣ ਤੋਂ ਪਹਿਲਾਂ ਜੜ੍ਹਾਂ ਨੂੰ 20 ਗ੍ਰਾਮ ਬਾਵਿਸਟਿਨ 50 ਡਬਲਿਊਪੀ (ਕਾਰਬੈਂਡਿਜ਼ਿਮ) ਦੇ ਘੋਲ 'ਚ 6 ਘੰਟੇ ਲਈ ਡੋਬੋ ਜਾਂ ਇਕ ਏਕੜ ਦੇ ਬੀਜ ਨੂੰ ਬਿਜਾਈ ਤੋਂ ਪਹਿਲਾਂ 5 ਗ੍ਰਾਮ ਬਾਵਿਸਟਿਨ 50 ਡਬਲਿਊਪੀ ਤੇ ਇਕ ਗ੍ਰਾਮ ਸਟ੍ਰੈਪਟੋਸਾਈਕਲੀਨ ਦੇ 10 ਲਿਟਰ ਪਾਣੀ ਦੇ ਘੋਲ 'ਚ 12 ਘੰਟੇ ਡੋਬੋ ਤੇ ਬੀਜਣ ਤੋਂ ਪਹਿਲਾਂ ਟ੍ਰਾਈਕੋਡਰਮਾ ਹਰਜ਼ੀਐਨਮ 15 ਗ੍ਰਾਮ ਪ੍ਰਤੀ ਕਿੱਲੋ ਬੀਜ ਦੇ ਹਿਸਾਬ ਨਾਲ ਸੋਧ ਲਵੋ। ਪਨੀਰੀ ਦੀ ਲੁਆਈ ਤੋਂ ਪਹਿਲਾਂ ਜੜ੍ਹਾਂ ਵੀ ਟ੍ਰਾਈਕੋਡਰਮਾ ਹਰਜ਼ੀਐਨਮ 15 ਗ੍ਰਾਮ ਪ੍ਰਤੀ ਲਿਟਰ ਪਾਣੀ 'ਚ 6 ਘੰਟੇ ਲਈ ਡੋਬੋ।

**ਬੀਜ ਦੀ ਮਾਤਰਾ** : ਅੱਠ ਕਿੱਲੋ ਨਿੱਗਰ ਬੀਜ ਇਕ ਏਕੜ ਦੀ ਪਨੀਰੀ ਲਈ ਕਾਫ਼ੀ ਹੈ।

**ਪਨੀਰੀ ਬੀਜਣ ਦਾ ਢੰਗ** : ਕੱਦੂ ਕਰ ਕੇ ਤਿਆਰ ਕੀਤੇ ਖੇਤ 'ਚ 8 ਕਿੱਲੋ ਪੁੰਗਰੇ ਹੋਏ ਬੀਜ ਦਾ ਸਾਢੇ ਛੇ ਮਰਲੇ 'ਚ ਛੱਟਾ ਦਿਉ। ਕੱਦੂ ਦੀ ਆਖ਼ਰੀ ਵਾਹਾਈ ਸਮੇਂ 26 ਕਿੱਲੋ ਯੂਰੀਆ, 60 ਕਿੱਲੋ ਸਿੰਗਲ ਸੁਪਰਫਾਸਫੇਟ ਤੇ 40 ਕਿੱਲੋ ਜ਼ਿੰਕ ਸਲਫੇਟ ਹੈਪਟਾਹਾਈਡ੍ਰੇਟ ਜਾਂ 25.5 ਕਿੱਲੋ ਜ਼ਿੰਕ ਸਲਫੇਟ ਮੋਨੋਹਾਈਡ੍ਰੇਟ ਪ੍ਰਤੀ ਏਕੜ ਪਾਉ।

**ਪਨੀਰੀ 'ਚ ਲਘੂ-ਤੱਤਾਂ ਦੀ ਘਾਟ** : ਲੋਹੇ ਦੀ ਘਾਟ ਸਮੇਂ ਪੱਤਿਆਂ ਦਾ ਰੰਗ ਪੀਲਾ ਪੈ ਜਾਂਦਾ ਹੈ। ਇਸ ਲਈ ਅੱਧੇ ਤੋਂ ਇਕ ਕਿੱਲੋ ਫੈਰਸ ਸਲਫੇਟ ਨੂੰ 100 ਲਿਟਰ ਪਾਣੀ 'ਚ ਘੋਲ ਕੇ ਹਫ਼ਤੇ-ਹਫ਼ਤੇ ਦੇ ਫ਼ਰਕ 'ਤੇ 2 ਤੋਂ 3 ਛਿੜਕਾਅ ਕਰੋ। ਜੇ ਲੋਹੇ ਦੀ ਘਾਟ ਪਨੀਰੀ ਪੁੱਟ ਕੇ ਲਗਾਉਣ ਤੋਂ ਬਾਅਦ ਆਵੇ ਤਦ ਵੀ ਫੈਰਸ ਸਲਫੇਟ ਦੇ 2 ਤੋਂ 3 ਛਿੜਕਾਅ ਕਰੋ। ਜ਼ਿੰਕ ਦੀ ਘਾਟ ਸਮੇਂ ਝੋਨੇ ਦੇ ਹੇਠਲੇ ਪੱਤੇ ਜ਼ੰਗਾਲੇ ਜਿਹੇ ਹੋ ਜਾਂਦੇ ਹਨ। ਬੂਟੇ ਮਧਰੇ ਰਹਿ ਜਾਂਦੇ ਹਨ ਤੇ ਜਾੜ ਨਹੀਂ ਮਾਰਦੇ। ਇਸ ਘਾਟ ਨੂੰ ਅੱਧਾ ਕਿੱਲੋ ਜ਼ਿੰਕ ਸਲਫੇਟ ਹੈਪਟਾਹੀਈਡ੍ਰੇਟ (21 ਫ਼ੀਸਦੀ ਜਾਂ 300 ਗ੍ਰਾਮ ਜ਼ਿੰਕ ਸਲਫੇਟ ਮੋਨੋਹਾਈਡ੍ਰੇਟ (33 ਫ਼ੀਸਦੀ) ਨੂੰ 100 ਲਿਟਰ ਪਾਣੀ 'ਚ ਘੋਲ ਕੇ ਪ੍ਰਤੀ ਏਕੜ ਛਿੜਕਾਅ ਕਰੋ।

**ਪਨੀਰੀ ਪੁੱਟ ਕੇ ਲਗਾਉਣ ਦਾ ਸਮਾਂ** : ਪਨੀਰੀ ਨੂੰ ਪੁੱਟ ਕੇ ਖੇਤ 'ਚ ਲਗਾਉਣ ਦਾ ਸਮਾਂ ਤੇ ਢੰਗ ਵੀ ਝੋਨੇ ਦੇ ਝਾੜ 'ਤੇ ਅਸਰ ਪਾਉਂਦੇ ਹਨ। ਜਦੋਂ ਪਨੀਰੀ 30 ਦਿਨ ਦੀ ਹੋਵੇ ਤਾਂ ਇਸ ਨੂੰ ਖੇਤ 'ਚ ਲਗਾਉਣ ਲਈ ਪੁੱਟੋ। ਘੱਟ ਸਮਾਂ ਲੈਣ ਵਾਲੀਆਂ ਕਿਸਮਾਂ ਦੀ ਪਨੀਰੀ 25-30 ਦਿਨਾਂ ਦੀ ਲਗਾ ਦੇਣੀ ਚਾਹੀਦੀ ਹੈ। ਇਕ ਵਰਗ ਮੀਟਰ 'ਚ 33 ਬੂਟੇ ਲਗਾਉ। ਜ਼ਿਆਦਾ ਜਾਂ ਘੱਟ ਬੂਤੇ ਝਾੜ ਨੂੰ ਪ੍ਰਭਾਵਿਤ ਕਰਦੇ ਹਨ। •

## ਤੁਹਾਡੀ ਸਿਹਤ

# ਕੁਦਰਤ ਦਾ ਵਰਦਾਨ ਮੇਥੀ



- ਡਾ. ਹਰਸ਼ਿੰਦਰ ਕੌਰ

ਇੱਕ ਮੈਡੀਕਲ ਕਾਨਫਰੰਸ ਵਿੱਚ ਇੱਕ ਨਵੀਂ ਦਵਾਈ ਬਾਰੇ ਦੱਸਿਆ ਗਿਆ ਕਿ ਇਹ ਸ਼ੱਕਰ ਰੋਗੀਆਂ ਲਈ ਬਹੁਤ ਫ਼ਾਇਦੇਮੰਦ ਸਾਬਤ ਹੋ ਰਹੀ ਹੈ। ਉਸ ਦਵਾਈ ਦਾ ਨਾਂ ਸੀ 'ਫੈਨਫਿਊਰੋ'। ਕਾਨਫਰੰਸ ਦੇ ਅੰਤ ਵਿੱਚ ਦੱਸਿਆ ਗਿਆ ਕਿ ਇਹ ਦਵਾਈ ਮੇਥੀ ਤੋਂ ਬਣਾਈ ਗਈ ਹੈ, ਜਿਸਨੂੰ ਸੁਣ ਕੇ ਸਾਰੇ ਜਣੇ ਹੈਰਾਨ ਰਹਿ ਗਏ ਕਿ ਇਹ ਨਿੱਕੀਆਂ ਜਿਹੀਆਂ ਹਰੀਆਂ ਪੱਤੀਆਂ ਏਨੀਆਂ ਲਾਹੇਵੰਦ ਕਿਵੇਂ ਹੋ ਸਕਦੀਆਂ ਹਨ ? ਉਸ ਕਾਨਫਰੰਸ ਤੋਂ ਬਾਅਦ ਅਮਰੀਕਾ ਵਿੱਚ ਵਰਤੇ ਜਾ ਰਹੇ 'ਫੇਸ ਪੈਕ' ਵਿਖਾਏ ਗਏ, ਜੋ ਮੂੰਹ ਉੱਤੇ ਬਣ ਰਹੇ ਬਲੈਕ ਹੈੱਡਜ਼, ਫਿੰਸੀਆਂ, ਕਿਲ, ਝੁਰੜੀਆਂ ਆਦਿ ਲਈ ਕਮਾਲ ਦਾ ਅਸਰ ਵਿਖਾ ਰਹੇ ਸਨ ਤੇ ਅਮਰੀਕੀ ਔਰਤਾਂ ਦੀ ਪਹਿਲੀ ਪਸੰਦ ਬਣ ਚੁੱਕੇ ਸਨ। ਉਨ੍ਹਾਂ ਵਿੱਚ ਅਸਲ ਚੀਜ਼ 'ਮੇਥੀ' ਸੀ! ਉੱਥੋਂ ਦੇ ਕਈ ਬਿਊਟੀ ਕਲੀਨਿਕ ਮੇਥੀ ਦੇ ਬੀਜ (ਮੇਥਰੇ) ਪਾਣੀ ਵਿੱਚ ਉਬਾਲ ਕੇ ਉਸ ਨਾਲ ਆਪਣੀਆਂ ਗਾਹਕ ਔਰਤਾਂ ਦਾ ਮੂੰਹ ਚੰਗੀ ਤਰ੍ਹਾਂ ਧੋ ਕੇ, ਤਾਜ਼ੀ ਮੇਥੀ ਦਾ ਲੇਪ ਵੀਹ ਮਿੰਟ ਲਈ ਮੂੰਹ ਉੱਤੇ ਲਾ ਦਿੰਦੇ ਹਨ। ਇਹ ਝੁਰੜੀਆਂ ਅਤੇ ਮੁਹਾਸਿਆਂ ਵਾਸਤੇ ਕਮਾਲ ਦਾ ਅਸਰ ਵਿਖਾਉਂਦੀ ਹੈ।

ਵਾਲਾਂ ਲਈ ਵੀ ਮੇਥੀ ਤੋਂ ਬਣੇ ਸ਼ੈਂਪੂ ਸਭ ਤੋਂ ਮਹਿੰਗੇ ਵਿਕਦੇ ਹਨ। ਸਿਕਰੀ ਅਤੇ ਵਾਲ ਝੜਨ ਤੋਂ ਰੋਕਣ ਲਈ ਮੇਥੀ ਦੀ ਵਰਤੋਂ ਜ਼ੋਰਾਂ ਉੱਤੇ ਹੈ। ਭਾਵੇਂ ਰੋਜ਼ ਖਾਧੀ ਜਾਵੇ ਅਤੇ ਭਾਵੇਂ ਵਾਲਾਂ ਉੱਤੇ ਪੇਸਟ ਬਣਾ ਕੇ ਲਾ ਲਈ ਜਾਵੇ, ਇਸ ਨਾਲ ਹੌਲੀ-ਹੌਲੀ ਵਾਲ ਲਿਸ਼ਕਵੇਂ ਤੇ ਕਾਲੇ ਹੋਣ ਲੱਗ ਪੈਂਦੇ ਹਨ। ਵਾਲਾਂ ਅਤੇ ਚਮੜੀ ਵਿੱਚ ਮੇਥੀ ਦੀ ਏਨੀ ਜ਼ਿਆਦਾ ਵਰਤੋਂ ਕਈ ਵਾਰ ਤਾਂ ਸ਼ੱਕ ਹੀ ਪਾ ਦਿੰਦੀ ਹੈ ਕਿ ਇਹ ਖਾਣ ਦੀ ਚੀਜ਼ ਹੈ ਵੀ ਕਿ ਸਿਰਫ਼ ਲਾਉਣ ਵਾਲੀ ਹੀ ਹੈ। ਮੇਥੀ ਦੇ ਲਾਭ ਇੰਜ ਹਨ:

➢ ਮੇਥੀ ਦੇ ਬੀਜ ਪਾਣੀ ਵਿੱਚ ਉਬਾਲ ਕੇ ਅਤੇ ਰਾਤ ਭਰ ਖੋਪੇ ਦੇ ਤੇਲ ਵਿੱਚ ਭਿਉਂ ਕੇ ਰੱਖ ਕੇ ਉਸ ਨਾਲ ਰੋਜ਼ ਹਲਕੀ ਹਲਕੀ ਸਿਰ ਦੀ ਮਾਲਿਸ਼ ਕਰਨ ਨਾਲ ਵਾਲ ਝੜਨੇ ਵੀ ਰੁਕਦੇ ਹਨ ਤੇ ਸਿਕਰੀ ਵੀ ਠੀਕ ਹੋ ਜਾਂਦੀ ਹੈ।

➢ ਜਿਹੜੇ ਜਣੇ ਭਾਰ ਘਟਾਉਣ ਬਾਰੇ ਸੋਚ ਰਹੇ ਹੋਣ, ਉਹ ਤਾਂ ਅੱਜ ਤੋਂ ਹੀ ਮੇਥੀ ਖਾਣੀ ਸ਼ੁਰੂ ਕਰ ਦੇਣ ਕਿਉਂਕਿ ਇਸ ਤੋਂ ਵਧੀਆ ਕੁਦਰਤੀ ਦਵਾਈ ਮਿਲਣੀ ਔਖੀ ਹੀ ਹੈ। ਜੇ ਕਿਸੇ ਦੀ ਚਮੜੀ ਉੱਤੇ ਦਾਗ਼ ਹਨ ਜਾਂ ਸੜਨ ਦੇ ਤਾਜ਼ੇ ਦਾਗ਼, ਛਾਲੇ, ਐਗਜ਼ੀਮਾ ਆਦਿ ਹਨ ਤਾਂ ਵੀ ਮੇਥੀ ਦੇ ਬੀਜਾਂ ਨੂੰ ਰਗੜ ਕੇ ਪਤਲਾ ਪੇਸਟ ਬਣਾ ਕੇ ਚਮੜੀ ਉੱਤੇ ਲੇਪ ਵਾਂਗ ਲਾ ਕੇ ਉੱਤੇ ਸਾਫ਼ ਕੱਪੜੇ ਨਾਲ ਢਕ ਕੇ ਰੱਖਣ ਨਾਲ ਹੌਲੀ-ਹੌਲੀ ਕੁਝ ਆਰਾਮ ਪੈ ਜਾਂਦਾ ਹੈ। ਅੰਤੜੀਆਂ ਦੇ ਕੈਂਸਰ (ਕੋਲਨ ਕੈਂਸਰ) ਵਿੱਚ ਵੀ ਮੇਥੀ ਵਿਚਲੇ ਭਰਵੇਂ ਫਾਈਬਰ ਦੇ ਸਦਕਾ ਫ਼ਾਇਦਾ ਲਿਆ ਜਾ ਸਕਦਾ ਹੈ ਕਿਉਂਕਿ ਇਹ ਖਾਣੇ ਵਿਚਲੇ ਮਾੜੇ ਤੱਤਾਂ ਨੂੰ ਅੰਤੜੀਆਂ ਦੀ ਨਰਮ ਪਰਤ ਉੱਤੇ ਵਾਰ ਨਹੀਂ ਕਰਨ ਦਿੰਦੀ ਤੇ ਕੈਂਸਰ ਹੋਣ ਤੋਂ ਬਚਾਅ ਕਰ ਸਕਦੀ ਹੈ।

➢ ਮੇਥੀ ਸਿਰਫ਼ ਫਾਈਬਰ ਸਦਕਾ ਹੀ ਗੁਣਕਾਰੀ ਨਹੀਂ ਬਲਕਿ ਇਸ ਵਿਚਲੇ ਪ੍ਰੋਟੀਨ, ਵਿਟਾਮਿਨ- ਸੀ, ਨਾਇਆਸਿਨ, ਪੋਟਾਸ਼ੀਅਮ, ਲੋਹ ਕਣ, ਐਲਕਾਲੌਇਡ ਤੇ ਡਾਇਓਸਜੈਨਿਨ ਵੀ ਰਲ ਕੇ ਸਰੀਰ ਵਿੱਚ ਕਮਾਲ ਦਾ ਅਸਰ ਵਿਖਾਉਂਦੇ ਹਨ।

# ਕੁਪੋਸ਼ਣ ਤੋਂ ਬਚਣ ਲਈ ਪ੍ਰੋਟੀਨ ਜ਼ਰੂਰੀ



**ਇਹ ਜ਼ਿਆਦਾਤਰ ਵਿਕਾਸਸ਼ੀਲ ਅਤੇ ਅਵਿਕਸਿਤ ਦੇਸ਼ਾਂ ਵਿੱਚ ਪਾਈ ਜਾਂਦੀ ਹੈ। ਸਾਡੇ ਦੇਸ਼ ਵਿਚ ਖ਼ੁਰਾਕ ਵਿੱਚ ਪ੍ਰੋਟੀਨ ਦੀ ਕਮੀ ਦੇ ਮੁੱਖ ਕਾਰਨ ਗ਼ਰੀਬੀ, ਅਨਪੜ੍ਹਤਾ, ਲਿੰਗ ਭੇਦਭਾਵ, ਕੁਦਰਤੀ ਸੰਕਟ ਜਿਵੇਂ ਭੁੱਖਮਰੀ, ਸੋਕਾ ਆਦਿ ਹਨ।**

ਇੱਕ ਸਿਹਤਮੰਦ ਸਰੀਰ ਲਈ ਮੁੱਖ ਤੌਰ 'ਤੇ ਛੇ ਤੱਤਾਂ ਦੀ ਲੋੜ ਹੁੰਦੀ ਹੈ ਜਿਵੇਂ ਪ੍ਰੋਟੀਨ, ਕਾਰਬੋਹਾਈਡ੍ਰੇਟਸ, ਚਰਬੀ, ਵਿਟਾਮਿਨ, ਖਣਿਜ ਪਦਾਰਥ ਅਤੇ ਪਾਣੀ। ਇਨ੍ਹਾਂ ਸਾਰਿਆਂ ਨੂੰ ਮਿਲਾ ਕੇ ਹੀ ਸੰਤੁਲਿਤ ਖ਼ੁਰਾਕ ਬਣਦੀ ਹੈ। ਪਾਣੀ ਤੋਂ ਬਾਅਦ ਸਾਡੇ ਸਰੀਰ ਵਿੱਚ ਪ੍ਰੋਟੀਨ ਹੀ ਸਭ ਤੋਂ ਵੱਧ ਮਾਤਰਾ ਵਿੱਚ ਪਾਇਆ ਜਾਂਦਾ ਹੈ। ਸਾਡਾ ਸਰੀਰ ਸੈੱਲਾਂ ਦਾ ਬਣਿਆ ਹੋਇਆ ਹੈ। ਕਈ ਸੈੱਲ ਮਿਲ ਕੇ ਟਿਸ਼ੂ ਅਤੇ ਕਈ ਟਿਸ਼ੂ ਮਿਲ ਕੇ ਇੱਕ ਅੰਗ ਬਣਾਉਂਦੇ ਹਨ। ਵੱਖ-ਵੱਖ ਸੈੱਲ ਮਿਲ ਕੇ ਹੱਡੀਆਂ, ਮਾਸਪੇਸ਼ੀਆਂ, ਨਾੜਾਂ ਅਤੇ ਚਮੜੀ ਦੇ ਖ਼ਾਸ ਕੰਮ ਕਰਨ ਵਿੱਚ ਯਤਨਸ਼ੀਲ ਰਹਿੰਦੇ ਹਨ। ਇਨ੍ਹਾਂ ਸੈੱਲਾਂ ਦੀ ਜ਼ਿੰਦਗੀ ਸਾਡੀ ਖ਼ੁਰਾਕ ਉੱਤੇ ਨਿਰਭਰ ਕਰਦੀ ਹੈ। ਪ੍ਰੋਟੀਨ ਇਨ੍ਹਾਂ ਸੈੱਲਾਂ ਲਈ ਸਭ ਤੋਂ ਜ਼ਰੂਰੀ ਤੱਤ ਹੈ। ਸਾਡੀ ਖ਼ੁਰਾਕ ਵਿੱਚ ਪ੍ਰੋਟੀਨ ਦੀ ਕਮੀ ਕਾਰਨ ਇਹ ਸੈੱਲ ਕੰਮ ਕਰਨਾ ਬੰਦ ਕਰ ਦਿੰਦੇ ਹਨ ਅਤੇ ਨਤੀਜੇ ਵਜੋਂ ਸਰੀਰ ਵਿੱਚ ਚੱਲਦੇ ਵੱਖ-ਵੱਖ ਅੰਗਾਂ ਦੇ ਕੰਮਾਂ ਵਿੱਚ ਵਿਘਨ ਪੈ ਜਾਂਦਾ ਹੈ।

**ਕੀ ਹਨ ਪ੍ਰੋਟੀਨ ਦੇ ਲਾਭ**

➢ ਸਰੀਰ ਵਿਚਲੇ ਹਰੇਕ ਸੈੱਲ ਲਈ ਪ੍ਰੋਟੀਨ ਜ਼ਰੂਰੀ ਤੱਤ ਹੈ। ਪ੍ਰੋਟੀਨ ਜਿੱਥੇ ਨਵੇਂ ਸੈੱਲ ਬਣਾਉਣ ਵਿੱਚ ਮਦਦ ਕਰਦੇ ਹਨ, ਉੱਥੇ ਪੁਰਾਣੇ ਟੁੱਟੇ-ਭੱਜੇ ਸੈੱਲਾਂ ਦੀ ਮੁਰੰਮਤ ਕਰਦੇ ਹਨ।

➢ ਪ੍ਰੋਟੀਨ ਹੱਡੀਆਂ ਅਤੇ ਦੰਦਾਂ ਨੂੰ ਮਜ਼ਬੂਤੀ ਪ੍ਰਦਾਨ ਕਰਦੇ ਹਨ।

➢ ਪ੍ਰੋਟੀਨ ਮਾਸਪੇਸ਼ੀਆਂ ਦੇ ਵਿਕਾਸ ਲਈ ਬੇਹੱਦ ਲਾਹੇਵੰਦ ਤੱਤ ਹੈ।

➢ ਪ੍ਰੋਟੀਨ ਸਾਡੇ ਸਰੀਰ ਵਿਚ ਹਾਰਮੋਨ, ਐੱਨਜ਼ਾਇਮ ਅਤੇ ਐਂਟੀ-ਬਾਡੀ ਬਣਾਉਣ ਵਿਚ ਮਦਦ ਕਰਕੇ ਸਰੀਰ ਦਾ ਸੁਰੱਖਿਆ ਅਤੇ ਪਾਚਨ ਤੰਤਰ ਮਜ਼ਬੂਤ ਬਣਾਉਂਦਾ ਹੈ।

➢ ਪ੍ਰੋਟੀਨ ਖ਼ੂਨ ਦੇ ਸੈੱਲ ਬਣਾਉਣ ਵਿੱਚ ਵੀ ਮਦਦ ਕਰਦੇ ਹਨ।

➢ ਪ੍ਰੋਟੀਨ ਚਮੜੀ, ਨਹੁੰਆਂ ਅਤੇ ਵਾਲਾਂ ਦੀ ਸਿਹਤ ਲਈ ਵੀ ਜ਼ਿੰਮੇਵਾਰ ਹਨ।

➢ ਪ੍ਰੋਟੀਨ ਜ਼ਖ਼ਮ ਭਰਨ ਵਿੱਚ ਵੀ ਮਦਦ ਕਰਦੇ ਹਨ।

**ਪ੍ਰੋਟੀਨ ਦੀ ਕਮੀ**

ਪ੍ਰੋਟੀਨ ਦੀ ਕਮੀ ਨਾਲ ਹੋਣ ਵਾਲੀ ਸਭ ਤੋਂ ਵੱਡੀ ਬੀਮਾਰੀ ਦਾ ਨਾਂ 'ਕਵੇਸ਼ਰਕਰ' ਹੈ। ਪ੍ਰੋਟੀਨ ਦੀ ਕਮੀ ਤੋਂ ਇਲਾਵਾ ਕੈਲਰੀ ਦੀ ਕਮੀ ਵੀ ਹੋ ਜਾਣ ਨਾਲ 'ਮੈਰਸਮਸ' ਨਾਂ ਦੀ ਬੀਮਾਰੀ ਹੋ ਜਾਂਦੀ ਹੈ। ਕਵੇਸ਼ਰਕਰ 'ਕੁਪੋਸ਼ਣ' ਦਾ ਹੀ ਇੱਕ ਰੂਪ ਹੈ।

ਭਾਰਤ ਵਿੱਚ 50 ਫ਼ੀਸਦੀ ਬੱਚਿਆਂ ਦੀ ਮੌਤ ਕੁਪੋਸ਼ਣ ਕਾਰਨ ਹੋ ਜਾਂਦੀ ਹੈ। ਸੰਸਾਰ ਭਰ ਵਿੱਚ ਹਰੇਕ ਤਿੰਨ ਕੁਪੋਸ਼ਣ ਦੇ ਸ਼ਿਕਾਰ ਬੱਚਿਆਂ ਵਿੱਚੋਂ ਇੱਕ ਬੱਚਾ ਸਾਡੇ ਦੇਸ਼ ਦਾ ਹੈ। ਇਹ ਗੰਭੀਰ ਬੀਮਾਰੀ ਆਮ ਕਰਕੇ 1-4 ਸਾਲ ਦੀ ਉਮਰ ਤਕ ਦੇ ਬੱਚਿਆਂ ਵਿੱਚ ਵੇਖਣ ਨੂੰ ਮਿਲਦੀ ਹੈ। ਇਹ ਜ਼ਿਆਦਾਤਰ ਵਿਕਾਸਸ਼ੀਲ ਅਤੇ ਅਵਿਕਸਿਤ ਦੇਸ਼ਾਂ ਵਿੱਚ ਪਾਈ ਜਾਂਦੀ ਹੈ। ਸਾਡੇ ਦੇਸ਼ ਵਿਚ ਖ਼ੁਰਾਕ ਵਿੱਚ ਪ੍ਰੋਟੀਨ ਦੀ ਕਮੀ ਦੇ ਮੁੱਖ ਕਾਰਨ ਗ਼ਰੀਬੀ, ਅਨਪੜ੍ਹਤਾ, ਲਿੰਗ ਭੇਦਭਾਵ, ਕੁਦਰਤੀ ਸੰਕਟ ਜਿਵੇਂ ਭੁੱਖਮਰੀ, ਸੋਕਾ ਆਦਿ ਹਨ। ਇਨ੍ਹਾਂ ਤੋਂ ਇਲਾਵਾ ਗੁਰਦਿਆਂ ਦੀ ਬੀਮਾਰੀ, ਸ਼ਰਾਬ ਦੀ ਲਤ, ਆਂਦਰਾਂ ਵਿੱਚ ਭੋਜਨ ਜਜ਼ਬ ਹੋਣ ਦੀ ਕਿਰਿਆ ਵਿੱਚ ਖ਼ਰਾਬੀ ਕਾਰਨ ਵੀ ਹੋ ਸਕਦੇ ਹਨ। ਜਾਗਰੂਕਤਾ ਦੀ ਘਾਟ ਹੋਣ ਕਰਕੇ ਮਾਵਾਂ ਬੱਚੇ ਨੂੰ ਆਪਣਾ ਪ੍ਰੋਟੀਨ ਭਰਪੂਰ ਦੁੱਧ ਦੇਣਾ ਛੇਤੀ ਹੀ ਛੁਡਾ ਦਿੰਦੀਆਂ ਹਨ, ਜਿਸ ਕਰਕੇ ਬੱਚੇ ਵਿੱਚ ਪ੍ਰੋਟੀਨ ਦੀ ਕਮੀ ਪੈਦਾ ਹੋ ਜਾਂਦੀ ਹੈ।

**ਲੱਛਣ**

➢ ਜਲੋਧਰ ਰੋਗ (ਅਡੀਮਾ)

ਪ੍ਰੋਟੀਨ ਸਾਡੇ ਸਰੀਰ ਵਿੱਚ ਪਾਣੀ ਦਾ ਸੰਤੁਲਨ ਬਣਾਉਣ ਲਈ ਜ਼ਿੰਮੇਵਾਰ ਹੁੰਦੇ ਹਨ। ਇਨ੍ਹਾਂ ਦੀ ਕਮੀ ਕਾਰਨ ਪਾਣੀ ਖ਼ਾਸ ਕਰਕੇ ਲੱਤਾਂ, ਗਿੱਟਿਆਂ ਅਤੇ ਪੈਰਾਂ ਵਿੱਚ ਜਮ੍ਹਾਂ ਹੋਣ ਲੱਗ ਪੈਂਦਾ ਹੈ ਤੇ ਸਰੀਰ ਵਿੱਚ ਸੋਜ ਆਉਣ ਲੱਗ ਪੈਂਦੀ ਹੈ। ਕਵੇਸ਼ਰਕਰ ਦੇ ਮਰੀਜ਼ ਵਿੱਚ



ਅਕਸਰ ਪੇਟ ਫੁੱਲਿਆ ਨਜ਼ਰ ਆਉਂਦਾ ਹੈ।

➢ ਮਾਸਪੇਸ਼ੀਆਂ ਵਿੱਚ ਕਮਜ਼ੋਰੀ

ਖ਼ੁਰਾਕ ਵਿੱਚ ਪ੍ਰੋਟੀਨ ਦੀ ਕਮੀ ਕਾਰਨ ਸਰੀਰ ਮਾਸਪੇਸ਼ੀਆਂ ਵਿੱਚੋਂ ਪ੍ਰੋਟੀਨ ਲੈਣ ਲੱਗ ਪੈਂਦਾ ਹੈ, ਜਿਸ ਕਰਕੇ ਮਰੀਜ਼ ਦਾ ਭਾਰ ਖਾਸਾ ਘੱਟ ਜਾਂਦਾ ਹੈ।

➢ ਹੱਡੀਆਂ ਅਤੇ ਜੋੜਾਂ ਦਾ ਦਰਦ

ਸਾਡਾ ਸਰੀਰ ਪ੍ਰੋਟੀਨ ਨੂੰ ਜੋੜਾਂ ਵਿੱਚ ਮੌਜੂਦ ਤਰਲ ਪਦਾਰਥਾਂ ਵਿੱਚ ਜਮ੍ਹਾਂ ਕਰਕੇ ਰੱਖਦਾ ਹੈ। ਸਰੀਰ ਵਿੱਚ ਪ੍ਰੋਟੀਨ ਦੀ ਕਮੀ ਹੋਣ 'ਤੇ ਜੋੜਾਂ ਵਿਚਲੇ ਪ੍ਰੋਟੀਨ ਭੰਡਾਰ ਖ਼ਤਮ ਹੋਣ ਲੱਗਦੇ ਹਨ ਤੇ ਇਸ ਕਰਕੇ ਜੋੜ ਜਾਮ ਹੋਣ ਮਗਰੋਂ ਦੁਖਣ ਲੱਗ ਪੈਂਦੇ ਹਨ। ਲੱਤਾਂ ਅਤੇ ਬਾਹਾਂ ਪਤਲੀਆਂ ਹੋ ਜਾਂਦੀਆਂ ਹਨ।

➢ ਅਨੀਮੀਆ

ਖ਼ੁਰਾਕ ਵਿੱਚ ਪ੍ਰੋਟੀਨ ਦੀ ਕਮੀ ਨਾਲ ਖ਼ੂਨ ਵਿੱਚ ਪਾਏ ਜਾਣ ਵਾਲ ਪ੍ਰੋਟੀਨ 'ਹੀਮੋਗਲੋਬਿਨ' ਦੀ ਕਮੀ ਹੋ ਜਾਂਦੀ ਹੈ, ਜਿਸ ਕਰਕੇ ਖ਼ੂਨ ਦੇ ਸੈੱਲ ਬਣਨੇ ਬੰਦ ਹੋ ਜਾਂਦੇ ਹਨ।

➢ ਵਾਲ ਝੜਨਾ

ਵਾਲਾਂ ਵਿਚਲਾ ਪ੍ਰੋਟੀਨ 'ਕੈਰੇਟਿਨ' ਭੋਜਨ ਵਿੱਚ ਪ੍ਰੋਟੀਨ ਦੀ ਕਮੀ ਕਾਰਨ ਨਹੀਂ ਬਣਦਾ ਜਿਸ ਕਰਕੇ ਵਾਲ ਬੇਹੱਦ ਪਤਲੇ, ਕਮਜ਼ੋਰ ਤੇ ਦੋ-ਮੂੰਹੇ ਹੋ ਜਾਂਦੇ ਹਨ।

➢ ਸੁਰੱਖਿਆ ਅਤੇ ਪਾਚਨ-ਤੰਤਰ ਵਿੱਚ ਕਮਜ਼ੋਰੀ

ਪ੍ਰੋਟੀਨ ਦੀ ਕਮੀ ਕਾਰਨ ਸਰੀਰ ਦੀ ਸੁਰੱਖਿਆ ਪ੍ਰਣਾਲੀ ਕਮਜ਼ੋਰ ਹੋ ਜਾਣ ਕਾਰਨ ਇਨਫੈਕਸ਼ਨ ਹੋਣ ਦਾ ਖ਼ਤਰਾ ਵਧ ਜਾਂਦਾ ਹੈ।

➢ ਦਸਤ

ਕਾਫ਼ੀ ਸਮੇਂ ਤਕ ਦਸਤ ਹੋਣ ਕਰਕੇ ਸਰੀਰ ਦਾ ਵਾਧਾ ਰੁਕ ਜਾਂਦਾ ਹੈ ਅਤੇ ਮਰੀਜ਼ ਹੱਡੀਆਂ ਦੀ ਮੁੱਠ ਬਣ ਕੇ ਰਹਿ ਜਾਂਦਾ ਹੈ।

➢ ਪ੍ਰੋਟੀਨ ਦੀ ਕਮੀ ਕਾਰਨ ਜ਼ਖ਼ਮ ਭਰਨ ਦੀ ਕਿਰਿਆ ਹੌਲੀ ਹੋ ਜਾਂਦੀ ਹੈ। ਕਵੇਸ਼ਰਕਰ ਦੇ ਮਰੀਜ਼ ਵਿੱਚ ਮਿਹਦੇ ਦਾ ਆਕਾਰ ਵੱਡਾ ਹੋ ਜਾਂਦਾ ਹੈ, ਜਿਸਨੂੰ 'ਫੈਟੀ ਲਿਵਰ' ਕਿਹਾ ਜਾਂਦਾ ਹੈ।

**ਪ੍ਰੋਟੀਨ ਦੀ ਘਾਟ ਦੇ ਲੱਛਣ**

➢ ਚਮੜੀ ਦੇ ਰੰਗ ਵਿੱਚ ਕਈ ਤਰ੍ਹਾਂ ਦੇ ਬਦਲਾਅ ਆਉਂਦੇ ਹਨ। ਗੱਲਾਂ ਉੱਤੇ ਚਿੱਟੇ ਰੰਗ ਦੇ ਦਾਗ਼ ਪੈ ਜਾਂਦੇ ਹਨ। ਪੈਰਾਂ ਅਤੇ ਹੱਥਾਂ ਦੇ ਨਹੁੰਆਂ ਉੱਤੇ ਚਿੱਟੇ ਰੰਗ ਦੀਆਂ ਲਾਈਨਾਂ ਪ੍ਰੋਟੀਨ ਦੀ ਕਮੀ ਦੇ ਲੱਛਣ ਦਰਸਾਉਂਦੀਆਂ ਹਨ।

➢ ਪ੍ਰੋਟੀਨ ਦੀ ਕਮੀ ਕਾਰਨ ਦੰਦਾਂ ਨੂੰ ਕੀੜਾ ਲੱਗਣ ਦਾ ਖ਼ਤਰਾ ਵਧ ਜਾਂਦਾ ਹੈ ਅਤੇ ਥੁੱਕ ਬਣਾਉਣ ਵਾਲੀਆਂ ਗ੍ਰੰਥੀਆਂ 'ਤੇ ਵੀ ਬੁਰਾ ਪ੍ਰਭਾਵ ਪੈਂਦਾ ਹੈ। ਮਰੀਜ਼ ਵਿੱਚ ਪ੍ਰੋਟੀਨਾਂ ਦੀ ਕਮੀ ਕਾਰਨ ਚਿੰਤਾ, ਘਬਰਾਹਟ, ਤਣਾਅ, ਇੱਛਾ-ਸ਼ਕਤੀ ਦਾ ਖ਼ਤਮ ਹੋਣਾ, ਸਿਰਦਰਦ, ਬੇਹੋਸ਼ ਹੋ ਕੇ ਡਿੱਗਣਾ, ਨੀਂਦ ਨਾ ਆਉਣਾ ਆਦਿ ਲੱਛਣ ਵੀ ਪੈਦਾ ਹੋ ਜਾਂਦੇ ਹਨ।

**ਕਿੰਜ ਕਰੀਏ ਪ੍ਰੋਟੀਨ ਦੀ ਕਮੀ ਨੂੰ ਪੂਰਾ ?**

ਪ੍ਰੋਟੀਨ ਦੀ ਕਮੀ ਨੂੰ ਸੰਤੁਲਿਤ ਖ਼ੁਰਾਕ ਲੈ ਕੇ ਪੂਰਾ ਕੀਤਾ ਜਾ ਸਕਦਾ ਹੈ। ਬੱਚਿਆਂ ਅਤੇ ਨੌਜਵਾਨਾਂ ਦੁਆਰਾ 'ਫਾਸਟ ਫੂਡ' ਦੀ ਵਾਧੂ ਵਰਤੋਂ ਮੋਟਾਪੇ ਦਾ ਕਾਰਨ ਬਣਨ ਤੋਂ ਇਲਾਵਾ ਕਈ ਹੋਰ ਬੀਮਾਰੀਆਂ ਨੂੰ ਵੀ ਸੱਦਾ ਦਿੰਦੀ ਹੈ। ਔਰਤਾਂ ਨੂੰ ਖ਼ਾਸ ਤੌਰ 'ਤੇ ਸਿਹਤ ਸਬੰਧੀ ਜਾਗਰੂਕ ਹੋਣ ਦੀ ਲੋੜ ਹੈ। ਅੱਜਕੱਲ੍ਹ ਪਤਲੇ ਹੋਣ ਦੀਆਂ ਚਾਹਵਾਨ ਔਰਤਾਂ ਰੋਟੀ-ਪਾਣੀ ਛੱਡ ਦਿੰਦੀਆਂ ਹਨ ਤੇ ਕੁਪੋਸ਼ਣ ਦਾ ਸ਼ਿਕਾਰ ਹੋ ਜਾਂਦੀਆਂ ਹਨ। ਸਾਨੂੰ ਰੋਜ਼ਾਨਾ ਖ਼ੁਰਾਕ ਵਿੱਚ ਪ੍ਰੋਟੀਨ ਨੂੰ ਸਹੀ ਮਾਤਰਾ ਵਿੱਚ ਸ਼ਾਮਲ ਕਰਨਾ ਚਾਹੀਦਾ ਹੈ ਜਿਵੇਂ ਅਨਾਜ, ਦਾਲਾਂ, ਮੂੰਗਫਲੀ, ਲੋਬੀਆ, ਸੋਇਆਬੀਨ, ਮਸਰ ਦੀ ਦਾਲ, ਦੁੱਧ, ਅੰਡੇ, ਪਨੀਰ, ਮੀਟ ਅਤੇ ਮੱਛੀ ਆਦਿ। ਦੁੱਧ ਅਤੇ ਦੁੱਧ ਤੋਂ ਬਣੇ ਪਦਾਰਥ ਜਿਵੇਂ ਪਨੀਰ ਪ੍ਰੋਟੀਨ ਭਰਪੂਰ ਹੁੰਦੇ ਹਨ ਅਤੇ ਸਰੀਰ ਦੁਆਰਾ ਆਸਾਨੀ ਨਾਲ ਹਜ਼ਮ ਹੋ ਜਾਂਦੇ ਹਨ। ਬੀਮਾਰੀ ਵਾਲੇ ਮਰੀਜ਼ਾਂ ਨੂੰ ਖ਼ਾਸ ਤੌਰ 'ਤੇ ਮਾਸਾਹਾਰੀ ਖ਼ੁਰਾਕ ਤੋਂ ਪਰਹੇਜ਼ ਕਰਨਾ ਚਾਹੀਦਾ ਹੈ। ਦਾਲਾਂ ਵਿੱਚੋਂ 'ਸੋਇਆਬੀਨ' ਪ੍ਰੋਟੀਨ ਦਾ ਸਭ ਤੋਂ ਵਧੀਆ ਸਰੋਤ ਹੈ। ਸੋਇਆਬੀਨ ਵਿੱਚ ਮੀਟ ਨਾਲੋਂ ਦੁੱਗਣਾ ਤੇ ਅੰਡਿਆਂ ਨਾਲੋਂ ਚਾਰ ਗੁਣਾਂ ਵੱਧ ਪ੍ਰੋਟੀਨ ਹੁੰਦਾ ਹੈ। ਇਸ ਵਿੱਚ ਸਾਰੇ ਜ਼ਰੂਰੀ ਵਿਟਾਮਿਨ ਹੋਣ ਦੇ ਨਾਲ ਹੀ ਕਲੈਸਟਰੋਲ ਤੇ ਕਾਰਬੋਹਾਈਡ੍ਰੇਟਸ ਬਹੁਤ ਘੱਟ ਮਾਤਰਾ ਵਿੱਚ ਹੁੰਦੇ ਹਨ ਜਿਸ ਕਰਕੇ ਸੋਇਆਬੀਨ ਦੀ ਵਰਤੋਂ ਸ਼ੂਗਰ ਦੇ ਰੋਗੀ ਵੀ ਕਰ ਸਕਦੇ ਹਨ। ਜਿਹੜੇ ਬੱਚਿਆਂ ਨੂੰ ਗਾਂ ਜਾਂ ਮੱਝ ਦੇ ਦੁੱਧ ਤੋਂ ਐਲਰਜੀ ਹੋਵੇ, ਉਹ ਸੋਇਆਬੀਨ ਦੇ ਦੁੱਧ ਦਾ ਸੇਵਨ ਕਰ ਸਕਦੇ ਹਨ।

- ਡਾ. ਗੁਰਜੀਤਪਾਲ ਕੌਰ

## ਹੱਡੀ ਹੰਢਾਇਆ ਸੱਚ

# ਰੱਬ ਦਾ ਰੂਪ ਨਹੀਂ, ਕਸਾਈ ਬਣਦਾ ਜਾ ਰਿਹਾ ਡਾਕਟਰ

ਅਕਸਰ ਹੀ ਸਿਆਣਿਆਂ ਨੂੰ ਕਹਿੰਦੇ ਸੁਣਿਆ ਹੈ ਕਿ ਡਾਕਟਰ ਰੱਬ ਦਾ ਰੂਪ ਹੁੰਦੇ ਨੇ , ਡਾਕਟਰ ਤਾਂ ਮਰੇ ਬੰਦੇ ਵਿਚ ਜਾਨ ਪਾ ਦਿੰਦੇ ਹਨ, ਸ਼ਾਇਦ ਇਹ ਸੱਚ ਹੁੰਦਾ ਹੋਵੇਗਾ। ਪਿਛਲੇ ਸਮਿਆਂ 'ਚ ਜਦੋਂ ਡਾਕਟਰ ਪੈਸੇ ਦੇ ਲਾਲਚ ਤਿਆਗਕੇ ਮਰੀਜ਼ ਦਾ ਇਲਾਜ ਆਪਣਾ ਫਰਜ਼ ਸਮਝਕੇ ਕਰਦੇ ਹੋਣਗੇ। ਪਰ ਅੱਜ ਚਾਰੇ ਪਾਸੇ ਪੈਸੇ ਦੀ ਅੰਨ੍ਹੀ ਦੌੜ ਲੱਗੀ ਹੋਈ ਹੈ। ਅੱਜ ਦਾ ਡਾਕਟਰ ਰੱਬ ਦਾ ਰੂਪ ਨਹੀਂ ਬਲਕਿ ਚੰਦ ਛਿੱਲੜਾਂ ਬਦਲੇ ਕਸਾਈ ਦਾ ਰੂਪ ਧਾਰਨ ਕਰੀ ਬੈਠਾ ਹੈ। ਕਸਾਈ ਸ਼ਬਦ ਮੈਂ ਸਿਰਫ਼ ਉਨ੍ਹਾਂ ਡਾਕਟਰਾਂ ਲਈ ਵਰਤਿਆ ਜੋ ਸਿਰਫ਼ ਮਰੀਜ਼ ਦੇ ਇਲਾਜ ਦੇ ਨਾਂਅ 'ਤੇ ਸਿਰਫ਼ ਪੈਸਾ ਹੀ ਮੁੱਖ ਰੱਖਦੇ ਹਨ ਨਾ ਕਿ ਮਰੀਜ਼ ਦੀ ਤੰਦਰੁਸਤੀ। ਪਰ ਉਨ੍ਹਾਂ ਡਾਕਟਰਾਂ ਨੂੰ ਮੇਰੀ ਕਲਮ ਸਲਾਮ ਕਰਦੀ ਹੈ ਜੋ ਮਾਨਵਤਾ ਦੀ ਸੇਵਾ ਆਪਣਾ ਫਰਜ਼ ਸਮਝਕੇ ਕਰਦੇ ਹਨ। ਹਰ ਪਾਸੇ ਤੋ ਲੋਕਾਂ ਤੋਂ ਸੁਣਿਆ ਜਾਂਦਾ ਹੈ ਕਿ ਅਸੀਂ ਬਹੁਤ ਤਰੱਕੀ ਕਰ ਲਈ ਹੈ, ਹਰ ਸ਼ਹਿਰ, ਕਸਬੇ, ਮੰਡੀਆਂ ਵਿਚ ਕਈ-ਕਈ ਮੰਜ਼ਿਲਾਂ ਦੀ ਆਲੀਸ਼ਾਨ ਇਮਾਰਤਾਂ ਉਪਰ ਵੱਡੇਵੱਡੇ ਬੋਰਡ ਫਲਾਣੀ ਬਿਮਾਰੀ ਦੇ ਮਾਹਿਰ, ਸਪੈਸ਼ਲਿਸਟ, ਹਸਪਤਾਲ ਅੰਦਰ ਏ.ਸੀ. ਰੂਮੀ, ਟੈਲੀਵਿਜ਼ਨ ਅਤੇ ਹਰ ਸੁੱਖ ਸਹੂਲਤ ਦਾ ਦਿਖਾਵਾ ਕੀਤਾ ਜਾਂਦਾ ਹੈ। ਪੈਸੇ ਵਾਲੇ ਲੋਕ ਤਾਂ ਆਪਣੀ ਛੋਟੀ-ਮੋਟੀ ਬਿਮਾਰੀ ਸਮੇਂ ਇਨ੍ਹਾਂ ਹਸਪਤਾਲਾਂ ਵਿਚ ਇੰਜ ਜਾਂਦੇ ਹਨ, ਜਿਵੇਂ ਪਿਕਨਿਕ ਮਨਾਉਣ ਆਏ ਹੋਣ, ਪਰ ਜਦ ਇੰਨ੍ਹਾਂ ਹਸਪਤਾਲਾਂ ਵਿਚ ਕੋਈ ਸਾਧਾਰਨ ਜਾਂ ਗਰੀਬ ਫਸ ਜਾਂਦਾ ਹੈ ਤਾਂ ਉਸਦੀ ਮੋਟੀ ਛਿੱਲ ਲਾਹੀ ਜਾਂਦੀ ਹੈ। ਸ਼ਹਿਰਾਂ ਦੇ ਨਿੱਜੀ ਹਸਪਤਾਲਾਂ ਵਿਚੋਂ ਆਮ ਵਿਅਕਤੀ ਤਾਂ ਇਲਾਜ ਕਰਵਾ ਹੀ ਨਹੀਂ ਸਕਦਾ। ਜਿੰਨ੍ਹੇ ਪੈਸੇ ਡਾਕਟਰ ਨੇ ਮੂੰਹੋਂ ਮੰਗ ਲਏ ਦੇਣੇ ਪੈਣਗੇ। ਉਪਰੋਂ ਹਰੇਕ ਹਸਪਤਾਲ ਵਿਚ ਖੁੱਲੀਆਂ ਦਵਾਈਆਂ ਦੀਆਂ ਦੁਕਾਨਾਂ 'ਚੋਂ ਵੀ ਡਾਕਟਰਾਂ ਨੂੰ ਮੋਟਾ ਕਮਿਸ਼ਨ ਮਿਲਦਾ ਹੈ। 10 ਰੁਪਏ ਦਵਾਈ ਦਾ ਪੱਤਾ 50 ਰੁਪਏ ਯਾਨਿ ਡਾਕਟਰ ਦੇ ਨਾਲ ਨਾਲ ਮੈਡੀਕਲ ਸਟੋਰਾਂ ਵਾਲੇ ਵੀ ਲੁੱਟ ਕਰਦੇ ਹਨ। ਇਹ ਰੱਬ ਦਾ ਰੂਪ ਸਮਝੇ ਜਾਣ ਵਾਲੇ ਡਾਕਟਰ ਤਾਂ ਕਈ ਵਾਰ ਮਰੇ ਬੰਦੇ ਨੂੰ ਵੀ ਕਈ-ਕਈ ਦਿਨ ਵੈਂਟੀਲੇਟਰ ਸ਼ੀਸ਼ੇ ਵਾਲੇ ਕੈਬਿਨ ਵਿਚ ਰੱਖਕੇ ਪੀੜ੍ਹਤ ਪਰਿਵਾਰ ਦੀ ਚੰਗੀ ਛਿੱਲ ਲਾਹੁੰਦੇ ਹਨ। ਅਨੇਕਾਂ ਵਾਰ ਡਾਕਟਰਾਂ ਦੀ ਅਣਗਹਿਲੀ ਕਾਰਨ ਮਰੇ ਵਿਅਕਤੀਆਂ ਦੇ ਪਰਿਵਾਰ ਹਸਪਤਾਲਾਂ ਅੱਗੇ ਧਰਨੇ ਲਾਉਂਦੇ ਹਨ ਡਾਕਟਰ ਦਾ ਪਿੱਟ ਸਿਆਪਾ ਕਰਦੇ ਦੇਖੇ ਹਨ। ਪਰ ਡਾਕਟਰ ਆਪਣੇ ਅਸਰ ਰਸੂਖ ਨਾਲ ਸਾਫ਼ ਬਰੀ ਹੋ ਜਾਂਦਾ ਹੈ ਕਿਉਂਕਿ ਜ਼ਿਲ੍ਹਾ ਪ੍ਰਸ਼ਾਸ਼ਨ ਦੇ ਅਧਿਕਾਰੀਆਂ ਨੂੰ ਵੀ ਐਸੇ ਡਾਕਟਰਾਂ ਦੀ ਲੋੜ ਹੁੰਦੀ ਹੈ। ਇੰਨ੍ਹਾਂ ਡਾਕਟਰਾਂ ਨੇ ਆਪਣੀ ਯੂਨੀਅਨ ਵੀ ਬਣਾਈ ਹੋਈ ਹੈ। ਵੈਸੇ ਤਾਂ ਪੰਜਾਬ ਦੇ ਹਰ ਸ਼ਹਿਰ ਵਿਚਲੇ ਵੱਡੇ-ਵੱਡੇ ਹਸਪਤਾਲ ਆਮ ਲੋਕਾਂ ਦੀ ਲੁੱਟ ਦੇ ਅੱਡੇ ਬਣੇ ਹੋਏ ਹਨ ਪਰ ਬਠਿੰਡਾ ਵਿਚ ਵੀ ਕੁਝ ਐਸੇ ਹਸਪਤਾਲ ਹਨ ਜਿਨ੍ਹਾਂ ਦੇ ਮੁੱਖੀਆਂ ਉਪਰ ਕਈ ਵਾਰ ਮਰੀਜ਼ਾਂ ਨੂੰ ਅਣਗਹਿਲੀ ਕਰਕੇ ਮਾਰਨ ਦੀਆਂ ਖ਼ਬਰਾਂ ਮੀਡੀਏ ਵਿਚ ਨਸ਼ਰ ਹੋਈਆਂ ਹਨ। ਮੈਂ ਉਨ੍ਹਾਂ ਲੋਕਾਂ ਪਾਸੋਂ ਪੁੱਛਣਾ ਚਾਹੁੰਦਾ ਹਾਂ ਜੋ ਡਾਕਟਰ ਨੂੰ ਰੱਬ ਦੀ ਉਪਾਧੀ ਦਿੰਦੇ ਹਨ ਕਿ ਡਾਕਟਰ ਤਾਂ ਮਰੀਜ਼ ਦਾ ਇਲਾਜ, ਅਪਰੇਸ਼ਨ, ਮੋਟੇ ਪੈਸੇ ਲੈ ਕੇ ਕਰਦਾ ਹੈ ਫੇਰ ਵੀ ਅਸੀਂ ਉਸਦਾ ਧੰਨਵਾਦ ਕਰਦੇ ਹਾਂ ਕਿ ਅਕਾਲ ਪੁਰਖ, ਅੱਲਾ, ਰਾਮ ਦਾ ਸ਼ੁਕਰ ਕੀਤਾ ਹੈ ਜਿਸਨੇ ਸਾਨੂੰ ਮਨੁੱਖਾ ਦੇਹੀ ਜਿਸ ਵਿਚ ਹੱਥ, ਪੈਰ, ਨੱਕ, ਕੰਨ, ਮੂੰਹ ਬਲਕਿ ਸਰੀਰ ਨੂੰ ਚਲਾਉਣ ਵਾਲਾ ਹਰੇਕ ਅੰਗ ਦੇ ਕੇ ਦੁਨੀਆਂ ਵਿਚ ਭੇਜਿਆ ਹੈ। ਸਵਾਸਥ, ਸਰੀਰ, ਮਾਨਵਤਾ ਦੀ ਸੇਵਾ ਕਰਨ ਲਈ ਹੱਥ ਪੈਰ, ਚੰਗਾ ਕਰਨ ਲਈ ਦਿਮਾਗ, ਚੰਗਾ ਸੁਣਨ ਲਈ ਕੰਨ ਅਤੇ ਚੰਗਾ ਬੋਲਣ ਲਈ ਮੂੰਹ ਦਿੱਤਾ ਹੈ। ਕੀ ਕਦੇ ਉਸ ਅਕਾਲ ਪੁਰਖ ਦਾ ਦੋ ਪਲ ਸ਼ੁਕਰੀਆ ਅਦਾ ਕੀਤਾ ਹੈ। ਜਿਸ ਨੇ ਬਿਨ੍ਹਾਂ ਪੈਸੇ, ਬਿਨ੍ਹਾਂ ਕਿਸੇ ਸਵਾਰਥ ਲਈ ਇਸ ਸੰਸਾਰ ਵਿਚ ਭੇਜਿਆ ਹੈ। ਫੇਰ ਉਸ ਡਾਕਟਰ ਦਾ ਧੰਨਵਾਦ ਜਾਂ ਡਾਕਟਰ ਰੱਬ ਦਾ ਰੂਪ ਕਿਉਂ ? ਜੋ ਸਾਡੇ ਇਲਾਜ ਦੇ ਨਾਂਅ 'ਤੇ ਅੰਨ੍ਹੀ ਲੁੱਟ ਕਰਦਾ ਹੈ।



ਹੁਣ ਮੈਂ ਆਪਣੇ ਪਾਠਕਾਂ ਨਾਲ ਰੱਬ ਦਾ ਰੂਪ ਸਮਝੇ ਜਾਣ ਵਾਲੇ ਡਾਕਟਰ ਬਾਰੇ ਆਪਣੀ ਹੱਡਬੀਤੀ ਸਾਂਝੀ ਕਰਨ ਜਾ ਰਿਹਾ ਹਾਂ। ਇਸ ਰੱਬ ਦੇ ਰੂਪ ਡਾਕਟਰ ਨੇ ਜਿੱਥੇ ਮੇਰੀ ਇਲਾਜ ਦੇ ਨਾਂਅ 'ਤੇ ਮੋਟੀ ਛਿੱਲ ਲਾਹੀ ਉਥੇ ਮੈਨੂੰ ਨਕਾਰਾ ਬਣਾ ਦਿੱਤਾ। ਘਟਨਾ 2 ਦਸੰਬਰ 2011 ਦੀ ਹੈ ਜਦੋਂ ਮੈਨੂੰ ਰਾਤ ਦੇ ਦੋ ਵਜੇ ਅਟੈਕ ਹੋ ਗਿਆ ਸੀ, ਮੈਨੂੰ ਰਾਤ ਸਮੇਂ ਬਠਿੰਡਾ ਦੇ ਇਕ ਨਿੱਜੀ ਹਸਪਤਾਲ ਵਿਚ ਦਾਖ਼ਲ ਕਰਵਾ ਦਿੱਤਾ। ਪਹਿਲਾਂ ਤਾਂ ਡਾਕਟਰ ਨੇ ਮੇਰੀ ਨਾਜ਼ੁਕ ਹਾਲਤ ਦੇਖਕੇ ਜ਼ਿੰਮੇਵਾਰੀ ਨਾ ਲਈ ਪਰ ਫੇਰ ਇਲਾਜ ਸ਼ੁਰੂ ਕਰ ਦਿੱਤਾ। ਮੈਨੂੰ ਕੋਈ ਸੁਰਤ ਨਹੀਂ ਸੀ ਮੇਰੇ ਪਰਿਵਾਰਿਕ ਮੈਂਬਰਾਂ ਦੇ ਦੱਸਣ ਮੁਤਾਬਿਕ ਮੈਨੂੰ ਐਮਰਜੈਂਸੀ ਰੂਮ ਵਿਚ ਆਈ.ਸੀ.ਯੂ. ਵਿਚ ਆਕਸੀਜਨ ਦੇ ਕੇ ਪਾਇਆ ਗਿਆ। 16 ਘੰਟਿਆਂ ਬਾਅਦ ਮੈਨੂੰ ਹੋਸ਼ ਆਵੁਣੀ ਸ਼ੁਰੂ ਹੋਈ ਤਾਂ ਮੇਰੇ ਮੋਢੇ ਤੋਂ ਪੀੜ੍ਹਾਂ ਸ਼ੁਰੂ ਹੋ ਗਈਆਂ। ਬਠਿੰਡਾ ਦੇ ਹੀ ਗੁਰਦੇਵ ਹੱਡੀਆਂ ਦੇ ਮਾਹਿਰ ਡਾਕਟਰ ਨੂੰ ਦਿਖਾਇਆ ਤਾਂ ਉਸਨੇ ਮੇਰਾ ਮੋਢਾ ਟੋਹਕੇ ਕਿਹਾ ਕਿ ਮੋਢੇ ਦੀ ਹੱਡੀ ਟੁੱਟਕੇ ਅੰਦਰ ਧਸ ਗਈ ਹੈ। ਅਪਰੇਸ਼ਨ ਹੋਵੇਗਾ। ਪਰ ਇਸ ਦਾ ਦਿਲ ਦੀ ਬਿਮਾਰੀ ਦਾ ਇਲਾਜ ਚੱਲ ਰਿਹਾ ਹੈ ਪਹਿਲਾਂ ਉਧਰੋਂ ਇਲਾਜ ਕਰਵਾਓ। 4 ਦਸੰਬਰ ਨੂੰ ਮੈਨੂੰ ਦਿਲ ਦੀਆਂ ਬਿਮਾਰੀਆਂ ਦੇ ਮਾਹਿਰ ਡਾਕਟਰ ਨੇ ਛੁੱਟੀ ਦੇ ਦਿੱਤੀ ਤਾਂ ਬਠਿੰਡਾ ਦੇ ਗਣੇਸ਼ਾ ਬਸਤੀ ਨੇੜਲੇ ਗੁਰਦੇਵ ਹੱਡੀਆਂ ਅਤੇ ਜੋੜਾਂ ਦੇ ਹਸਪਤਾਲ ਵਿਚ ਦਾਖ਼ਲ ਕਰਵਾ ਦਿੱਤਾ। ਕਿਉਂਕਿ ਡਾਕਟਰ ਨੂੰ ਪਤਾ ਸੀ ਕਿ ਮਰੀਜ਼ ਪੱਤਰਕਾਰ ਹੈ ਉਸਨੇ ਆਨਾ ਕਾਨੀ ਕਰਨੀ ਸ਼ੁਰੂ ਕਰ ਦਿੱਤੀ। ਮੇਰੀ ਮਾਤਾ ਅਤੇ ਮੇਰੀ ਪਤਨੀ ਨੇ ਡਾਕਟਰ ਅੱਗੇ ਤਰਲੇ ਕੀਤੇ ਤਾਂ ਡਾਕਟਰ ਅਪਰੇਸ਼ਨ ਲਈ ਮੰਨ ਗਿਆ। ਡਾਕਟਰ ਨੇ ਆਪਣੇ ਕਮਰੇ ਜਿੱਥੇ ਮਰੀਜ਼ਾਂ ਦੀ ਜਾਂਚ ਕਰਦਾ ਸੀ ਵਿਚ ਗੁਰਬਾਣੀ ਦੇ ਪਵਿੱਤਰ ਵਾਕ ਅਤੇ ਗੁਰੂ ਸਾਹਿਬਾਨਾਂ ਦੀਆਂ ਵੱਡ ਅਕਾਰੀ ਤਸਵੀਰਾਂ ਲਾ ਰੱਖੀਆਂ ਸਨ ਤਾਂ ਕਿ ਮਰੀਜ਼ ਨੂੰ ਪਹਿਲੀ ਨਜ਼ਰੇ ਪਤਾ ਲੱਗ ਸਕੇ ਕਿ ਡਾਕਟਰ ਧਾਰਮਿਕ ਬਿਰਤੀ ਵਾਲਾ ਗੁਰਸਿੱਖ ਬੰਦਾ ਹੈ। ਉਸ ਦਿਨ ਮੇਰੇ ਮੋਢੇ ਦਾ ਚਾਰ ਘੰਟਿਆਂ ਦੀ ਜੱਦੋ ਜਹਿਦ ਬਾਅਦ ਅਪਰੇਸ਼ਨ ਹੋ ਗਿਆ। ਮੈਂ ਆਪਣੀ ਪਹਿਲੀ ਬਿਮਾਰੀ ਕਰਕੇ ਅਤੇ ਅਪਰੇਸ਼ਨ ਦੌਰਾਨ ਲੱਗੀਆਂ ਬੇਹੋਸ਼ੀ ਦੀਆਂ ਦਵਾਈਆਂ ਕਾਰਨ ਜਦੋਂ ਦੂਜੇ ਦਿਨ ਕੁਝ ਹੋਸ਼ ਵਿਚ ਆਇਆ ਤਾਂ ਮੈਂ ਮੇਰੀ ਧਰਮਪਤਨੀ ਕੁਲਦੀਪ ਕੌਰ ਨੂੰ ਕਿਹਾ ਕਿ ਭਾਈ ਘਨੱਈਆ ਸਕੀਮ ਤਹਿਤ ਮੇਰਾ ਬੀਮਾ ਹੋਇਆ ਹੈ ਕੀ ਤੁਸੀਂ ਡਾਕਟਰ ਨੂੰ ਮੇਰਾ ਬੀਮਾ ਕਾਰਡ ਦਿਖਾ ਦਿੱਤਾ ਤਾਂ ਮੇਰੀ ਪਤਨੀ ਅਤੇ ਮੇਰੀ ਬੀਬੀ ਜੀ ਨੇ ਕਿਹਾ ਕਿ ਅਸੀਂ ਤਾਂ ਡਰਦੇ ਮਾਰਿਆ ਨੇ ਡਾਕਟਰ ਨੂੰ ਤੇਰੇ ਬੀਮੇ ਬਾਰੇ ਨਹੀਂ ਦੱਸਿਆ ਕਿ ਡਾਕਟਰ ਕਿਤੇ ਤੇਰੇ ਅਪਰੇਸ਼ਨ ਤੋਂ ਹੀ ਜਵਾਬ ਨਾ ਦੇ ਦੇਵੇ ਜਾਂ ਕਿਤੇ ਇਲਾਜ ਹੀ ਸਹੀ ਢੰਗ ਨਾਲ ਨਾ ਕਰੇ। ਇਸ ਲਈ ਨਹੀਂ ਦੱਸਿਆ। ਮੈਂ ਕਿਹਾ ਕਿ ਮੇਰੇ ਬੀਮੇ ਕਾਰਨ ਡਾਕਟਰ ਦਾ ਕੋਈ ਨੁਕਸਾਨ ਨਹੀਂ ਹੋਣਾ ਸੀ ਸਗੋਂ ਡਾਕਟਰ ਨੂੰ ਤਾਂ ਅਪਰੇਸ਼ਨ ਅਤੇ ਮੇਰੇ ਇਲਾਜ ਕਰਨ ਦੇ ਬੀਮਾ ਕੰਪਨੀ ਤੋਂ ਪੈਸੇ ਮਿਲ ਜਾਣੇ ਸਨ। ਸੋ ਮੈਂ ਬੀਮੇ ਸਬੰਧੀ ਡਾਕਟਰ ਗੁਰਦੇਵ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾਕਿ ਤੁਸੀਂ ਆਪਣਾ ਬੀਮਾ ਕਾਰਡ, ਵੋਟ ਕਾਰਡ ਮੈਨੂੰ ਦਿਓ ਮੈਂ ਬੀਮਾ ਕੰਪਨੀ ਨੂੰ ਲਿਖਕੇ ਭੇਜ ਦਿੰਦਾ ਹਾਂ। ਮੈਂ ਆਪਣੇ ਸਾਰੇ ਕਾਗਜ਼ ਡਾਕਟਰ ਨੂੰ ਫੜਾ ਦਿੱਤੇ। ਡਾਕਟਰ ਦੇ ਕੰਪਾਊਡਰ ਗੁਰਮੇਲ ਸਿੰਘ ਜਿਸਨੂੰ ਮੈਂ ਆਪਣਾ ਵਧੀਆ ਦੋਸਤ ਮੰਨਦਾ ਸੀ ਨੇ ਬੀਮਾ ਕੰਪਨੀ ਨੂੰ ਈਮੇਲ ਕਰ ਦਿੱਤੀ। ਦੂਜੇ-ਤੀਜੇ ਦਿਨ ਬੀਮਾ ਕੰਪਨੀ ਤੋਂ ਇਕ ਮੁਲਾਜ਼ਮ ਆਇਆ ਤਾਂ ਉਸਨੇ ਮੇਰੇ ਅਪਰੇਸ਼ਨ ਵਾਲੇ ਮੋਢੇ ਤੋਂ ਪੱਟੀਆਂ ਲਹਾਕੇ ਫੋਟੋ ਅਤੇ ਪੂਰੀ ਜਾਂਚ ਪੜ੍ਹਤਾਲ ਕਰਨ ਉਪਰੰਤ ਮੈਥੋ ਇਕ ਫ਼ਾਰਮ ਤੇ ਦਸਤਖਤ ਕਰਵਾਕੇ ਡਾਕਟਰ ਨੂੰ ਫਾਰਮ ਫੜਾ ਦਿੱਤਾ ਕਿ ਜਲਦੀ ਇਲਾਜ ਦੀ ਸਾਰੀ ਫ਼ਾਇਲ ਬਣਾਕੇ ਸਾਡੀ ਕੰਪਨੀ ਨੂੰ ਭੇਜੀ ਜਾਵੇ। ਪਰ ਮੈਨੂੰ ਬਾਅਦ ਵਿਚ ਪਤਾ ਚੱਲਿਆ ਕਿ ਡਾਕਟਰ ਨੇ ਮੇਰੇ ਪਰਿਵਾਰ ਤੋਂ ਮੈਨੂੰ ਛੁੱਟੀ ਦੇਣ ਤੱਕ ਹਜ਼ਾਰਾਂ ਰੁਪਏ ਲੈ ਲਏ ਹਨ। ਮੈਂ ਡਾਕਟਰ ਨਾਲ ਇਸ ਸਬੰਧੀ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਤੇਰੀ ਬੀਮਾ ਕੰਪਨੀ ਨੂੰ ਫਾਇਲ ਭੇਜ ਦਿੱਤੀ ਹੈ, ਬੀਮਾ ਮਿਲਣ ਤੱਕ ਕਈ ਦਿਨ ਜਾਂ ਮਹੀਨੇ ਵੀ ਲੱਗ ਸਕਦੇ ਹਨ। ਮੈਨੂੰ ਛੁੱਟੀ ਮਿਲਣ ਤੋਂ ਬਾਅਦ ਵੀ ਮੇਰੇ ਮੋਢੇ ਉਪਰ ਹਰ ਹਫ਼ਤੇ ਪੱਟੀ ਬਦਲੀ ਜਾਂਦੀ ਮੈਂ ਹਰ ਵਾਰ ਡਾਕਟਰ ਤੋਂ ਆਪਣੇ ਬੀਮੇ ਦੇ ਪੈਸੇ ਬਾਰੇ ਪੁੱਛਦਾ ਤਾਂ ਦੋ-ਤਿੰਨ ਮਹੀਨਿਆਂ ਬਾਅਦ ਡਾਕਟਰ ਕਹਿਣ ਲੱਗਿਆ ਤੂੰ ਪੱਤਰਕਾਰ ਏ ਬੀਮਾ ਕੰਪਨੀ 'ਤੇ ਕੇਸ ਕਰ ਦੇ, ਮੈਂ ਬੀਮਾ ਕੰਪਨੀ ਤੋਂ ਜਦ ਤਿੰਨ ਕੁ ਮਹੀਨਿਆਂ ਬਾਅਦ ਆਪਣੇ ਬੀਮੇ ਬਾਰੇ ਪਤਾ ਕੀਤਾ ਤਾਂ ਉਨ੍ਹਾਂ ਕਿਹਾ ਕਿ ਸਾਡੇ ਕੋਲ ਅਜੇ ਤੱਕ ਤੇਰੇ ਬੀਮੇ ਦੀ ਡਾਕਟਰ ਨੇ ਫਾਇਲ ਹੀ ਨਹੀਂ ਭੇਜੀ। ਮੈਂ ਜਦ ਡਾਕਟਰ ਦੇ ਸਹਾਇਕ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਤੇਰੀ ਫਾਇਲ ਗੁੰਮ ਹੋ ਗਈ ਹੈ, ਉਹ ਮੈਨੂੰ ਫਾਇਲ ਲੱਭਣ ਦੇ ਕਈ ਮਹੀਨੇ ਲਾਰੇ ਲਾਉਂਦਾ ਰਿਹਾ। ਅਖ਼ੀਰ ਫਾਇਲ ਗੁੰਮ ਹੋਣ ਬਾਰੇ ਮੈਂ ਡਾਕਟਰ ਨੂੰ ਦੱਸ ਦਿੱਤਾ ਤਾਂ ਉਨ੍ਹਾਂ ਕਿਹਾ ਕਿ ਛੱਡ ਯਾਰ ਬੀਮੇ ਦੀ ਗੱਲ, ਬੀਮਾ ਕੰਪਨੀ ਨੇ ਕਿਹੜਾ ਤੈਨੂੰ ਕੁਝ ਦੇਣਾ ਸੀ। ਉਨ੍ਹਾਂ ਅਪਰੇਸ਼ਨ ਅਤੇ ਦਵਾਈਆਂ, ਐਕਸਰੇ, ਪੱਟੀਆਂ ਦੇ ਨਾਂਅ 'ਤੇ ਮੇਰੀ ਪੂਰੀ

> **ਕਸਾਈ ਸ਼ਬਦ ਮੈਂ ਸਿਰਫ਼ ਉਨ੍ਹਾਂ ਡਾਕਟਰਾਂ ਲਈ ਵਰਤਿਆ ਜੋ ਸਿਰਫ਼ ਮਰੀਜ਼ ਦੇ ਇਲਾਜ ਦੇ ਨਾਂਅ 'ਤੇ ਸਿਰਫ਼ ਪੈਸਾ ਹੀ ਮੁੱਖ ਰੱਖਦੇ ਹਨ ਨਾ ਕਿ ਮਰੀਜ਼ ਦੀ ਤੰਦਰੁਸਤੀ। ਪਰ ਉਨ੍ਹਾਂ ਡਾਕਟਰਾਂ ਨੂੰ ਮੇਰੀ ਕਲਮ ਸਲਾਮ ਕਰਦੀ ਹੈ ਜੋ ਮਾਨਵਤਾ ਦੀ ਸੇਵਾ ਆਪਣਾ ਫਰਜ਼ ਸਮਝਕੇ ਕਰਦੇ ਹਨ।**



ਲੁੱਟ ਕੀਤੀ। ਮੇਰੇ ਚਾਚਾ ਜੀ ਜੋ ਡਾਕਟਰ ਦਾ ਚੰਗਾ ਦੋਸਤ ਸੀ, ਉਸਨੇ ਹੀ ਮੈਨੂੰ ਹਸਪਤਾਲ ਵਿਚ ਦਾਖ਼ਲ ਕਰਵਾਇਆ ਸੀ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਡਾਕਟਰ ਨਾਲ 20-25 ਸਾਲਾਂ ਦੀ ਬਣੀ ਹੈ, ਛੱਡ ਪਰੇ ਬੀਮੇ ਬਾਰੇ ਮੇਰਾ ਡਾਕਟਰ ਨਾਲ ਫ਼ਰਕ ਪੈ ਜਾਵੇਗਾ। ਪਰ ਮੈਂ ਚੁੱਪ ਕਰਕੇ ਬੈਠਣ ਵਾਲਾ ਨਹੀਂ ਸੀ। ਇਹ ਗੱਲ ਸਾਫ਼ ਹੋ ਗਈ ਸੀ ਕਿ ਡਾਕਟਰ ਨੇ ਹੀ ਬੇਈਮਾਨੀ ਕਰਕੇ ਮੇਰੀ ਫਾਇਲ ਉਪਰ ਭੇਜੀ ਹੀ ਨਹੀਂ ਸੀ। ਕਿਉਂਕਿ ਉਸ ਨੇ ਸਾਡੇ ਕੋਲੋਂ ਅਪਰੇਸ਼ਨ ਦੇ ਨਾਂਅ 'ਤੇ ਹਜ਼ਾਰਾਂ ਰੁਪਏ ਲੈ ਲਏ ਸਨ। ਮੈਂ ਆਪਣੇ ਪੱਤਰਕਾਰ ਦੋਸਤਾਂਤੱਕ ਇਹ ਮਾਮਲਾ ਡਾਕਟਰ ਤੱਕ ਪਹੁੰਚਾਇਆ ਪਰ ਉਸ ਨੇ ਕਿਹਾ ਕਿ ਮੈਂ ਫਾਇਲ ਉਪਰ ਭੇਜੀ ਹੈ। ਮੈਂ ਕੁਝ ਨਹੀਂ ਕਰ ਸਕਦਾ। ਪਰ ਹੌਲੀ-ਹੌਲੀ ਜਦ ਪੱਤਰਕਾਰਾਂ ਦਾ ਡਾਕਟਰ ਉਪਰ ਦਬਾਅ ਪੈ ਗਿਆ ਤਾਂ ਉਸ ਨੇ ਕਿਹਾ ਕਿ ਫਾਇਲ ਗੁੰਮ ਹੋ ਗਈ ਹੈ ਮੈਂ ਕੁਝ ਨਹੀਂ ਕਰ ਸਕਦਾ। ਡਾਕਟਰ ਨੇ ਫੇਰ ਮੇਰੇ ਚਾਚਾ ਕਿੱਕਰ ਸਿੰਘ ਜੋ ਇਸ ਘਟਨਾ ਤੋਂ ਤਿੰਨ ਸਾਲ ਬਾਅਦ 25 ਦਸੰਬਰ 2013 ਨੂੰ ਕਿਸੇ ਬਿਮਾਰੀ ਕਾਰਨ ਮੌਤ ਦੇ ਮੂੰਹ ਜਾ ਪਿਆ ਨੇ ਮੇਰੇ ਉਪਰ ਦਬਾਅ ਪਵਾਇਆ ਕਿ ਤੂੰ ਡਾਕਟਰ ਖਿਲਾਫ਼ ਕੋਈ ਕਾਰਵਾਈ ਨਾ ਕਰ, ਨਹੀਂ ਤਾਂ ਆਪਣਾ ਕੋਈ ਰਿਸ਼ਤਾ ਨਹੀਂ, ਏਥੋਂ ਤੱਕ ਕਿ ਡਾਕਟਰ ਨੇ ਮੇਰੇ ਰਿਸ਼ਤੇਦਾਰਾਂ ਰਾਂਹੀ ਵੀ ਕੋਈ ਕਾਰਵਾਈ ਨਾ ਕਰਨ ਲਈ ਮੇਰੇ ਉਪਰ ਦਬਾਅ ਪਵਾਇਆ। ਜਦੋਂ ਮੇਰੀ ਬੀਬੀ ਜੀ ਨੂੰ ਇਸ ਬਾਰੇ ਮੇਰੇ ਚਾਚਾ ਜੀ ਨੇ ਦੱਸਿਆ ਤਾਂ ਮੇਰੀ ਬੀਬੀ ਜੀ ਕਹਿਣ ਲੱਗੀ ਕਿ ਤੂੰ ਬਚ ਗਿਆ। ਪੈਸਾ ਬੰਦੇ ਤੋਂ ਵੱਡਾ ਨਹੀਂ ਹੁੰਦਾ। ਜੇਕਰ ਤੈਨੂੰ ਕੁਝ ਹੋ ਜਾਂਦਾ ਫੇਰ ਕੀ ਅਸੀਂ ਕਰ ਲੈਂਦੇ। ਡਾਕਟਰਾਂ ਤੱਕ ਕਦੇ ਵੀ ਕੋਈ ਕੰਮ ਪੈ ਸਕਦਾ ਹੈ। ਤੂੰ ਡਾਕਟਰ ਉਪਰ ਕੋਈ ਕਾਰਵਾਈ ਨਹੀਂ ਕਰਨੀ। ਮੇਰੀ ਧਰਮਪਤਨੀ ਕੁਲਦੀਪ ਕੌਰ ਨੇ ਵੀ ਕਿਹਾ ਕਿ ਡਾਕਟਰ ਉਪਰ ਕੋਈ ਕਾਰਵਾਈ ਨਹੀਂ ਕਰਨੀ ਤੂੰ ਸਹੀ ਸਲਾਮਤ ਏਂ, ਪੈਸੇ ਦਾ ਕੀ ਏ, ਬਥੇਰਾ ਆਈ ਜਾਈ ਜਾ ਰਿਹਾ ਹੈ। ਪਰ ਮੈਨੂੰ ਡਾਕਟਰ ਉਪਰ ਇਸ ਗੱਲ ਦਾ ਗਿਲਾ ਸੀ ਕਿ ਡਾਕਟਰ ਨੇ ਆਪਣੇ ਫਰਜ਼ ਤੋਂ ਕੋਤਾਹੀ ਵਰਤੀ ਹੈ। ਮੇਰੇ ਪਰਿਵਾਰ ਨੇ ਮੇਰੇ ਇਲਾਜ ਲਈ ਕਰਜ਼ਾ ਚੁੱਕ ਕੇ ਡਾਕਟਰ ਨੂੰ ਦਿੱਤਾ ਹੈ।

ਡਾਕਟਰ ਉਪਰ ਅਗਲੀ ਕਾਰਵਾਈ ਲਈ ਮੈਂ ਆਪਣੇ ਪੱਤਰਕਾਰ ਦੋਸਤਾਂ ਨਾਲ ਮਿਲਕੇ ਬਠਿੰਡਾ ਦੇ ਐਸ.ਐਸ.ਪੀ. ਅੱਗੇ ਪੇਸ਼ ਹੋ ਗਿਆ ਤਾਂ ਉਸ ਨੇ ਥਾਣਾ ਕੋਤਵਾਲੀ ਇੰਚਾਰਜ ਨੂੰ ਮਾਮਲੇ ਦੀ ਜਾਂਚ ਲਈ ਲਿਖ ਦਿੱਤਾ। ਥਾਣਾ ਮੁੱਖੀ ਨੇ ਮੈਨੂੰ ਮਹੀਨੇ ਬਾਅਦ ਸੱਦਿਆ ਤਾਂ ਕਿਹਾ ਕਿ ਅਸੀਂ ਇਸ ਮਾਮਲੇ 'ਚ ਕੁਝ ਨਹੀਂ ਕਰ ਸਕਦੇ। ਕਿਉਂਕਿ ਤੇਰੀ ਸਾਰੀ ਫਾਇਲ ਡਾਕਟਰ ਕੋਲ ਹੈ, ਤੇਰੇ ਕੋਲ ਕੋਈ ਸਬੂਤ ਨਹੀਂ। ਥਾਣਾ ਮੁੱਖੀ ਨੇ ਡਾਕਟਰ ਨੂੰ ਥਾਣੇ ਸੱਦਿਆ ਤਾਂ ਡਾਕਟਰ ਨੇ ਮਾਮਲਾ ਨਿਬੇੜਨ ਲਈ ਮੇਰੇ ਚਾਚੇ ਉਪਰ ਦਬਾਅ ਪਾਇਆ ਅਤੇ ਬਚਣ ਲਈ ਮੇਰੇ ਅਪਰੇਸ਼ਨ ਅਤੇ ਹੋਰ ਖਰਚੇ ਦੀ ਝੂਠੀ ਰਸੀਦ ਪੇਸ਼ ਕਰ ਦਿੱਤੀ, ਜਿਸ ਵਿਚ ਉਸ ਨੇ ਸਿਰਫ਼ ਸੋਲਾਂ ਹਜ਼ਾਰ ਦੀ ਰਸੀਦ ਦਿੱਤੀ ਹੈ। ਜਦੋਂਕਿ ਡਾਕਟਰ ਨੇ ਮੇਰੇ ਪਰਿਵਾਰ ਤੋਂ ਛੁੱਟੀ ਵਾਲੇ ਦਿਨ ਚਾਲੀ ਹਜ਼ਾਰ ਦੇ ਕਰੀਬ ਨਕਦ ਲਿਆ ਸੀ, ਦਵਾਈਆਂ ਦਾ ਖਰਚਾ ਵੱਖਰਾ, ਇਸ ਤੋਂ ਬਾਅਦ ਤਿੰਨ ਮਹੀਨੇ ਹਸਪਤਾਲ ਵਿਚ ਪੱਟੀ ਅਤੇ ਹੋਰ ਖਰਚੇ ਵੱਖਰੇ। ਚਲੋ ਮੇਰੇ ਮੋਢੇ ਦਾ ਅਪਰੇਸ਼ਨ ਠੀਕ ਹੋ ਜਾਂਦਾ ਤਾਂ ਮੈਂ ਇਹ ਸਭ ਭੁੱਲਜਾਂਦਾ ਪਰ ਡਾਕਟਰ ਨੇ ਮੇਰਾ ਸੱਜਾ ਮੋਢਾ ਨਕਾਰਾ ਕਰ ਦਿੱਤਾ ਹੈ। ਮੇਰਾ ਅਪਰੇਸ਼ਨ ਸਹੀ ਨਾ ਹੋਣ ਕਰਕੇ ਹੁਣ ਲੋਹੜੇ ਦੀ ਪੈ ਰਹੀ ਠੰਡ ਕਰਕੇ ਪੂਰੀ ਬਾਂਹ ਦਰਦ ਕਰਦੀ ਹੈ। ਮੈਂ ਕਿਸੇ ਹੋਰ ਡਾਕਟਰ ਨੂੰ ਅਪਰੇਸ਼ਨ ਵਾਲਾ ਮੋਢਾ ਦਿਖਾਇਆ ਤਾਂ ਉਨ੍ਹਾਂ ਕਿਹਾ ਕਿ ਅਪਰੇਸ਼ਨ ਸਹੀ ਨਹੀਂ ਹੋਇਆ। ਮੋਢੇ ਵਿਚ ਅਪਰੇਸ਼ਨ ਦੌਰਾਨ ਪਏ ਸਕਰਿਊ ਕੱਢਣੇ ਪੈਣੇ ਨੇ, ਪਰ ਫੇਰ ਵੀ ਬਾਂਹ ਠੀਕ ਹੋਵੇ ਇਸ ਦੀ ਕੋਈ ਗਾਰੰਟੀ ਨਹੀਂ।

ਮੈਂ ਤਿੰਨ ਸਾਲ ਪਹਿਲਾਂ ਮੋਢੇ ਦੇ ਅਪਰੇਸ਼ਨ ਉਪਰ ਲੱਗੇ ਪੈਸੇ ਵੀ ਨਹੀਂ ਮੋੜ ਸਕਿਆ। ਉਪਰੋਂ ਹੋਰ ਖਰਚਾ ਖੜਾ ਹੈ। ਪੁਲਿਸ ਪ੍ਰਸ਼ਾਸ਼ਨ ਨੇ ਡਾਕਟਰ ਉਪਰ ਕੋਈ ਕਾਰਵਾਈ ਨਹੀਂ ਕੀਤੀ। 25 ਦਸੰਬਰ ਨੂੰ ਮੇਰੇ ਚਾਚਾ ਜੀ ਦੀ ਵੀ ਮੌਤ ਹੋ ਗਈ ਹੈ। ਜੇਕਰ ਮੈਨੂੰ ਬੀਮਾ ਕੰਪਨੀ ਵੱਲੋਂ ਮੇਰੇ ਅਪਰੇਸ਼ਨ ਉੱਪਰ ਲੱਗਿਆ ਪੈਸਾ ਮਿਲ ਜਾਂਦਾ ਤਾਂ ਡਾਕਟਰ ਨੂੰ ਕੀ ਨੁਕਸਾਨ ਸੀ। ਮੈਂ ਹੁਣ ਡਾਕਟਰ ਨੂੰ ਰੱਬ ਦਾ ਰੂਪ ਨਹੀਂ ਬਲਕਿ ਕਸਾਈ ਦਾ ਦਰਜਾ ਦਿੰਦਾ ਹਾਂ ਜੋ ਮਰੀਜ਼ ਨੂੰ ਜੀਵਨ ਦੇਣ ਦੀ ਥਾਂ ਸਰੀਰਕ ਪੱਖੋਂ ਆਪਣੇ ਸਵਾਰਥ ਲਈ ਨਕਾਰਾ ਬਣਾ ਰਿਹਾ ਹੈ। ਐਸੇ ਡਾਕਟਰ ਵੀ ਹਨ ਜੋ ਆਪਣੇ ਫਰਜ਼ ਪ੍ਰਤੀ ਇਮਾਨਦਾਰ ਹਨ। ਡਾਕਟਰ ਗੁਰਦੇਵ ਸਿੰਘ ਜੋ ਇਕ ਗੁਰਸਿੱਖ ਆਪਣੇ ਆਫ਼ਿਸ ਵਿਚ ਗੁਰੂ ਸਾਹਿਬਾਨਾਂ ਦੀਆਂ ਵੱਡ ਅਕਾਰੀ ਤਸਵੀਰਾਂ ਲਗਾਕੇ ਧਰਮ ਦੀ ਆੜ ਹੇਠ ਮਰੀਜ਼ਾਂ ਦੀ ਲੁੱਟ ਕਰ ਰਿਹਾ ਹੈ। ਐਸੇ ਡਾਕਟਰ ਖਿਲਾਫ਼ ਪੁਲਿਸ ਪ੍ਰਸ਼ਾਸ਼ਨ ਵੱਲੋਂ ਕਾਰਵਾਈ ਨਾ ਕਰਨਾ ਵੀ ਪੁਲਿਸ ਪ੍ਰਸ਼ਾਸ਼ਨ ਅੱਗੇ ਵੀ ਪ੍ਰਸ਼ਨ ਚਿੰਨ੍ਹ ਲੱਗਦਾ ਹੈ। ਮੈਂ ਡਾਕਟਰ ਸਾਹਿਬਾਨ ਨੂੰ ਬੇਨਤੀ ਕਰਦਾ ਹਾਂ ਕਿ ਤੁਹਾਡੇ ਵੀ ਬੱਚੇ ਹੋਣਗੇ, ਜੋ ਤੁਸੀਂ ਮਰੀਜ਼ਾਂ ਤੋਂ ਆਪਣੇ ਫਰਜ਼ ਤੋਂ ਕੋਤਾਹੀ ਕਰਕੇ ਮੋਟਾ ਪੈਸਾ ਲੈ ਕੇ ਉਨ੍ਹਾਂ ਦੀ ਲੁੱਟ ਕਰਦੇ ਹੋ, ਇਹ ਤੁਹਾਡੇ ਬੱਚਿਆਂ ਲਈ ਜ਼ਹਿਰ ਹੈ। ਠੀਕ ਹੈ ਤੁਸੀਂ ਡਾਕਟਰੀ ਪੇਸ਼ੇ ਲਈ ਚੰਗੀ ਪੜ੍ਹਾਈ, ਕੋਰਸ ਉਪਰ ਲੱਖਾਂ ਲਾਏ ਹਨ, ਹਸਪਤਾਲਾਂ ਦੇ ਵੀ ਖਰਚੇ ਹਨ ਪਰ ਕੀ ਕਦੇ ਸੋਚਿਆ ਕਿ ਕਿਸੇ ਗਰੀਬ ਜਾਂ ਕਿਸੇ ਬੇਸਹਾਰਾ ਤੋਂ ਇਲਾਜ ਦੇ ਨਾਂਅ ਹੇਠ ਮੋਟੀ ਕਮਾਈ ਕਰ ਰਹੇ ਹੋ, ਇਸ ਕਮਾਈ ਨਾਲ ਤੁਸੀਂ ਆਪਣੇ ਬੱਚਿਆਂ ਨੂੰ ਚੰਗੀ ਪੜ੍ਹਾਈ ਜਾਂ ਕੋਰਸ ਨਹੀਂ ਕਰ ਰਹੇ ਹੋ, ਇਸ ਕਮਾਈ ਨਾਲ ਤੁਸੀਂ ਆਪਣੇ ਬੱਚਿਆਂ ਨੂੰ ਚੰਗੀ ਪੜ੍ਹਾਈ ਜਾਂ ਕੋਰਸ ਨਹੀਂ ਕਰਵਾ ਸਕਦੇ, ਗਰੀਬਾਂ ਦੀ ਰੱਤ ਚੂਸਨਾ ਜ਼ਹਿਰ ਸਾਮਾਨ ਹੈ। ਲੋਕ ਤੁਹਾਨੂੰ ਰੱਬ ਦਾ ਰੂਪ ਸਮਝਦੇ ਹਨ ਤਾਂ ਉਨ੍ਹਾਂ ਦੀਆਂ ਭਾਵਨਾਵਾਂ ਦੀ ਕਦਰ ਕਰਕੇ ਆਪਣਾ ਫਰਜ਼ ਇਮਾਨਦਾਰੀ ਨਾਲ ਨਿਭਾਓ।

ਵੇਰਵਾ : ਗੁਰਨੈਬ ਸਾਜਨ ਦਿਓਣ

## ਤੁਹਾਡੀ ਰਸੋਈ



# ਪਨੀਰ ਮੱਖਣੀ



ਲਸਣ ਅਤੇ ਪਿਆਜ ਦੇ ਫ਼ਲੇਵਰ ਦੇ ਬਿਨਾਂ, ਜੈਨੀ ਸਟਾਇਲ ਦੀ ਪਨੀਰ ਮੱਖਣੀ ਸਬਜ਼ੀ ਦਾ ਸੁਆਦ ਬਹੁਤ ਹੀ ਚਟਾਖੇਦਾਰ ਹੁੰਦਾ ਹੈ। ਵਰਤ ਵਿੱਚ ਖਾਧੇ ਜਾਣ ਵਾਲੀ ਇਸ ਮਸਾਲੇਦਾਰ ਸਬਜ਼ੀ ਵਿੱਚ ਪਨੀਰ ਨੂੰ ਟਮਾਟਰ ਦੀ ਥਿਕ ਅਤੇ ਸਪਾਇਸੀ ਗ੍ਰੇਵੀ ਦੇ ਨਾਲ ਬਣਾਇਆ ਜਾਂਦਾ ਹੈ। ਇਸ ਕ੍ਰੀਮੀ ਟੈਕਸਚਰ ਵਾਲੀ ਸਬਜ਼ੀ ਦਾ ਸੁਆਦ ਲੈਣ ਲਈ ਤੁਸੀਂ ਹਰ ਤਰ੍ਹਾਂ ਦੀ ਰੋਟੀ ਅਤੇ ਚਾਵਲਾਂ ਦੇ ਨਾਲ ਇਸ ਦਾ ਸੁਆਦ ਲੈ ਸਕਦੇ ਹੋ। ਅੱਜ ਅਸੀਂ ਤੁਹਾਨੂੰ ਇਸ ਨੂੰ ਬਣਾਉਣ ਦੀ ਵਿਧੀ ਬਾਰੇ ਦੱਸਣ ਜਾ ਰਹੇ ਹਾਂ ਆਓ ਜਾਣਦੇ ਹਾਂ ਇਸ ਨੂੰ ਬਣਾਉਣ ਦੀ ਵਿਧੀ ਬਾਰੇ

ਸਮੱਗਰੀ

1 ਚਮਚ ਮੱਖਣ
ਚੁਟਕੀ ਇੱਕ ਜੀਰਾ
ਟਮਾਟਰ ਦੀ ਪਿਊਰੀ
ਤਾਜਾ ਕ੍ਰੀਮ 3/4 ਕੱਪ
ਨਮਕ ਸੁਆਦ ਮੁਤਾਬਕ
ਟਮਾਟਰ ਦੀ ਸਾਓਸ 2 ਚਮਚ
ਕਸ਼ਮੀਰੀ ਮਿਰਚ ਪਾਊਡਰ 1 ਚਮਚ
ਪਨੀਰ ਮਸਾਲਾ ਪਾਊਡਰ 1 ਚਮਚ
ਪਨੀਰ ਕੱਟਿਆ ਹੋਇਆ 200 ਗ੍ਰਾਮ
ਪਿਸੀ ਹੋਈ ਚੀਨੀ 1 ਚਮਚ
ਕਸੂਰੀ ਮੇਥੀ 1 ਚਮੱਚ

ਬਣਾਉਣ ਦੀ ਵਿਧੀ

ਪੈਨ ਗਰਮ ਕਰੋ ਅਤੇ ਉਸ ਵਿੱਚ ਮੱਖਣ ਪਾਓ।
ਮੱਖਣ ਪਿਘਲ ਜਾਣ 'ਤੇ ਉਸ ਵਿੱਚ ਜੀਰਾ ਪਾਓ
ਜੀਰੇ ਦੇ ਚਟਕਣ 'ਤੇ ਇਸ ਵਿੱਚ ਟਮਾਟਰ ਪਿਊਰੀ ਪਾਓ ਅਤੇ ਚੰਗੀ ਤਰ੍ਹਾਂ ਨਾਲ ਮਿਕਸ ਕਰੋ।
ਟਮਾਟਰ ਪਿਊਰੀ ਵਿੱਚ ਉਬਾਲ ਆਉਣ 'ਤੇ ਤਾਜ਼ਾ ਕ੍ਰੀਮ ਮਿਲਾਓ।
ਫ਼ਿਰ ਸਾਓਸ ਅਤੇ ਨਮਕ ਮਿਲਾ ਕੇ ਬਲੈਂਡ ਕਰੋ।
ਇਸ ਤੋਂ ਬਾਅਦ ਇਸ ਪੈਨ ਨੂੰ 10 ਮਿੰਟ ਤੱਕ ਢੱਕ ਕੇ ਰੱਖ ਦਿਓ ਅਤੇ ਪੱਕਣ ਦਿਓ। ਥੋੜ੍ਹੀ-ਥੋੜ੍ਹੀ ਦੇਰ ਵਿੱਚ ਹਿਲਾਉਣਾ ਨਾ ਭੁੱਲੋ।
ਢੱਕਣ ਹਟਾਓ ਅਤੇ ਕਸ਼ਮੀਰੀ ਲਾਲ ਮਿਰਚ ਪਾਊਡਰ ਅਤੇ ਪਨੀਰ ਮਸਾਲਾ ਮਿਲਾ ਕੇ ਚੰਗੀ ਤਰ੍ਹਾਂ ਨਾਲ ਮਿਕਸ ਕਰੋ।
ਫ਼ਿਰ ਟੁੱਕੜੇ ਕੀਤੇ ਹੋਏ ਪਨੀਰ ਪਾ ਕੇ ਮਿਕਸ ਕਰ ਲਓ।
ਸਰਵ ਕਰਨ ਤੋਂ ਪਹਿਲਾਂ ਇਸ ਵਿੱਚ ਕਸੂਰੀ ਮੇਥੀ ਪਾਓ ਅਤੇ ਪੀਸੀ ਹੋਈ ਖੰਡ ਮਿਲਾ ਕੇ ਚੰਗੀ ਤਰ੍ਹਾਂ ਨਾਲ ਮਿਕਸ ਕਰੋ।

# ਚਟਪਟੀ ਫ਼ਰੂਟ ਚਾਟ



ਸਮੱਗਰੀ

150 ਗ੍ਰਾਮ ਉਬਲੇ ਆਲੂ
100 ਗ੍ਰਾਮ ਕੇਲਾ
150 ਗ੍ਰਾਮ ਸੇਬ
120 ਗ੍ਰਾਮ ਖੀਰਾ
50 ਗ੍ਰਾਮ ਲੋਬਿਆ ਉਬਲਿਆ ਹੋਇਆ
150 ਗ੍ਰਾਮ ਪਪੀਤਾ
1 ਚਮਚ ਲਾਲ ਮਿਰਚ
1 ਚਮਚ ਜੀਰਾ ਪਾਊਡਰ
1 ਚਮਚ ਹਰੀ ਮਿਰਚ
1 ਚਮਚ ਨਿੰਬੂ ਦਾ ਰਸ
3 ਚਮਚ ਇਮਲੀ ਦਾ ਪਲਪ
3 ਚਮਚ ਇਮਲੀ ਦੀ ਚਟਨੀ

ਬਣਾਉਣ ਦੀ ਵਿਧੀ

ਸਭ ਤੋਂ ਪਹਿਲਾਂ ਸਾਰੇ ਫ਼ਰੂਟ ਨੂੰ ਕੱਟ ਲਓ ਅਤੇ ਫ਼ਿਰ ਇੱਕ ਕੌਲੀ ਵਿੱਚ ਪਿਆਜ, ਕੇਲੇ, ਸੇਬ, ਖੀਰਾ, ਕਚਾਲੂ, ਪਪੀਤਾ ਅਤੇ ਲੋਬੀਆ ਮਿਲਾ ਲਓ। ਫ਼ਿਰ ਇਸ ਵਿੱਚ ਲਾਲ ਮਿਰਚ , ਚਾਟ ਮਸਾਲਾ, ਹਰੀ ਮਿਰਚ, ਕਾਲਾ ਨਮਕ, ਜੀਰਾ, ਹਰੀ ਮਿਰਚ, ਨਿੰਬੂ ਦਾ ਰਸ, ਇਮਲੀ ਦਾ ਪਲਪ, ਇਮਲੀ ਦੀ ਚਟਨੀ ਪਾ ਕੇ ਮਿਕਸ ਕਰ ਲਓ। ਚਾਟ ਬਣ ਕੇ ਤਿਆਰ ਹੈ ਇਸ ਨੂੰ ਸਰਵ ਕਰੋ।

# ਸਟ੍ਰਾਬਰੀ ਚਾਕਲੇਟ ਬਾਰਸ

ਸਮੱਗਰੀ

4-5 ਸਟ੍ਰਾਬਰੀ
11/2 ਕੱਪ ਕਦੂਕਸ ਕੀਤਾ ਹੋਇਆ ਨਾਰੀਅਲ
1/4 ਕੱਪ ਮੈਪਲ ਸਿਰਪ
150 ਗ੍ਰਾਮ ਕੋਕੋਨਟ ਕ੍ਰੀਮ
2 ਚਮਚ ਕੋਕੋਨਟ ਤੇਲ
1 ਚਮਚ ਵਨੀਲਾ ਅਕਸਟ੍ਰੈਕਟ
200 ਗ੍ਰਾਮ ਡਾਰਕ ਚਾਕਲੇਟ



ਬਣਾਉਣ ਦੀ ਵਿਧੀ

ਸੱਭ ਤੋਂ ਪਹਿਲਾਂ ਸਟ੍ਰਾਬਰੀ ਨੂੰ ਕੁਝ ਦੇਰ ਲਈ ਫ਼ਰਿੱਜ ਵਿੱਚ ਰੱਖ ਦਿਓ ਤਾਂ ਕਿ ਉਹ ਸਖਤ ਹੋ ਜਾਵੇ। ਫ਼ਿਰ ਇਨ੍ਹਾਂ ਨੂੰ ਕੱਢ ਕੇ ਪੀਸ ਲਓ ਅਤੇ ਪਾਊਡਰ ਬਣਾ ਲਓ।
ਇੱਕ ਦੂਜੇ ਕਟੋਰੇ ਵਿੱਚ ਨਾਰੀਅਲ, ਮੈਪਲ ਸਿਰਪ, ਕੋਕੋਨਟ ਕ੍ਰੀਮ, ਵਨੀਲਾ ਅਕਸਟ੍ਰੈਕਟ ਅਤੇ ਕੋਕੋਨਟ ਤੇਲ ਮਿਲਾ ਕੇ ਚੰਗੀ ਤਰ੍ਹਾਂ ਮਿਕਸ ਕਰੋ।
ਫ਼ਿਰ ਇਸ ਵਿੱਚ ਪੀਸੀ ਹੋਈ ਸਟ੍ਰਾਬੇਰੀ ਪਾਊਡਰ ਮਿਲਾਓ ਅਤੇ ਹੱਥ ਨਾਲ ਸਾਰੇ ਮਿਸ਼ਰਣ ਦੇ ਛੋਟੇ ਆਕਾਰ ਦੇ ਬਾਰ ਬਣਾ ਲਓ। ਜਦੋਂ ਸਾਰੇ ਸਟ੍ਰਾਬੇਰੀ ਬਾਰ ਬਣ ਜਾਣ ਤਾਂ ਇਸ ਨੂੰ ਕੁਝ ਦੇਰ ਲਈ ਫ਼ਰਿੱਜ ਵਿੱਚ ਰੱਖ ਦਿਓ।
ਫ਼ਿਰ ਚਾਕਲੇਟ ਨੂੰ ਕਿਸੇ ਕਟੋਰੇ ਵਿੱਚ ਪਾ ਕੇ ਮਾਈਕਰੋਵੇਵ ਵਿੱਚ ਪਿਘਲਣ ਲਈ ਰੱਖ ਦਿਓ।
ਜਦੋਂ ਚਾਕਲੇਟ ਪਿਘਲ ਜਾਵੇ ਤਾਂ ਤਿਆਰ ਸਟ੍ਰਾਬੇਰੀ ਬਾਰ ਨੂੰ ਫ਼ਰਿੱਜ ਵਿੱਚੋਂ ਕੱਢ ਲਓ ਅਤੇ ਇੱਕ-ਇੱਕ ਚਾਕਲੇਟ ਵਿੱਚ ਡਿੱਪ ਕਰਕੇ ਦੂਜੀ ਪਲੇਟ ਵਿੱਚ ਰੱਖ ਦਿਓ।
ਇਸੇ ਤਰ੍ਹਾਂ ਸਾਰੀ ਚਾਕਲੇਟ ਬਾਰ ਨੂੰ ਡਿਪ ਕਰਕੇ ਪਲੇਟ ਵਿੱਚ ਕੱਢ ਲਓ ਅਤੇ ਕੁਝ ਦੇਰ ਲਈ ਫ਼ਰਿੱਜ ਵਿੱਚ ਰੱਖ ਦਿਓ ਤਾਂ ਕਿ ਚਾਕਲੇਟ ਚੰਗੀ ਤਰ੍ਹਾਂ ਨਾਲ ਸੈਟ ਹੋ ਜਾਵੇ। ਤੁਹਾਡਾ ਸਟ੍ਰਾਬੇਰੀ ਚਾਕਲੇਟ ਤਿਆਰ ਹੈ।

# ਖ਼ੁਦ ਨਾਲ ਵੀ ਕਰੀਏ ਗੁ.ਫਤਗੂ

➣ ਦੀਪਤੀ ਬਬੂਟਾ



ਘਰ-ਪਰਿਵਾਰ, ਸਾਕ ਸਬੰਧੀ ਜ਼ਿੰਦਗੀ ਦਾ ਸਰਮਾਇਆ ਹੁੰਦੇ ਹਨ ਤੇ ਇਨ੍ਹਾਂ ਦੇ ਆਲੇ-ਦੁਆਲੇ ਹੀ ਉਮਰ ਚੱਕਾ ਚੱਲਦਾ ਰਹਿੰਦਾ ਹੈ। ਉਨ੍ਹਾਂ ਦੇ ਸੁਪਨਿਆਂ ਦੀ ਪੂਰਤੀ ਲਈ ਉਧੇੜ-ਬੁਣ ਕਰਨਾ ਜ਼ਰੂਰੀ ਹੈ, ਪਰ ਕੋਈ ਇੱਕ ਸੁਪਨਾ ਆਪਣੇ ਲਈ ਬੁਣਨਾ ਵੀ ਜ਼ਰੂਰੀ ਹੈ ਜੋ ਤੁਹਾਡੀ ਆਪਣੀ ਸ਼ਖ਼ਸੀਅਤ ਦੇ ਰੇਖਾ-ਚਿੱਤਰ ਦਾ ਸਭ ਤੋਂ ਖ਼ੂਬਸੂਰਤ ਨਮੂਨਾ ਬਣ ਕੇ ਦੂਜਿਆਂ ਨੂੰ ਖਿੱਚ ਪਾਵੇ ਤੇ ਖ਼ਾਸ ਹੋਣ ਦਾ ਅਹਿਸਾਸ ਹੋ ਜਾਵੇ। ਸੌਣਾ-ਜਾਗਣਾ, ਖਾਣਾ-ਪੀਣਾ, ਰੋਜ਼ੀ-ਰੋਟੀ ਕਮਾਉਣਾ ਰੋਜ਼ਾਨਾ ਜ਼ਿੰਦਗੀ ਦੀ ਦੌੜ ਹਨ ਜਿਸ 'ਚ ਇੱਕ-ਦੂਜੇ ਨੂੰ ਪਛਾੜਨ ਦੇ ਚੱਕਰ ਵਿੱਚ ਅਸੀਂ ਖ਼ੁਦ ਤੋਂ ਦੂਰ ਹੁੰਦੇ-ਹੁੰਦੇ ਸਵੈ ਦੀ ਪਛਾਣ ਤਕ ਭੁੱਲ ਕੇ ਭੀੜ ਦਾ ਹਿੱਸਾ ਬਣ ਜਾਂਦੇ ਹਾਂ। ਇਸ ਭੀੜ ਤੋਂ ਵੱਖ ਖੜ੍ਹਾ ਹੋਣ ਦਾ ਇੱਕੋ-ਇੱਕ ਰਾਹ ਹੈ ਆਪੇ ਨਾਲ ਸੰਵਾਦ ਰਚਾਉਂਦਿਆਂ ਖ਼ੁਦ ਦੀ ਪਛਾਣ ਕਰਨੀ।

ਸਬੰਧਾਂ ਦੀ ਸਾਂਝ ਬਚਾਉਣ ਲਈ ਜੇਕਰ ਸਮੇਂ-ਸਮੇਂ 'ਤੇ ਆਪਸੀ ਗੱਲਬਾਤ ਮਹੱਤਵ ਰੱਖਦੀ ਹੈ ਤਾਂ ਖ਼ੁਦ ਨਾਲ ਸਾਂਝ ਬਣਾਉਣ ਲਈ ਆਪੇ ਨਾਲ ਸੰਵਾਦ ਰਚਾਉਣਾ ਵੀ ਬੇਹੱਦ ਜ਼ਰੂਰੀ ਹੈ। ਖ਼ੁਦ ਦਾ ਹਾਲ ਜਾਣਨਾ, ਆਪਣੇ ਅੰਦਰ ਦੇ ਜ਼ਖ਼ਮਾਂ ਦੀ ਪੀੜ ਪਛਾਣਨੀ ਵੀ ਜ਼ਰੂਰੀ ਹੈ।

ਖ਼ੁਦ ਨਾਲ ਗੁਫ਼ਤਗੂ ਕਰਨ ਲਈ ਆਪੇ 'ਤੇ ਝਾਤ ਪਾਉਂਦਿਆਂ ਖ਼ੁਦੀ ਨੂੰ ਨਿਹਾਰਨਾ ਤੇ ਇਸ ਪ੍ਰਕਿਰਿਆ ਦੌਰਾਨ ਟੁੱਟਦੇ-ਜੁੜਦੇ ਵਿਚਾਰਾਂ ਦੀ ਪੜਚੋਲ ਕਰਦਿਆਂ ਮਾੜੇ ਵਿਚਾਰਾਂ ਨੂੰ ਛੰਡ ਕੇ ਚੰਗੇ ਵਿਚਾਰਾਂ ਦਾ ਧਾਰਨੀ ਬਣਿਆ ਜਾ ਸਕਦਾ ਹੈ। ਸਵੈ-ਪੜਚੋਲ ਕਰਦਿਆਂ ਜਿੱਥੇ ਖ਼ੁਦ ਨੂੰ ਸਲਾਹੁਣਾ ਜ਼ਰੂਰੀ ਹੈ, ਉੱਥੇ ਨੀਰਸਤਾ ਅਤੇ ਨਕਾਰਾਤਮਕਤਾ ਦਾ ਪੱਖ ਭਾਰੀ ਪੈਂਦਿਆਂ ਖ਼ੁਦ ਨੂੰ ਫਿਟਕਾਰਨਾ ਵੀ ਜ਼ਰੂਰੀ ਹੈ ਆਪੇ ਨਾਲ ਗੁਫ਼ਤਗੂ ਦਾ ਸਿਲਸਿਲਾ ਸ਼ੁਰੂ ਕਰਨ ਲਈ ਸਭ ਤੋਂ ਪਹਿਲਾਂ ਗਹਿਰੀ ਨੀਂਦ ਦਾ ਤਿਆਗ ਜ਼ਰੂਰੀ ਹੈ। ਸਵੇਰ ਦੀ ਨੀਂਦ ਮਨੁੱਖ ਨੂੰ ਆਪਣੇ ਕਲਾਵੇ 'ਚ ਘੁੱਟਦੀ ਹੈ, ਪਰ ਇਸ ਦਾ ਮੋਹ ਤਿਆਗਣ ਵਾਲੇ ਹੀ ਹੋਰਾਂ ਨੂੰ ਪਛਾੜ ਸਫਲਤਾ ਦੀ ਕਤਾਰ 'ਚ ਮੋਹਰੀ ਖੜ੍ਹੇ ਹੁੰਦੇ ਹਨ। ਅੱਖਾਂ ਦਾ ਖੁੱਲ੍ਹਣਾ ਹੀ ਜਾਗਣਾ ਨਹੀਂ ਹੁੰਦਾ।



ਅੱਖਾਂ ਖੋਲ੍ਹ ਕੇ ਬਿਸਤਰੇ 'ਚ ਸਿਰ ਦੇ ਕੇ ਰੱਖਣਾ ਤਾਂ ਸੁੱਤੇ ਹੋਣ ਨਾਲੋਂ ਵੀ ਭਿਆਨਕ ਅਵਸਥਾ ਹੈ ਕਿਉਂਕਿ ਇਹ ਆਲਸ ਹੀ ਦਰਿੱਦਰਤਾ ਬਣ ਕੇ ਨਿਰਾਸ਼ਾ ਦੀ ਹਾਲਤ ਦਾ ਆਧਾਰ ਬਣਦਾ ਹੈ।ਜੀਵਨ ਦਾ ਆਧਾਰ ਬਣਾਉਣ ਵਾਲੇ ਮਨੁੱਖ ਤੋਂ ਆਲਸ, ਦਰਿੱਦਰਤਾ, ਨਿਰਾਸ਼ਾ, ਅਸਫਲਤਾ ਭੈਅ ਖਾਂਦੇ ਹਨ। ਸੁੱਤੇ ਹੋਏ ਵੀ ਜਾਗਣ ਦੀ ਅਵਸਥਾ ਪ੍ਰਾਪਤ ਕਰਨਾ ਹੀ ਅਸਲ ਜਾਗਣਾ ਹੈ, ਜਿੱਥੇ ਨਿਰੰਤਰ ਆਪੇ ਨਾਲ ਸਵਾਲ ਕਰਦਿਆਂ ਹੁੰਗਾਰੇ ਦਾ ਸਿਲਸਿਲਾ ਚੱਲਦਾ ਰਹਿੰਦਾ ਹੈ। ਖ਼ੁਦ ਨੂੰ ਸਵਾਲ ਕਰੋ, ਜਨਮ ਤੋਂ ਮੌਤ ਤੱਕ ਦੇ ਸਫ਼ਰ ਵਿੱਚ ਮੈਂ ਕੌਣ ਹਾਂ ? ਮੈਂ ਕੀ ਹਾਂ ? ਮੈਂ ਕਿਉਂ ਹਾਂ ? ਮੈਂ ਕਿੱਥੇ ਹਾਂ ? ਮੈਂ ਕਿਸ ਲਈ ਹਾਂ ? ਜੇ ਮੌਤ ਹੀ ਹਕੀਕਤ ਹੈ ਤਾਂ ਜੀਵਨ ਦਾ ਅਰਥ ਕੀ ਹੈ ? ਮਕਸਦ ਕੀ ਹੈ ?

ਇੱਥੇ ਕੋਈ ਤੁਹਾਡੇ ਸੁਪਨੇ ਪੂਰੇ ਕਰਨ ਲਈ ਨਹੀਂ, ਬਲਕਿ ਹਰ ਕੋਈ ਆਪਣੇ ਸੁਪਨਿਆਂ ਦੀ ਪੂਰਤੀ ਦੇ ਮੱਕੜਜਾਲ ਵਿੱਚ ਉਲਝਿਆ ਹੋਇਆ ਹੈ। ਆਪਣੀ ਉਲਝਣ ਵਿੱਚੋਂ ਨਿਕਲਣ ਲਈ ਤੁਸੀਂ ਉਨ੍ਹਾਂ ਲਈ ਜ਼ਰੀਆ ਹੋ ਸਕਦੇ ਹੋ, ਰਸਤਾ ਹੋ ਸਕਦੇ ਹੋ ਤੇ ਪੌੜੀ ਵੀ। ਜ਼ਰੂਰਤ ਹੈ ਆਪਣੇ ਆਪ ਨੂੰ ਯਕੀਨ ਦੁਆਉਣ ਦੀ ਕਿ ਮੈਂ ਉਹ ਕੀਮਤੀ ਮੋਤੀ ਹਾਂ, ਜਿਸ ਦੀ ਕੀਮਤ ਹਰ ਕੋਈ ਆਪਣੀ ਸੋਝੀ ਮੁਤਾਬਿਕ ਪਾਉਂਦਾ ਜਾਂਦਾ ਹੈ ਤੇ ਆਖ਼ਿਰ ਇੱਕ ਦਿਨ ਜੌਹਰੀ ਹੀਰੇ ਅਤੇ ਪੱਥਰ ਵਿਚਲਾ ਫ਼ਰਕ ਪਛਾਣ ਕੇ ਤੁਹਾਡੇ ਸਾਹਮਣੇ ਤੁਹਾਡੀ ਅਸਲ ਕੀਮਤ ਉਜਾਗਰ ਕਰ ਦਿੰਦਾ ਹੈ। ਫਿਰ ਤੁਸੀਂ ਜ਼ਰੀਆ ਨਹੀਂ ਖ਼ੁਦ ਮੰਜ਼ਿਲ ਹੋ ਜਾਂਦੇ ਹੋ। ਕਿਸੇ ਨੂੰ ਸ਼ੀਸ਼ਾ ਦਿਖਾਉਣ ਤੋਂ ਪਹਿਲਾਂ ਖ਼ੁਦ ਸ਼ੀਸ਼ੇ ਦੀਆਂ ਅੱਖਾਂ ਵਿੱਚ ਅੱਖਾਂ ਪਾ ਕੇ ਵੇਖਣਾ ਜ਼ਰੂਰੀ ਹੈ। ਜੇ ਆਪਣੇ ਅੰਦਰ ਝਾਤ ਮਾਰਦਿਆਂ ਸਿਰ ਝੁਕ ਜਾਵੇ ਤਾਂ ਇਸ ਤੋਂ ਵੱਡੀ ਸ਼ਰਮਿੰਦਗੀ ਨਹੀਂ। ਜੇਕਰ ਖ਼ੁਦ ਨੂੰ ਨਿਹਾਰਦਿਆਂ ਚਿਹਰੇ ਦੀ ਲਾਲੀ ਖਿੜ ਉੱਠੇ ਤਾਂ ਇਸ ਤੋਂ ਵੱਡਾ ਫ਼ਖ਼ਰ ਕੋਈ ਹੋਰ ਹੋ ਹੀ ਨਹੀਂ ਸਕਦਾ। ਮਨ ਦੀ ਆਵਾਜ਼ ਸੁਣੋਂ, ਸੁਣੇ ਦਾ ਹੁੰਗਾਰਾ ਭਰੋ ਤੇ ਫਿਰ ਜੋ ਸੁਣਿਆ ਹੈ ਉਸ ਨੂੰ ਸਮਝ ਕੇ ਆਪੇ ਨੂੰ ਸਵਾਲ ਕਰਦਿਆਂ ਆਪਣੇ ਅੰਦਰੋਂ ਜੁਆਬ ਭਾਲਣਾ ਤੇ ਫਿਰ ਸਿੱਖੇ ਸਬਕ ਨੂੰ ਜੀਵਨ ਆਚਰਨ 'ਚ ਢਾਲਣਾ ਹੀ ਸ਼ਖ਼ਸੀਅਤ ਦਾ ਸ਼ਿੰਗਾਰ ਹੈ।

> **ਜ਼ਰੂਰਤ ਹੈ ਆਪਣੇ ਆਪ ਨੂੰ ਯਕੀਨ ਦੁਆਉਣ ਦੀ ਕਿ ਮੈਂ ਉਹ ਕੀਮਤੀ ਮੋਤੀ ਹਾਂ, ਜਿਸ ਦੀ ਕੀਮਤ ਹਰ ਕੋਈ ਆਪਣੀ ਸੋਝੀ ਮੁਤਾਬਿਕ ਪਾਉਂਦਾ ਜਾਂਦਾ ਹੈ ਤੇ ਆਖ਼ਿਰ ਇੱਕ ਦਿਨ ਜੌਹਰੀ ਹੀਰੇ ਅਤੇ ਪੱਥਰ ਵਿਚਲਾ .ਫਰਕ ਪਛਾਣ ਕੇ ਤੁਹਾਡੇ ਸਾਹਮਣੇ ਤੁਹਾਡੀ ਅਸਲ ਕੀਮਤ ਉਜਾਗਰ ਕਰ ਦਿੰਦਾ ਹੈ। ਫਿਰ ਤੁਸੀਂ ਜ਼ਰੀਆ ਨਹੀਂ ਖ਼ੁਦ ਮੰਜ਼ਿਲ ਹੋ ਜਾਂਦੇ ਹੋ।**

ਜ਼ਰੂਰਤ ਹੈ ਕਿਸੇ ਵਾਸਤੇ ਨਹੀਂ, ਬਲਕਿ ਆਪੇ ਲਈ ਖੁੱਲ੍ਹੀ ਕਿਤਾਬ ਬਣਨ ਦੀ। ਚਿਰਾਂ ਬਾਅਦ ਵੀ ਪੰਨਾ ਫੋਲੀਏ ਤਾਂ ਆਪੇ ਅੱਗੇ ਸ਼ਰਮਿੰਦਾ ਨਾ ਹੋਣਾ ਪਵੇ। ਖ਼ੁਦ ਨਾਲ ਹੱਸਣਾ, ਖ਼ੁਦ ਨਾਲ ਰੋਣਾ, ਖ਼ੁਦ ਨਾਲ ਦੋਸਤੀ ਕਰਕੇ ਆਪਣਾ ਆਲੋਚਕ ਬਣਨਾ, ਆਪਣੇ ਨਾਲ ਦੁਸ਼ਮਣੀ ਪਾ ਕੇ ਦੋਸਤੀ ਦੇ ਅਰਥ ਪਛਾਣਨਾ, ਦੂਜਿਆਂ ਨੂੰ ਦੀਵਾ ਦਿਖਾਉਣ ਦੀ ਬਜਾਏ ਖ਼ੁਦ ਦੀਵੇ ਦੀ ਲੋਅ ਤੋਂ ਚਾਨਣ ਲੈ ਕੇ ਦੂਜਿਆਂ ਨੂੰ ਰੌਸ਼ਨੀਆਂ ਵੰਡਣ ਦੀ ਪ੍ਰਵਿਰਤੀ ਪਾਲਣੀ ਅਤੇ ਝੂਠੀ ਜ਼ਿੰਦਗੀ ਜਿਊਣ ਦੀ ਆਦਤ ਤੋਂ ਛੁਟਕਾਰਾ ਪਾ ਕੇ ਖ਼ੁਦ ਨਾਲ ਸੱਚੇ ਬਣਨ ਦੀ ਲੋੜ ਹੈ। ਭਾਵੇਂ ਸੌਖਾ ਤਾਂ ਨਹੀਂ, ਪਰ ਇੱਕ ਵਾਰ ਜੇ ਆਪਣੇ ਆਪ ਨਾਲ ਸੱਚੇ ਹੋਣ ਦਾ ਹੌਸਲਾ ਆ ਗਿਆ ਤਾਂ ਯਕੀਨਨ ਨਾ ਕੇਵਲ ਜੀਵਨ ਖ਼ੂਬਸੂਰਤ ਹੋ ਜਾਏਗਾ, ਬਲਕਿ ਮੌਤ ਦੇ ਭੈਅ ਤੋਂ ਵੀ ਮੁਕਤੀ ਮਿਲ ਜਾਵੇਗੀ। ਕਿਸੇ ਦੇ ਦੁੱਖ ਦਿੱਤਿਆਂ ਰੋ ਪਏ, ਕਿਸੇ ਦੇ ਹਸਾਇਆਂ ਹੱਸ ਪਏ, ਅਜਿਹੇ ਕਠਪੁਤਲੀ ਜੀਵਨ ਨੂੰ ਤਿਆਗ ਕੇ ਕਿਉਂ ਨਾ ਆਪਣੇ ਹਾਸਿਆਂ-ਰੋਣਿਆਂ ਦੀ ਵਾਗਡੋਰ ਕੇਵਲ ਆਪਣੇ ਹੱਥ ਹੀ ਰੱਖੀ ਜਾਵੇ। ਮਨੁੱਖੀ ਜੀਵਨ ਬਹੁਮੁੱਲਾ ਹੈ। ਇਸ ਦੀਆਂ ਕਈ ਤੰਦਾਂ ਕਈ ਵਾਰ ਉਲਝ ਜਾਂਦੀਆਂ ਹਨ। ਇਨ੍ਹਾਂ ਨੂੰ ਸੁਲਝਾਉਣ ਦਾ ਵੀ ਇੱਕ ਮੂਲ-ਮੰਤਰ ਹੈ ਤੇ ਉਹ ਹੈ ਆਪਣੇ ਮਨ ਨਾਲ ਗੱਲਾਂ ਕਰਨਾ। ਤਾਂ ਫਿਰ ਆਓ, ਖ਼ੁਦ ਨਾਲ ਵੀ ਕਰੀਏ ਗੁਫ਼ਤਗੂ ਤੇ ਬਣ ਜਾਈਏ ਖ਼ੁਦ ਦੇ ਸੱਚੇ ਸਾਥੀ। 98146-70707

# ਪ੍ਰਸ਼ੰਸਾ ਕਰਕੇ ਤਾਂ ਦੇਖੋ

ਜੋਧ ਸਿੰਘ ਮੋਗਾ



ਭਾਈ ਸਾਹਿਬ ਭਾਈ ਕਾਹਨ ਸਿੰਘ ਜੀ ਨੇ ਸ਼ਬਦ ਕੋਸ਼ ਵਿੱਚ ਪ੍ਰਸ਼ੰਸਾ ਦੇ ਦੋ ਹੀ ਅਰਥ ਲਿਖੇ ਹਨ, 'ਉਸਤਤਿ ਅਤੇ ਤਾਅਰੀਫ਼' ਪਰ ਕਈ ਕੋਸ਼ਾਂ ਨੇ ਸਿਫ਼ਤ, ਵਡਿਆਈ, ਮਹਿਮਾ, ਸ਼ਲਾਘਾ, ਤਾਰੀਫ਼ ਅਤੇ ਸਲਾਹੁਣ ਨੂੰ ਪ੍ਰਸ਼ੰਸਾ ਦੇ ਸਮਾਨਾਂਤਰ ਰੱਖਿਆ ਹੈ। ਹੋਰ ਵੀ ਕਈ ਸ਼ਬਦ ਇਸ ਦੇ ਹਾਣੀ ਹੋ ਸਕਦੇ ਹਨ। ਇਸ ਦੀ ਠੀਕ ਵਰਤੋਂ ਕਦੋਂ, ਕਿੱਥੇ ਅਤੇ ਕਿਵੇਂ ਕਰਨੀ ਹੈ, ਇਹ ਆਪਾਂ ਆਪ ਦੇਖਣਾ ਹੈ। ਮਹਾਨ ਲਿਖਾਰੀਆਂ, ਗੁਰੂਆਂ, ਪੀਰਾਂ ਅਤੇ ਪਰਚਾਰਕਾਂ ਨੇ ਪ੍ਰਸ਼ੰਸਾ ਨੂੰ ਬੜਾ ਉੱਚਾ ਸਥਾਨ ਦਿੱਤਾ ਹੈ। ਗੁਰੂ ਨਾਨਕ ਦੀ ਬਾਣੀ ਰੱਬ ਦੀ ਪ੍ਰਸ਼ੰਸਾ ਨਾਲ ਪੂਰੀ ਤਰ੍ਹਾਂ ਜੁੜੀ ਹੋਈ ਹੈ। ਗੁਰਬਖ਼ਸ਼ ਸਿੰਘ ਨੇ ਜੀਵਨ ਜਾਚ ਵਿੱਚ ਪ੍ਰਸ਼ੰਸਾ ਦੀ ਲੋੜ 'ਤੇ ਅਨੇਕਾਂ ਪੁਸਤਕਾਂ ਲਿਖੀਆਂ ਹਨ। ਡੇਲ ਕਾਰਨੇ ਨੇ ਅੰਤਿਮ ਦਿਨ ਕਿਵੇਂ ਵੀ ਗੁਜ਼ਾਰੇ ਹੋਣ, ਪਰ ਉਸ ਨੇ ਲੱਖਾਂ ਲੋਕਾਂ ਨੂੰ ਭਾਸ਼ਣਾਂ ਅਤੇ ਕਿਤਾਬਾਂ ਰਾਹੀ ਮਰਨੋਂ ਬਚਾਇਆ, ਜਿਊਣਾ ਸਿਖਾਇਆ ਅਤੇ ਖ਼ੁਸ਼ੀਆਂ ਭਰੀ ਜ਼ਿੰਦਗੀ ਦੇ ਰਾਹ ਪਾਇਆ। ਇਹ ਸਮੁੱਚੀ ਕਰਾਮਾਤ ਪ੍ਰਸ਼ੰਸਾ ਕਰਨ ਦੀ ਸੀ।

ਜਦੋਂ ਕੋਈ ਚੀਜ਼, ਕੋਈ ਗੱਲ, ਕੋਈ ਕੰਮ ਅਤੇ ਕੋਈ ਵਿਅਕਤੀ ਤੁਹਾਨੂੰ ਚੰਗਾ ਲੱਗਦਾ ਹੈ, ਤੁਹਾਨੂੰ ਖ਼ੁਸ਼ੀ ਦਿੰਦਾ ਹੈ, ਤੁਹਾਡੇ ਮਨ ਨੂੰ ਟੁੰਬਦਾ ਹੈ ਅਤੇ ਤੁਸੀਂ ਇਸ ਖ਼ੁਸ਼ੀ ਨੂੰ ਪ੍ਰਗਟ ਕਰਦੇ ਹੋ ਤਾਂ ਇਹ ਪ੍ਰਸ਼ੰਸਾ ਹੈ। ਇਹ ਖ਼ੁਸ਼ੀ ਤੁਸੀਂ ਆਪਣੇ ਮਨ ਹੀ ਮਨ 'ਚ ਰੱਖ ਕੇ ਵੀ ਆਨੰਦ ਲੈ ਸਕਦੇ ਹੋ, ਪਰ ਜੇ ਤੁਸੀਂ ਬੋਲ ਕੇ, ਸ਼ਬਦਾਂ ਰਾਹੀਂ ਲਿਖ ਕੇ, ਇਸ਼ਾਰਿਆਂ ਰਾਹੀਂ ਜਾਂ ਨਜ਼ਰਾਂ ਰਾਹੀਂ ਦੂਸਰਿਆਂ ਤਕ ਆਪਣੀ ਖ਼ੁਸ਼ੀ ਦਿਖਾ ਦਿੰਦੇ ਹੋ, ਇਹ ਅਜਿਹੀ ਪ੍ਰਸ਼ੰਸਾ ਹੈ, ਜਿਸ ਨਾਲ ਦੂਸਰੇ ਨੂੰ ਵੀ ਖ਼ੁਸ਼ੀ ਮਿਲਦੀ ਹੈ। ਇਹ ਖ਼ੁਸ਼ੀ ਦਾ ਪਸਾਰ-ਦੂਹਰਾ ਹੋ ਜਾਂਦਾ ਹੈ। ਤੁਹਾਨੂੰ ਖ਼ੁਸ਼ੀ ਮਿਲੀ ਹੈ ਅਤੇ ਜਿਸ ਦੀ ਤਾਰੀਫ਼ ਕੀਤੀ ਹੈ, ਉਸ ਨੂੰ ਤਾਂ ਮਿਲਣੀ ਹੀ ਹੈ।

ਸੱਚੀ ਪ੍ਰਸ਼ੰਸਾ ਉਹ ਹੈ ਜੋ ਦਿਲੋਂ ਕੀਤੀ ਜਾਵੇ, ਜਿਸ ਵਿੱਚ ਕੋਈ ਸੁਆਰਥ ਨਾ ਹੋਵੇ। ਜੋ ਪ੍ਰਸ਼ੰਸਾ ਆਪਣੇ ਲਾਭ ਅਤੇ ਸੁਆਰਥ ਲਈ ਕੀਤੀ ਜਾਵੇ, ਉਹ ਚਾਪਲੂਸੀ ਹੈ, ਚਮਚਾਗਿਰੀ ਹੈ ਜਾਂ ਫੂਕ ਦੇਣਾ ਕਹਿ ਸਕਦੇ ਹਾਂ। ਵਕਤੀ ਤੌਰ 'ਤੇ ਸ਼ਾਇਦ ਤੁਹਾਨੂੰ ਕੋਈ ਲਾਭ ਹੋ ਜਾਵੇ, ਪਰ ਦੂਸਰੇ ਵਾਸਤੇ ਤਾਂ ਮਗਰੋਂ ਹਾਨੀ ਅਤੇ ਪਛਤਾਵਾ ਹੀ ਹੈ। ਕਾਂ ਅਤੇ ਲੂੰਬੜੀ ਦੀ ਕਹਾਣੀ ਇਸ ਗੱਲ ਦਾ ਸਦੀਆਂ ਪੁਰਾਣਾ ਤੱਤ ਹੈ। ਲੂੰਬੜੀ ਜਾਣਦੀ ਸੀ ਕਿ ਕਾਂ ਦੀ ਕਾਂ-ਕਾਂ ਕਿੰਨੀ ਖਰਵੀ ਹੈ, ਪਰ ਮੂਰਖ ਕਾਂ ਉਸ ਦੀਆਂ ਮਿੱਠੀਆਂ ਗੱਲਾਂ ਵਿੱਚ ਫਸ ਗਿਆ। ਲੂੰਬੜੀ ਨੇ ਕਾਂ ਦੀ ਪ੍ਰਸ਼ੰਸਾ ਕੀਤੀ ? ਨਹੀਂ, ਚਾਪਲੂਸੀ ਕੀਤੀ। ਆਪਣਾ ਲਾਭ ਅਤੇ ਕਾਂ ਦਾ ਪਛਤਾਵਾ।

ਗੱਲ ਪੱਚੀ ਕੁ ਸਾਲ ਪੁਰਾਣੀ ਹੈ। ਮੇਰਾ ਪੋਤਰਾ ਜੁਗਨੂੰ ਫਰਸ਼ 'ਤੇ ਬੈਠਾ ਫੱਟੀ ਲਿਖਦਾ ਸੀ। ਲਿਖਾਈ ਠੀਕ-ਠਾਕ ਹੀ ਸੀ। ਮੈਂ ਅੱਖਾਂ ਦੇ ਇਸ਼ਾਰੇ ਨਾਲ ਦੱਸਿਆ ਕਿ ਲਿਖਾਈ ਵਧੀਆ ਹੈ। ਨਾਲ ਹੀ ਹਲਕਾ ਜਿਹਾ ਗਾ ਕੇ ਕਿਹਾ:
ਤੇਰੇ ਨਿੱਕੇ ਨਿੱਕੇ ਹੱਥਾਂ ਦੀ ਲਿਖਾਈ ਬੇਲੀਆ,
ਛਾਪੇ ਖਾਨੇ ਦੀ ਹੈ ਜਾਪਦੀ ਛਪਾਈ ਬੇਲੀਆ।

ਉਹ ਮੁਸਕਰਾਇਆ ਅਤੇ ਹੋਰ ਸੁਆਰ-ਸੁਆਰ ਕੇ ਲਿਖਣ ਲੱਗਾ। ਮੈਂ ਇਹ ਦੋ ਸਤਰਾਂ ਲਿਖ ਕੇ ਸਾਹਮਣੇ ਲਟਕਾ ਦਿੱਤੀਆਂ, ਜਿੱਥੇ ਬੈਠ ਕੇ ਉਹ ਲਿਖਦਾ ਸੀ। ਜਦ ਉਹ ਲਿਖਦਾ ਮੈਂ ਉਸ ਕਾਗ਼ਜ਼ ਵੱਲ ਇਸ਼ਾਰਾ ਕਰ ਦਿੰਦਾ, ਅੱਜ ਉਹ ਬਹੁਤ ਵਧੀਆ ਲਿਖਾਈ ਵਾਲਾ ਅਫ਼ਸਰ ਮੰਨਿਆ ਜਾਂਦਾ ਹੈ।

ਮੈਂ ਸੀਨੀਅਰ ਸਿਟੀਜਨ ਦਾ ਟੋਕਨ ਕਟਾ ਕੇ ਬੈਂਕ ਦੇ ਕਾਊਂਟਰ 'ਤੇ ਗਿਆ। ਬਾਬੂ ਬਹੁਤ ਰੁੱਝਿਆ ਹੋਇਆ, ਖਿਝਿਆ ਹੋਇਆ ਜਾਂ ਪਤਾ ਨਹੀਂ ਕੀ ਗੱਲ ਸੀ। ਮੇਰੇ ਵੱਲ ਦੇਖਿਆ, ਪਰ ਕੋਈ ਧਿਆਨ ਨਾ ਦਿੱਤਾ। ਮੈਂ ਦਸ ਕੁ ਮਿੰਟ ਖੜ੍ਹਾ ਰਿਹਾ। ਨਾਲ ਦੇ ਕਾਊਂਟਰ 'ਤੇ ਇੱਕ ਬੀਬੀ ਨੇ ਕੁਝ ਸੋਚਿਆ ਹੋਵੇਗਾ, ਮੈਨੂੰ ਇਸ਼ਾਰੇ ਨਾਲ ਬੁਲਾ ਲਿਆ। ਦੋ ਮਿੰਟ ਵਿੱਚ ਹੀ ਮੇਰਾ ਕੰਮ ਹੋ ਗਿਆ। ਮੈਂ ਇੱਕੋ ਵਾਕ ਬੋਲ ਕੇ ਉਸ ਦਾ ਧੰਨਵਾਦ ਕੀਤਾ, "ਬੇਟੀ, ਤੁਹਾਡੇ ਵਰਗੀਆਂ ਕੁੜੀਆਂ ਦੀ ਹਰ ਬੈਂਕ ਨੂੰ ਲੋੜ ਹੈ।" ਉਸ ਨੂੰ ਜ਼ਰੂਰ ਖ਼ੁਸ਼ੀ ਹੋਈ ਹੋਵੇਗੀ। ਹੁਣ ਵੀ ਮੇਰਾ ਕੰਮ ਖ਼ੁਸ਼ੀ-ਖ਼ੁਸ਼ੀ ਖਿੜੇ-ਮੱਥੇ ਅਤੇ ਛੇਤੀ ਹੋ ਜਾਂਦਾ ਹੈ, ਪਰ ਵਾਰੀ ਸਿਰ। ਸ਼ਾਇਦ ਪ੍ਰਸ਼ੰਸਾ ਕਾਰਨ।

ਮੈਂ ਦੇਖਦਾ ਸੀ ਕਿ ਇੱਕ ਵਿਦਿਆਰਥੀ ਮੇਰੇ ਘਰ ਅੱਗੋਂ ਦੀ ਲੰਘਦਾ ਸੀ। ਰੰਗ ਤਾਂ ਉਸ ਦਾ ਪੱਕਾ ਸੀ, ਪਰ ਪਗੜੀ ਬੜੀ ਵਧੀਆ ਹੁੰਦੀ ਸੀ। ਸਾਫ-ਸੁਥਰੀ, ਪੋਚਵੀਂ ਚਿਣਵੇਂ ਲੜ। ਮੈਨੂੰ ਚੰਗਾ ਲੱਗਾ। ਮੈਂ ਇੱਕ ਦਿਨ ਉਸ ਨੂੰ ਇਸ਼ਾਰੇ ਨਾਲ ਕੋਲ ਬੁਲਾਇਆ। ਉਸ ਦੀ ਪਗੜੀ ਬਾਰੇ ਪੁੱਛਿਆ, ਕਿਸ ਤੋਂ ਬੰਨ੍ਹਣੀ ਸਿੱਖੀ ? ਕਿੰਨਾ ਚਿਰ ਲੱਗਦਾ ਹੈ ? ਕਿੰਨੀਆਂ ਪੱਗਾਂ ਹਨ ? ਉਸ ਨੂੰ ਦੱਸਿਆ ਕਿ ਉਸ ਦੀ ਪੱਗ ਬਹੁਤ ਵਧੀਆ ਹੈ, ਬਹੁਤ ਫਬਦੀ ਹੈ। ਉਸ ਨੇ ਕਿਹਾ ਕੁਝ ਨਹੀਂ, ਪਰ ਉਹ ਬੜਾ ਖ਼ੁਸ਼ ਸੀ। ਹਫ਼ਤੇ ਕੁ ਮਗਰੋਂ ਫਿਰ ਮਿਲਿਆ, ਹੁਣ ਉਸ ਦੇ ਨਾਲ ਤਿੰਨ ਮੁੰਡੇ ਹੋਰ ਸਨ, ਵਧੀਆ ਪੱਗਾਂ ਵਾਲੇ।

> **ਠੀਕ ਅਤੇ ਸੱਚੀ-ਸੁੱਚੀ ਪ੍ਰਸ਼ੰਸਾ ਸਦਾ ਖ਼ੁਸ਼ੀ ਦਿੰਦੀ ਹੈ, ਉਤਸ਼ਾਹਿਤ ਕਰਦੀ ਹੈ, ਹਿੰਮਤ ਵਧਾਉਂਦੀ ਹੈ, ਤਰੱਕੀ ਦੇ ਰਾਹੇ ਪਾਉਂਦੀ ਹੈ, ਤੁਹਾਨੂੰ ਵੀ ਹਰਮਨ ਪਿਆਰਾ ਬਣਾਉਂਦੀ ਹੈ ਅਤੇ ਤੁਹਾਡਾ ਮਾਣ ਵਧਾਉਂਦੀ ਹੈ। ਹਰ ਵਿਅਕਤੀ ਵਿੱਚ ਕੋਈ ਨਾ ਕੋਈ ਗੁਣ ਹੁੰਦਾ ਹੈ, ਉਸ ਨੂੰ ਪਰਖੋ ਅਤੇ ਪ੍ਰਸ਼ੰਸਾ ਕਰੋ। ਤੁਹਾਡੀ ਪਤਨੀ ਵਿੱਚ, ਬੱਚਿਆਂ ਵਿੱਚ, ਸਾਥੀਆਂ ਵਿੱਚ ਬਹੁਤ ਗੁਣ ਹਨ, ਚੰਗੀ ਗੱਲ ਦੀ ਤਾਰੀਫ ਕਰੋ, ਘਰ ਵਿੱਚ ਖ਼ੁਸ਼ੀ ਆਵੇਗੀ। ਤੁਹਾਡਾ ਬੌਸ ਹਮਦਰਦ ਹੈ, ਨਰਮ ਹੈ, ਸਹਾਇਕ ਹੈ ਤਾਂ ਠੀਕ ਮੌਕਾ ਦੇਖ ਕੇ ਉਸ ਨੂੰ ਕਿਸੇ ਤਰ੍ਹਾਂ ਦੱਸੋ। ਤੁਹਾਡੀ ਕੰਮ ਵਾਲੀ ਨੇ ਜੇ ਵਧੀਆ ਸਬਜ਼ੀ ਬਣਾਈ ਹੈ ਤਾਂ ਉਸ ਦੀ ਵੀ ਪ੍ਰਸ਼ੰਸਾ ਕਰੋ।**

ਉਸ ਨੇ ਮੈਨੂੰ ਕਿਹਾ, "ਸਰ ਜੀ, ਇਨ੍ਹਾਂ ਨੂੰ ਵੀ ਮੈਂ ਵਧੀਆਂ ਪੱਗ ਬੰਨ੍ਹਣੀ ਸਿਖਾਈ ਹੈ।" ਅੱਜ ਉਹ ਹੋਰ ਵੀ ਖ਼ੁਸ਼ ਸੀ। ਬੇਸ਼ੱਕ ਤਿੰਨੇ ਗੱਲਾਂ ਆਮ ਅਤੇ ਛੋਟੀਆਂ ਹਨ, ਪਰ ਅੰਤਰੀਵ ਭਾਵ ਸ਼ਾਇਦ ਵੱਡਾ ਹੈ।

ਠੀਕ ਅਤੇ ਸੱਚੀ-ਸੁੱਚੀ ਪ੍ਰਸ਼ੰਸਾ ਸਦਾ ਖ਼ੁਸ਼ੀ ਦਿੰਦੀ ਹੈ, ਉਤਸ਼ਾਹਿਤ ਕਰਦੀ ਹੈ, ਹਿੰਮਤ ਵਧਾਉਂਦੀ ਹੈ, ਤਰੱਕੀ ਦੇ ਰਾਹੇ ਪਾਉਂਦੀ ਹੈ, ਤੁਹਾਨੂੰ ਵੀ ਹਰਮਨ ਪਿਆਰਾ ਬਣਾਉਂਦੀ ਹੈ ਅਤੇ ਤੁਹਾਡਾ ਮਾਣ ਵਧਾਉਂਦੀ ਹੈ। ਹਰ ਵਿਅਕਤੀ ਵਿੱਚ ਕੋਈ ਨਾ ਕੋਈ ਗੁਣ ਹੁੰਦਾ ਹੈ, ਉਸ ਨੂੰ ਪਰਖੋ ਅਤੇ ਪ੍ਰਸ਼ੰਸਾ ਕਰੋ। ਤੁਹਾਡੀ ਪਤਨੀ ਵਿੱਚ, ਬੱਚਿਆਂ ਵਿੱਚ, ਸਾਥੀਆਂ ਵਿੱਚ ਬਹੁਤ ਗੁਣ ਹਨ, ਚੰਗੀ ਗੱਲ ਦੀ ਤਾਰੀਫ ਕਰੋ, ਘਰ ਵਿੱਚ ਖ਼ੁਸ਼ੀ ਆਵੇਗੀ। ਤੁਹਾਡਾ ਬੌਸ ਹਮਦਰਦ ਹੈ, ਨਰਮ ਹੈ, ਸਹਾਇਕ ਹੈ ਤਾਂ ਠੀਕ ਮੌਕਾ ਦੇਖ ਕੇ ਉਸ ਨੂੰ ਕਿਸੇ ਤਰ੍ਹਾਂ ਦੱਸੋ। ਤੁਹਾਡੀ ਕੰਮ ਵਾਲੀ ਨੇ ਜੇ ਵਧੀਆ ਸਬਜ਼ੀ ਬਣਾਈ ਹੈ ਤਾਂ ਉਸ ਦੀ ਵੀ ਪ੍ਰਸ਼ੰਸਾ ਕਰੋ। ਗੁਆਂਢੀ ਨੇ ਗਲੀ ਦੀ ਵਧੀਆ ਸਫ਼ਾਈ ਕਰਾਈ ਹੈ ਤਾਂ ਧੰਨਵਾਦੀ ਹੋਵੋ। ਆਪਣੇ ਬੱਚੇ ਦੇ ਚੰਗੇ ਅਧਿਆਪਕਾਂ ਨੂੰ ਸ਼ਬਦਾਂ ਰਾਹੀਂ ਮਾਣ ਅਤੇ ਖ਼ੁਸ਼ੀ ਦੇਵੋ, ਲਾਭ ਹੋਵੇਗਾ। ਆਪਣੇ ਸਾਥੀ ਦਾ ਨਵਾਂ ਘਰ ਦੇਖ ਕੇ ਖ਼ੁਸ਼ੀ ਪਰਗਟ ਕਰੋ ਅਤੇ ਸਜਾਵਟ ਦੀ ਤਾਰੀਫ਼ ਕਰੋ। ਮੈਂ ਤਾਂ ਕਹਿੰਦਾ ਹਾਂ ਜੇ ਗੋਲਗੱਪਿਆਂ ਵਾਲੇ ਦੀ ਰੇਹੜੀ, ਬਰਤਨ, ਪਾਣੀ, ਹੱਥ ਕੱਪੜਾ ਸਾਫ਼-ਸੁਥਰਾ ਹੈ ਤਾਂ ਉਹ ਵੀ ਪ੍ਰਸ਼ੰਸਾ ਦਾ ਹੱਕਦਾਰ ਹੈ। ਉਹ ਹੋਰ ਵੱਧ ਸਫ਼ਾਈ ਰੱਖੇਗਾ। ਤੁਸੀਂ ਸੋਚਦੇ ਹੋਵੋਗੇ ਇਹ ਕੀ ਛੋਟੀਆਂ-ਛੋਟੀਆਂ ਗੱਲਾਂ ਹਨ, ਪਰ ਇਹ ਸਾਡੇ ਰੋਜ਼ਾਨਾ ਜੀਵਨ ਨਾਲ ਸਬੰਧਤ ਹਨ। ਪ੍ਰਸ਼ੰਸਾ ਦੇ ਮੌਕੇ ਰੋਜ਼ ਆਉਂਦੇ ਹਨ, ਕਰ ਕੇ ਤਾਂ ਦੇਖੋ।

ਸੰਪਰਕ: 85668-54081

# ਆਪਣੇ ਬੱਚੇ ਨੂੰ ਆਤਮ-ਵਿਸ਼ਵਾਸੀ ਬਣਾਓ

-ਡਾ: ਨਿਸ਼ਾਨ ਸਿੰਘ ਰਾਠੌਰ

ਮੌਜੂਦਾ ਦੌਰ ਵਿਚ ਸਕੂਲੀ ਬੱਚੇ ਕਈ ਪ੍ਰਕਾਰ ਦੇ ਮਨੋਰੋਗਾਂ ਦੀ ਚਪੇਟ ਵਿਚ ਆ ਰਹੇ ਹਨ। ਬੱਚਿਆਂ ਵਿਚ ਤਣਾਓ ਵਧ ਰਿਹਾ ਹੈ। ਉਹ ਚਾਹੇ ਪੜ੍ਹਾਈ ਦਾ ਤਣਾਓ ਹੋਵੇ, ਆਪਣੇ ਨਾਲ ਵਾਪਰ ਰਹੀਆਂ ਘਟਨਾਵਾਂ ਦਾ ਹੋਵੇ ਜਾਂ ਸਰੀਰ ਵਿਚ ਹੋ ਰਹੇ ਪਰਿਵਰਤਨ ਦਾ ਹੋਵੇ। ਅਜੋਕੇ ਸਮੇਂ 5 ਤੋਂ 15 ਸਾਲ ਤੱਕ ਉਮਰ ਦੇ ਬੱਚੇ ਤਣਾਓ ਦਾ ਸ਼ਿਕਾਰ ਜ਼ਿਆਦਾ ਗਿਣਤੀ ਵਿਚ ਹੋ ਰਹੇ ਹਨ। ਇਸ ਤਣਾਓ ਦਾ ਸਭ ਤੋਂ ਵੱਡਾ ਪ੍ਰਭਾਵ ਇਹ ਪੈ ਰਿਹਾ ਹੈ ਕਿ ਬੱਚਿਆਂ ਵਿਚ ਆਤਮ-ਵਿਸ਼ਵਾਦ ਦੀ ਕਮੀ ਪੈਦਾ ਹੋਣੀ ਸ਼ੁਰੂ ਹੋ ਗਈ ਹੈ। ਆਤਮ-ਵਿਸ਼ਵਾਸ ਦੀ ਕਮੀ ਕਾਰਨ ਬੱਚਿਆਂ ਵਿਚ ਹੀਣ ਭਾਵਨਾ ਘਰ ਕਰ ਗਈ ਹੈ। ਇਸ ਲਈ ਮਾਤਾ-ਪਿਤਾ ਦੀ ਜ਼ਿੰਮੇਵਾਰੀ ਪਹਿਲਾਂ ਨਾਲੋਂ ਵਧੇਰੇ ਮਹੱਤਵਪੂਰਨ ਹੋ ਗਈ ਹੈ ਕਿ ਉਹ ਕਿਸ ਤਰ੍ਹਾਂ ਆਪਣੇ ਬੱਚੇ ਨੂੰ ਆਤਮ-ਵਿਸ਼ਵਾਸੀ ਬਣਾ ਸਕਦੇ ਹਨ ?

ਬੱਚਿਆਂ ਦੇ ਮਾਤਾ-ਪਿਤਾ ਅਕਸਰ ਹੀ ਮਨੋਵਿਗਿਆਨੀਆਂ ਤੋਂ ਸਲਾਹ ਲੈਂਦੇ ਰਹਿੰਦੇ ਹਨ ਕਿ ਕਿਸ ਪ੍ਰਕਾਰ ਹੀਣ ਭਾਵਨਾ ਨਾਲ ਗ੍ਰਸਤ ਬੱਚੇ ਦਾ ਆਤਮ-ਵਿਸ਼ਵਾਸ ਮੁੜ ਤੋਂ ਵਧਾਇਆ ਜਾ ਸਕਦਾ ਹੈ ? ਕਿਵੇਂ ਬੱਚੇ ਦੇ ਮਨ 'ਚੋਂ ਡਰ ਅਤੇ ਹੀਣ ਭਾਵਨਾ ਕੱਢੀ ਜਾਵੇ ? ਅਜੋਕੇ ਸਮੇਂ ਵਿਚ ਜੇਕਰ ਮਾਤਾ-ਪਿਤਾ ਹੇਠ ਲਿਖੇ ਕੁਝ ਨਿਯਮਾਂ ਦਾ ਪਾਲਣ ਕਰਨ ਤਾਂ ਹੀਣ ਭਾਵਨਾ ਨਾਲ ਗ੍ਰਸਤ ਸਕੂਲੀ ਬੱਚਿਆਂ ਵਿਚ ਆਤਮ-ਵਿਸ਼ਵਾਸ ਦੀ ਭਾਵਨਾ ਮੁੜ ਤੋਂ ਪੈਦਾ ਕੀਤੀ ਜਾ ਸਕਦੀ ਹੈ। ਸਭ ਤੋਂ ਪਹਿਲਾਂ ਇਹ ਪਛਾਣ ਕਿਸ ਤਰ੍ਹਾਂ ਹੋਵੇ ਕਿ ਬੱਚਾ ਹੀਣ ਭਾਵਨਾ ਨਾਲ ਗ੍ਰਸਤ ਹੋ ਗਿਆ ਹੈ ਅਤੇ ਉਸ ਵਿਚ ਆਤਮ-ਵਿਸ਼ਵਾਸ ਦੀ ਕਮੀ ਹੈ। ਇਸ ਪਛਾਣ ਦੇ ਕੁਝ ਲੱਛਣ ਇਸ ਪ੍ਰਕਾਰ ਹਨ-

× ਬੱਚਾ ਘੱਟ ਬੋਲਣ ਲਗਦਾ ਹੈ। ਉਹ ਕਿਸੇ ਨਾਲ ਵੀ ਖੁੱਲ੍ਹ ਕੇ ਗੱਲ ਨਹੀਂ ਕਰਦਾ ਅਤੇ ਆਪਣੇ ਮਨ ਦੀ ਗੱਲ ਦੱਸਣ ਤੋਂ ਸੰਕੋਚ ਕਰਦਾ ਹੈ। × ਪੜ੍ਹਾਈ ਵਿਚ ਧਿਆਨ ਨਹੀਂ ਦੇਵੇਗਾ। × ਹੀਣ ਭਾਵਨਾ ਨਾਲ ਗ੍ਰਸਤ ਬੱਚਾ ਇਕੱਲਾ ਬੈਠਣਾ ਪਸੰਦ ਕਰੇਗਾ, ਜਿੱਥੇ ਪਰਿਵਾਰ ਦੇ ਮੈਂਬਰ ਬੈਠਣਗੇ, ਉਹ ਉਸ ਜਗ੍ਹਾ ਤੋਂ ਦੂਰ ਜਾਵੇਗਾ। × ਆਪਣੇ ਕੱਪੜਿਆਂ ਦੀ ਸਾਫ਼-ਸਫ਼ਾਈ ਵੱਲ ਬਹੁਤਾ ਧਿਆਨ ਨਹੀਂ ਦੇਵੇਗਾ ਅਤੇ ਗੰਦੇ ਕੱਪੜੇ/ਬੂਟ ਆਦਿ ਪਾ ਕੇ ਰੱਖੇਗਾ।× ਉਹ ਆਪਣੇ ਕਮਰੇ ਵਿਚ ਹੀ ਬੈਠਣਾ ਪਸੰਦ ਕਰੇਗਾ, ਬਾਹਰ ਦੋਸਤਾਂ ਨਾਲ ਘੁੰਮਣ-ਫਿਰਨ ਤੋਂ ਗੁਰੇਜ਼ ਕਰੇਗਾ। × ਅਜਿਹੇ ਬੱਚੇ ਜ਼ਿੱਦੀ ਸੁਭਾਅ ਦੇ ਹੋ ਜਾਂਦੇ ਹਨ। ਜੇਕਰ ਮਾਤਾ-ਪਿਤਾ ਕਿਸੇ ਕੰਮ ਤੋਂ ਮਨ੍ਹਾਂ ਕਰਦੇ ਹਨ ਤਾਂ ਇਹ ਉਸ ਕੰਮ ਨੂੰ ਕਰਦੇ ਹਨ, ਜਿਹੜਾ ਮਾਤਾ-ਪਿਤਾ ਨੇ ਮਨ੍ਹਾਂ ਕੀਤਾ ਹੁੰਦਾ ਹੈ।

ਆਤਮ-ਵਿਸ਼ਵਾਸ ਕਿਵੇਂ ਦਿਵਾਈਏ ?

× ਬੱਚੇ ਵਿਚ ਹੀਣ ਭਾਵਨਾ ਪੈਦਾ ਹੋਣ ਦੇ ਕਾਰਨਾਂ ਦਾ ਪਤਾ ਕਰਨ ਦੀ ਕੋਸ਼ਿਸ਼ ਕਰੋ ਅਤੇ ਇਨ੍ਹਾਂ ਨੂੰ ਦੂਰ ਕਰਨ ਲਈ ਕਿਸੇ ਚੰਗੇ ਮਨੋਵਿਗਿਆਨੀ ਨਾਲ ਗੱਲਬਾਤ ਕਰੋ।
× ਬੱਚੇ ਨਾਲ ਦੋਸਤਾਂ ਵਾਂਗ ਪੇਸ਼ ਆਓ ਅਤੇ ਉਸ ਨਾਲ ਹਾਸਾ-ਮਜ਼ਾਕ ਕਰੋ, ਤਾਂ ਕਿ ਉਹ ਖ਼ੁਸ਼ ਹੋ ਸਕੇ।
× ਬੱਚੇ ਨਾਲ ਮਾਰ-ਕੁੱਟ ਜਾਂ ਗਾਲੀ-ਗਲੋਚ ਨਾ ਕਰੋ ਅਤੇ ਭੁੱਲ ਕੇ ਵੀ ਕਦੇ ਤਾਹਨੇ-ਮਿਹਣੇ ਨਾ ਮਾਰੋ। ਨਹੀਂ ਤਾਂ ਬੱਚਾ ਪਹਿਲਾਂ ਨਾਲੋਂ ਜ਼ਿਆਦਾ ਪ੍ਰੇਸ਼ਾਨ ਹੋ ਸਕਦਾ ਹੈ।
× ਬੱਚੇ ਨੂੰ ਖਾਣੇ ਵਿਚ ਉਸ ਦੀ ਪਸੰਦ ਪੁੱਛੋ ਅਤੇ ਉਸ ਲਈ ਵਿਸ਼ੇਸ਼ ਤੌਰ 'ਤੇ ਉਹ ਖਾਣਾ ਬਣਾਓ, ਜਿਹੜਾ ਉਸ ਨੂੰ ਪਸੰਦ ਹੈ।
× ਸਾਰੇ ਪਰਿਵਾਰਕ ਜੀਅ ਇਕੱਠੇ ਬੈਠ ਕੇ ਟੀ.ਵੀ. ਦੇਖੋ ਜਾਂ ਫ਼ਿਲਮ ਵਗੈਰਾ ਦੇਖੋ, ਤਾਂ ਕਿ ਉਹ ਤੁਹਾਡੇ ਨਾਲ ਖੁੱਲ੍ਹ ਕੇ ਗੱਲਬਾਤ ਕਰ ਸਕੇ।
× ਬੱਚੇ ਨਾਲ ਬਾਹਰ ਘੁੰਮਣ ਲਈ ਨਿਕਲੋ ਅਤੇ ਉਸ ਦੇ ਦੋਸਤਾਂ-ਮਿੱਤਰਾਂ ਦੇ ਘਰ ਜਾਓ।
× ਬੱਚੇ ਨੂੰ ਪਿਆਰ ਨਾਲ ਸਕੂਲ ਦਾ ਕੰਮ ਕਰਵਾਓ। ਉਸ ਨੂੰ ਪੜ੍ਹਾਈ ਦੀ ਅਹਿਮੀਅਤ ਬਾਰੇ ਜਾਣਕਾਰੀ ਦਿਓ।
× ਬੱਚੇ ਦੀਆਂ ਕਮੀਆਂ ਉਸ ਦੇ ਯਾਰਾਂ-ਦੋਸਤਾਂ ਦੇ ਸਾਹਮਣੇ ਨਾ ਦੱਸੋ।
× ਆਪਣੇ ਬੱਚੇ ਦੀ ਤੁਲਨਾ ਦੂਜੇ ਬੱਚਿਆਂ ਨਾਲ ਨਾ ਕਰੋ, ਕਿਉਂਕਿ ਹਰ ਬੱਚੇ ਦੇ ਸੋਚਣ ਅਤੇ ਕੰਮ ਕਰਨ ਦੀ ਯੋਗਤਾ ਵੱਖਰੀ-ਵੱਖਰੀ ਹੁੰਦੀ ਹੈ।
× ਸਕੂਲ ਵਿਚ ਜਾ ਕੇ ਉਸ ਦੇ ਅਧਿਆਪਕ ਨਾਲ ਗੱਲ ਕਰੋ ਅਤੇ ਉਨ੍ਹਾਂ ਨੂੰ ਮਦਦ ਲਈ ਬੇਨਤੀ ਕਰੋ।
× ਬੱਚੇ ਸਾਹਮਣੇ ਆਪਣੇ ਪਤੀ/ਪਤਨੀ ਨਾਲ ਲੜਾਈ-ਝਗੜਾ ਨਾ ਕਰੋ, ਨਹੀਂ ਤਾਂ ਬੱਚੇ ਦੇ ਮਨ 'ਤੇ ਬੁਰਾ ਪ੍ਰਭਾਵ ਪੈਂਦਾ ਹੈ।
× ਬੱਚੇ ਨੂੰ ਉਸ ਦੀਆਂ ਪਸੰਦ ਦੀਆਂ ਵਸਤਾਂ ਜਿਵੇਂ ਕੱਪੜੇ, ਬੂਟ, ਖਿਡੌਣੇ ਅਤੇ ਮਨੋਰੰਜਨ ਦੀਆਂ ਚੀਜ਼ਾਂ ਲੈ ਕੇ ਦਿਓ।

# ਇਰਾਨ ਵੱਲੋਂ ਜੰਗਬੰਦੀ ਲਈ ਨਵੀਂ ਤਜਵੀਜ਼; ਟਰੰਪ ਨੇ ਕਿਹਾ- ਜੇ ਸ਼ਰਾਰਤ ਕੀਤੀ ਤਾਂ ਮੁੜ ਸ਼ੁਰੂ ਹੋਣਗੇ ਹਮਲੇ

ਵਾਸ਼ਿੰਗਟਨ, 4 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਕਿਹਾ ਹੈ ਕਿ ਉਹ ਇਰਾਨ ਵੱਲੋਂ ਜੰਗ ਖ਼ਤਮ ਕਰਨ ਲਈ ਭੇਜੀ ਗਈ ਇੱਕ ਨਵੀਂ ਤਜਵੀਜ਼ ਦੀ ਸਮੀਖਿਆ ਕਰ ਰਹੇ ਹਨ। ਹਾਲਾਂਕਿ, ਉਨ੍ਹਾਂ ਨੇ ਤਹਿਰਾਨ ਨੂੰ ਸਖ਼ਤ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਇਰਾਨ ਨੇ 'ਦੁਰਵਿਵਹਾਰ' ਕੀਤਾ ਜਾਂ ਕੋਈ ਗਲਤ ਕਦਮ ਚੁੱਕਿਆ, ਤਾਂ ਰੋਕੇ ਗਏ ਫੌਜੀ ਹਮਲੇ ਕਿਸੇ ਵੀ ਵੇਲੇ ਮੁੜ ਸ਼ੁਰੂ ਕੀਤੇ ਜਾ ਸਕਦੇ ਹਨ। ਪਾਮ ਬੀਚ ਤੋਂ ਮਿਆਮੀ ਜਾਂਦੇ ਹੋਏ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਟਰੰਪ ਨੇ ਸਪੱਸ਼ਟ ਕੀਤਾ ਕਿ ਉਹ ਫਿਲਹਾਲ ਇਸ ਸਮਝੌਤੇ ਨੂੰ ਲੈ ਕੇ ਸ਼ੰਕੇ ਵਿੱਚ ਹਨ ਕਿਉਂਕਿ ਉਨ੍ਹਾਂ ਅਨੁਸਾਰ ਇਰਾਨ ਨੇ ਪਿਛਲੇ 47 ਸਾਲਾਂ ਵਿੱਚ ਮਨੁੱਖਤਾ ਵਿਰੁੱਧ ਕੀਤੇ ਗਏ ਗੁਨਾਹਾਂ ਦੀ ਅਜੇ ਪੂਰੀ ਕੀਮਤ ਨਹੀਂ ਚੁਕਾਈ ਹੈ।




ਸੂਤਰਾਂ ਮੁਤਾਬਕ ਇਰਾਨ ਨੇ ਇਸ ਨਵੇਂ ਪ੍ਰਸਤਾਵ ਵਿੱਚ ਹੋਰਮੁਜ਼ ਜਲਮਾਰਗ ਨੂੰ ਖੋਲ੍ਹਣ, ਅਮਰੀਕੀ ਜਲ ਸੈਨਾ ਦੀ ਘੇਰਾਬੰਦੀ ਖ਼ਤਮ ਕਰਨ ਅਤੇ ਇਰਾਨ ਤੇ ਲੈਬਨਾਨ ਵਿੱਚ ਚੱਲ ਰਹੀ ਜੰਗ ਨੂੰ ਸਥਾਈ ਤੌਰ 'ਤੇ ਰੋਕਣ ਲਈ ਇੱਕ ਮਹੀਨੇ ਦੀ ਡੈੱਡਲਾਈਨ ਦਿੱਤੀ ਹੈ। ਇਸ ਤੋਂ ਬਾਅਦ ਅਗਲੇ ਇੱਕ ਮਹੀਨੇ ਵਿੱਚ ਪਰਮਾਣੂ ਪ੍ਰੋਗਰਾਮ 'ਤੇ ਗੱਲਬਾਤ ਕਰਨ ਦੀ ਪੇਸ਼ਕਸ਼ ਕੀਤੀ ਗਈ ਹੈ। ਰਾਸ਼ਟਰਪਤੀ ਟਰੰਪ ਨੇ ਸੋਸ਼ਲ ਮੀਡੀਆ 'ਤੇ ਲਿਖਿਆ ਕਿ ਉਹ ਫਿਲਹਾਲ ਇਸ ਦੇ ਸ਼ਬਦਾਂ ਦੀ ਜਾਂਚ ਕਰ ਰਹੇ ਹਨ, ਪਰ ਉਨ੍ਹਾਂ ਨੂੰ ਨਹੀਂ ਲੱਗਦਾ ਕਿ ਇਹ ਸ਼ਰਤਾਂ ਆਸਾਨੀ ਨਾਲ ਸਵੀਕਾਰ ਕੀਤੀਆਂ ਜਾਣਗੀਆਂ।

ਅਮਰੀਕਾ ਵਿੱਚ ਇਸ ਵੇਲੇ ਤੇਲ ਦੀਆਂ ਕੀਮਤਾਂ ਅਸਮਾਨ ਨੂੰ ਛੂਹ ਰਹੀਆਂ ਹਨ। 28 ਫਰਵਰੀ ਨੂੰ ਜੰਗ ਸ਼ੁਰੂ ਹੋਣ ਤੋਂ ਬਾਅਦ ਗੈਸ ਦੀਆਂ ਕੀਮਤਾਂ ਵਿੱਚ 47 ਫੀਸਦੀ ਦਾ ਵਾਧਾ ਹੋਇਆ ਹੈ, ਜੋ ਹੁਣ 4.39 ਡਾਲਰ ਪ੍ਰਤੀ ਗੈਲਨ ਤੱਕ ਪਹੁੰਚ ਗਈਆਂ ਹਨ। ਟਰੰਪ ਨੇ ਉਮੀਦ ਜਤਾਈ ਕਿ ਜਿਵੇਂ ਹੀ ਜੰਗ ਖ਼ਤਮ ਹੋਵੇਗੀ, ਤੇਲ ਦੀਆਂ ਕੀਮਤਾਂ ਵਿੱਚ ਵੱਡੀ ਗਿਰਾਵਟ ਆਵੇਗੀ। ਫਿਲਹਾਲ 13 ਅਪਰੈਲ ਤੋਂ ਇਰਾਨੀ ਬੰਦਰਗਾਹਾਂ ਦੀ ਕੀਤੀ ਗਈ ਅਮਰੀਕੀ ਨਾਕਾਬੰਦੀ ਜਾਰੀ ਹੈ।- ਰਾਇਟਰਜ਼

ਪਿਛਲੇ ਤਿੰਨ ਹਫ਼ਤਿਆਂ ਤੋਂ ਜੰਗਬੰਦੀ ਲਾਗੂ ਹੈ, ਪਰ ਅਮਰੀਕੀ ਫੌਜ ਪੂਰੀ ਤਰ੍ਹਾਂ ਚੌਕਸ ਹੈ। ਸੈਂਟਕਾਮ (35©" 3®$) ਦੇ ਕਮਾਂਡਰ ਐਡਮਿਰਲ ਬ੍ਰੈਡ ਕੂਪਰ ਨੇ ਰਾਸ਼ਟਰਪਤੀ ਨੂੰ ਨਵੇਂ ਹਮਲਿਆਂ ਦੀ ਰਣਨੀਤੀ ਬਾਰੇ ਜਾਣੂ ਕਰਵਾਇਆ ਹੈ। ਕੂਪਰ ਇਸ ਵੇਲੇ ਅਰਬ ਸਾਗਰ ਵਿੱਚ ਮੌਜੂਦ 'ਆਈ.ਐਨ.ਐਸ. ਤ੍ਰਿਪੋਲੀ' 'ਤੇ ਸੈਨਿਕਾਂ ਨਾਲ ਮੁਲਾਕਾਤ ਕਰ ਰਹੇ ਹਨ, ਜੋ ਕਿ ਕਿਸੇ ਵੀ ਹੰਗਾਮੀ ਸਥਿਤੀ ਨਾਲ ਨਜਿੱਠਣ ਲਈ ਤਿਆਰ ਹਨ। ਅਮਰੀਕੀ ਪ੍ਰਸ਼ਾਸਨ ਹੁਣ ਇਰਾਨ ਦੇ ਇਸ ਨਵੇਂ 'ਕੰਸੈਪਟ ਡੀਲ' 'ਤੇ ਅਗਲੇ ਕਦਮ ਦੀ ਉਡੀਕ ਕਰ ਰਿਹਾ ਹੈ।

# ਦਿੱਲੀ ਸ਼ਾਹਦਰਾ ਇਲਾਕੇ 'ਚ ਇਮਾਰਤ ਨੂੰ ਲੱਗੀ ਅੱਗ; 9 ਜੀਅ ਜਿਉਂਦੇ ਸੜੇ

ਨਵੀਂ ਦਿੱਲੀ, 4 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਪੂਰਬੀ ਦਿੱਲੀ ਦੇ ਵਿਵੇਕ ਵਿਹਾਰ ਇਲਾਕੇ ਵਿੱਚ ਐਤਵਾਰ ਤੜਕਸਾਰ ਇੱਕ ਰਿਹਾਇਸ਼ੀ ਇਮਾਰਤ ਵਿੱਚ ਲੱਗੀ ਭਿਆਨਕ ਅੱਗ ਨੇ ਕਹਿਰ ਮਚਾ ਦਿੱਤਾ। ਇਸ ਦਰਦਨਾਕ ਹਾਦਸੇ ਵਿੱਚ 9 ਲੋਕਾਂ ਦੀ ਮੌਤ ਹੋ ਗਈ ਹੈ, ਜਦੋਂਕਿ ਕਈ ਹੋਰ ਗੰਭੀਰ ਜ਼ਖ਼ਮੀ ਦੱਸੇ ਜਾ ਰਹੇ ਹਨ। ਅੱਗ ਇੰਨੀ ਤੇਜ਼ੀ ਨਾਲ ਫੈਲੀ ਕਿ ਇਮਾਰਤ ਵਿੱਚ ਰਹਿ ਰਹੇ ਲੋਕਾਂ ਨੂੰ ਸੰਭਲਣ ਦਾ ਮੌਕਾ ਤੱਕ ਨਹੀਂ ਮਿਲਿਆ।

ਪੁਲੀਸ ਅਨੁਸਾਰ, ਵਿਵੇਕ ਵਿਹਾਰ ਥਾਣੇ ਨੂੰ ਸਵੇਰੇ ਕਰੀਬ 3:48 ਵਜੇ ਅੱਗ ਲੱਗਣ ਦੀ ਸੂਚਨਾ ਮਿਲੀ ਸੀ। ਸੂਚਨਾ ਮਿਲਦੇ ਹੀ ਸਥਾਨਕ ਐਸ.ਐਚ.ਓ., ਏ.ਸੀ.ਪੀ. ਅਤੇ ਫਾਇਰ ਬ੍ਰਿਗੇਡ ਦੀਆਂ ਟੀਮਾਂ ਤੁਰੰਤ ਮੌਕੇ 'ਤੇ ਪਹੁੰਚੀਆਂ।

ਵਿਵੇਕ ਵਿਹਾਰ ਫੇਜ਼-1 ਦੀ ਇਮਾਰਤ ਨੰਬਰ 2-13 ਦੀ ਦੂਜੀ, ਤੀਜੀ ਅਤੇ ਚੌਥੀ ਮੰਜ਼ਿਲ ਪੂਰੀ ਤਰ੍ਹਾਂ ਅੱਗ ਦੀ ਲਪੇਟ ਵਿੱਚ ਸੀ। ਫਾਇਰ ਬ੍ਰਿਗੇਡ ਦੀਆਂ 12 ਗੱਡੀਆਂ ਨੇ ਕਾਫ਼ੀ ਮੁਸ਼ੱਕਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ।ਬਚਾਅ ਕਾਰਜਾਂ ਦੌਰਾਨ ਪੁਲੀਸ ਅਤੇ ਫਾਇਰ ਸਰਵਿਸ ਨੇ 12 ਤੋਂ 15 ਲੋਕਾਂ ਨੂੰ ਸੁਰੱਖਿਅਤ ਬਾਹਰ ਕੱਢ ਲਿਆ। ਹਾਲਾਂਕਿ, 9 ਲੋਕਾਂ ਦੀਆਂ ਝੁਲਸੀਆਂ ਹੋਈਆਂ ਲਾਸ਼ਾਂ ਬਰਾਮਦ ਕੀਤੀਆਂ ਗਈਆਂ



ਹਨ। ਜਾਣਕਾਰੀ ਮੁਤਾਬਕ ਇੱਕ ਲਾਸ਼ ਪਹਿਲੀ ਮੰਜ਼ਿਲ ਤੋਂ, ਪੰਜ ਲਾਸ਼ਾਂ ਦੂਜੀ ਮੰਜ਼ਿਲ ਤੋਂ ਅਤੇ ਤਿੰਨ ਲਾਸ਼ਾਂ ਪੌੜੀਆਂ ਉੱਪਰ ਬਣੀ ਇੱਕ ਲੌਕ ਕੀਤੀ ਹੋਈ ਮਮਟੀ ਵਿੱਚੋਂ ਮਿਲੀਆਂ ਹਨ।

ਮ੍ਰਿਤਕਾਂ ਦੀਆਂ ਲਾਸ਼ਾਂ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ ਹੈ।

ਫਾਇਰ ਵਿਭਾਗ ਦੀ ਮੁੱਢਲੀ ਜਾਂਚ ਮੁਤਾਬਕ ਅੱਗ ਘਰੇਲੂ ਸਮਾਨ ਤੋਂ ਸ਼ੁਰੂ ਹੋਈ ਅਤੇ ਦੇਖਦੇ ਹੀ ਦੇਖਦੇ ਇਮਾਰਤ ਦੇ ਛੇ ਫਲੈਟਾਂ ਨੂੰ ਆਪਣੀ ਲਪੇਟ ਵਿੱਚ ਲੈ ਲਿਆ। ਜ਼ਖ਼ਮੀਆਂ ਨੂੰ ਇਲਾਜ ਲਈ ਜੀ.ਟੀ.ਬੀ. ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ ਹੈ।

ਪੁਲਿਸ ਦੀ ਕ੍ਰਾਈਮ ਟੀਮ ਵੱਲੋਂ ਮੌਕੇ ਦਾ ਮੁਆਇਨਾ ਕੀਤਾ ਜਾ ਰਿਹਾ ਹੈ ਤਾਂ ਜੋ ਅੱਗ ਲੱਗਣ ਦੇ ਅਸਲ ਕਾਰਨਾਂ ਦਾ ਪਤਾ ਲਗਾਇਆ ਜਾ ਸਕੇ। ਇਸ ਘਟਨਾ ਤੋਂ ਬਾਅਦ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ।

# ਮੌਸਮ ਦਾ ਕਹਿਰ; ਦਿਨ ਵੇਲੇ ਛਾਇਆ ਹਨੇਰਾ

ਚੰਡੀਗੜ੍ਹ, 4 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ, ਚੰਡੀਗੜ੍ਹ ਅਤੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਅੱਜ ਸਵੇਰੇ ਉਸ ਵੇਲੇ ਸਹਿਮ ਦਾ ਮਾਹੌਲ ਬਣ ਗਿਆ ਜਦੋਂ ਅਚਾਨਕ ਆਏ ਇੱਕ ਭਿਆਨਕ ਤੂਫ਼ਾਨ ਨੇ ਪੂਰੇ ਖੇਤਰ ਨੂੰ ਆਪਣੀ ਲਪੇਟ ਵਿੱਚ ਲੈ ਲਿਆ। ਦਿਨ ਚੜ੍ਹਦੇ ਸਾਰ ਹੀ ਅਸਮਾਨ ਵਿੱਚ ਅਜਿਹੀ ਕਾਲੀ ਘਟਾ ਛਾਈ ਕਿ ਚਾਰੇ ਪਾਸੇ ਘੁੱਪ ਹਨੇਰਾ ਪਸਰ ਗਿਆ ਅਤੇ ਲੋਕਾਂ ਨੂੰ ਦਿਨ ਵੇਲੇ ਹੀ ਗੱਡੀਆਂ ਦੀਆਂ ਲਾਈਟਾਂ ਜਗਾਉਣੀਆਂ ਪਈਆਂ।

ਇਸ ਤੇਜ਼ ਅੰਧੜ ਨੇ ਇੰਨੀ ਤਬਾਹੀ ਮਚਾਈ ਕਿ ਕਈ ਥਾਵਾਂ 'ਤੇ ਘਰਾਂ ਦੀਆਂ ਛੱਤਾਂ ਅਤੇ ਸ਼ੈੱਡ ਉੱਡ ਗਏ, ਜਿਸ ਕਾਰਨ ਭਾਰੀ ਮਾਲੀ ਨੁਕਸਾਨ ਹੋਣ ਦਾ ਖ਼ਦਸ਼ਾ ਹੈ। ਤੇਜ਼ ਹਵਾਵਾਂ ਅਤੇ ਮੀਂਹ ਕਾਰਨ ਆਪਣੇ ਦਫ਼ਤਰਾਂ ਅਤੇ ਕੰਮਾਂ-ਕਾਰਾਂ 'ਤੇ ਜਾਣ ਵਾਲੇ ਲੋਕ ਰਸਤੇ ਵਿੱਚ ਹੀ ਫਸ ਕੇ ਰਹਿ ਗਏ ਅਤੇ ਜਨ-ਜੀਵਨ ਪੂਰੀ ਤਰ੍ਹਾਂ ਲੀਹ ਤੋਂ ਉਤਰ ਗਿਆ। ਤੂਫ਼ਾਨ ਦੇ ਨਾਲ-ਨਾਲ ਬੱਦਲਾਂ ਦੀ ਭਾਰੀ ਗਰਜ ਅਤੇ ਚਮਕ ਦੇ ਵਿਚਕਾਰ ਤੇਜ਼ ਮੀਂਹ ਦਾ ਸਿਲਸਿਲਾ ਲਗਾਤਾਰ ਜਾਰੀ ਹੈ, ਜਿਸ ਨੇ ਰਫ਼ਤਾਰ ਨੂੰ ਪੂਰੀ ਤਰ੍ਹਾਂ ਰੋਕ ਦਿੱਤਾ ਹੈ। ਕਈ ਥਾਵਾਂ 'ਤੇ ਦਰੱਖਤ ਅਤੇ ਬਿਜਲੀ ਦੇ ਖੰਭੇ ਡਿੱਗਣ ਕਾਰਨ ਆਵਾਜਾਈ ਵਿੱਚ ਵੱਡੀ ਰੁਕਾਵਟ ਪੈਦਾ ਹੋਈ ਅਤੇ ਬਿਜਲੀ ਸਪਲਾਈ ਵੀ ਪ੍ਰਭਾਵਿਤ ਹੋਈ ਹੈ, ਜਿਸ ਨਾਲ ਲੋਕਾਂ ਦੀਆਂ ਮੁਸ਼ਕਲਾਂ ਹੋਰ ਵਧ ਗਈਆਂ ਹਨ।

ਪੰਜਾਬ ਵਿਚ ਤਿੰਨ ਚਾਰ ਦਿਨਾਂ ਤੋਂ ਪੈ ਰਹੀ ਭਾਰੀ ਗਰਮੀ ਤੋਂ ਅੱਜ ਉਸ ਵੇਲੇ ਛੁਟਕਾਰਾ ਮਿਲਣ ਦੀ ਉਮੀਦ ਬੱਝ ਗਈ ਹੈ, ਜਦੋਂ ਸਵੇਰੇ ਹੀ ਮੌਸਮ ਨੇ ਅਚਾਨਕ ਕਰਵਟ ਲੈਂਦੀਆਂ ਹਲਕੀਆਂ



ਕਣੀਆਂ ਡਿੱਗਣੀਆਂ ਸ਼ੁਰੂ ਹੋ ਗਈਆਂ। ਕਣੀਆਂ ਦੇ ਨਾਲ ਹਵਾਵਾਂ ਚੱਲਣ ਕਰਕੇ ਮੌਸਮ ਵਿਚ ਠੰਢ ਵੀ ਬਣ ਗਈ ਹੈ।

ਮੌਸਮ ਮਹਿਕਮੇ ਨੇ ਅੱਜ ਤੋਂ 5 ਮਈ ਤੱਕ ਤੇਜ਼ ਹਵਾਵਾਂ ਚੱਲਣ ਦੇ ਨਾਲ ਨਾਲ ਕਣੀਆਂ ਡਿੱਗਣ ਦੀ ਪੇਸ਼ੀਨਗੋਈ ਕੀਤੀ ਹੈ। ਮੌਸਮ ਵਿਗਿਆਨੀਆਂ ਨੇ ਅੱਜ ਤੋਂ ਤਿੰਨ ਦਿਨ ਲਈ ਔਰੇਂਜ਼ ਅਤੇ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ।

ਇਸੇ ਦੌਰਾਨ ਹੀ ਕਣੀਆਂ ਪੈਣ ਦੀ ਸੂਚਨਾ ਦਿੰਦਿਆਂ ਮਾਨਸਾ ਦੇ ਮੁੱਖ ਖੇਤੀਬਾੜੀ ਅਫ਼ਸਰ ਡਾ ਹਰਵਿੰਦਰ ਸਿੰਘ ਸਿੱਧੂ ਨੇ ਨਰਮਾ ਬੀਜਣ ਵਾਲੇ ਕਿਸਾਨਾਂ ਨੂੰ ਸਲਾਹ ਦਿੱਤੀ ਹੈ ਕਿ ਉਹ ਮੌਸਮ ਦਾ ਰਵਈਆ ਵੇਖਕੇ ਹੀ ਫ਼ਸਲ ਦੀ ਬਿਜਾਈ ਕਰਨ। ਉਨ੍ਹਾਂ ਕਿਹਾ ਕਿ ਕਈ ਜ਼ਿਲ੍ਹਿਆਂ ਵਿਚ ਜ਼ਿਆਦਾ ਮੀਂਹ ਪੈਣ ਨਾਲ ਖੇਤਾਂ ਵਿਚ ਪਾਣੀ ਖੜ੍ਹਾ ਹੋ ਸਕਦਾ ਹੈ, ਜਿਸ ਨਾਲ ਫ਼ਸਲ ਕਰੰਡ ਹੋ ਸਕਦੀ ਹੈ। ਉਧਰ ਜਿਹੜੇ ਕਿਸਾਨਾਂ ਦੀ ਫਸਲ ਮੰਡੀਆਂ ਵਿੱਚ ਵਿਕਣ ਲਈ ਪਈ ਹੈ, ਉਨ੍ਹਾਂ ਦੇ ਸਾਹ ਸੂਤੇ ਗਏ ਹਨ।- ਜੋਗਿੰਦਰ ਸਿੰਘ ਮਾਨ

ਲੁਧਿਆਣਾ ਵਿੱਚ ਅੱਜ ਸਵੇਰੇ ਕਰੀਬ 6 ਵਜੇ ਸ਼ੁਰੂ ਹੋਏ ਮੀਂਹ ਅਤੇ ਤੇਜ਼ ਹਵਾਵਾਂ ਨੇ ਪਿਛਲੇ ਕਈ ਦਿਨਾਂ ਤੋਂ ਪੈ ਰਹੀ ਭਿਆਨਕ ਗਰਮੀ ਅਤੇ 42 ਡਿਗਰੀ ਤੱਕ ਪਹੁੰਚੇ ਤਾਪਮਾਨ ਤੋਂ ਲੋਕਾਂ ਨੂੰ ਵੱਡੀ ਰਾਹਤ ਦਿਵਾਈ ਹੈ।

ਅਸਮਾਨ ਵਿੱਚ ਕਾਲੀਆਂ ਘਟਾਵਾਂ ਛਾਉਣ ਕਾਰਨ ਸਵੇਰ ਵੇਲੇ ਵਿਜ਼ੀਬਿਲਟੀ ਕਾਫੀ ਘੱਟ ਰਹੀ ਅਤੇ ਤਾਪਮਾਨ ਡਿੱਗ ਕੇ 24 ਡਿਗਰੀ ਸੈਲਸੀਅਸ ਤੱਕ ਪਹੁੰਚ ਗਿਆ, ਜਿਸ ਨਾਲ ਮੌਸਮ ਖੁਸ਼ਗਵਾਰ ਹੋ ਗਿਆ, ਹਾਲਾਂਕਿ ਤੇਜ਼ ਹਵਾਵਾਂ ਸ਼ੁਰੂ ਹੁੰਦੇ ਹੀ ਸ਼ਹਿਰ ਦੇ ਕਈ ਹਿੱਸਿਆਂ ਵਿੱਚ ਬਿਜਲੀ ਗੁੱਲ ਹੋ ਗਈ। ਐਤਵਾਰ ਦਾ ਦਿਨ ਹੋਣ ਕਾਰਨ ਜਿੱਥੇ ਆਮ ਲੋਕਾਂ ਨੇ ਘਰਾਂ ਵਿੱਚ ਬੈਠ ਕੇ ਚਾਹ ਦੀਆਂ ਚੁਸਕੀਆਂ ਨਾਲ ਇਸ ਮੌਸਮ ਦਾ ਆਨੰਦ ਮਾਣਿਆ, ਉੱਥੇ ਹੀ ਅਚਾਨਕ ਆਏ ਮੀਂਹ ਕਾਰਨ ਸੜਕਾਂ 'ਤੇ ਆਵਾਜਾਈ ਕਾਫੀ ਸੁਸਤ ਦੇਖਣ ਨੂੰ ਮਿਲੀ। ਦੂਜੇ ਪਾਸੇ, ਵਾਢੀ ਦਾ ਸੀਜ਼ਨ ਹੋਣ ਕਾਰਨ ਮੰਡੀਆਂ ਵਿੱਚ ਪਈ ਕਣਕ ਦੇ ਖ਼ਰਾਬ ਹੋਣ ਦਾ ਖ਼ਦਸ਼ਾ ਵਧ ਗਿਆ ਹੈ ਅਤੇ ਭਾਵੇਂ ਪ੍ਰਸ਼ਾਸਨ ਵੱਲੋਂ ਸ਼ੈੱਡਾਂ ਦੇ ਪ੍ਰਬੰਧ ਕੀਤੇ ਗਏ ਹਨ, ਪਰ ਅਚਾਨਕ ਬਦਲੇ ਮੌਸਮ ਨੇ ਕਿਸਾਨਾਂ ਦੀ ਚਿੰਤਾ ਵਧਾ ਦਿੱਤੀ ਹੈ।

# ਕੈਨੇਡੀਅਨ ਸੁਰੱਖਿਆ ਖ਼ੁਫ਼ੀਆ ਸੇਵਾ ਦੀ ਰਿਪੋਰਟ 'ਚ ਖੁਲਾਸਾ

ਓਟਵਾ, 4 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਕੈਨੇਡੀਅਨ ਸੁਰੱਖਿਆ ਖ਼ੁਫ਼ੀਆ ਸੇਵਾ (ਸੀ ਐੱਸ ਆਈ ਐੱਸ) ਨੇ ਸ਼ੁੱਕਰਵਾਰ ਨੂੰ ਜਾਰੀ ਰਿਪੋਰਟ ਵਿੱਚ ਕੈਨੇਡਾ 'ਚ ਖ਼ਾਲਿਸਤਾਨੀਆਂ ਦੇ ਪੈਦਾ ਕੀਤੇ ਖ਼ਤਰੇ ਨੂੰ ਸਵੀਕਾਰ ਕੀਤਾ ਹੈ। ਰਿਪੋਰਟ ਵਿੱਚ ਇਹ ਵੀ ਦੱਸਿਆ ਗਿਆ ਹੈ ਕਿ ਦੁਨੀਆ ਭਰ ਵਿੱਚ ਚੱਲ ਰਹੀ ਉਥਲ-ਪੁਥਲ ਦਰਮਿਆਨ ਭਾਰਤ, ਚੀਨ, ਰੂਸ, ਇਰਾਨ ਅਤੇ ਕਈ ਹੋਰ ਦੇਸ਼ਾਂ ਨੇ ਕੈਨੇਡਿਆਈ ਸਿਆਸਤ ਵਿੱਚ ਦਖ਼ਲ ਦੇਣ ਦੀ ਕੋਸ਼ਿਸ਼ ਕੀਤੀ ਹੈ।

ਰਿਪੋਰਟ ਮੁਤਾਬਕ, "ਸਾਲ 2025 ਵਿੱਚ, ਕੈਨੇਡਾ ਵਿਰੁੱਧ ਵਿਦੇਸ਼ੀ ਦਖ਼ਲਅੰਦਾਜ਼ੀ ਅਤੇ ਜਾਸੂਸੀ ਕਰਨ ਵਾਲੇ ਮੁੱਖ ਦੇਸ਼ ਭਾਰਤ, ਚੀਨ, ਰੂਸ, ਇਰਾਨ ਅਤੇ ਪਾਕਿਸਤਾਨ ਰਹੇ; ਹਾਲਾਂਕਿ ਬਦਲਦੀਆਂ ਭੂ-ਸਿਆਸੀ ਹਕੀਕਤਾਂ ਅਤੇ ਵਧ ਰਹੇ ਬਹੁ-ਧਰੁਵੀ ਵਿਸ਼ਵ ਵਾਤਾਵਰਨ ਕਾਰਨ, ਸਿਰਫ਼ ਇਹੀ ਅਜਿਹੇ ਦੇਸ਼ ਨਹੀਂ ਹਨ ਜਿਨ੍ਹਾਂ ਨੇ ਕੈਨੇਡਾ ਵਿੱਚ ਦਖ਼ਲ ਦੇਣ ਦੀ ਕੋਸ਼ਿਸ਼ ਕੀਤੀ।" ਰਿਪੋਰਟ ਵਿੱਚ ਦੋਸ਼ ਲਾਇਆ ਗਿਆ ਹੈ ਕਿ ਭਾਰਤ ਨੇ ਵੱਡੀਆਂ ਸਿਆਸੀ ਹਸਤੀਆਂ, ਪੱਤਰਕਾਰਾਂ ਅਤੇ ਭਾਰਤੀ-ਕੈਨੇਡੀਅਨ ਭਾਈਚਾਰੇ ਦੇ ਮੈਂਬਰਾਂ ਨਾਲ ਸਬੰਧ ਬਣਾਏ ਹੋਏ ਹਨ, ਜਿਸ ਦੇ ਨਤੀਜੇ ਵਜੋਂ ਕੈਨੇਡਾ ਵਿੱਚ ਕੌਮਾਂਤਰੀ ਦਮਨ ਦੇ ਹਾਲਾਤ ਪੈਦਾ ਹੋਏ ਹਨ।

ਰਿਪੋਰਟ ਵਿੱਚ ਕਿਹਾ ਗਿਆ ਹੈ, "ਪਿਛਲੇ ਸਾਲ ਏਅਰ ਇੰਡੀਆ ਫਲਾਈਟ 182 ਵਿੱਚ ਹੋਏ ਬੰਬ ਧਮਾਕੇ ਦੀ 40ਵੀਂ ਵਰ੍ਹੇਗੰਢ ਸੀ, ਜਿਸ ਦੇ ਸ਼ੱਕੀ ਕੈਨੇਡਾ ਸਥਿਤ ਖ਼ਾਲਿਸਤਾਨੀ ਕੱਟੜਪੰਥੀ (ਸੀ ਬੀ ਕੇ ਈ) ਸਮੂਹਾਂ ਦੇ ਮੈਂਬਰ ਸਨ। ਇਹ ਅੱਜ ਵੀ ਕੈਨੇਡਿਆਈ ਇਤਿਹਾਸ ਦਾ ਸਭ ਤੋਂ ਘਾਤਕ ਅਤਿਵਾਦੀ ਹਮਲਾ ਹੈ, ਜਿਸ ਵਿੱਚ 329 ਲੋਕ ਮਾਰੇ ਗਏ ਸਨ। ਮਰਨ ਵਾਲਿਆਂ ਵਿੱਚੋਂ ਜ਼ਿਆਦਾਤਰ ਕੈਨੇਡਿਆਈ ਸਨ। ਸਾਲ 2025 ਵਿੱਚ ਕੈਨੇਡਾ 'ਚ ਸੀ ਬੀ ਕੇ ਈ ਨਾਲ ਸਬੰਧਤ ਕੋਈ ਹਮਲਾ ਨਹੀਂ ਹੋਇਆ।"

ਰਿਪੋਰਟ ਅਨੁਸਾਰ, ਕੈਨੇਡਾ ਸਥਿਤ ਖ਼ਾਲਿਸਤਾਨੀ ਕੱਟੜਪੰਥੀਆਂ ਦੀ ਹਿੰਸਕ ਗਤੀਵਿਧੀਆਂ ਵਿੱਚ ਲਗਾਤਾਰ ਸ਼ਮੂਲੀਅਤ ਕੈਨੇਡਾ ਦੀ ਕੌਮੀ ਸੁਰੱਖਿਆ ਅਤੇ ਕੈਨੇਡਿਆਈ ਹਿੱਤਾਂ ਲਈ ਖ਼ਤਰਾ ਬਣੀ ਹੋਈ ਹੈ। ਰਿਪੋਰਟ ਵਿੱਚ ਹੋਰ ਕਿਹਾ ਗਿਆ ਹੈ ਕਿ ਕੁਝ ਕੱਟੜਪੰਥੀ ਅਨਸਰ ਕੈਨੇਡਿਆਈ ਨਾਗਰਿਕਾਂ ਨਾਲ ਜੁੜੇ ਹੋਏ ਹਨ ਜੋ ਆਪਣੇ ਹਿੰਸਕ ਏਜੰਡੇ ਨੂੰ ਅੱਗੇ ਵਧਾਉਣ ਲਈ ਕੈਨੇਡਿਆਈ ਸੰਸਥਾਵਾਂ ਦਾ ਫ਼ਾਇਦਾ ਉਠਾਉਂਦੇ ਹਨ। ਉਹ ਭੋਲੇ-ਭਾਲੇ ਭਾਈਚਾਰੇ ਦੇ ਮੈਂਬਰਾਂ ਤੋਂ ਫੰਡ ਇਕੱਠਾ ਕਰਦੇ ਹਨ, ਜਿਸ ਨੂੰ ਬਾਅਦ 'ਚ ਹਿੰਸਕ ਸਰਗਰਮੀਆਂ ਲਈ ਵਰਤਿਆ ਜਾਂਦਾ ਹੈ।

ਭਾਰਤ ਵਿੱਚ ਆਸਟਰੇਲੀਆ ਦੇ ਹਾਈ ਕਮਿਸ਼ਨਰ ਫਿਲਿਪ ਗਰੀਨ ਨੇ ਸਾਫ਼ ਕੀਤਾ ਹੈ ਕਿ ਉਨ੍ਹਾਂ ਦਾ ਦੇਸ਼ ਭਾਰਤ ਦੀ ਖੇਤਰੀ ਅਖੰਡਤਾ ਦਾ ਪੂਰਾ ਸਤਿਕਾਰ ਕਰਦਾ ਹੈ ਅਤੇ ਵੱਖਵਾਦੀ ਗਤੀਵਿਧੀਆਂ ਪ੍ਰਤੀ ਭਾਰਤ ਦੀਆਂ ਚਿੰਤਾਵਾਂ ਨੂੰ ਗੰਭੀਰਤਾ ਨਾਲ ਲੈਂਦਾ ਹੈ। ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਉਨ੍ਹਾਂ ਕਿਹਾ ਕਿ ਆਸਟਰੇਲੀਆਈ ਖ਼ੁਫ਼ੀਆ ਏਜੰਸੀਆਂ, ਪੁਲੀਸ ਅਤੇ ਵਿਦੇਸ਼ ਨੀਤੀ ਨਾਲ ਜੁੜੇ ਅਧਿਕਾਰੀ ਇਨ੍ਹਾਂ ਮੁੱਦਿਆਂ 'ਤੇ ਲਗਾਤਾਰ ਸੰਪਰਕ ਵਿੱਚ ਹਨ। ਲੋਕਤੰਤਰ ਵਿੱਚ ਸ਼ਾਂਤੀਪੂਰਨ ਮੁਜ਼ਾਹਰੇ ਕਰਨ ਦਾ ਹੱਕ ਸਭ ਨੂੰ ਹੈ, ਪਰ ਕਾਨੂੰਨ ਦੀ ਉਲੰਘਣਾ ਜਾਂ ਕਿਸੇ ਵੀ ਤਰ੍ਹਾਂ ਦੀ ਅਪਰਾਧਿਕ ਗਤੀਵਿਧੀ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਜ਼ਿਕਰਯੋਗ ਹੈ ਕਿ ਪਿਛਲੇ ਸਾਲ ਸਿਡਨੀ ਵਿੱਚ ਖ਼ਾਲਿਸਤਾਨ ਦੇ ਪੱਖ ਵਿੱਚ ਕਰਵਾਏ ਗਏ ਕਥਿਤ ਰੈਫਰੈਂਡਮ ਕਾਰਨ ਸਿੱਖ ਅਤੇ ਹਿੰਦੂ ਭਾਈਚਾਰਿਆਂ ਵਿਚਾਲੇ ਤਣਾਅ ਵਧ ਗਿਆ ਸੀ।

# 6 IAS ਤੇ 39 PCS ਅਧਿਕਾਰੀਆਂ ਦੇ ਤਬਾਦਲੇ

## ਸੰਦੀਪ ਕੁਮਾਰ ਨੂੰ ਗਰੇਟਰ ਮੁਹਾਲੀ ਏਰੀਆ ਵਿਕਾਸ ਅਥਾਰਟੀ ਐਸ ਏ ਐਸ ਨਗਰ ਦਾ ਮੁੱਖ ਪ੍ਰਸ਼ਾਸਕ ਲਾਇਆ

ਚੰਡੀਗੜ੍ਹ, 4 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਨੇ ਅੱਜ 45 ਅਧਿਕਾਰੀਆਂ ਦੇ ਤਬਾਦਲੇ ਕਰ ਦਿੱਤੇ ਹਨ ਜਿਨ੍ਹਾਂ ਵਿਚ ਛੇ ਆਈਏਐਸ ਤੇ 39 ਪੀਸੀਐਸ ਅਧਿਕਾਰੀ ਸ਼ਾਮਲ ਹਨ। ਇਸ ਦੌਰਾਨ ਨੀਲਿਮਾ ਨੂੰ ਗ੍ਰਹਿ ਮੰਤਰਾਲੇ ਦਾ ਸਕੱਤਰ ਨਿਯੁਕਤ ਕੀਤਾ ਗਿਆ ਹੈ। ਇਸ ਤੋਂ ਇਲਾਵਾ ਸਾਕਸ਼ੀ ਸਾਹਨੀ ਨੂੰ ਪੰਜਾਬ ਸ਼ਹਿਰੀ ਯੋਜਨਾ ਤੇ ਵਿਕਾਸ ਅਥਾਰਟੀ ਦਾ ਮੁੱਖ ਪ੍ਰਸ਼ਾਸਕ ਨਿਯੁਕਤ ਕੀਤਾ ਗਿਆ ਹੈ।

ਸੰਦੀਪ ਕੁਮਾਰ ਨੂੰ ਗਰੇਟਰ ਮੁਹਾਲੀ ਏਰੀਆ ਵਿਕਾਸ ਅਥਾਰਟੀ ਐਸ ਏ ਐਸ ਨਗਰ ਦਾ ਮੁੱਖ ਪ੍ਰਸ਼ਾਸਕ ਲਾਇਆ ਗਿਆ ਹੈ। ਅਭਿਜੀਤ ਕਪਲਿਸ਼ ਨੂੰ ਖਣਨ ਤੇ ਭੂ ਵਿਗਿਆਨ ਦਾ ਡਾਇਰੈਕਟਰ ਨਿਯੁਕਤ ਕੀਤਾ ਗਿਆ ਹੈ।

ਪੰਜਾਬ ਸਰਕਾਰ ਵੱਲੋਂ ਸੂਬੇ ਦੇ ਪ੍ਰਸ਼ਾਸਨਿਕ ਢਾਂਚੇ ਵਿੱਚ ਵੱਡਾ ਫੇਰਬਦਲ ਕਰਦਿਆਂ ਕਈ ਪੀ.ਸੀ.ਐੱਸ. ਅਧਿਕਾਰੀਆਂ ਨੂੰ ਨਵੀਆਂ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਹਨ। ਸੰਜੀਵ ਸ਼ਰਮਾ ਨੂੰ ਏ.ਡੀ.ਸੀ. (ਜਨਰਲ) ਸ਼ਹੀਦ ਭਗਤ ਸਿੰਘ ਨਗਰ ਲਗਾਇਆ ਗਿਆ ਹੈ। ਰੋਹਿਤ ਗੁਪਤਾ ਨੂੰ ਨਵੀਂ ਦਿੱਲੀ ਸਥਿਤ ਪੰਜਾਬ ਭਵਨ ਦਾ ਵਧੀਕ ਰੈਜ਼ੀਡੈਂਟ ਕਮਿਸ਼ਨਰ ਅਤੇ ਜਨਰਲ ਮੈਨੇਜਰ ਨਿਯੁਕਤ ਕੀਤਾ ਗਿਆ ਹੈ। ਇਸੇ ਤਰ੍ਹਾਂ ਅਲਕਾ ਕਾਲੀਆ ਨੂੰ ਐੱਸ.ਡੀ.ਐੱਮ. ਅੰਮ੍ਰਿਤਸਰ-1 ਅਤੇ ਅੰਮ੍ਰਿਤਸਰ ਵਿਕਾਸ ਅਥਾਰਟੀ ਦੇ ਸਟੇਟ ਅਫ਼ਸਰ ਵਜੋਂ ਤਾਇਨਾਤ ਕੀਤਾ ਗਿਆ ਹੈ। ਹਰਪ੍ਰੀਤ ਸਿੰਘ ਅਟਵਾਲ ਨੂੰ ਆਰ.ਟੀ.ਓ. ਮੁਹਾਲੀ ਅਤੇ ਰਾਜੇਸ਼ ਕੁਮਾਰ ਸ਼ਰਮਾ ਨੂੰ ਐੱਸ.ਡੀ.ਐੱਮ. ਤਲਵੰਡੀ ਸਾਬੋ ਦੇ ਨਾਲ-ਨਾਲ ਆਰ.ਟੀ.ਓ. ਬਠਿੰਡਾ ਦਾ ਵਾਧੂ ਚਾਰਜ ਦਿੱਤਾ ਗਿਆ ਹੈ।

ਮਨਜੀਤ ਕੌਰ ਨੂੰ ਐੱਸ.ਡੀ.ਐੱਮ. ਭਵਾਨੀਗੜ੍ਹ, ਅਰਸ਼ਦੀਪ ਸਿੰਘ ਲੁਭਾਣਾ ਨੂੰ ਏ.ਡੀ.ਸੀ. (ਜਨਰਲ) ਪਠਾਨਕੋਟ ਅਤੇ ਸ਼ੁਭ ਅਗਰਵਾਲ ਨੂੰ ਐੱਸ.ਡੀ.ਐੱਮ. ਜਲੰਧਰ-1 ਲਗਾਇਆ ਗਿਆ ਹੈ। ਅੰਕਿਤਾ ਕਾਂਸਲ ਹੁਣ ਮੁਹਾਲੀ ਵਿਖੇ ਸਹਾਇਕ ਕਮਿਸ਼ਨਰ (ਜਨਰਲ) ਵਜੋਂ ਸੇਵਾਵਾਂ ਨਿਭਾਉਣਗੇ।

ਮਨਦੀਪ ਸਿੰਘ ਮਾਨ ਨੂੰ ਐੱਸ.ਡੀ.ਐੱਮ. ਪਠਾਨਕੋਟ, ਸੁਖਜਿੰਦਰ ਸਿੰਘ ਟਿਵਾਣਾ ਨੂੰ ਐੱਸ.ਡੀ.ਐੱਮ. ਰਾਜਪੁਰਾ, ਤਰੁਣ ਗੁਪਤਾ ਨੂੰ ਐੱਸ.ਡੀ.ਐੱਮ. ਫ਼ਤਿਹਗੜ੍ਹ ਸਾਹਿਬ, ਮਨਵੀਰ ਸਿੰਘ ਢਿੱਲੋਂ ਨੂੰ ਐੱਸ.ਡੀ.ਐੱਮ. ਲੋਪੋਕੇ ਅਤੇ ਲਛਮਣ ਸਿੰਘ ਨੂੰ ਐੱਸ.ਡੀ.ਐੱਮ. ਜ਼ੀਰਾ ਨਿਯੁਕਤ ਕੀਤਾ ਗਿਆ ਹੈ। ਸਰਕਾਰ ਨੇ ਕਈ ਅਧਿਕਾਰੀਆਂ ਨੂੰ ਵਾਧੂ ਚਾਰਜ ਵੀ ਸੌਂਪੇ ਹਨ। ਪ੍ਰਸ਼ਾਸਨਿਕ ਹਲਕਿਆਂ ਵਿੱਚ ਇਸ ਫੇਰਬਦਲ ਨੂੰ ਆਉਣ ਵਾਲੀਆਂ ਚੁਣੌਤੀਆਂ ਨਾਲ ਨਜਿੱਠਣ ਅਤੇ ਵਿਕਾਸ ਕਾਰਜਾਂ ਵਿੱਚ ਤੇਜ਼ੀ ਲਿਆਉਣ ਦੀ ਤਿਆਰੀ ਵਜੋਂ ਦੇਖਿਆ ਜਾ ਰਿਹਾ ਹੈ।

ਮਨੀਸ਼ਾ ਰਾਣਾ ਨੂੰ ਪੀਆਰਟੀਸੀ ਪਟਿਆਲਾ ਦਾ ਮੈਨੇਜਿੰਗ ਡਾਇਰੈਕਟਰ, ਲਤੀਫ ਅਹਿਮਦ ਨੂੰ ਖੇਤੀਬਾੜੀ ਤੇ ਕਿਸਾਨ ਭਲਾਈ ਦਾ ਵਧੀਕ ਸਕੱਤਰ ਨਿਯੁਕਤ ਕੀਤਾ ਗਿਆ ਹੈ। ਉਪਰੋਕਤ ਸਾਰੇ ਅਧਿਕਾਰੀ ਆਈਏਐਸ ਹਨ ਜਦਕਿ ਪੀਸੀਐਸ ਅਧਿਕਾਰੀ ਸੰਜੀਵ ਸ਼ਰਮਾ ਨੂੰ ਸ਼ਹੀਦ ਭਗਤ ਸਿੰਘ ਨਗਰ ਦਾ ਵਧੀਕ ਡਿਪਟੀ ਕਮਿਸ਼ਨਰ, ਦੀਪਜੋਤ ਕੌਰ ਨੂੰ ਬਸੀ ਪਠਾਨਾਂ ਦਾ ਉਪ ਮੰਡਲ ਮੈਜਿਸਟਰੇਟ ਲਾਇਆ ਗਿਆ ਹੈ। ਸੁਮਿਤ ਮੁੱਧ ਨੂੰ ਹੁਸ਼ਿਆਰਪੁਰ ਦਾ ਸਹਾਇਕ ਕਮਿਸ਼ਨਰ ਜਨਰਲ ਨਿਯੁਕਤ ਕੀਤਾ ਗਿਆ ਹੈ।

# ਦਿੱਲੀ ਵਿੱਚ ਜੱਜ ਨੇ ਕੀਤੀ ਖ਼ੁਦਕਸ਼ੀ; ਜਾਂਚ ਜਾਰੀ

ਨਵੀਂ ਦਿੱਲੀ, 4 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਦਿੱਲੀ ਦੇ ਇੱਕ ਨਿਆਂਇਕ ਅਧਿਕਾਰੀ ਅਮਨ ਕੁਮਾਰ ਸ਼ਰਮਾ (35) ਸ਼ਨੀਵਾਰ ਨੂੰ ਦੱਖਣੀ ਦਿੱਲੀ ਦੇ ਸਫਦਰਜੰਗ/ਗ੍ਰੀਨ ਪਾਰਕ ਖੇਤਰ ਵਿੱਚ ਆਪਣੇ ਨਿਵਾਸ ਸਥਾਨ 'ਤੇ ਮ੍ਰਿਤਕ ਹਾਲਤ ਵਿੱਚ ਮਿਲੇ।

ਸੂਚਨਾ ਮਿਲਣ ਤੋਂ ਬਾਅਦ ਪੁਲਿਸ ਤੁਰੰਤ ਮੌਕੇ 'ਤੇ ਪਹੁੰਚੀ ਅਤੇ ਲਾਜ਼ਮੀ ਕਾਰਵਾਈ ਸ਼ੁਰੂ ਕੀਤੀ ਗਈ। Delhi Police ਦੇ ਅਧਿਕਾਰੀਆਂ ਨੇ ਦੱਸਿਆ ਕਿ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ। ਮੌਤ ਦੇ ਕਾਰਨਾਂ ਬਾਰੇ ਹਾਲੇ ਤੱਕ ਕੋਈ ਅਧਿਕਾਰਿਕ ਪੁਸ਼ਟੀ ਨਹੀਂ ਕੀਤੀ ਗਈ ਹੈ ਅਤੇ ਸਾਰੇ ਸੰਭਾਵਿਤ ਪੱਖਾਂ ਨੂੰ ਧਿਆਨ ਵਿੱਚ ਰੱਖਦਿਆਂ ਤਫਤੀਸ਼ ਜਾਰੀ ਹੈ।

ਅਧਿਕਾਰੀਆਂ ਨੇ ਕਿਹਾ ਕਿ ਜਾਂਚ ਪੂਰੀ ਹੋਣ ਉਪਰੰਤ ਹੀ ਹੋਰ ਵਿਸਥਾਰਿਤ ਜਾਣਕਾਰੀ ਸਾਂਝੀ ਕੀਤੀ ਜਾਵੇਗੀ।

# ਕਮਰਸ਼ੀਅਲ ਗੈਸ ਸਿਲੰਡਰਾਂ ਦੀਆਂ ਵਧੀਆਂ ਕੀਮਤਾਂ ਖ਼ਿਲਾਫ਼ ਬਲਬੀਰ ਸਿੰਘ ਸਿੱਧੂ ਦਾ ਭਾਜਪਾ ਸਰਕਾਰ 'ਤੇ ਤਿੱਖਾ ਸ਼ਬਦੀ ਹਮਲਾ

ਮੋਹਾਲੀ, 1 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਸੀਨੀਅਰ ਕਾਂਗਰਸੀ ਆਗੂ ਅਤੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਨੇ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਕਮਰਸ਼ੀਅਲ ਗੈਸ ਸਿਲੰਡਰਾਂ ਦੀਆਂ ਕੀਮਤਾਂ ਵਿੱਚ ਕੀਤੇ ਗਏ ਭਾਰੀ ਵਾਧੇ ਨੂੰ ਦੇਸ਼ ਦੀ ਆਰਥਿਕ ਰੀੜ੍ਹ ਦੀ ਹੱਡੀ ਮੰਨੇ ਜਾਂਦੇ ਛੋਟੇ ਕਾਰੋਬਾਰੀਆਂ ਅਤੇ ਆਮ ਲੋਕਾਂ ਖ਼ਿਲਾਫ਼ ਸੋਚੀ-ਸਮਝੀ ਸਾਜ਼ਿਸ਼ ਕਰਾਰ ਦਿੱਤਾ ਹੈ।

ਸਿੱਧੂ ਨੇ ਕਿਹਾ ਕਿ ਇੱਕ ਹੀ ਦਿਨ ਵਿੱਚ ਗੈਸ ਸਿਲੰਡਰਾਂ ਦੀ ਕੀਮਤ ਵਿੱਚ ਕੀਤਾ ਗਿਆ ਵੱਡਾ ਵਾਧਾ ਸਾਬਤ ਕਰਦਾ ਹੈ ਕਿ ਭਾਜਪਾ ਸਰਕਾਰ ਨੂੰ ਨਾ ਤਾਂ ਛੋਟੇ ਵਪਾਰੀਆਂ ਦੀ ਚਿੰਤਾ ਹੈ ਅਤੇ ਨਾ ਹੀ ਆਮ ਘਰਾਂ ਦੀ ਰਸੋਈ ਦੀ ਪਰਵਾਹ। ਪਹਿਲਾਂ ਹੀ ਮਹਿੰਗਾਈ, ਬੇਰੁਜ਼ਗਾਰੀ ਅਤੇ ਟੈਕਸਾਂ ਦੇ ਬੋਝ ਹੇਠ ਦਬੇ ਲੋਕਾਂ 'ਤੇ ਹੁਣ ਗੈਸ ਦੀਆਂ ਕੀਮਤਾਂ ਵਧਾ ਕੇ ਹੋਰ ਜ਼ੁਲਮ ਕੀਤਾ ਜਾ ਰਿਹਾ ਹੈ।



ਉਨ੍ਹਾਂ ਕਿਹਾ ਕਿ ਚਾਹ ਵਾਲਿਆਂ, ਢਾਬਾ ਮਾਲਕਾਂ, ਹੋਟਲ ਕਾਰੋਬਾਰੀਆਂ, ਬੇਕਰੀ ਸੰਚਾਲਕਾਂ, ਹਲਵਾਈ ਭਾਈਚਾਰੇ ਅਤੇ ਛੋਟੇ ਫੂਡ ਬਿਜ਼ਨਸ ਨਾਲ ਜੁੜੇ ਹਜ਼ਾਰਾਂ ਪਰਿਵਾਰਾਂ ਲਈ ਇਹ ਫੈਸਲਾ ਸਿੱਧਾ ਆਰਥਿਕ ਝਟਕਾ ਹੈ। ਇਸ ਵਾਧੇ ਦਾ ਅਸਰ ਸਿਰਫ਼ ਕਾਰੋਬਾਰੀਆਂ ਤੱਕ ਸੀਮਿਤ ਨਹੀਂ ਰਹੇਗਾ, ਸਗੋਂ ਹਰ ਆਮ ਪਰਿਵਾਰ ਦੀ ਥਾਲੀ, ਬੱਚਿਆਂ ਦੇ ਖਰਚੇ ਅਤੇ ਘਰੇਲੂ ਬਜਟ 'ਤੇ ਵੀ ਪਵੇਗਾ।

ਸਿੱਧੂ ਨੇ ਦੋਸ਼ ਲਾਇਆ ਕਿ ਇੱਕ ਪਾਸੇ ਭਾਜਪਾ ਸਰਕਾਰ ਚੋਣੀ ਮੰਚਾਂ ਤੋਂ ਮਹਿੰਗਾਈ ਘਟਾਉਣ ਦੇ ਵਾਅਦੇ ਕਰਦੀ ਹੈ, ਦੂਜੇ ਪਾਸੇ ਜ਼ਮੀਨੀ ਹਕੀਕਤ ਵਿੱਚ ਲੋਕਾਂ ਦੀ ਜੇਬ 'ਤੇ ਲਗਾਤਾਰ ਡਾਕਾ ਮਾਰਿਆ ਜਾ ਰਿਹਾ ਹੈ। ਦੇਸ਼ ਦਾ ਕਿਸਾਨ, ਮਜ਼ਦੂਰ, ਵਪਾਰੀ ਅਤੇ ਮੱਧ ਵਰਗ ਅੱਜ ਹਰ ਮੋਰਚੇ 'ਤੇ ਟੁੱਟ ਰਿਹਾ ਹੈ, ਪਰ ਕੇਂਦਰ ਸਰਕਾਰ ਸਿਰਫ਼ ਪ੍ਰਚਾਰ ਅਤੇ ਇਵੈਂਟਬਾਜ਼ੀ ਵਿੱਚ ਮਸ਼ਗੂਲ ਹੈ।

ਉਨ੍ਹਾਂ ਕਿਹਾ ਕਿ ਇਹ ਸਰਕਾਰ ਆਮ ਲੋਕਾਂ ਦੀ ਕਮਾਈ ਨਾਲ ਖੇਡਣਾ ਬੰਦ ਕਰੇ, ਨਹੀਂ ਤਾਂ ਕਾਂਗਰਸ ਪਾਰਟੀ ਦੇਸ਼ ਭਰ ਵਿੱਚ ਵਪਾਰੀਆਂ, ਨੌਜਵਾਨਾਂ ਅਤੇ ਆਮ ਜਨਤਾ ਨੂੰ ਨਾਲ ਲੈ ਕੇ ਵੱਡਾ ਜਨ ਅੰਦੋਲਨ ਕਰੇਗੀ। ਲੋਕਾਂ ਦੀ ਰਸੋਈ 'ਤੇ ਵਾਰ ਕਰਨ ਵਾਲੀ ਹਰ ਜਨ ਵਿਰੋਧੀ ਨੀਤੀ ਦਾ ਕਾਂਗਰਸ ਡੱਟ ਕੇ ਮੁਕਾਬਲਾ ਕਰੇਗੀ ਅਤੇ ਲੋਕਾਂ ਦੀ ਆਵਾਜ਼ ਨੂੰ ਦਬਣ ਨਹੀਂ ਦਿੱਤਾ ਜਾਵੇਗਾ।

# ਬੀਮਾ ਖੇਤਰ 'ਚ 100 ਫ਼ੀਸਦੀ ਵਿਦੇਸ਼ੀ ਨਿਵੇਸ਼ ਨੋਟੀਫਾਈ

ਨਵੀਂ ਦਿੱਲੀ, 4 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਵਿੱਤ ਮੰਤਰਾਲੇ ਨੇ ਸ਼ਨਿਚਰਵਾਰ ਨੂੰ ਆਟੋਮੈਟਿਕ ਰੂਟ ਤਹਿਤ ਬੀਮਾ ਖੇਤਰ 'ਚ 100 ਫ਼ੀਸਦ ਸਿੱਧੇ ਵਿਦੇਸ਼ੀ ਨਿਵੇਸ਼ (ਐੱਫ ਡੀ ਆਈ) ਨੂੰ ਨੋਟੀਫਾਈ ਕਰ ਦਿੱਤਾ ਹੈ। ਵਿਦੇਸ਼ੀ ਮੁਦਰਾ ਪ੍ਰਬੰਧਨ (ਗ਼ੈਰ-ਕਰਜ਼ ਇੰਸਟਰੂਮੈਂਟ) (ਦੂਜੀ ਸੋਧ) ਨੇਮ, 2026 ਮੁਤਾਬਕ ਬੀਮਾ ਕੰਪਨੀਆਂ ਅਤੇ ਬ੍ਰੋਕਰਾਂ ਸਮੇਤ ਵਿਚੋਲਿਆਂ 'ਚ ਆਟੋਮੈਟਿਕ ਰੂਟ ਤਹਿਤ 100 ਫ਼ੀਸਦੀ ਵਿਦੇਸ਼ੀ ਨਿਵੇਸ਼ ਦੀ ਇਜਾਜ਼ਤ ਹੋਵੇਗੀ। ਭਾਰਤੀ ਜੀਵਨ ਬੀਮਾ ਨਿਗਮ (ਐੱਲ ਆਈ ਸੀ) ਲਈ ਇਹ ਹੱਦ 20 ਫ਼ੀਸਦ ਤੈਅ ਕੀਤੀ ਗਈ ਹੈ।

ਇਸ ਦੌਰਾਨ ਵਿੱਤ ਮੰਤਰਾਲੇ ਨੇ ਇੱਕ ਹੋਰ ਫ਼ੈਸਲੇ ਨੂੰ ਨੋਟੀਫਾਈ ਕੀਤਾ ਹੈ ਜਿਸ ਤਹਿਤ ਉਨ੍ਹਾਂ ਵਿਦੇਸ਼ੀ ਕੰਪਨੀਆਂ, ਜਿਨ੍ਹਾਂ ਵਿੱਚ ਚੀਨੀ ਹਿੱਸੇਦਾਰੀ 10 ਫ਼ੀਸਦੀ ਤੱਕ ਹੈ, ਨੂੰ ਫੇਮਾ ਤਹਿਤ ਆਟੋਮੈਟਿਕ ਰੂਟ ਰਾਹੀਂ ਭਾਰਤ ਵਿੱਚ ਨਿਵੇਸ਼ ਕਰਨ ਦੀ ਇਜਾਜ਼ਤ ਦਿੱਤੀ ਗਈ ਹੈ। ਉਂਝ ਐੱਫ ਡੀ ਆਈ ਨੇਮਾਂ ਵਿੱਚ ਦਿੱਤੀ ਗਈ ਇਹ ਛੋਟ ਉਨ੍ਹਾਂ ਕੰਪਨੀਆਂ ਜਾਂ ਸੰਸਥਾਵਾਂ 'ਤੇ ਲਾਗੂ ਨਹੀਂ ਹੋਵੇਗੀ ਜੋ ਚੀਨ ਜਾਂ ਹਾਂਗਕਾਂਗ ਜਾਂ ਭਾਰਤ ਨਾਲ ਜ਼ਮੀਨੀ ਸਰਹੱਦ ਸਾਂਝੀ ਕਰਨ ਵਾਲੇ ਹੋਰ ਦੇਸ਼ਾਂ ਵਿੱਚ ਰਜਿਸਟਰਡ ਹਨ। ਪਹਿਲਾਂ ਇਨ੍ਹਾਂ ਸਰਹੱਦੀ ਮੁਲਕਾਂ ਦੇ ਸ਼ੇਅਰਧਾਰਕਾਂ ਵਾਲੀਆਂ ਵਿਦੇਸ਼ੀ ਕੰਪਨੀਆਂ ਨੂੰ, ਭਾਵੇਂ ਉਨ੍ਹਾਂ ਕੋਲ ਇੱਕ ਵੀ ਸ਼ੇਅਰ ਕਿਉਂ ਨਾ ਹੋਵੇ, ਭਾਰਤ ਵਿੱਚ ਕਿਸੇ ਵੀ ਖੇਤਰ ਵਿੱਚ ਨਿਵੇਸ਼ ਕਰਨ ਲਈ ਲਾਜ਼ਮੀ ਮਨਜ਼ੂਰੀ ਲੈਣੀ ਪੈਂਦੀ ਸੀ। ਹੁਣ ਇਹ ਪਾਬੰਦੀਆਂ ਸਿਰਫ਼ ਲਾਭਕਾਰੀ ਮਾਲਕਾਂ 'ਤੇ ਹੀ ਲਾਗੂ ਹੋਣਗੀਆਂ।

ਸੰਸਦ ਨੇ ਦਸੰਬਰ 2025 'ਚ 'ਸਬਕਾ ਬੀਮਾ ਸਬਕੀ ਰੱਖਿਆ (ਬੀਮਾ ਕਾਨੂੰਨ ਸੋਧ) ਬਿੱਲ' ਪਾਸ ਕੀਤਾ ਸੀ ਜਿਸ ਮਗਰੋਂ ਬੀਮਾ ਖੇਤਰ 'ਚ ਐੱਫ ਡੀ ਆਈ ਦੀ ਹੱਦ 74 ਫ਼ੀਸਦ ਤੋਂ ਵਧਾ ਕੇ ਆਟੋਮੈਟਿਕ ਰੂਟ ਤਹਿਤ 100 ਫ਼ੀਸਦ ਕਰਨ ਦਾ ਰਾਹ ਪੱਧਰਾ ਕੀਤਾ ਗਿਆ ਸੀ। ਰਾਸ਼ਟਰਪਤੀ ਦੀ ਸਹਿਮਤੀ ਮਿਲਣ ਮਗਰੋਂ ਇਹ ਬਿੱਲ ਕਾਨੂੰਨ ਬਣ ਗਿਆ ਸੀ। ਇਸ ਮਗਰੋਂ ਫਰਵਰੀ 2026 'ਚ ਵਣਜ ਅਤੇ ਉਦਯੋਗ ਮੰਤਰਾਲੇ ਤਹਿਤ ਸਨਅਤ ਤੇ ਅੰਦਰੂਨੀ ਵਪਾਰ ਪ੍ਰਮੋਸ਼ਨ ਵਿਭਾਗ ਨੇ ਬੀਮਾ ਖੇਤਰ 'ਚ 100 ਫ਼ੀਸਦ ਐੱਫ ਡੀ ਆਈ ਨੂੰ ਨੋਟੀਫਾਈ ਕੀਤਾ ਸੀ।

# ਪੰਜਾਬ ਪੁਲਿਸ ਨੇ ਸੀ.ਆਈ.ਏ. ਮੋਗਾ, ਸਰਹਿੰਦ ਅਤੇ ਸ਼ੰਭੂ ਰੇਲਵੇ ਟਰੈਕ ਧਮਾਕਿਆਂ ਦੇ ਮਾਮਲੇ ਸੁਲਝਾਏ; ਮ੍ਰਿਤਕ ਬੱਬਰ ਦਾ ਮੁੱਖ ਸਾਥੀ ਕਾਬੂ

## ਗ੍ਰਿਫਤਾਰ ਕੀਤੇ ਦੋਸ਼ੀ ਗੁਰਜਿੰਦਰ ਦੇ ਖੁਲਾਸੇ ਅਨੁਸਾਰ ਵਿਦੇਸ਼ੀ ਹੈਂਡਲਰਾਂ ਦੇ ਨਿਰਦੇਸ਼ਾਂ ਹੇਠ ਅੰਜਾਮ ਦਿੱਤੀਆਂ ਗਈਆਂ ਸਨ ਤਿੰਨੋਂ ਅੱਤਵਾਦੀ ਵਾਰਦਾਤਾਂ: ਡੀਜੀਪੀ ਗੌਰਵ ਯਾਦਵ

ਚੰਡੀਗੜ੍ਹ/ਪਟਿਆਲਾ, 4 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਪਾਕਿਸਤਾਨ-ਸਮਰਥਿਤ ਆਈ.ਐਸ.ਆਈ. ਅੱਤਵਾਦੀ ਨੈੱਟਵਰਕਾਂ ਨੂੰ ਬੇਅਸਰ ਕਰਦਿਆਂ ਪੰਜਾਬ ਪੁਲਿਸ ਨੇ ਤਿੰਨ ਵੱਡੀਆਂ ਅੱਤਵਾਦੀ ਵਾਰਦਾਤਾਂ - ਸੀ.ਆਈ.ਏ. ਮੋਗਾ ਗ੍ਰਨੇਡ ਹਮਲਾ, ਸਰਹਿੰਦ ਰੇਲਵੇ ਟਰੈਕ ਧਮਾਕਾ ਅਤੇ ਹਾਲ ਹੀ ਵਿੱਚ ਹੋਏ ਸ਼ੰਭੂ ਰੇਲਵੇ ਟਰੈਕ ਧਮਾਕੇ - ਦੇ ਮੁੱਖ ਸਾਜ਼ਿਸ਼ਕਰਤਾ ਜਗਰੂਪ ਸਿੰਘ ਦੇ ਮੁੱਖ ਸਾਥੀ ਨੂੰ ਗ੍ਰਿਫਤਾਰ ਕਰਕੇ ਇਨ੍ਹਾਂ ਕੇਸਾਂ ਦੀ ਗੁੱਥੀ ਸਫ਼ਲਤਾਪੂਰਵਕ ਸੁਲਝਾ ਲਈ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਸਾਂਝੀ ਕੀਤੀ। ਇਹ ਆਪ੍ਰੇਸ਼ਨ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸ.ਐਸ.ਓ.ਸੀ.) ਅੰਮ੍ਰਿਤਸਰ, ਕਾਊਂਟਰ ਇੰਟੈਲੀਜੈਂਸ (ਸੀ.ਆਈ.) ਪਠਾਨਕੋਟ ਅਤੇ ਜ਼ਿਲ੍ਹਾ ਪਟਿਆਲਾ ਪੁਲਿਸ ਵੱਲੋਂ ਸਾਂਝੇ ਤੌਰ 'ਤੇ ਚਲਾਇਆ ਗਿਆ।

ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਗੁਰਜਿੰਦਰ ਸਿੰਘ ਉਰਫ਼ ਬਾਬਾ ਬੇਅੰਤ ਵਜੋਂ ਹੋਈ ਹੈ, ਜੋ ਗੁਰਦਾਸਪੁਰ ਦੇ ਬਿਧੀਪੁਰ ਦਾ ਰਹਿਣ ਵਾਲਾ ਹੈ।

ਇਹ ਕਾਮਯਾਬੀ, ਸੋਮਵਾਰ ਰਾਤ ਨੂੰ ਪਟਿਆਲਾ ਜ਼ਿਲ੍ਹੇ ਦੇ ਸ਼ੰਭੂ ਨੇੜਲੇ ਰੇਲਵੇ ਟਰੈਕ 'ਤੇ ਹੋਏ ਧਮਾਕੇ ਦੀ ਚੱਲ ਰਹੀ ਜਾਂਚ ਦੌਰਾਨ ਸਾਹਮਣੇ ਆਈ ਹੈ। ਜ਼ਿਕਰਯੋਗ ਹੈ ਕਿ ਜਗਰੂਪ ਸਿੰਘ ਉਰਫ਼ ਜੂਪਾ ਉਕਤ ਥਾਂ 'ਤੇ ਆਈ.ਈ.ਡੀ. ਲਗਾਉਣ ਦੀ ਕੋਸ਼ਿਸ਼ ਕਰ ਰਿਹਾ ਸੀ, ਪਰ ਸਮੇਂ ਤੋਂ ਪਹਿਲਾਂ ਹੀ ਆਈ.ਈ.ਡੀ ਵਿਸਫੋਟ ਹੋਣ ਕਾਰਨ ਉਸਦੀ ਮੌਤ ਹੋ ਗਈ ਸੀ। ਪੁਲਿਸ ਨੇ ਪਹਿਲਾਂ ਹੀ ਚਾਰ ਕੱਟੜਪੰਥੀ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ, ਜਿਨ੍ਹਾਂ ਦੀ ਪਛਾਣ ਪ੍ਰਦੀਪ ਸਿੰਘ ਖਾਲਸਾ, ਕੁਲਵਿੰਦਰ ਸਿੰਘ ਉਰਫ਼ ਬੱਗਾ, ਸਤਨਾਮ ਸਿੰਘ ਉਰਫ਼ ਸੱਤਾ ਅਤੇ ਗੁਰਪ੍ਰੀਤ ਸਿੰਘ ਉਰਫ਼ ਗੋਪੀ ਵਜੋਂ ਹੋਈ ਹੈ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਇੱਕ ਹੈਂਡ ਗ੍ਰਨੇਡ, ਦੋ .30 ਬੋਰ ਪਿਸਤੌਲ, ਆਧੁਨਿਕ ਸੰਚਾਰ ਉਪਕਰਣ ਅਤੇ ਲੈਪਟਾਪ ਬਰਾਮਦ ਕੀਤੇ ਹਨ। ਇਸ ਤੋਂ ਬਾਅਦ ਮ੍ਰਿਤਕ ਜਗਰੂਪ ਦੇ ਭਰਾ ਸਤਨਾਮ ਉਰਫ਼ ਸੱਤਾ ਦੇ ਖੁਲਾਸੇ 'ਤੇ ਅੱਤਵਾਦੀ ਹਾਰਡਵੇਅਰ ਦਾ ਇੱਕ ਹੋਰ ਵੱਡਾ ਜ਼ਖੀਰਾ ਵੀ ਬਰਾਮਦ ਕੀਤਾ ਗਿਆ ਹੈ, ਜਿਸ ਵਿੱਚ ਇੱਕ ਰਾਕੇਟ ਪ੍ਰੋਪੇਲਡ ਗ੍ਰਨੇਡ (ਆਰਪੀਜੀ), ਹੈਂਡ ਗ੍ਰਨੇਡ, ਵਿਸਫੋਟਕ ਅਤੇ ਆਧੁਨਿਕ ਪਿਸਤੌਲਾਂ ਸ਼ਾਮਲ ਹਨ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਿਆ ਹੈ ਕਿ ਗੁਰਜਿੰਦਰ ਅਤੇ ਜਗਰੂਪ ਲੰਬੇ ਸਮੇਂ ਤੋਂ ਸਾਥੀ ਸਨ ਅਤੇ ਸ਼ੰਭੂ ਧਮਾਕੇ ਵਾਲੇ ਦਿਨ, ਇਹ ਦੋਵੇਂ ਪੁਲਿਸ ਤੋਂ ਬਚਣ ਲਈ ਵੱਖੋ-ਵੱਖ ਹੋ ਕੇ ਰਾਜਪੁਰਾ ਪਹੁੰਚੇ ਸਨ।

ਉਨ੍ਹਾਂ ਕਿਹਾ ਕਿ ਗ੍ਰਿਫ਼ਤਾਰ ਕੀਤਾ ਗਿਆ ਮੁਲਜ਼ਮ ਗੁਰਜਿੰਦਰ ਧਮਾਕੇ ਦੇ ਸਮੇਂ ਮੌਕੇ 'ਤੇ ਮੌਜੂਦ ਸੀ, ਪਰ ਕੁਝ ਦੂਰੀ 'ਤੇ ਖੜ੍ਹਾ ਹੋਣ ਕਰਕੇ ਉਹ ਬਚ ਕੇ ਨਿਕਲਣ ਵਿੱਚ ਕਾਮਯਾਬ ਹੋ ਗਿਆ। ਉਨ੍ਹਾਂ ਦੱਸਿਆ ਕਿ ਜਦੋਂ ਗੁਰਜਿੰਦਰ ਨੂੰ ਇਹ ਪਤਾ ਲੱਗਾ ਕਿ ਜਗਰੂਪ ਦੀ ਆਈ.ਈ.ਡੀ. ਫਟਣ ਕਾਰਨ ਮੌਤ ਹੋ ਗਈ ਹੈ ਤਾਂ ਉਹ ਮੌਕੇ ਤੋਂ ਭੱਜ ਨਿਕਲਿਆ।

ਡੀਜੀਪੀ ਨੇ ਦੱਸਿਆ ਕਿ ਗੁਰਜਿੰਦਰ ਸਿੰਘ ਦੀ ਪੁੱਛਗਿੱਛ ਦੌਰਾਨ ਇਹ ਸਾਹਮਣੇ ਆਇਆ ਕਿ ਤਿੰਨੋਂ ਅੱਤਵਾਦੀ ਵਾਰਦਾਤਾਂ - 7 ਨਵੰਬਰ, 2025 ਨੂੰ ਸੀਆਈਏ ਮੋਗਾ ਵਿਖੇ ਗ੍ਰਨੇਡ ਹਮਲਾ, 23 ਜਨਵਰੀ, 2026 ਨੂੰ ਸਰਹਿੰਦ ਰੇਲਵੇ ਟਰੈਕ ਧਮਾਕਾ ਅਤੇ 27 ਅਪ੍ਰੈਲ, 2026 ਨੂੰ ਸ਼ੰਭੂ ਧਮਾਕਾ - ਨੂੰ ਮਲੇਸ਼ੀਆ-ਅਧਾਰਤ ਹੈਂਡਲਰਾਂ ਦੇ ਨਿਰਦੇਸ਼ਾਂ ਹੇਠ ਇਸੇ ਅੱਤਵਾਦੀ ਮਾਡਿਊਲ ਵੱਲੋਂ ਅੰਜਾਮ ਦਿੱਤਾ ਗਿਆ ਸੀ। ਜਾਂਚ ਵਿੱਚ ਇਹ ਵੀ ਸਾਹਮਣੇ ਆਇਆ ਹੈ ਕਿ ਮਲੇਸ਼ੀਆ ਅਧਾਰਤ ਹੈਂਡਲਰ ਅਮਰੀਕਾ ਅਤੇ ਪਾਕਿਸਤਾਨ-ਅਧਾਰਤ ਹੈਂਡਲਰਾਂ ਨਾਲ ਅੱਗੇ ਜੁੜੇ ਹੋਏ ਸਨ। ਉਨ੍ਹਾਂ ਕਿਹਾ,"ਇਸ ਗ੍ਰਿਫਤਾਰੀ ਅਤੇ ਪਹਿਲਾਂ ਦੀਆਂ ਬਰਾਮਦਗੀਆਂ ਨਾਲ ਮੋਗਾ, ਸਰਹਿੰਦ ਅਤੇ ਸ਼ੰਭੂ ਵਿਖੇ ਹੋਈਆਂ ਤਿੰਨੋਂ ਅੱਤਵਾਦੀ ਘਟਨਾਵਾਂ ਨੂੰ ਸਫਲਤਾਪੂਰਵਕ ਹੱਲ ਕਰ ਲਿਆ ਗਿਆ ਹੈ।"

ਆਪ੍ਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦਿਆਂ ਏ.ਆਈ.ਜੀ. ਐਸ.ਐਸ.ਓ.ਸੀ. ਅੰਮ੍ਰਿਤਸਰ ਸੁਖਮਿੰਦਰ ਸਿੰਘ ਮਾਨ ਨੇ ਕਿਹਾ ਕਿ ਇੱਕ ਖੁਫੀਆ ਕਾਰਵਾਈ ਤਹਿਤ ਮੁੱਖ ਦੋਸ਼ੀ ਗੁਰਜਿੰਦਰ ਸਿੰਘ ਉਰਫ਼ ਬਾਬਾ ਬੇਅੰਤ ਨੂੰ ਅੰਮ੍ਰਿਤਸਰ ਖੇਤਰ ਤੋਂ ਗ੍ਰਿਫ਼ਤਾਰ ਕੀਤਾ ਗਿਆ ਹੈ।

ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐਸਐਸਪੀ) ਪਟਿਆਲਾ ਵਰੁਣ ਸ਼ਰਮਾ ਨੇ ਅੱਗੇ ਦੱਸਿਆ ਕਿ ਪੁਲਿਸ ਦੀ ਗ੍ਰਿਫਤ ਤੋਂ ਬਚਣ ਲਈ ਇਸ ਮਾਡਿਊਲ ਵੱਲੋਂ ਸਖ਼ਤ ਰੇਡੀਓ ਸਾਈਲੈਂਸ ਬਣਾਈ ਹੋਈ ਸੀ ਅਤੇ ਦੋਸ਼ੀ ਆਪਣੀਆਂ ਗਤੀਵਿਧੀਆਂ ਦੌਰਾਨ ਬਹੁਤ ਸਾਵਧਾਨੀਆਂ ਵਰਤ ਰਹੇ ਸਨ। ਇਸ ਮਾਮਲੇ ਸੰਬਧੀ ਹੋਰ ਜਾਂਚ ਜਾਰੀ ਹੈ।

# ਸੂਬੇ 'ਚ ਬਦਲੇਗਾ ਮੌਸਮ ਦਾ ਮਿਜ਼ਾਜ

ਚੰਡੀਗੜ੍ਹ, 4 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਦੂਜੇ ਪਾਸੇ, ਸੂਬੇ ਵਿਚ ਕਣਕ ਦੀ ਵਾਢੀ ਕਰ ਰਹੇ ਅਤੇ ਫ਼ਸਲ ਲੈ ਕੇ ਮੰਡੀਆਂ ਵਿਚ ਪਹੁੰਚੇ ਕਿਸਾਨਾਂ ਲਈ ਇਹ ਮੀਂਹ ਪਰੇਸ਼ਾਨੀ ਦੀ ਵਜ੍ਹਾ ਬਣ ਸਕਦਾ ਹੈ। ਇਸ ਤੋਂ ਪਹਿਲਾਂ ਸ਼ੁੱਕਰਵਾਰ ਨੂੰ ਦਿਨ ਭਰ ਤਿੱਖੀ ਧੁੱਪ ਰਹੀ, ਜਿਸ ਕਾਰਨ ਤਾਪਮਾਨ 40 ਡਿਗਰੀ ਤੋਂ ਵੱਧ ਦਰਜ ਕੀਤਾ ਗਿਆ। ਪੰਜਾਬ ਦੇ ਕਈ ਜ਼ਿਲ੍ਹਿਆਂ ਵਿਚ ਕੱਲ੍ਹ ਤੋਂ ਮੁੜ ਮੌਸਮ ਬਦਲਣ ਦੇ ਆਸਾਰ ਹਨ। ਮੌਸਮ ਵਿਭਾਗ ਨੇ 3 ਤੋਂ 6 ਮਈ ਤੱਕ 50 ਕਿੱਲੋਮੀਟਰ ਪ੍ਰਤੀ ਘੰਟੇ ਦੀ ਰਫ਼ਤਾਰ ਨਾਲ ਹਨੇਰੀ-ਤੂਫ਼ਾਨ ਸਮੇਤ ਮੀਂਹ ਪੈਣ ਦੀ ਸੰਭਾਵਨਾ ਦੱਸੀ ਹੈ। ਇਹ ਮੀਂਹ ਲੋਕਾਂ ਨੂੰ ਗਰਮੀ ਤੋਂ ਰਾਹਤ ਦੇਵੇਗਾ। ਦੂਜੇ ਪਾਸੇ, ਸੂਬੇ ਵਿਚ ਕਣਕ ਦੀ ਵਾਢੀ ਕਰ ਰਹੇ ਅਤੇ ਫ਼ਸਲ ਲੈ ਕੇ ਮੰਡੀਆਂ ਵਿਚ ਪਹੁੰਚੇ ਕਿਸਾਨਾਂ ਲਈ ਇਹ ਮੀਂਹ ਪਰੇਸ਼ਾਨੀ ਦੀ ਵਜ੍ਹਾ ਬਣ ਸਕਦਾ ਹੈ।

# ਕੇ.ਜ਼ੈਡ.ਐਫ. ਮੁਖੀ ਵੱਲੋਂ ਰੇਲਵੇ ਲਾਈਨਾਂ 'ਤੇ ਹਮਲੇ ਦੀ ਧਮਕੀ

ਅੰਮ੍ਰਿਤਸਰ, 4 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਖਾਲਿਸਤਾਨ ਜ਼ਿੰਦਾਬਾਦ ਫੋਰਸ ਦੇ ਮੁਖੀ ਰਣਜੀਤ ਸਿੰਘ ਨੀਟਾ ਦੇ ਨਾਂ 'ਤੇ ਜਾਰੀ ਹੋਏ ਇੱਕ ਕਥਿਤ ਆਡੀਓ ਸੰਦੇਸ਼ ਤੋਂ ਬਾਅਦ ਪੰਜਾਬ ਪੁਲੀਸ ਅਤੇ ਸੁਰੱਖਿਆ ਏਜੰਸੀਆਂ ਹਾਈ ਅਲਰਟ 'ਤੇ ਹਨ। ਇਸ ਸੰਦੇਸ਼ ਵਿੱਚ ਰੇਲਵੇ ਨੈੱਟਵਰਕ ਨੂੰ ਨਿਸ਼ਾਨਾ ਬਣਾਉਣ ਦੀ ਧਮਕੀ ਦਿੱਤੀ ਗਈ ਹੈ।

ਹਾਲ ਹੀ ਵਿੱਚ ਸਾਹਮਣੇ ਆਏ ਇਸ ਆਡੀਓ ਵਿੱਚ ਅਗਲੇ ਦਸ ਦਿਨਾਂ ਅੰਦਰ ਰੇਲ ਪਟੜੀਆਂ ਅਤੇ ਰੇਲ ਗੱਡੀਆਂ ਵਿੱਚ ਧਮਾਕੇ ਕਰਨ ਦੀ ਚਿਤਾਵਨੀ ਦਿੱਤੀ ਗਈ ਹੈ।

ਦੱਸਿਆ ਜਾ ਰਿਹਾ ਹੈ ਕਿ ਇਹ ਧਮਕੀ ਤਰਨ ਤਾਰਨ ਦੇ ਰਹਿਣ ਵਾਲੇ ਜਗਰੂਪ ਸਿੰਘ ਦੀ ਮੌਤ ਦੇ ਸਬੰਧ ਵਿੱਚ ਦਿੱਤੀ ਗਈ ਹੈ। ਜਗਰੂਪ ਸਿੰਘ ਦੀ 27 ਅਪਰੈਲ ਨੂੰ ਸ਼ੰਭੂ ਅਤੇ ਰਾਜਪੁਰਾ ਵਿਚਕਾਰ ਬੱਧੋਨੀਆ ਪਿੰਡ ਨੇੜੇ ਰੇਲਵੇ ਪਟੜੀ 'ਤੇ ਬੰਬ ਲਗਾਉਂਦੇ ਸਮੇਂ ਹੋਏ ਧਮਾਕੇ ਕਾਰਨ ਮੌਤ ਹੋ ਗਈ ਸੀ।

ਰਣਜੀਤ ਸਿੰਘ ਨੀਟਾ ਨੇ 1993 ਵਿੱਚ ਕੇ.ਜ਼ੈਡ.ਐਫ.ਦੀ ਸਥਾਪਨਾ ਕੀਤੀ ਸੀ, ਉਸ ਨੂੰ ਭਾਰਤ ਦੇ ਗੈਰ-ਕਾਨੂੰਨੀ ਗਤੀਵਿਧੀਆਂ ਰੋਕੂ ਕਾਨੂੰਨ ਦੇ ਤਹਿਤ ਇੱਕ ਅਤਿਵਾਦੀ ਐਲਾਨਿਆ ਗਿਆ ਹੈ। ਉਹ ਭਾਰਤ ਦੇ 20 ਸਭ ਤੋਂ ਲੋੜੀਂਦੇ ਦਹਿਸ਼ਤਗਰਦਾਂ ਵਿੱਚੋਂ ਇੱਕ ਹੈ ਅਤੇ ਇਸ ਵੇਲੇ ਪਾਕਿਸਤਾਨ ਵਿੱਚ ਹੈ। ਮੂਲ ਰੂਪ ਵਿੱਚ ਜੰਮੂ ਦੇ ਸਿੰਬਲ ਕੈਂਪ ਨਾਲ ਸਬੰਧਤ ਨੀਟਾ ਪੰਜਾਬ ਵਿੱਚ ਕਈ ਅੱਤਵਾਦੀ ਹਮਲਿਆਂ ਦਾ ਕੇਂਦਰ ਰਿਹਾ ਹੈ। ਸਮਗਲਰਾਂ ਨਾਲ ਨੇੜਤਾ ਤੋਂ ਬਾਅਦ ਉਹ ਪਾਕਿਸਤਾਨ ਫ਼ਰਾਰ ਹੋ ਗਿਆ ਸੀ ਅਤੇ ਕਥਿਤ ਤੌਰ 'ਤੇ ਪੰਜਾਬ, ਜੰਮੂ-ਕਸ਼ਮੀਰ ਅਤੇ ਦੇਸ਼ ਦੇ ਹੋਰ ਹਿੱਸਿਆਂ ਵਿੱਚ ਸਿੱਖ ਨੌਜਵਾਨਾਂ ਨੂੰ ਕੱਟੜਪੰਥੀ ਬਣਾਉਣ ਦਾ ਕੰਮ ਕਰ ਰਿਹਾ ਹੈ।

ਅਧਿਕਾਰੀਆਂ ਅਨੁਸਾਰ ਖੁਫੀਆ ਅਤੇ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਨੇ ਪੰਜਾਬ ਅਤੇ ਗੁਆਂਢੀ ਰਾਜਾਂ ਵਿੱਚ ਸੰਵੇਦਨਸ਼ੀਲ ਸਥਾਨਾਂ ਖਾਸ ਕਰਕੇ ਰੇਲਵੇ ਰੂਟਾਂ 'ਤੇ ਨਿਗਰਾਨੀ ਤੇਜ਼ ਕਰ ਦਿੱਤੀ ਹੈ। ਭਾਰਤੀ ਰੇਲਵੇ ਨੇ ਵੀ ਸੁਰੱਖਿਆ ਦੇ ਪੁਖ਼ਤਾ ਇੰਤਜ਼ਾਮ ਕੀਤੇ ਹਨ, ਜਿਸ ਵਿੱਚ ਗਸ਼ਤ ਵਧਾਉਣਾ, ਐਂਟੀ-ਸਬੋਤਾਜ (ਤੋੜ-ਫੋੜ ਵਿਰੋਧੀ) ਜਾਂਚ ਅਤੇ ਮੁੱਖ ਸਟੇਸ਼ਨਾਂ 'ਤੇ ਵਾਧੂ ਫੋਰਸ ਦੀ ਤਾਇਨਾਤੀ ਸ਼ਾਮਲ ਹੈ।

ਹਾਲਾਂਕਿ ਇਸ ਆਡੀਓ ਸੰਦੇਸ਼ ਦੀ ਅਸਲੀਅਤ ਦੀ ਅਧਿਕਾਰਤ ਪੁਸ਼ਟੀ ਹੋਣੀ ਅਜੇ ਬਾਕੀ ਹੈ ਪਰ ਪ੍ਰਸ਼ਾਸਨ ਇਸ ਨੂੰ ਹਲਕੇ ਵਿੱਚ ਨਹੀਂ ਲੈ ਰਿਹਾ।

# ਪੰਜਾਬ ਵਿੱਚ ਮੀਂਹ ਤੇ ਹਨੇਰੀ ਨੇ ਮਚਾਈ ਤਬਾਹੀ; ਮੰਡੀਆਂ 'ਚ ਪਈ ਕਣਕ ਭਿੱਜੀ; ਤੇਜ਼ ਰਫ਼ਤਾਰ ਹਵਾ ਕਾਰਨ ਦਰਖ਼ਤ ਤੇ ਬਿਜਲੀ ਦੇ ਖੰਭੇ ਡਿੱਗੇ

ਚੰਡੀਗੜ੍ਹ, 4 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਵਿੱਚ ਸਵੇਰੇ ਚੱਲੀ ਹਨੇਰੀ ਤੇ ਪਏ ਮੀਂਹ ਨੇ ਸੂਬੇ 'ਚ ਭਾਰੀ ਤਬਾਹੀ ਮਚਾਈ ਹੈ। 80 ਤੋਂ 90 ਕਿਲੋਮੀਟਰ ਪ੍ਰਤੀ ਘੰਟੇ ਦੀ ਰਫ਼ਤਾਰ ਨਾਲ ਚੱਲੀਆਂ ਹਵਾਵਾਂ ਕਾਰਨ ਸੂਬੇ ਭਰ ਵਿੱਚ ਸੜਕਾਂ ਕੰਢੇ ਦਰਖ਼ਤ ਡਿੱਗ ਗਏ ਅਤੇ ਬਿਜਲੀ ਦੇ ਖੰਭੇ ਵੀ ਉੱਖੜ ਗਏ। ਬਿਜਲੀ ਦੇ ਖੰਭਿਆਂ ਦੇ ਉੱਖੜਨ ਕਰ ਕੇ ਕਈ ਇਲਾਕਿਆਂ ਵਿੱਚ ਬਿਜਲੀ ਗੁੱਲ ਹੋ ਗਈ। ਬਿਜਲੀ ਵਿਭਾਗ ਨੂੰ ਵੀ ਭਾਰੀ ਨੁਕਸਾਨ ਦਾ ਖ਼ਦਸ਼ਾ ਜਤਾਇਆ ਜਾ ਰਿਹਾ ਹੈ। ਇਸ ਦੇ ਨਾਲ ਹੀ ਪੰਜਾਬ ਦੀਆਂ ਮੰਡੀਆਂ ਵਿੱਚ ਪਈ ਕਣਕ ਦੀ ਫ਼ਸਲ ਭਿੱਜਣ ਦੀਆਂ ਖ਼ਬਰਾਂ ਵੀ ਮਿਲੀਆਂ ਹਨ। ਮੌਸਮ ਵਿਗਿਆਨੀਆਂ ਨੇ ਪੰਜਾਬ ਵਿੱਚ 4 ਤੇ 5 ਮਈ ਲਈ ਔਰੇਂਜ ਅਲਰਟ ਜਾਰੀ ਕੀਤਾ ਹੈ। ਇਸ ਦੌਰਾਨ ਭਾਰੀ ਮੀਂਹ ਦੇ ਨਾਲ-ਨਾਲ ਹਨੇਰੀ ਚੱਲਣ ਦੀ ਵੀ ਸੰਭਾਵਨਾ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ ਅੱਜ ਸਵੇਰੇ ਅਚਾਨਕ ਮੌਸਮ ਬਦਲ ਗਿਆ ਅਤੇ ਸਵੇਰੇ 7 ਵਜੇ ਦੇ ਕਰੀਬ ਮੁੜ ਹਨੇਰਾ ਛਾ ਗਿਆ। ਚੰਡੀਗੜ੍ਹ, ਮੁਹਾਲੀ, ਜਲੰਧਰ, ਲੁਧਿਆਣਾ, ਰੂਪਨਗਰ, ਪਟਿਆਲਾ, ਸੰਗਰੂਰ ਸਣੇ ਕਈ ਹੋਰ ਇਲਾਕਿਆਂ ਵਿੱਚ ਤਕਰੀਬਨ ਦੋ ਘੰਟੇ ਝੱਖੜ ਝੁਲਦਾ ਰਿਹਾ। ਕਈ ਥਾਵਾਂ 'ਤੇ ਦਰੱਖ਼ਤ ਤੇ ਬਿਜਲੀ ਦੇ ਖੰਭੇ ਡਿੱਗਣ ਦੀਆਂ ਘਟਨਾਵਾਂ ਵੀ ਵਾਪਰੀਆਂ ਹਨ। ਕਈ ਲੋਕਾਂ ਦੇ ਸੱਟਾਂ ਲੱਗਣ ਦੀਆਂ ਖ਼ਬਰਾਂ ਵੀ ਮਿਲੀਆਂ ਹਨ। ਹਨੇਰੀ ਕਾਰਨ ਚੰਡੀਗੜ੍ਹ ਤੇ ਮੁਹਾਲੀ ਵਿੱਚ ਵਧੇਰੇ ਨੁਕਸਾਨ ਹੋਇਆ। ਹੁਸ਼ਿਆਰਪੁਰ ਸਣੇ ਕਈ ਥਾਵਾਂ 'ਤੇ ਬਿਜਲੀ ਦੇ ਖੰਭੇ ਅਤੇ ਦਰੱਖ਼ਤ ਉੱਖੜ ਕੇ ਵਾਹਨਾਂ 'ਤੇ ਡਿੱਗ ਗਏ। ਮੀਂਹ ਤੇ ਹਨੇਰੀ ਕਾਰਨ ਨਰਮੇ ਦੀ ਫ਼ਸਲ ਵੀ ਖਰਾਬ ਹੋਣ ਦਾ ਖਦਸ਼ਾ ਵੀ ਜਤਾਇਆ ਜਾ ਰਿਹਾ ਹੈ।

ਮੌਸਮ ਵਿਭਾਗ ਤੋਂ ਮਿਲੀ ਜਾਣਕਾਰੀ ਅਨੁਸਾਰ ਅੱਜ ਰਾਜਧਾਨੀ ਚੰਡੀਗੜ੍ਹ ਵਿੱਚ 24.5 ਐੱਮ ਐੱਮ, ਅੰਮ੍ਰਿਤਸਰ ਵਿੱਚ 2.2 ਐੱਮ ਐੱਮ, ਲੁਧਿਆਣਾ ਵਿੱਚ 25, ਨਵਾਂ ਸ਼ਹਿਰ ਵਿੱਚ 2.1, ਫਿਰੋਜ਼ਪੁਰ ਵਿੱਚ 2.5, ਮੁਹਾਲੀ ਵਿੱਚ 20.5 ਐੱਮ ਐੱਮ, ਰੂਪਨਗਰ ਵਿੱਚ 2.5 ਐੱਮ ਐੱਮ ਮੀਂਹ ਦਰਜ ਕੀਤਾ ਗਿਆ ਹੈ। ਇਸ ਤੋਂ ਇਲਾਵਾ ਪਟਿਆਲਾ, ਪਠਾਨਕੋਟ, ਬਠਿੰਡਾ, ਫ਼ਰੀਦਕੋਟ ਵਿੱਚ ਵੀ ਮੀਂਹ ਪਿਆ। ਮੀਂਹ ਕਾਰਨ ਪੰਜਾਬ 'ਚ ਤਾਪਮਾਨ ਵਿੱਚ 5.6 ਡਿਗਰੀ ਸੈਲਸੀਅਸ ਤੱਕ ਦੀ ਗਿਰਾਵਟ ਦਰਜ ਕੀਤੀ ਗਈ ਹੈ। ਅੱਜ ਪੰਜਾਬ ਦਾ ਫਰੀਦਕੋਟ ਸ਼ਹਿਰ ਸਭ ਤੋਂ ਗਰਮ ਰਿਹਾ, ਜਿੱਥੇ ਵੱਧ ਤੋਂ ਵੱਧ ਤਾਪਮਾਨ 38.1 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ।

ਸ਼ਿਮਲਾ: ਮੌਸਮ ਵਿਭਾਗ ਨੇ ਅੱਜ ਹਿਮਾਚਲ ਪ੍ਰਦੇਸ਼ ਦੇ ਛੇ ਜ਼ਿਲ੍ਹਿਆਂ ਵਿੱਚ ਬਿਜਲੀ ਚਮਕਣ ਅਤੇ 40-50 ਕਿਲੋਮੀਟਰ ਪ੍ਰਤੀ ਘੰਟੇ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਚੱਲਣ ਦੇ ਨਾਲ ਮੀਂਹ ਪੈਣ ਦਾ ਅਲਰਟ ਜਾਰੀ ਕੀਤਾ ਹੈ। ਮੌਸਮ ਵਿਭਾਗ ਨੇ ਕਾਂਗੜਾ, ਕੁੱਲੂ, ਮੰਡੀ, ਸ਼ਿਮਲਾ, ਸੋਲਨ ਅਤੇ ਸਿਰਮੌਰ ਜ਼ਿਲ੍ਹਿਆਂ ਲਈ 4 ਮਈ ਨੂੰ ਅਤੇ ਮੰਡੀ ਤੇ ਸ਼ਿਮਲਾ ਲਈ 5 ਮਈ ਨੂੰ ਮੀਂਹ-ਹਨੇਰੀ ਦੀ ਚਿਤਾਵਨੀ ਜਾਰੀ ਕੀਤੀ ਹੈ। ਮੌਸਮ ਵਿਭਾਗ ਨੇ ਸੂਬੇ ਵਿੱਚ 9 ਮਈ ਤੱਕ ਮੀਂਹ ਪੈਣ ਦੀ ਸੰਭਾਵਨਾ ਜਤਾਈ ਹੈ।

## ਡੀ.ਐਲ.ਐਸ.ਏ. ਵੱਲੋਂ ਮਜ਼ਦੂਰ ਦਿਵਸ ਮੌਕੇ ਜ਼ਿਲ੍ਹੇ ਵਿੱਚ ਜਾਗਰੂਕਤਾ ਅਭਿਆਨ ਦਾ ਆਯੋਜਨ




ਪਟਿਆਲਾ, 4 ਮਈ
-ਕੌਮੀ ਪੱਤ੍ਰਿਕਾ ਬਿਊਰੋ-
ਜ਼ਿਲ੍ਹਾ ਅਤੇ ਸੈਸ਼ਨਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸ੍ਰੀ ਅਵਤਾਰ ਸਿੰਘ, (ਡੀ.ਐਲ.ਐਸ.ਏ.) ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ ਨਗਰ ਜੀ ਦੀਆਂ ਹਦਾਇਤਾਂ ਅਨੁਸਾਰ 1 ਮਈ ਨੂੰ ਲੇਬਰ ਦਿਵਸ ਮਨਾਇਆ ਗਿਆ।

ਇਸ ਮੌਕੇ 'ਤੇ ਜ਼ਿਲ੍ਹਾ ਪਟਿਆਲਾ ਦੇ ਗੁਰੂ ਨਾਨਕ ਬ੍ਰਿਕਸ, ਪਿੰਡ ਨੂਰ ਖੇੜੀਆ ਅਤੇ ਆਟੋ ਰਿਕਸ਼ਾ ਸਟੈਂਡ, ਰੇਲਵੇ ਸਟੇਸ਼ਨ, ਪਟਿਆਲਾ ਵਿਖੇ ਜਾਗਰੂਕਤਾ ਸੈਮੀਨਾਰਾਂ ਦਾ ਆਯੋਜਨ ਕੀਤਾ ਗਿਆ।

ਇਨ੍ਹਾਂ ਸੈਮੀਨਾਰਾਂ ਨੂੰ ਸ਼੍ਰੀ ਅਸ਼ੋਕ ਕੁਮਾਰ ਚੌਹਾਨ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਪਟਿਆਲਾ ਨੇ ਸੰਬੋਧਿਤ ਕੀਤਾ। ਉਨ੍ਹਾਂ ਨੇ ਮਜ਼ਦੂਰਾਂ ਦੇ ਹੱਕਾਂ ਦੀ ਸੁਰੱਖਿਆ, ਉਨ੍ਹਾਂ ਲਈ ਇਜ਼ਤ ਅਤੇ ਨਿਆਂ ਨੂੰ ਯਕੀਨੀ ਬਣਾਉਣ ਦੀ ਮਹੱਤਤਾ ਉਜਾਗਰ ਕੀਤੀ।

ਉਨ੍ਹਾਂ ਨੇ ਕਿਹਾ ਕਿ ਕਾਨੂੰਨੀ ਜਾਗਰੂਕਤਾ ਮਜ਼ਦੂਰ ਵਰਗ ਨੂੰ ਸਸ਼ਕਤ ਕਰਨ ਅਤੇ ਇੱਕ ਨਿਆਂਪੂਰਨ ਤੇ ਸਮਤਾਵਾਂਤ ਸਮਾਜ ਦੀ ਰਚਨਾ ਵਿੱਚ ਇਕ ਮਹੱਤਵਪੂਰਨ ਸਾਧਨ ਹੈ।

ਇਸ ਤੋਂ ਇਲਾਵਾ, ਜ਼ਿਲ੍ਹਾ ਪਟਿਆਲਾ ਦੇ ਪੈਨਲ ਵਕੀਲਾਂ ਅਤੇ ਪੈਰਾ ਲੀਗਲ ਵਲੰਟੀਅਰਜ਼ ਵੱਲੋਂ ਜ਼ਿਲ੍ਹੇ ਵਿੱਚ ਹੋਰ 15 ਜਾਗਰੂਕਤਾ ਸੈਮੀਨਾਰਾਂ ਦਾ ਵੀ ਆਯੋਜਨ ਕੀਤਾ ਗਿਆ।ਇਹ ਸਾਰੇ ਉਪਰਾਲੇ ਮਿਲ ਕੇ ਡੀ.ਐਲ.ਐਸ.ਏ. ਪਟਿਆਲਾ ਦੀ ਕਾਨੂੰਨੀ ਸਹਾਇਤਾ ਪ੍ਰਦਾਨ ਕਰਨ, ਮਜ਼ਦੂਰਾਂ ਦੇ ਹੱਕਾਂ ਦੀ ਰੱਖਿਆ ਕਰਨ ਅਤੇ ਸਮਾਜਿਕ ਨਿਆਂ ਨੂੰ ਉਤਸ਼ਾਹਿਤ ਕਰਨ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੇ ਹਨ।

## ਅੰਜਲੀ ਮਾਨ ਨੇ ਬਾਰ੍ਹਵੀਂ ਜਮਾਤ ਦੇ ਨਤੀਜਿਆਂ ਵਿੱਚ ਪ੍ਰਾਪਤ ਕੀਤੇ 94.7%ਅੰਕ

ਮਾਛੀਵਾੜਾ ਸਾਹਿਬ, 4 ਮਈ
-ਕੌਮੀ ਪੱਤ੍ਰਿਕਾ ਬਿਊਰੋ-
ਏਵੀਅਰ ਕਾਨਵੈਂਟ ਸਕੂਲ ਲੱਖੋਵਾਲ ਦੀ ਬਾਰ੍ਹਵੀਂ ਜਮਾਤ ਦੀ ਵਿਦਿਆਰਥਣ ਅੰਜਲੀ ਮਾਨ ਸਪੁੱਤਰੀ ਸੁਖਵਿੰਦਰ ਮਾਨ ਵਾਸੀ ਮਾਛੀਵਾੜਾ ਨੇ 94.7%ਅੰਕ ਪ੍ਰਾਪਤ ਕਰਦਿਆਂ ਆਪਣੇ ਸਕੂਲ, ਅਧਿਆਪਕਾਂ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ। ਆਪਣੀ ਬੇਟੀ ਦੀ ਇਸ ਸ਼ਾਨਦਾਰ ਪ੍ਰਾਪਤੀ ਤੇ ਖੁਸ਼ੀ ਪ੍ਰਗਟ ਕਰਦਿਆਂ ਪਿਤਾ ਸੁਖਿੰਦਰ ਮਾਨ ਨੇ ਦੱਸਿਆ ਕਿ ਸਕੂਲ ਪ੍ਰਿੰਸੀਪਲ ਗੁਰਿੰਦਰ ਪਾਲ ਸਿੰਘ ਅਤੇ ਅਧਿਆਪਕਾਂ ਦੀ ਸੁਚੱਜੀ ਅਗਵਾਈ ਹੇਠ ਮਿਹਨਤ ਕਰਦਿਆਂ ਬੇਟੀ ਇਸ ਮੁਕਾਮ ਤੱਕ ਪੁੱਜੀ ਹੈ ,ਜਿਸ ਲਈ ਬੇਟੀ ਦੇ ਇਸ ਮਾਣਮੱਤੀ ਪ੍ਰਾਪਤੀ ਲਈ ਅਧਿਆਪਕ ਅਤੇ ਸਕੂਲ ਵਧਾਈ ਦੇ ਪਾਤਰ ਹਨ।

ਕਿਤਾਬਾਂ ਨੂੰ ਆਪਣੇ ਦੋਸਤ ਮੰਨਣ ਵਾਲੀ ਅੰਜਲੀ ਮਾਨ ਹਮੇਸ਼ਾ ਪੜ੍ਹਾਈ ਨੂੰ ਤਰਜੀਹ ਦਿੰਦੀ ਹੈ ਅਤੇ ਉਚ ਮੁਕਾਮ ਹਾਸਿਲ ਕਰ ਮਾਛੀਵਾੜਾ ਸਾਹਿਬ ਦਾ ਨਾਂ ਚਮਕਾਉਣਾ ਚਾਹੁੰਦੀ ਹੈ।ਇਸ ਪ੍ਰਾਪਤੀ ਤੇ ਮਾਨ ਪਰਿਵਾਰ ਨੂੰ ਰਿਸ਼ਤੇਦਾਰ,ਭੈਣ,ਭਰਾ, ਅਤੇ ਸੱਜਣ ਸਨੇਹੀਆਂ ਵੱਲੋਂ ਵਧਾਈ ਦਿੰਦਿਆਂ ਅੰਜਲੀ ਮਾਨ ਦੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਹਨ। ਸੁਖਵਿੰਦਰ ਮਾਨ , ਕੁਲਵਿੰਦਰ ਮਾਨ ਪਰਿਵਾਰ ਵੱਲੋਂ ਵਧਾਈਆਂ ਦੇਣ ਵਾਲਿਆਂ ਦਾ ਤਹਿ ਦਿਲੋਂ ਧੰਨਵਾਦ ਪ੍ਰਗਟ ਕੀਤਾ ਹੈ।

## ਮਈ ਦਿਹਾੜੇ 'ਤੇ ਕੀਤਾ ਗਿਆ ਸ਼ਿਕਾਗੋ ਦੇ ਸ਼ਹੀਦਾਂ ਨੂੰ ਯਾਦ



ਸੁਨਾਮ,4 ਮਈ
-ਕੌਮੀ ਪੱਤ੍ਰਿਕਾ ਬਿਊਰੋ-
ਪਹਿਲੀ ਮਈ ਦੇ ਸ਼ਹੀਦਾਂ ਨੂੰ ਯਾਦ ਕਰਦਿਆਂ ਸ਼ਰਧਾਂਜਲੀ ਸਮਾਗਮ ਕੀਤਾ ਗਿਆ। ਇਸ ਸਮੇਂ ਸ਼ਰਧਾਂਜਲੀ ਭੇਟ ਕਰਦਿਆਂ ਸੀਪੀਆਈਐਮ ਦੇ ਸੂਬਾ ਸਕੱਤਰੇਤ ਮੈਂਬਰ ਕ: ਭੂਪ ਚੰਦ ਚਨੋ ਤੇ ਸੀਪੀਆਈਐਮ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਚਮਕੌਰ ਸਿੰਘ ਖੇੜੀ ਨੇ ਕਿਹਾ ਕਿ ਮਜ਼ਦੂਰ ਸਮਾਜ ਦੀ ਰੀੜ ਦੀ ਹੱਡੀ ਹਨ ਕਿਰਤੀ ਵਰਗ ਦੀ ਮਿਹਨਤ ਅਤੇ ਸਮਰਪਣ ਤੋਂ ਬਿਨਾਂ ਕਿਸੇ ਵੀ ਦੇਸ਼ ਦੀ ਤਰੱਕੀ ਸੰਭਵ ਨਹੀਂ ਹੈ। 140 ਸਾਲ ਪਹਿਲਾਂ ਅਮਰੀਕਾ ਦੇ ਸ਼ਹਿਰ ਸ਼ਿਕਾਗੋ ਤੋਂ ਸ਼ੁਰੂ ਹੋਇਆ ਇਹ ਸੰਘਰਸ਼ ਅੱਜ ਦੇ ਮਜ਼ਦੂਰ ਵਰਗ ਲਈ ਰਾਹ ਦਸੇਰਾ ਬਣਿਆ ਹੋਇਆ ਹੈ ਅਤੇ ਮਜ਼ਦੂਰਾਂ ਦੀ ਕੁਰਬਾਨੀ ਸਦਕਾ ਦਿਹਾੜੀ ਦਾ ਸਮਾਂ ਅੱਠ ਘੰਟੇ ਨੀਅਤ ਕੀਤਾ ਗਿਆ ਹੈ ਪਹਿਲਾਂ ਮਜ਼ਦੂਰਾਂ ਨੂੰ 12 ਤੋਂ 16 ਘੰਟੇ ਤੱਕ ਕੰਮ ਕਰਨਾ ਪੈਂਦਾ ਸੀ ਉਹਨਾਂ ਕਿਹਾ ਕਿ ਇਸ ਦੀ ਸ਼ੁਰੂਆਤ 1889 ਵਿੱਚ ਅਮਰੀਕਾ ਦੇ ਸ਼ਿਕਾਗੋ ਸ਼ਹਿਰ ਵਿੱਚ ਮਜ਼ਦੂਰਾਂ ਵੱਲੋਂ ਅੱਠ ਘੰਟੇ ਕੰਮ ਦੇ ਹੱਕ ਲਈ ਕੀਤੇ ਇਤਿਹਾਸਕ ਸੰਘਰਸ਼ ਤੋਂ ਹੋਈ ਸੀ। ਇਹ ਦਿਨ ਦੁਨੀਆਂ ਭਰ ਵਿੱਚ ਮਜ਼ਦੂਰਾਂ ਦੇ ਹੱਕਾਂ ਏਕਤਾ ਅਤੇ ਉਹਨਾਂ ਦੇ ਅਮੁੱਲੇ ਯੋਗਦਾਨ ਨੂੰ ਸਮਰਪਿਤ ਹੈ,ਮਜ਼ਦੂਰ ਸੰਮੇਲਨ ਵਿੱਚ ਇਕ ਮਈ ਨੂੰ ਮਜ਼ਦੂਰ ਦਿਵਸ ਵਜੋਂ ਮਨਾਉਣ ਦਾ ਫੈਸਲਾ ਲਿਆ ਗਿਆ ਉਹਨਾਂ ਕਿਹਾ ਕਿ ਮਜ਼ਦੂਰ ਦਿਵਸ ਨੂੰ ਲੈ ਕੇ ਭਾਰਤ ਰਤਨ ਡਾਕਟਰ ਬੀਅਰ ਅੰਬੇਦਕਰ ਦਾ ਵੱਡਾ ਯੋਗਦਾਨ ਰਿਹਾ ਹੈ। ਅਤੇ 1 ਮਈ 1923 ਨੂੰ ਭਾਰਤ ਵਿੱਚ ਪਹਿਲੀ ਵਾਰ ਮਜ਼ਦੂਰ ਦਿਵਸ ਮਦਰਾਜ ਚੇਨਈ ਵਿੱਚ ਮਨਾਇਆ ਗਿਆ, ਉਹਨਾਂ ਕਿਹਾ ਕਿ ਮਜ਼ਦੂਰਾਂ ਦੇ ਹੱਕਾਂ ਨੂੰ ਸੰਵਿਧਾਨਕ ਰੂਪ ਦੇਣ ਲਈ ਪਹਿਲੇ ਵਿਅਕਤੀ ਡਾਕਟਰ ਅੰਬੇਦਕਰ ਹੀ ਸਨ ਜਿਨ੍ਹਾਂ ਨੇ ਦੱਬੇ ਕੁਚਲੇ ਲੋਕਾਂ ਨੂੰ ਬਰਾਬਰਤਾ ਦਾ ਅਧਿਕਾਰ ਦਿੱਤਾ ਉਹਨਾਂ ਕਿਹਾ ਕਿ ਅੱਜ ਦੇ ਹਾਕਮ ਕਾਰਪੋਰੇਟ ਘਰਾਨਿਆਂ ਦੇ ਮੁਨਾਫਿਆਂ ਲਈ ਮਿਹਨਤਕਸ਼ ਲੋਕਾਂ ਦੀ ਆਵਾਜ਼ ਨੂੰ ਦਬਾ ਰਹੇ ਹਨ ।

ਇਸੇ ਤਰ੍ਹਾਂ ਸਥਾਨਕ ਸਬਜ਼ੀ ਮੰਡੀ ਵਿੱਚ ਵੀ ਮਈ ਦਿਹਾੜੇ ਤੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਸਮੇਂ ਹੋਰਨਾਂ ਤੋਂ ਇਲਾਵਾ ਕਾਮਰੇਡ ਹੰਗੀ ਖਾਨ ਤਹਿਸੀਲ ਸਕੱਤਰ ਸੁਨਾਮ ਕਾ: ਨਛੱਤਰ ਸਿੰਘ ,ਕਾ: ਨਿਰਮਲ ਸਿੰਘ ਕਾ: ਭਗਵਾਨ ਸਿੰਘ ਕ: ਵਰਿੰਦਰ ਕੌਸ਼ਿਕ,ਕਾ: ਬਲਦੇਵ ਸਿੰਘ, ਕਾ: ਦਰਸ਼ਨ ਸਿੰਘ ਮੱਟੂ ਤੇ ਕਾ: ਬਲਦੇਵ ਸਿੰਘ, ਬਾਜ ਸਿੰਘ ,ਭੋਲਾ ਸਿੰਘ ਆਦਿ ਆਗੂਆਂ ਨੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ

## ਦਿਨੋ ਦਿਨ ਵਧਦੀਆਂ ਖ਼ੂਨੀ ਵਾਰਦਾਤਾਂ ਕਾਰਨ ਪੰਜਾਬ ਦੇ ਲੋਕਾਂ ਵਿਚ ਸਹਿਮ ਦਾ ਮਾਹੌਲ: ਸੁੱਖਦੀਪ ਸਰਪੰਚ

ਮਾਛੀਵਾੜਾ ਸਾਹਿਬ, 4 ਮਈ
-ਕੌਮੀ ਪੱਤ੍ਰਿਕਾ ਬਿਊਰੋ-
ਪੰਜਾਬ ਦਾ ਮਹੌਲ ਖਰਾਬ ਕਰਨ ਵਿਚ ਕਿਸ ਦਾ ਹੱਥ ਹੈ ? ਆਮ ਜਨਤਾ ਕਿਥੇ ਜਾਵੇ ?ਇਹ ਸਵਾਲ ਸਰਕਾਰ ਅਤੇ ਪ ?ਸਾਸ਼ਨ 'ਤੇ ਸਵਾਲੀਆ ਚਿੰਨ ? ਲਗਾਉਂਦੇ ਹਨ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਕਾਂਗਰਸ ਦੇ ਬਲਾਕ ਮਾਛੀਵਾੜਾ ਦੇ ਵਾਇਸ ਪ੍ਰਧਾਨ ਸੁਖਦੀਪ ਸਿੰਘ ਬਾਜਵਾ ਨੇ ਪੰਜਾਬ ਦੇ ਮੌਜੂਦਾ ਹਾਲਾਤਾਂ ਤੇ ਡੂੰਘੀ ਚਿੰਤਾ ਪ੍ਰਗਟ ਕੀਤੀ ਹੈ।

ਉਨਾਂ ਕਿਹਾ ਕਿ ਪਿਛਲੇ ਦਿਨੀਂ ਕਤਲ ਕੀਤੇ ਗਏ ਕਾਂਗਰਸ ਦੇ ਬਲਾਕ ਪ੍ਰਧਾਨ ਪਰਮਿੰਦਰ ਤਿਵਾੜੀ ਦਾ ਹਾਲੇ ਸਿਵਾ ਵੀ ਠੰਢਾ ਨਹੀਂ ਹੋਇਆ ਕਿ ਮਾਛੀਵਾੜਾ ਸ਼ਹਿਰ ਵਿਚ ਕੱਲ੍ਹ ਫਿਰ ਦਿਨ ਦਿਹਾੜੇ ਖੂਨੀ ਤਾਂਡਵ ਦੇਖਣ ਨੂੰ ਮਿਲਿਆ ।

ਇਸ ਘਟਨਾ ਨੇ ਲੋਕਾਂ ਵਿੱਚ ਸਹਿਮ ਭਰ ਦਿਤਾ। ਦੋ ਧੜਿਆਂ ਵਿੱਚ ਹੋਈ ਲੜਾਈ ਦਾ ਮੁੱਖ ਕਾਰਨ ਕੀ ਹੈ , ਇਸ ਦਾ ਪਤਾ ਤਾਂ ਪ ?ਸ਼ਾਸ਼ਨ ਦੀ ਜਾਂਚ ਤੋਂ ਬਾਅਦ ਹੀ ਚੱਲੇਗਾ ਪਰ ਸਰਕਾਰ ਦੁਆਰਾ ਕੀਤੇ ਸਾਰੇ ਵਾਅਦੇ ਅਸਫਲ ਹੀ ਪ੍ਰੀਤ ਹੋ ਰਹੇ ਹਨ । ਉਨਾਂ ਕਿਹਾ ਕਿ ਮਾਛੀਵਾੜਾ ਸਾਹਿਬ ਕਾਂਗਰਸ ਪਾਰਟੀ ਇਸ ਘਿਨੌਣੇ ਹੱਤਿਆਕਾਂਡ ਦੀ ਕਰੜੇ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਸਰਕਾਰ ਤੋਂ ਮੰਗ ਕਰਦੀ ਹੈ ਕਿ ਦੋਸ਼ੀਆਂ ਨੂੰ ਜਲਦ ਗ੍ਰਿਫਤਾਰ ਕਰਕੇ ਪਰਿਵਾਰ ਨੂੰ ਨਿਆਂ ਦੇਵੇ।

## ਬਾਬਾ ਸਾਹਿਬ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਸਮਾਨਤਾ ਲਾਜ਼ਮੀ: ਡਾ. ਬਲਬੀਰ ਸਿੰਘ




ਪਟਿਆਲਾ, 4 ਮਈ
-ਕੌਮੀ ਪੱਤ੍ਰਿਕਾ ਬਿਊਰੋ-
ਪਟਿਆਲਾ ਦੇ ਰਣਜੀਤ ਨਗਰ ਵਿੱਚ ਆਲ ਇੰਡੀਆ ਅੰਬੇਡਕਰ ਮਹਾਸਭਾ (ਰਜਿ.) ਦੇ ਕੇਂਦਰੀ ਦਫ਼ਤਰ ਦਾ ਰਸਮੀ ਉਦਘਾਟਨ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕੀਤਾ। ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਸਮਾਜ ਸੇਵਕਾਂ, ਅਧਿਕਾਰੀਆਂ ਅਤੇ ਸਥਾਨਕ ਨਿਵਾਸੀਆਂ ਨੇ ਸ਼ਿਰਕਤ ਕੀਤੀ।

ਮੁੱਖ ਮਹਿਮਾਨ ਡਾ. ਬਲਬੀਰ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਡਾ. ਬੀ. ਆਰ. ਅੰਬੇਡਕਰ ਦੇ ਸੁਪਨਿਆਂ ਵਾਲਾ ਸਮਾਜ ਤਦ ਹੀ ਬਣ ਸਕਦਾ ਹੈ ਜਦੋਂ ਹਰ ਵਰਗ ਨੂੰ ਬਰਾਬਰੀ ਦੇ ਮੌਕੇ ਮਿਲਣ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ, ਸਿਹਤ ਅਤੇ ਰੋਜ਼ਗਾਰ ਦੇ ਖੇਤਰ ਵਿੱਚ ਲਗਾਤਾਰ ਕਦਮ ਚੁੱਕ ਰਹੀ ਹੈ ਤਾਂ ਜੋ ਆਮ ਲੋਕਾਂ ਦੀ ਜ਼ਿੰਦਗੀ ਵਿੱਚ ਸੁਧਾਰ ਆ ਸਕੇ।

ਸਿਹਤ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਸਿਹਤ ਬੀਮਾ ਯੋਜਨਾ ਤਹਿਤ 10 ਲੱਖ ਰੁਪਏ ਤੱਕ ਦਾ ਬੀਮਾ ਦੇ ਕੇ ਸਰਕਾਰ ਨੇ ਗਰੀਬ ਅਤੇ ਮੱਧ ਵਰਗ ਦੇ ਲੋਕਾਂ ਨੂੰ ਵੱਡੀ ਰਾਹਤ ਦਿੱਤੀ ਹੈ। ਓਹਨਾ ਕਿਹਾ ਕਿ ਮੁਹੱਲਾ ਕਲੀਨਿਕਾਂ ਰਾਹੀਂ ਲੋਕਾਂ ਨੂੰ ਘਰ ਦੇ ਨੇੜੇ ਹੀ ਮੁਫ਼ਤ ਅਤੇ ਵਧੀਆ ਸਿਹਤ ਸੇਵਾਵਾਂ ਮਿਲ ਰਹੀਆਂ ਹਨ, ਜਿਸ ਨਾਲ ਲੋਕਾਂ ਦਾ ਖਰਚਾ ਘਟਿਆ ਹੈ।

ਡਾ. ਬਲਬੀਰ ਸਿੰਘ ਨੇ ਇਹ ਵੀ ਕਿਹਾ ਕਿ ਨੌਜਵਾਨਾਂ ਲਈ ਨਵੀਆਂ ਨੌਕਰੀਆਂ ਪੈਦਾ ਕਰਨ, ਮਜ਼ਦੂਰਾਂ ਦੀ ਭਲਾਈ ਲਈ ਖ਼ਾਸ ਯੋਜਨਾਵਾਂ ਲਿਆਉਣ ਅਤੇ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰਨ ਲਈ ਸਰਕਾਰ ਵਚਨਬੱਧ ਹੈ।

ਇਸ ਮੌਕੇ ਮਹਾਸਭਾ ਦੇ ਕੌਮੀ ਪ੍ਰਧਾਨ ਰਾਕੇਸ਼ ਬਹਾਦਰ ਨੇ ਵੀ ਅਮਰੀਕ ਸਿੰਘ ਬੰਗੜ ਦੀ ਕਾਰਗੁਜ਼ਾਰੀ ਦੀ ਸਰਾਹਨਾ ਕਰਦਿਆਂ ਕਿਹਾ ਕਿ ਉਹ ਇੱਕ ਸੱਚੇ ਅੰਬੇਡਕਰਵਾਦੀ ਹਨ। ਉਨ੍ਹਾਂ ਦੱਸਿਆ ਕਿ ਸੰਗਠਨ ਦੇਸ਼ ਦੇ 18 ਰਾਜਾਂ ਵਿੱਚ ਸਰਗਰਮ ਹੈ ਅਤੇ ਸਮਾਜਿਕ ਜਾਗਰੂਕਤਾ ਫੈਲਾਉਣ ਦੇ ਨਾਲ-ਨਾਲ ਨੌਜਵਾਨਾਂ ਨੂੰ ਅੰਬੇਡਕਰਵਾਦੀ ਸੋਚ ਨਾਲ ਜੋੜ ਰਿਹਾ ਹੈ।

ਪ੍ਰੋਗਰਾਮ ਦੌਰਾਨ ਕੌਮੀ ਖਜ਼ਾਨਚੀ ਰੀਨਾ ਗਾਵਸਕਰ ਵਾਲਮੀਕਿ, ਪੰਜਾਬ ਪ੍ਰਦੇਸ਼ ਪ੍ਰਧਾਨ ਨਿਰਮਲਜੀਤ, ਰੋਹਿਤ ਹੰਸ, ਸੁਖ ਰਾਮ ਅਤੇ ਉਪ ਪ੍ਰਧਾਨ ਪਲਵਿੰਦਰ ਸਿੰਘ ਦੋਸਾਂਝ ਨੇ ਵੀ ਸੰਬੋਧਨ ਕੀਤਾ।

ਇਸ ਮੌਕੇ ਨਿਰਮਲ ਚੌਹਾਨ, ਹਰਵਿੰਦਰ ਵਾਲੀਆ, ਭਗਤ ਰਾਜ ਤਿਸਾਵਰ, ਡਾ. ਬਲਰਾਜ ਬੇਦੀ ਸਮੇਤ ਕਈ ਹੋਰ ਪ੍ਰਮੁੱਖ ਸ਼ਖਸੀਅਤਾਂ ਵੀ ਮੌਜੂਦ ਸਨ।

## ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਸ਼ਰਧਾਲੂਆਂ ਦੀ ਬੱਸ ਨੂੰ ਕੀਤਾ ਰਵਾਨਾ




ਕਾਹਨੂੰਵਾਨ, 4 ਮਈ
-ਕੌਮੀ ਪੱਤ੍ਰਿਕਾ ਬਿਊਰੋ-
ਐਡਵੋਕੇਟ ਜਗਰੂਪ ਸਿੰਘ ਸੇਖਵਾਂ,ਹਲਕਾ ਇੰਚਾਰਜ ਕਾਦੀਆਂ ਵਲੋਂ ਪਿੰਡ ਭੱਟੀਆਂ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਦੀ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਦੱਸਿਆ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਦੀ ਬੱਸ ਨੂੰ ਰਵਾਨਾ ਕੀਤਾ ? ਗਿਆ।

ਉਨ੍ਹਾਂ ਕਿਹਾ ਕਿ ਇਹ ਦੇਖ ਕੇ ਬਹੁਤ ਖੁਸ਼ੀ ਹੋਈ ਕਿ ਸਾਡੇ ਬਜ਼ੁਰਗ ਅਤੇ ਪਰਿਵਾਰ ਹੁਣ ਬਿਨਾਂ ਕਿਸੇ ਖਰਚੇ ਦੇ ਪਵਿੱਤਰ ਅਸਥਾਨਾਂ ਦੇ ਦਰਸ਼ਨ ਕਰ ਰਹੇ ਹਨ।ਉਨ੍ਹਾਂ ਅੱਗੇ ਕਿਹਾ ਕਿ ਆਪ ਸਰਕਾਰ ਦਾ ਇਹ ਉਪਰਾਲਾ ਨਾ ਸਿਰਫ ਲੋਕਾਂ ਨੂੰ ਧਰਮ ਨਾਲ ਜੋੜ ਰਿਹਾ ਹੈ, ਬਲਕਿ ਉਹਨਾਂ ਦੇ ਸੁਪਨਿਆਂ ਨੂੰ ਵੀ ਹਕੀਕਤ ਵਿੱਚ ਬਦਲ ਰਿਹਾ ਹੈ। ਸਾਰੇ ਸ਼ਰਧਾਲੂਆਂ ਨੂੰ ਸੁਖਦ ਅਤੇ ਮੰਗਲਮਈ ਯਾਤਰਾ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ।

ਉਨ੍ਹਾਂ ਅੱਗੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਲੋਕਾਂ ਨੂੰ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ ਅਤੇ ਲੋਕ ਪੂਰੀ ਸ਼ਰਧਾ ਭਾਵਨਾ ਨਾਲ ਯਾਤਰਾ ਕਰ ਰਹੇ ਹਨ।

ਉਨ੍ਹਾਂ ਦੱਸਿਆ ਕਿ ਇਹ ਬੱਸ ਰਾਹੀਂ ਤਿੰਨ ਦਿਨਾਂ ਵਿੱਚ ਸ਼ਰਧਾਲੂਆਂ ਨੂੰ ਸ਼੍ਰੀ ਆਨੰਦਪੁਰ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਵਿਰਾਸਤ -ਏ-ਖਾਲਸਾ, ਸ੍ਰੀ ਕੀਰਤਪੁਰ ਸਾਹਿਬਾਨ ਅਤੇ ਮਾਤਾ ਨੈਣਾ ਦੇਵੀ ਦੇ ਦਰਸ਼ਨ ਕਰਵਾਏ ਜਾਣਗੇ। ਇਸ ਮੌਕੇ ਯਾਤਰਾ ਤੇ ਜਾ ਰਹੇ ਸ਼ਰਧਾਲੂਆਂ ਨੇ ਮੁੱਖ ਮੰਤਰੀ ਪੰਜਾਬ ਅਤੇ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਦਾ ਧੰਨਵਾਦ ਕਰਦਿਆਂ ਕਿ ਮੁੱਖ ਮੰਤਰੀ ਤੀਰਥ ਯੋਜਨ ਨਾਲ ਲੋਕਾਂ ਵਿੱਚ ਖੁਸ਼ੀ ਵਰਗਾ ਮਾਹੌਲ ਹੈ।

## ਨਵੇਂ ਬਿੱਲ ਨਾਲ ਜੇਲ੍ਹਾਂ ਸਿਰਫ ਸਜ਼ਾ ਨਹੀਂ, ਸੁਧਾਰ ਅਤੇ ਇੱਜ਼ਤ ਦੇ ਕੇਂਦਰ ਬਣਨਗੀਆਂ: ਡਾ. ਰਵਜੋਤ ਸਿੰਘ



ਚੰਡੀਗੜ੍ਹ, 4 ਮਈ
-ਕੌਮੀ ਪੱਤ੍ਰਿਕਾ ਬਿਊਰੋ-
ਜੇਲ੍ਹ ਪ੍ਰਣਾਲੀ ਵਿੱਚ ਵੱਡੇ ਸੁਧਾਰ ਲਿਆਂਦੇ ਜਾਣ ਦੇ ਮੰਤਵ ਨਾਲ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪੰਜਾਬ ਜੇਲ੍ਹਾਂ ਅਤੇ ਸੁਧਾਰ ਸੇਵਾਵਾਂ ਬਿੱਲ, 2026 ਤਿਆਰ ਕੀਤਾ ਗਿਆ ਹੈ, ਜੋ ਸੂਬੇ ਦੀ ਮੌਜੂਦਾ ਜੇਲ੍ਹ ਪ੍ਰਸ਼ਾਸਨ ਪ੍ਰਣਾਲੀ ਨੂੰ ਆਧੁਨਿਕ, ਤਕਨੀਕੀ ਅਤੇ ਮਨੁੱਖੀ ਦਿਸ਼ਾ ਦੇਵੇਗਾ। ਇਹ ਬਿੱਲ ਪੁਰਾਣੇ ਪ੍ਰਿਜ਼ਨ ਐਕਟ, 1894 ਦੀ ਥਾਂ ਲਵੇਗਾ, ਜੋ ਮੁੱਖ ਤੌਰ 'ਤੇ ਹਿਰਾਸਤ ਅਤੇ ਅਨੁਸ਼ਾਸਨ ਤੱਕ ਸੀਮਿਤ ਸੀ ਅਤੇ ਆਧੁਨਿਕ ਚੁਣੌਤੀਆਂ ਨਾਲ ਪੂਰੀ ਤਰ੍ਹਾਂ ਵਾਬਸਤਾ ਸੀ।

ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ ਪੰਜਾਬ ਦੇ ਜੇਲ੍ਹਾਂ, ਐਨਆਰਆਈ ਮਾਮਲੇ ਅਤੇ ਸੰਸਦੀ ਕਾਰਜ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਨਵਾਂ ਬਿੱਲ ਜੇਲ੍ਹਾਂ ਨੂੰ ਸਿਰਫ ਕੈਦਖਾਨਿਆਂ ਤੋਂ ਬਦਲ ਕੇ ਸੁਧਾਰ, ਪੁਨਰਵਾਸ ਅਤੇ ਸਮਾਜਿਕ ਪੁਨਰ-ਇਕਤੀਕਰਨ ਦੇ ਕੇਂਦਰਾਂ ਵਿੱਚ ਤਬਦੀਲ ਕਰਨ 'ਤੇ ਕੇਂਦਰਿਤ ਹੈ। ਇਸ ਵਿੱਚ ਬੰਦੀਆਂ ਦੇ ਮਨੁੱਖੀ ਅਧਿਕਾਰਾਂ ਦੀ ਰੱਖਿਆ, ਪਾਰਦਰਸ਼ਤਾ ਅਤੇ ਜ਼ਿੰਮੇਵਾਰੀ ਨੂੰ ਵਧਾਉਣ ਅਤੇ ਸੁਰੱਖਿਆ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ ਕਈ ਪ੍ਰਬੰਧ ਕੀਤੇ ਗਏ ਹਨ।

ਤਕਨੀਕ ਦੇ ਇਸਤੇਮਾਲ 'ਤੇ ਜ਼ੋਰ ਦਿੰਦਿਆਂ ਕੈਬਿਨੇਟ ਮੰਤਰੀ ਨੇ ਕਿਹਾ, ਬਿੱਲ ਵਿੱਚ ਜੇਲ੍ਹਾਂ ਵਿੱਚ ਆਧੁਨਿਕ ਤਕਨੀਕ ਦਾ ਵਿਆਪਕ ਇਸਤੇਮਾਲ ਯਕੀਨੀ ਬਣਾਇਆ ਗਿਆ ਹੈ, ਜਿਸ ਵਿੱਚ ਈ-ਪ੍ਰਿਜ਼ਨ ਸਿਸਟਮ, ਡਿਜ਼ਿਟਲ ਰਿਕਾਰਡ ਪ੍ਰਬੰਧਨ, ਬਾਇਓਮੈਟ੍ਰਿਕ ਪਹਿਚਾਣ, ਵੀਡੀਓ ਕਾਨਫਰੰਸਿੰਗ, ਏ.ਆਈ. ਆਧਾਰਿਤ ਸੀਸੀਟੀਵੀ ਨਿਗਰਾਨੀ, ਆਰ.ਐਫ.ਆਈ.ਡੀ. ਟ੍ਰੈਕਿੰਗ ਅਤੇ ਐਂਟੀ-ਡ੍ਰੋਨ ਸਿਸਟਮ ਸ਼ਾਮਲ ਹਨ, ਜੋ ਜੇਲ੍ਹ ਪ੍ਰਸ਼ਾਸਨ ਵਿੱਚ ਪਾਰਦਰਸ਼ਤਾ ਅਤੇ ਕਾਰਗੁਜ਼ਾਰੀ ਨੂੰ ਕਾਫੀ ਵਧਾਉਣਗੇ।

ਸੁਰੱਖਿਆ ਵਿੱਚ ਸੁਧਾਰਾਂ ਬਾਰੇ ਦੱਸਦਿਆਂ ਉਨ੍ਹਾਂ ਕਿਹਾ, ਉੱਚ-ਖਤਰੇ ਵਾਲੇ ਕੈਦੀਆਂ ਲਈ ਹਾਈ-ਸਿਕਿਊਰਿਟੀ ਜ਼ੋਨ ਬਣਾਏ ਜਾਣਗੇ, ਤਾਂ ਜੋ ਹੋਰ ਕੈਦੀਆਂ 'ਤੇ ਨਕਾਰਾਤਮਕ ਪ੍ਰਭਾਵ ਨਾ ਪਵੇ। ਇਸ ਦੇ ਨਾਲ ਹੀ ਅੰਦਰੂਨੀ ਸੁਰੱਖਿਆ ਨੂੰ ਮਜ਼ਬੂਤ ਕਰਨ ਲਈ ਰਿਸਰਚ, ਐਨਾਲਿਸਿਸ ਅਤੇ ਇੰਟੈਲੀਜੈਂਸ (ਆਰ.ਏ.ਆਈ.) ਵਿੰਗ ਸਥਾਪਿਤ ਕੀਤਾ ਜਾਵੇਗਾ।

ਉਨ੍ਹਾਂ ਅੱਗੇ ਕਿਹਾ, ਬਿੱਲ ਵਿੱਚ ਉਮਰ, ਲਿੰਗ, ਅਪਰਾਧਿਕ ਪਿਛੋਕੜ, ਸਿਹਤ ਅਤੇ ਵਿਵਹਾਰ ਦੇ ਆਧਾਰ 'ਤੇ ਬੰਦੀਆਂ ਦੀ ਵਿਗਿਆਨਕ ਵਰਗੀਕਰਨ ਦੀ ਵਿਵਸਥਾ ਹੈ। ਇਸ ਦੇ ਨਾਲ ਹੀ ਮਹਿਲਾਵਾਂ, ਟ੍ਰਾਂਸਜੈਂਡਰ ਵਿਅਕਤੀਆਂ, ਬਜ਼ੁਰਗ ਅਤੇ ਬਿਮਾਰ ਕੈਦੀਆਂ ਲਈ ਵੱਖਰੀ ਰਹਾਇਸ਼, ਮਹਿਲਾ ਸਟਾਫ ਦੀ ਤਾਇਨਾਤੀ ਅਤੇ ਗਰਭਵਤੀ ਮਹਿਲਾਵਾਂ ਅਤੇ ਬੱਚਿਆਂ ਲਈ ਯੋਗ ਸੁਵਿਧਾਵਾਂ ਪ੍ਰਦਾਨ ਕੀਤੀਆਂ ਜਾਣਗੀਆਂ।

ਸਿਹਤ ਅਤੇ ਹੁਨਰ ਵਿਕਾਸ 'ਤੇ ਜ਼ੋਰ ਦਿੰਦਿਆਂ ਡਾ. ਰਵਜੋਤ ਸਿੰਘ ਨੇ ਕਿਹਾ, ਹਰ ਜੇਲ੍ਹ ਵਿੱਚ ਮੈਡੀਕਲ ਸੁਵਿਧਾਵਾਂ, ਨਿਯਮਿਤ ਸਿਹਤ ਜਾਂਚ, ਟੀਬੀ, ਐਚਆਈਵੀ ਅਤੇ ਨਸ਼ੇ ਨਾਲ ਸੰਬੰਧਿਤ ਬਿਮਾਰੀਆਂ ਦੀ ਸਕ੍ਰੀਨਿੰਗ, ਡੀ-ਐਡਿਕਸ਼ਨ ਕੇਂਦਰ ਅਤੇ ਮਾਨਸਿਕ ਸਿਹਤ 'ਤੇ ਖਾਸ ਧਿਆਨ ਦਿੱਤਾ ਜਾਵੇਗਾ। ਸਿੱਖਿਆ ਅਤੇ ਹੁਨਰ ਵਿਕਾਸ ਨੂੰ ਵੀ ਤਰਜੀਹ ਦਿੱਤੀ ਗਈ ਹੈ, ਜਿਸ ਤਹਿਤ ਕੈਦੀਆਂ ਨੂੰ ਸਿੱਖਿਆ, ਲਾਇਬ੍ਰੇਰੀ ਅਤੇ ਵੋਕੇਸ਼ਨਲ ਟ੍ਰੇਨਿੰਗ ਦੀ ਸਹੂਲਤ ਮਿਲੇਗੀ, ਤਾਂ ਜੋ ਉਹ ਸਮਾਜ ਵਿੱਚ ਵਾਪਸੀ ਲਈ ਤਿਆਰ ਹੋ ਸਕਣ। ਜੇਲ੍ਹ ਉਦਯੋਗ ਰੋਜ਼ਗਾਰ ਦੇ ਮੌਕੇ ਪੈਦਾ ਕਰਨਗੇ ਅਤੇ ਹੁਨਰ ਦੇ ਆਧਾਰ 'ਤੇ ਮਜ਼ਦੂਰੀ ਦਿੱਤੀ ਜਾਵੇਗੀ।

ਉਨ੍ਹਾਂ ਕਿਹਾ, ਜੇਲ੍ਹਾਂ ਅੰਦਰ ਅਪਰਾਧਾਂ ਲਈ ਸਖ਼ਤ ਸਜ਼ਾਵਾਂ ਦਾ ਪ੍ਰਬੰਧ ਕੀਤਾ ਗਿਆ ਹੈ ਅਤੇ ਭੱਜਣ ਦੀ ਕੋਸ਼ਿਸ਼, ਅਧਿਕਾਰੀਆਂ ਨੂੰ ਧਮਕਾਉਣਾ ਜਾਂ ਮਨਾਹੀਸ਼ੁਦਾ ਸਮਾਨ ਦੀ ਸਮੱਗਲਿੰਗ ਨੂੰ ਗੰਭੀਰ ਅਪਰਾਧ ਮੰਨਿਆ ਜਾਵੇਗਾ।

ਬਿੱਲ ਵਿੱਚ ਖੁੱਲ੍ਹੀਆਂ ਅਤੇ ਅੱਧ-ਖੁੱਲ੍ਹੀਆਂ ਜੇਲ੍ਹਾਂ ਦੀ ਸਥਾਪਨਾ ਦਾ ਪ੍ਰਸਤਾਵ ਹੈ, ਤਾਂ ਜੋ ਯੋਗ ਬੰਦੀਆਂ ਨੂੰ ਹੌਲੀ-ਹੌਲੀ ਸਮਾਜ ਵਿੱਚ ਦੁਬਾਰਾ ਸ਼ਾਮਲ ਕੀਤਾ ਜਾ ਸਕੇ। ਇਸ ਨਾਲ ਹੀ ਰਿਹਾਈ ਤੋਂ ਬਾਅਦ ਪੁਨਰਵਾਸ ਅਤੇ ਆਫਟਰਕੇਅਰ ਸੇਵਾਵਾਂ ਦਾ ਵੀ ਪ੍ਰਬੰਧ ਕੀਤਾ ਗਿਆ ਹੈ।

ਬਿਲ ਬਾਰੇ ਦੱਸਦਿਆਂ ਡਾ. ਰਵਜੋਤ ਸਿੰਘ ਨੇ ਕਿਹਾ, ਪੰਜਾਬ ਜੇਲ੍ਹਾਂ ਅਤੇ ਸੁਧਾਰ ਸੇਵਾਵਾਂ ਬਿੱਲ, 2026 ਇੱਕ ਵਿਸਤ੍ਰਿਤ ਸੁਧਾਰਕ ਕਦਮ ਹੈ, ਜੋ ਸੁਰੱਖਿਆ, ਤਕਨੀਕ ਅਤੇ ਮਨੁੱਖੀ ਅਧਿਕਾਰਾਂ ਵਿੱਚ ਸੰਤੁਲਨ ਬਣਾਉਂਦਾ ਹੋਇਆ ਜੇਲ੍ਹਾਂ ਨੂੰ ਆਧੁਨਿਕ ਸੁਧਾਰ ਘਰਾਂ ਵਿੱਚ ਤਬਦੀਲ ਕਰਨ ਵੱਲ ਮਜ਼ਬੂਤ ਕਦਮ ਹੈ।

## ਪੰਜਾਬ ਨੂੰ ਮੁੜ ਤੋਂ ਪਹਿਲੇ ਨੰਬਰ ਦਾ ਸੂਬਾ ਬਣਾਉਣ ਲਈ ਮਿਸਲ ਸਤਲੁਜ ਵੱਲੋਂ ਚੜ੍ਹਦੀ ਕਲਾ ਰੈਲੀ :ਅਜੇਪਾਲ ਸਿੰਘ ਬਰਾੜ



ਮੋਹਾਲੀ , 4 ਮਈ
-ਕੌਮੀ ਪੱਤ੍ਰਿਕਾ ਬਿਊਰੋ-
ਪੰਜਾਬ ਦੇ ਆਰਥਿਕ, ਸਮਾਜਿਕ ਅਤੇ ਸੱਭਿਆਚਾਰਕ ਹੱਕਾਂ ਦੀ ਰੱਖਿਆ ਲਈ ਰਾਜਸੀ ਜਥੇਬੰਦੀ ਮਿਸਲ ਸਤਲੁਜ ਪੰਜਾਬ ਵਿੱਚ ਇੱਕ ਮਜ਼ਬੂਤ, ਸਿਧਾਂਤਕ ਅਤੇ ਬਦਲਵੀਂ ਰਾਜਨੀਤਿਕ ਧਾਰਾ ਵਜੋਂ ਤੇਜ਼ੀ ਨਾਲ ਆਪਣੀ ਪਛਾਣ ਬਣਾ ਰਹੀ ਹੈ। ਜਥੇਬੰਦੀ ਦਾ ਪ੍ਰਮੁੱਖ ਮੰਤਵ ਪੰਜਾਬ ਨੂੰ ਮੁੜ ਤਰੱਕੀ, ਖੁਸ਼ਹਾਲੀ ਅਤੇ ਆਤਮ-ਸਨਮਾਨ ਦੇ ਰਾਹ 'ਤੇ ਲਿਆਉਣਾ ਹੈ, ਤਾਂ ਜੋ ਸੂਬੇ ਦੇ ਹੱਕਾਂ ਦੀ ਸੰਵਿਧਾਨਕ ਅਤੇ ਲੋਕਤਾਂਤਰਿਕ ਢੰਗ ਨਾਲ ਮਜ਼ਬੂਤ ਸੁਰੱਖਿਆ ਯਕੀਨੀ ਬਣਾਈ ਜਾ ਸਕੇ।

ਮਿਸਲ ਸਤਲੁਜ ਦੇ ਪ੍ਰਧਾਨ ਸਰਦਾਰ ਅਜੇਪਾਲ ਸਿੰਘ ਬਰਾੜ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਿਸਲ ਸਤਲੁਜ ਵੱਲੋਂ 3 ਮਈ ਨੂੰ ਜ਼ਿਲ੍ਹਾ ਮੋਹਾਲੀ ਦੇ ਖਰੜ ਹਲਕੇ ਵਿੱਚ ਸਥਿਤ ਫਤਿਹਗੜ੍ਹ ਪੈਲਸ, ਕੁਰਾਲੀ ਵਿਖੇ ਇੱਕ ਵਿਸ਼ਾਲ ਅਤੇ ਇਤਿਹਾਸਕ ਚੜ੍ਹਦੀ ਕਲਾ ਰੈਲੀ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਚੜ੍ਹਦੀ ਕਲਾ ਰੈਲੀ ਪੰਜਾਬ ਦੇ ਭਵਿੱਖ ਨੂੰ ਨਵੀਂ ਦਿਸ਼ਾ ਦੇਣ ਵਾਲਾ ਇੱਕ ਮੀਲ ਪੱਥਰ ਸਾਬਤ ਹੋਵੇਗੀ।

ਉਨ੍ਹਾਂ ਦੱਸਿਆ ਕਿ ਇਸ ਰੈਲੀ ਦਾ ਮੁੱਖ ਉਦੇਸ਼ ਪੰਜਾਬ ਨੂੰ ਮੁੜ ਤੋਂ ਪਹਿਲੇ ਨੰਬਰ ਦਾ ਸੂਬਾ ਬਣਾਉਣ ਲਈ ਵਿਆਪਕ ਲੋਕ-ਚਰਚਾ ਸ਼ੁਰੂ ਕਰਨਾ, ਔਰਤਾਂ ਦੇ ਸਸ਼ਕਤੀਕਰਨ ਨੂੰ ਮਜ਼ਬੂਤੀ ਦੇਣਾ, ਪੰਜਾਬ ਦੀਆਂ ਹੱਕੀ ਮੰਗਾਂ ਪ੍ਰਤੀ ਜਾਗਰੂਕਤਾ ਪੈਦਾ ਕਰਨੀ ਅਤੇ ਮੌਜੂਦਾ ਸਰਕਾਰ ਦੀਆਂ ਨਾਕਾਮ ਨੀਤੀਆਂ ਨੂੰ ਜਨਤਾ ਦੇ ਸਾਹਮਣੇ ਬੇਨਕਾਬ ਕਰਨਾ ਹੈ।

ਸਰਦਾਰ ਬਰਾੜ ਨੇ ਕਿਹਾ ਕਿ ਚੜ੍ਹਦੀ ਕਲਾ ਰੈਲੀ ਦੀ ਤਿਆਰੀਆਂ ਜ਼ੋਰ-ਸ਼ੋਰ ਨਾਲ ਜਾਰੀ ਹਨ ਅਤੇ ਮਿਸਲ ਸਤਲੁਜ ਦੇ ਮੈਂਬਰ ਭੱਬਾਂ ਪੈਰ ਇਸਨੂੰ ਕਾਮਯਾਬ ਬਣਾਉਣ ਲਈ ਦਿਨ-ਰਾਤ ਮਿਹਨਤ ਕਰ ਰਹੇ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਜਥੇਬੰਦੀ ਵੱਲੋਂ ਚਲਾਈ ਜਾ ਰਹੀ ਪੂਰਾ ਪੰਜਾਬ ਲਹਿਰ ਦੇ ਤਹਿਤ ਦਸਤਖ਼ਤ ਪਟੀਸ਼ਨ ਮੁਹਿੰਮ ਨੂੰ ਵੀ ਲੋਕਾਂ ਵੱਲੋਂ ਬੇਹੱਦ ਉਤਸ਼ਾਹਪੂਰਵਕ ਸਹਿਯੋਗ ਮਿਲ ਰਿਹਾ ਹੈ, ਜੋ ਇਸ ਗੱਲ ਦਾ ਸਪਸ਼ਟ ਸੰਕੇਤ ਹੈ ਕਿ ਪੰਜਾਬ ਦੇ ਲੋਕ ਪਰਿਵਰਤਨ ਲਈ ਤਿਆਰ ਹਨ।

ਉਨ੍ਹਾਂ ਵਿਸ਼ਵਾਸ ਜਤਾਇਆ ਕਿ ਇਹ ਰੈਲੀ ਪੰਜਾਬ ਦੀ ਰਾਜਨੀਤੀ ਵਿੱਚ ਇੱਕ ਨਵਾਂ ਅਧਿਆਇ ਲਿਖੇਗੀ ਅਤੇ ਲੋਕਾਂ ਨੂੰ ਆਪਣੇ ਹੱਕਾਂ ਲਈ ਇਕੱਠੇ ਹੋਣ ਦੀ ਪ੍ਰੇਰਣਾ ਦੇਵੇਗੀ।

## ਦੋ ਧੜਿਆਂ ਦੀ ਖ਼ੂਨੀ ਝੜਪ ਵਿੱਚ ਨੌਜਵਾਨ ਦੀ ਮੌਤ, ਪੁਲਿਸ ਵੱਲੋਂ 11 ਤੇ ਪਰਚਾ ਦਰਜ



ਮਾਛੀਵਾੜਾ ਸਾਹਿਬ, 4 ਮਈ
-ਕੌਮੀ ਪੱਤ੍ਰਿਕਾ ਬਿਊਰੋ-
ਬੀਤੇ ਕੱਲ੍ਹ ਮਾਛੀਵਾੜਾ ਸਾਹਿਬ ਤੋਂ ਰਤੀਪੁਰ ਰੋਡ 'ਤੇ ਇੱਕ ਕਾਲੋਨੀ 'ਚ ਨੌਜਵਾਨਾਂ ਦੇ ਦੋ ਧੜਿਆਂ ਵਿਚਕਾਰ ਹੋਈ ਖੂਨੀ ਜੰਗ ਦੌਰਾਨ ਹੈਡੋਂ ਬੇਟ ਵਾਸੀ ਨੌਜਵਾਨ ਗਗਨਦੀਪ ਸਿੰਘ ਉਰਫ਼ ਬਿੱਲਾ ਦੀ ਮੌਕੇ 'ਤੇ ਹੀ ਮੌਤ ਹੋ ਗਈ ਸੀ, ਜਦੋਂ ਕਿ ਦੂਜਾ ਨੌਜਵਾਨ ਮਨਪ੍ਰੀਤ ਸਿੰਘ ਉਰਫ਼ ਮਨੀ ਲੱਖੋਵਾਲ ਇਲਾਜ ਅਧੀਨ ਚੰਡੀਗੜ੍ਹ ਵਿਖੇ ਜ਼ਿੰਦਗੀ ਅਤੇ ਮੌਤ ਦੀ ਲੜਾਈ ਲੜੀ ਰਿਹਾ ਹੈ। ਮਾਛੀਵਾੜਾ ਵਿਖੇ ਐਸ.ਪੀ. ਹਰਪਿੰਦਰ ਕੌਰ ਨੇ ਪ੍ਰੈਸ ਕਾਨਫਰੰਸ ਦੌਰਾਨ ਜਾਣਕਾਰੀ ਦਿੰਦਿਆਂ ਦੱਸਿਆ ਕਿ ਨੌਜਵਾਨ ਗਗਨਦੀਪ ਸਿੰਘ ਬਿੱਲਾ ਦੇ ਕਤਲ ਮਾਮਲੇ 'ਚ ਪੁਲਸ ਵਲੋਂ ਦੇਰ ਰਾਤ ਹੀ 11 ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਸੀ, ਜਿਨ੍ਹਾਂ 'ਚ ਕਾਬਲ ਸਿੰਘ ਉਰਫ਼ ਪੰਨੂ , ਸ਼ੰਮੀ, ਪਰਮ ਗਰੇਵਾਲ , ਹਰਸ਼ ਚੀਮਾ ਝੰਡੀ ਮੰਡ , ਗੁਰਵਿੰਦਰ ਸਿੰਘ, ਜੱਸਾ, ਹਰਮਨ ਪਿੰਡ ਰਤੀਪੁਰ, ਜ਼ੈਲਾ ਵਾਸੀ ਪਿੰਡ ਬੈਰਸਾਲ, ਅੰਮ੍ਰਿਤ ਮਾਛੀਵਾੜਾ, ਖੁਸ਼ੂ ਵਾਸੀ ਸਮਰਾਲਾ, ਭੋਲਾ ਮਾਛੀਵਾੜਾ ਅਤੇ 10 ਤੋਂ 12 ਹੋਰ ਅਣਪਛਾਤੇ ਵਿਅਕਤੀ ਸ਼ਾਮਲ ਹਨ। ਐਸ. ਪੀ. ਨੇ ਦੱਸਿਆ ਕਿ ਦੋਵਾਂ ਧਿਰਾਂ ਵਿਚ ਜੋ ਝਗੜੇ ਦਾ ਕਾਰਨ ਹੈ, ਉਸ ਵਿਚ ਗਗਨਦੀਪ ਸਿੰਘ ਨੇ ਪਿੰਡ ਬੈਰਸਾਲਾਂ ਦੇ ਵਾਸੀ ਜੈਲੇ ਨੂੰ ਕਿਸੇ ਗੱਲ ਨੂੰ ਲੈ ਕੇ ਥੱਪੜ ਮਾਰੇ ਸਨ, ਜਿਸ ਤੋਂ ਬਾਅਦ ਦੋਵਾਂ ਧਿਰਾਂ ਵਿਚ ਰੰਜਿਸ਼ ਵੱਧ ਗਈ ਅਤੇ ਇਨ੍ਹਾਂ ਨੇ ਟਾਈਮ ਬੰਨ੍ਹ ਕੇ ਇੱਕ-ਦੂਜੇ ਨਾਲ ਲੜਨਾ ਤੈਅ ਕਰ ਲਿਆ। ਉਨ੍ਹਾਂ ਕਿਹਾ ਕਿ ਰਤੀਪੁਰ ਰੋਡ 'ਤੇ ਹੋਈ ਲੜਾਈ ਦੌਰਾਨ ਇੱਕ ਧਿਰ ਵਲੋਂ ਦੂਜੀ ਧਿਰ 'ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕੀਤਾ ਗਿਆ, ਜਿਸ 'ਚ ਗਗਨਦੀਪ ਸਿੰਘ ਬਿੱਲਾ ਵਾਸੀ ਹੇਡੋਂ ਦੀ ਮੌਤ ਹੋ ਗਈ ਜਦਕਿ ਮਨਪ੍ਰੀਤ ਸਿੰਘ ਉਰਫ਼ ਮਨੀ ਵਾਸੀ ਲੱਖੋਵਾਲ ਚੰਡੀਗੜ੍ਹ ਹਸਪਤਾਲ ਵਿਚ ਜ਼ਿੰਦਗੀ ਅਤੇ ਮੌਤ ਦੀ ਲੜਾਈ ਲੜੀ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਐਸ. ਪੀ. ਖੰਨਾ ਦਰਪਣ ਆਹਲੂਵਾਲੀਆ ਦੇ ਨਿਰਦੇਸ਼ਾਂ ਤਹਿਤ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਪੁਲਸ ਟੀਮਾਂ ਵਲੋਂ ਰਾਤ ਤੋਂ ਹੀ ਵੱਖ-ਵੱਖ ਥਾਵਾਂ 'ਤੇ ਛਾਪੇਮਾਰੀ ਕੀਤੀ ਜਾ ਰਹੀ ਹੈ ਅਤੇ ਹਮਲਾਵਾਰਾਂ ਦੀਆਂ 2 ਕਾਰਾਂ ਤੇ 3 ਦੋਪਹੀਆ ਵਾਹਨ ਬਰਾਮਦ ਕਰ ਲਏ ਗਏ।

ਉਨ੍ਹਾਂ ਦੱਸਿਆ ਕਿ ਲੜਾਈ ਦੌਰਾਨ ਜੋ ਤੇਜ਼ਧਾਰ ਹਥਿਆਰਾਂ ਦੀ ਵਰਤੋਂ ਹੋਈ, ਉਹ ਵੀ ਮੌਕੇ ਤੋਂ ਬਰਾਮਦ ਕਰ ਲਏ ਹਨ। ਐਸ.ਪੀ. ਹਰਪਿੰਦਰ ਕੌਰ ਨੇ ਦੱਸਿਆ ਕਿ ਪਰਿਵਾਰ ਵਲੋਂ ਦੋਸ਼ ਲਗਾਏ ਗਏ ਹਨ ਕਿ ਮ੍ਰਿਤਕ ਨੌਜਵਾਨ ਗਗਨਦੀਪ ਸਿੰਘ ਪਿੰਡ 'ਚ ਨਸ਼ਾ ਵੇਚਣ ਵਾਲਿਆਂ ਨੂੰ ਰੋਕਦਾ ਸੀ, ਜਿਸ ਕਾਰਨ ਉਸਦਾ ਕਤਲ ਹੋਇਆ।ਇਸ ਸਬੰਧੀ ਬਿੱਲੇ ਨੇ ਕੁਝ ਦਿਨ ਪਹਿਲਾਂ ਇੱਕ ਵੀਡੀਓ ਵੀ ਲਾਇਵ ਪਾਈ ਸੀ ।

ਉਸ ਸਬੰਧੀ ਵੀ ਵੱਖ-ਵੱਖ ਪਹਿਲੂਆਂ ਤੋਂ ਜਾਂਚ ਕੀਤੀ ਜਾ ਰਹੀ ਹੈ। ਅਧਿਕਾਰੀ ਨੇ ਕਿਹਾ ਕਿ ਕੁੱਝ ਵਿਅਕਤੀ ਸ਼ੱਕ ਦੇ ਆਧਾਰ 'ਤੇ ਕਾਬੂ ਕਰ ਲਏ ਹਨ ਅਤੇ ਜਲਦ ਸਾਰੇ ਮੁਲਜ਼ਮਾਂ ਨੂੰ ਕਾਬੂ ਕਰ ਲਿਆ ਜਾਵੇਗਾ।

## ਘੱਗਾ ਦੇ ਰਾਜਨੀਤੀ ਸ਼ਾਸਤਰ ਦੇ ਵਿਦਿਆਰਥੀਆਂ ਦੇ ਇੱਕ ਗਰੁੱਪ ਨੂੰ ਪੰਜਾਬ ਵਿਧਾਨ ਸਭਾ ਦੀ ਫੇਰੀ ਲਈ ਲਿਜਾਇਆ ਗਿਆ



ਘੱਗਾ, 4 ਮਈ
-ਕੌਮੀ ਪੱਤ੍ਰਿਕਾ ਬਿਊਰੋ-
ਸੁਤੰਤਰਤਾ ਸੰਗਰਾਮੀ ਹਰਭਜਨ ਸਿੰਘ ਸਕੂਲ ਆਫ਼ ਐਮੀਨੈਂਸ ਘੱਗਾ ਦੇ ਰਾਜਨੀਤੀ ਸ਼ਾਸਤਰ ਦੇ ਵਿਦਿਆਰਥੀਆਂ ਦੇ ਇੱਕ ਗਰੁੱਪ ਨੂੰ ਪ੍ਰਿੰਸੀਪਲ ਸ੍ਰੀਮਤੀ ਸੁਖਜਿੰਦਰ ਕੌਰ ਦੀ ਰਹਿਨੁਮਾਈ ਹੇਠ ਸ੍ਰੀਮਤੀ ਕਿਰਨ ਬਾਲਾ ਲੈਕਚਰਾਰ ਪੋਲਿਟੀਕਲ ਸਾਇੰਸ ਦੀ ਅਗਵਾਈ ਵਿੱਚ ਪੰਜਾਬ ਵਿਧਾਨ ਸਭਾ ਦੀ ਫੇਰੀ ਲਈ ਲਿਜਾਇਆ ਗਿਆ। ਇਸ ਫੇਰੀ ਦਾ ਮੰਤਵ ਵਿਦਿਆਰਥੀਆਂ ਨੂੰ ਇੱਕ ਮਈ ਨੂੰ ਕੌਮਾਂਤਰੀ ਮਜ਼ਦੂਰ ਦਿਵਸ ਮੌਕੇ ਵਿਧਾਨ ਸਭਾ ਦੇ ਵਿਸ਼ੇਸ਼ ਸ਼ੈਸ਼ਨ ਦੀ ਕਰਵਾਈ ਦਿਖਾਉਣਾ ਸੀ।

ਸਕੂਲ ਵੱਲੋਂ ਪਹਿਲਾਂ ਵੀ ਅਜਿਹੇ ਯਤਨ ਕੀਤੇ ਜਾਂਦੇ ਹਨ ਜਿਹੜੇ ਵਿਦਿਆਰਥੀਆਂ ਨੂੰ ਕਿਤਾਬੀ ਪੜ੍ਹਾਈ ਦੇ ਨਾਲ਼ ਨਾਲ਼ ਵਿਵਹਾਰਕ ਤੌਰ 'ਤੇ ਸਿੱਖਿਅਤ ਕਰਨ ਵਿੱਚ ਸਹਾਈ ਹੁੰਦੇ ਹਨ।

ਇਹ ਉੱਦਮ ਸ੍ਰੀ ਨਵਲਦੀਪ ਸਿੰਘ ਸਟੇਟ ਜਨਰਲ ਸਕੱਤਰ ਯੂਥ ਵਿੰਗ ਆਮ ਆਦਮੀ ਪਾਰਟੀ ਦੇ ਯਤਨਾਂ ਸਦਕਾ ਸੰਭਵ ਹੋ ਸਕਿਆ। ਸੈਸ਼ਨ ਦੀ ਕਾਰਵਾਈ ਦੌਰਾਨ ਵਿਧਾਨ ਸਭਾ ਦੇ ਸਪੀਕਰ ਸ੍ਰੀ ਕੁਲਤਾਰ ਸਿੰਘ ਸੰਧਵਾਂ ਨੇ ਸਕੂਲ ਦੇ ਵਿਦਿਆਰਥੀਆਂ ਦਾ ਵਿਸ਼ੇਸ਼ ਤੌਰ ਤੇ ਸਵਾਗਤ ਕੀਤਾ। ਡਿਪਟੀ ਸਪੀਕਰ ਸ੍ਰੀ ਜੈ ਕਿਸ਼ਨ ਰੋੜੀ ਨੇ ਵਿਦਿਆਰਥੀਆਂ ਨਾਲ਼ ਇਸ ਫੇਰੀ ਸੰਬੰਧੀ ਗੱਲਬਾਤ ਕੀਤੀ।

## ਲੜਕੀਆਂ ਦੀ 12ਵੀਂ ਰਾਜ ਗੱਤਕਾ ਚੈਂਪੀਅਨਸ਼ਿਪ ਦੀ ਕੋਟਕਪੂਰਾ ਵਿਖੇ ਹੋਈ ਰਸਮੀ ਸ਼ੁਰੂਆਤ : ਹਰਜੀਤ ਗਰੇਵਾਲ




ਕੋਟਕਪੂਰਾ, 4 ਮਈ
-ਕੌਮੀ ਪੱਤ੍ਰਿਕਾ ਬਿਊਰੋ-
ਗੱਤਕਾ ਐਸੋਸੀਏਸ਼ਨ ਆਫ਼ ਪੰਜਾਬ ਵੱਲੋਂ ਗੱਤਕਾ ਐਸੋਸੀਏਸ਼ਨ ਜ਼ਿਲ੍ਹਾ ਫ਼ਰੀਦਕੋਟ ਦੇ ਸਹਿਯੋਗ ਨਾਲ 12ਵੀਂ ਰਾਜ ਗੱਤਕਾ ਚੈਂਪੀਅਨਸ਼ਿਪ-2026 (ਲੜਕੀਆਂ) ਦੀ ਸ਼ੁਰੂਆਤ ਅੱਜ ਬਾਬਾ ਫਰੀਦ ਗੁਰੂਕੁਲ ਗਰੁੱਪ ਆਫ ਕਾਲਜਿਜ ਕੋਟਕਪੂਰਾ, ਜ਼ਿਲ੍ਹਾ ਫਰੀਦਕੋਟ ਵਿਖੇ ਅਰਦਾਸ ਉਪਰੰਤ ਜੈਕਾਰਿਆਂ ਦੀ ਗੂੰਜ ਵਿੱਚ ਸ਼ੁਰੂ ਹੋਈ। ਵਿਸ਼ਵ ਗੱਤਕਾ ਫੈਡਰੇਸ਼ਨ ਅਤੇ ਨੈਸ਼ਨਲ ਗੱਤਕਾ ਐਸੋਸੀਏਸ਼ਨ ਆਫ ਇੰਡੀਆ ਦੇ ਪ੍ਰਧਾਨ ਐਡਵੋਕੇਟ ਸ੍ਰ. ਹਰਜੀਤ ਸਿੰਘ ਗਰੇਵਾਲ ਸਮੇਤ ਗਿਆਨੀ ਸ਼ਮਸ਼ੇਰ ਸਿੰਘ ਹੈੱਡ ਗ੍ਰੰਥੀ ਬੁੱਢਾ ਦਲ (ਚੱਕਰਵਰਤੀ), ਜਥੇਦਾਰ ਸ਼ੇਰ ਸਿੰਘ ਮੰਡ ਜਨਰਲ ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ੍ਰ. ਮਨਤਾਰ ਸਿੰਘ ਬਰਾੜ ਸਾਬਕਾ ਸੰਸਦੀ ਸਕੱਤਰ ਨੇ ਸਾਂਝੇ ਤੌਰ 'ਤੇ ਲੜਕੀਆਂ ਦੇ ਮੁਕਾਬਲੇ ਸ਼ੁਰੂ ਕਰਵਾਏ। ਇਸ ਮੌਕੇ ਚੈਂਪੀਅਨਸ਼ਿਪ ਵਿੱਚ ਸ਼ਾਮਲ ਲੜਕੀਆਂ ਸਮੇਤ ਰੈਫਰੀ ਕੌਂਸਲ ਨੂੰ ਅਨੁਸ਼ਾਸਨ ਅਤੇ ਨਿਰਪੱਖ ਜੱਜਮੈਂਟ ਸਬੰਧੀ ਸਹੁੰ ਚੁਕਾਈ ਗਈ।

ਗੱਤਕਾ ਐਸੋਸੀਏਸ਼ਨ ਜ਼ਿਲ੍ਹਾ ਫਰੀਦਕੋਟ ਦੇ ਪ੍ਰਧਾਨ ਡਾ. ਮਨਜੀਤ ਸਿੰਘ ਢਿੱਲੋਂ, ਚੇਅਰਮੈਨ ਕੁਲਤਾਰ ਸਿੰਘ ਬਰਾੜ, ਗੱਤਕਾ ਐਸੋਸੀਏਸ਼ਨ ਆਫ ਪੰਜਾਬ ਦੇ ਪ੍ਰਧਾਨ ਹਰਬੀਰ ਸਿੰਘ ਦੁੱਗਲ, ਜਨਰਲ ਸਕੱਤਰ ਤਲਵਿੰਦਰ ਸਿੰਘ, ਨੈਸ਼ਨਲ ਕੋਚ ਨਰਿੰਦਰਪਾਲ ਸਿੰਘ ਪਾਰਸ ਅਤੇ ਪੈ ?ਸ ਸਕੱਤਰ ਗੁਰਿੰਦਰ ਸਿੰਘ ਮਹਿੰਦੀਰੱਤਾ ਦੀ ਦੇਖ-ਰੇਖ ਹੇਠ ਹੋ ਰਹੀ ਇਸ ਚੈਂਪੀਅਨਸ਼ਿਪ ਦੀ ਸਮਾਪਤੀ 3 ਮਈ ਐਤਵਾਰ ਨੂੰ ਸਵੇਰੇ 10:00 ਵਜੇ ਗੁਰੂਕੁਲ ਕਾਲਜ ਵਿੱਚ ਹੋਵੇਗੀ, ਜਿੱਥੇ ਸਪੀਕਰ ਪੰਜਾਬ ਵਿਧਾਨ ਸਭਾ ਸ. ਕੁਲਤਾਰ ਸਿੰਘ ਸੰਧਵਾਂ ਬਤੌਰ ਮੁੱਖ ਮਹਿਮਾਨ ਜੇਤੂ ਟੀਮਾਂ ਨੂੰ ਸਨਮਾਨਿਤ ਕਰਨਗੇ। ਕਾਲਜ ਦੇ ਮੈਨੇਜਿੰਗ ਡਾਇਰੈਕਟਰ ਡਾ. ਪ੍ਰੀਤਮ ਸਿੰਘ ਛੌਕਰ ਨੇ ਸਾਰਿਆਂ ਨੂੰ ਜੀ ਆਇਆਂ ਆਖਿਆ।

ਸ੍ਰ ਮਨਤਾਰ ਸਿੰਘ ਬਰਾੜ ਸਾਬਕਾ ਵਿਧਾਇਕ ਨੇ ਦੱਸਿਆ ਕਿ ਵਰਤਮਾਨ ਸਮੇਂ ਵਿੱਚ ਲੜਕੀਆਂ ਨੂੰ ਸਵੈ-ਰੱਖਿਆ ਅਤੇ ਜੰਗਜੂ ਕਲਾ ਵਿੱਚ ਨਿਪੁੰਨ ਕਰਨ ਦਾ ਕਾਰਜ ਸ਼ਲਾਘਾਯੋਗ ਹੈ।

ਉਹਨਾ ਡਾ. ਮਨਜੀਤ ਸਿੰਘ ਢਿੱਲੋਂ ਵਲੋਂ ਮਨੁੱਖਤਾ ਦੀ ਭਲਾਈ ਵਾਲੇ ਸੇਵਾ ਕਾਰਜਾਂ ਅਤੇ ਵਿਦਿਅਕ ਖੇਤਰ ਵਿੱਚ ਨਿਭਾਈਆਂ ਜਾ ਰਹੀਆਂ ਬਹੁਮੁੱਲੀਆਂ ਸੇਵਾਵਾਂ ਦੀ ਵੀ ਭਰਪੂਰ ਪ੍ਰਸ਼ੰਸਾ ਕੀਤੀ। ਜਥੇਦਾਰ ਸ਼ੇਰ ਸਿੰਘ ਮੰਡ ਜਨਰਲ ਸਕੱਤਰ ਸ਼੍ਰੋਮਣੀ ਕਮੇਟੀ ਨੇ ਪ੍ਰਬੰਧਕਾਂ ਦਾ ਧੰਨਵਾਦ ਕਰਦਿਆਂ ਅਤੇ ਚੈਂਪੀਅਨਸ਼ਿਪ ਵਿੱਚ ਸ਼ਾਮਲ ਲੜਕੀਆਂ ਦਾ ਉਤਸ਼ਾਹ ਵਧਾਉਂਦਿਆਂ ਇਸ ਚੈਂਪੀਅਨਸ਼ਿਪ ਲਈ 2 ਲੱਖ ਰੁਪਏ ਦੇਣ ਦਾ ਐਲਾਨ ਕੀਤਾ। ਉਹਨਾ ਆਖਿਆ ਕਿ ਦੋਵੇਂ ਦਿਨ ਲੰਗਰ ਦੀ ਅਟੁੱਟ ਸੇਵਾ ਵੀ ਸ਼੍ਰੋਮਣੀ ਕਮੇਟੀ ਵਲੋਂ ਨਿਭਾਈ ਜਾਵੇਗੀ।

## ਕਾਲਜ ਵਿਖੇ ਕਰਵਾਇਆ ਗਿਆ ਫੈਸ਼ਨ ਸ਼ੋਅ



ਮਾਛੀਵਾੜਾ ਸਾਹਿਬ, 4 ਮਈ
-ਕੌਮੀ ਪੱਤ੍ਰਿਕਾ ਬਿਊਰੋ-
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਸਿਰਮੌਰ ਸੰਸਥਾ ਗੁਰੂ ਗੋਬਿੰਦ ਖਾਲਸਾ ਕਾਲਜ ਫਾਰ ਵਿਮੈਨ, ਝਾੜ ਸਾਹਿਬ (ਲੁਧਿ.) ਵਿਖੇ ਬੀਤੇ ਦਿਨੀ ਫੈਸ਼ਨ ਡਿਜ਼ਾਈਨਿੰਗ ਵਿਭਾਗ ਵੱਲੋਂ ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਜੀ ਦੇ ਦਿਸ਼ਾ ਨਿਰਦੇਸ਼ ਅਤੇ ਫੈਸ਼ਨ ਡਿਜ਼ਾਈਨਿੰਗ ਵਿਭਾਗ ਦੇ ਮੁੱਖੀ ਅਸਿ.ਪ੍ਰੋ. ਹਰਪ੍ਰੀਤ ਕੌਰ ਅਤੇ ਅਸਿ.ਪ੍ਰੋ ਸੁਖਨਪ੍ਰੀਤ ਕੌਰ ਦੀ ਅਗਵਾਈ ਹੇਠ ਫੈਸ਼ਨ ਸ਼ੋਅ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਬੀ.ਐਸ.ਸੀ. ਫੈਸ਼ਨ ਡਿਜ਼ਾਈਨਿੰਗ ਭਾਗ ਦੂਜੇ ਅਤੇ ਤੀਜੇ ਦੀਆਂ ਵਿਦਿਆਰਥਣਾਂ ਵੱਲੋਂ ਹੱਥੀ ਤਿਆਰ ਕੀਤੀਆਂ ਡਰੈਸਾਂ ਨੂੰ ਪ੍ਰਸਤੁਤ ਕੀਤਾ ਗਿਆ।

ਇਸ ਵਿੱਚ ਵੈਸਟਰਨ, ਇੰਡੋਂ ਵੈਸਟਰਨ ਅਤੇ ਵਿਰਾਸਤੀ ਵਿਸ਼ੇ ਨਾਲ ਸਬੰਧਿਤ ਡਰੈਸਾਂ ਡਿਜ਼ਾਈਨ ਕੀਤੀਆਂ ਗਈਆਂ। ਇਸ ਮੌਕੇ ਗੁਰਲੀਨ ਕੌਰ ਅਤੇ ਪਰਮਪਾਲ ਸਿੰਘ ਰਿਵਾਜ਼ ਬੁਟੀਕ, ਸਮਰਾਲਾ ਵੱਲੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ। ਜਿੱਥੇ ਉਨ੍ਹਾਂ ਵਿਦਿਆਰਥਣਾਂ ਵੱਲੋਂ ਬੈਸਟ ਡਰੈਸਾਂ ਵਜੋਂ ਚਾਰ ਇਨਾਮ ਦਿੱਤੇ ਗਏ। ਵਿਦਿਆਰਥਣਾਂ ਵੱਲੋਂ ਬਣਾਈਆਂ ਗਈਆਂ ਡਰੈਸਾਂ ਤੇ ਉਨ੍ਹਾਂ ਹੱਥੀ ਕਢਾਈ,ਸਿਲਾਈ ਅਤੇ ਬਿਨ੍ਹਾਂ ਕਿਸੇ ਸਿਲਾਈ ਤੋਂ ਡਿਜ਼ਾਇਨ ਡਰੈਸਾਂ ਕਾਰਨ ਇਹ ਵਿਲੱਖਣ ਲੱਗ ਰਹੀਆਂ ਸਨ ਉੱਥੇ ਇਹਨਾਂ ਦੀ ਪ੍ਰਸਤੁਤੀ ਹੋਰ ਵੀ ਸੋਹਣੇ ਢੰਗ ਨਾਲ ਹੋਣ ਕਾਰਨ ਇਹ ਆਕਰਸ਼ਕ ਨਜ਼ਰੀ ਆਈਆਂ। ਬੀ.ਐਸ.ਸੀ.ਐਫ.ਡੀ ਭਾਗ ਤੀਜਾ ਦੀ ਵਿਦਿਆਰਥਣ ਗੁਰਲੀਨ ਕੌਰ ਨੂੰ ਵਿਰਾਸਤੀ, ਪੁਨੀਤ ਕੌਰ ਬੀ.ਐਸ.ਸੀ.ਐਫ.ਡੀ ਭਾਗ ਦੂਜਾ ਦੀ ਵਿਦਿਆਰਥਣ ਨੂੰ ਇੰਡੋ-ਵੈਸਟਰਨ, ਗੁਰਲੀਨ ਕੌਰ ਬੀ.ਐਸ.ਸੀ.ਐਫ.ਡੀ ਭਾਗ ਦੂਜਾ ਦੀ ਵਿਦਿਆਰਥਣ ਨੂੰ ਵੈਸਟਰਨ, ਖੁਸ਼ਪ੍ਰੀਤ ਕੌਰ ਬੀ.ਐਸ.ਸੀ.ਐਫ.ਡੀ ਭਾਗ ਦੂਜਾ ਦੀ ਵਿਦਿਆਰਥਣ ਨੂੰ ਬੈਸਟ ਡਿਜ਼ਾਇਨਰ ਅਤੇ ਜਸਪ੍ਰੀਤ ਕੌਰ ਬੀ.ਐਸ.ਸੀ.ਐਫ.ਡੀ ਭਾਗ ਦੂਜਾ ਦੀ ਵਿਦਿਆਰਥਣ ਨੂੰ ਬੈਸਟ ਪ੍ਰਸਤੁਤੀ ਦੇ ਖਿਤਾਬ ਨਾਲ ਨਿਵਾਜਿਆ ਗਿਆ।ਜਿਕਰ ਯੋਗ ਹੈ ਕਿ ਕਾਲਜ ਦੇ ਫੈਸ਼ਨ ਡਿਜ਼ਾਇਨਿੰਗ ਵਿਭਾਗ ਦੀਆਂ ਵਿਦਿਆਰਥਣਾਂ ਯੂਨੀਵਰਸਿਟੀ ਪੱਧਰ ਤੇ ਵੀ ਅਵਲ ਸਥਾਨ ਹਾਸਿਲ ਕਰ ਰਹੀਆਂ ਹਨ।

# ਹਰਭਜਨ ਸਿੰਘ ਨੇ ਖੇਡ ਸਦਕਾ ਪੂਰੀ ਦੁਨੀਆ ’ਚ ਰੌਸ਼ਨ ਕੀਤਾ ਨਾਂ, ਗੱਦਾਰ ਕਹਿਣਾ ਜਾਇਜ਼ ਨਹੀਂ : ਫ਼ਤਿਹਜੰਗ ਬਾਜਵਾ

ਕੌਮੀ ਪਤ੍ਰਿਕਾ

ਜਲੰਧਰ 4 ਮਈ। ਪੰਜਾਬ ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਭਾਰਤੀ ਜਨਤਾ ਪਾਰਟੀ ਕਾਫ਼ੀ ਸਰਗਰਮ ਹੈ। ਭਾਜਪਾ ਪ੍ਰਧਾਨ ਨਿਤਿਨ ਨਬੀਨ ਸਪੱਸ਼ਟ ਕਰ ਚੁੱਕੇ ਹਨ ਕਿ ਭਾਜਪਾ ਪੰਜਾਬ ਵਿਚ ਇਕੱਲਿਆਂ ਹੀ 2027 ਦੀਆਂ ਚੋਣਾਂ ਲੜੇਗੀ। ਦੂਜੇ ਪਾਸੇ, ਆਮ ਆਦਮੀ ਪਾਰਟੀ ਦੇ 7 ਰਾਜ ਸਭਾ ਮੈਂਬਰ ਵੀ ਭਾਰਤੀ ਜਨਤਾ ਪਾਰਟੀ ਵਿਚ ਰਲੇਵਾਂ ਕਰ ਚੁੱਕੇ ਹਨ। ਇਸ ਸਭ ਵਿਚਾਲੇ ਭਾਰਤੀ ਜਨਤਾ ਪਾਰਟੀ ਪੰਜਾਬ ਦੇ ਉਪ ਪ੍ਰਧਾਨ ਫ਼ਤਿਹਜੰਗ ਸਿੰਘ ਬਾਜਵਾ ਨੇ ‘ਜਗ ਬਾਣੀ’ ਨਾਲ ਵਿਸ਼ੇਸ਼ ਗੱਲਬਾਤ ਦੌਰਾਨ ਪੰਜਾਬ ਦੇ ਕਈ ਅਹਿਮ ਮੁੱਦਿਆਂ ’ਤੇ ਗੱਲਬਾਤ ਕੀਤੀ। ਪੇਸ਼ ਹੈ ਇੰਟਰਵਿਊ ਦੇ ਮੁੱਖ ਅੰਸ਼– ਜਿਸ ਵੇਲੇ ਆਮ ਆਦਮੀ ਪਾਰਟੀ ਹੋਂਦ ਵਿਚ ਆਈ ਤਾਂ ਇਹ ਕਹਿੰਦੇ ਸੀ ਕਿ ਅਸੀਂ ਗੱਡੀਆਂ–ਕੋਠੀਆਂ ਨਹੀਂ ਲਵਾਂਗੇ, ਭ੍ਰਿਸ਼ਟਾਚਾਰ ਨੂੰ ਨੱਥ ਪਾਵਾਂਗੇ, ਪਰ ਜਦੋਂ ਪੰਜਾਬ ਦੇ ਲੋਕਾਂ ਨੇ ਇਨ੍ਹਾਂ ਨੂੰ ਸੱਤਾ ਦੇ ਦਿੱਤੀ ਤਾਂ ਇੱਥੇ ਭ੍ਰਿਸ਼ਟਾਚਾਰ ਸਿਖਰਾਂ ’ਤੇ ਪਹੁੰਚ ਗਿਆ। ਇਹ ਆਪਣੇ ਵਾਅਦਿਆਂ ’ਤੇ ਖਰੇ ਨਹੀਂ ਉਤਰ ਸਕੇ, ਜਿਸ ਮਗਰੋਂ ਇਨ੍ਹਾਂ ਰਾਜ ਸਭਾ ਮੈਂਬਰਾਂ ਦੇ ਪਾਰਟੀ ਨਾਲ ਵਖਰੇਵੇਂ ਸ਼ੁਰੂ ਹੋ ਗਏ। ਸੰਦੀਪ ਪਾਠਕ ਨੇ ਬੂਥ ਲੈਵਲ ’ਤੇ ਕਮੇਟੀਆਂ ਬਣਾਉਣ ਤੋਂ ਲੈ ਕੇ ਟਿਕਟਾਂ ਵੰਡਣ ਤਕ ਅਹਿਮ ਯੋਗਦਾਨ ਪਾਇਆ, ਪਰ ਇਨ੍ਹਾਂ ਨੇ ਉਨ੍ਹਾਂ ਨੂੰ ਵੀ ਅਣਗੌਲਿਆਂ ਕਰ ਦਿੱਤਾ। ਇਕ ਬੰਦੇ ਦੀ ਸੋਚ ਗਲਤ ਹੋ ਸਕਦੀ ਹੈ, ਸੱਤ ਬੰਦਿਆਂ ਦੀ ਨਹੀਂ। ਆਮ ਆਦਮੀ ਪਾਰਟੀ ਦੇ ਲੋਕ ਖ਼ੁਦ ਇਹ ਮਹਿਸੂਸ ਕਰ ਰਹੇ ਹਨ ਕਿ ਅਸੀਂ ਜੋ ਵਾਅਦੇ ਕੀਤੇ ਸੀ, ਉਹ ਪੂਰੇ ਨਹੀਂ ਕਰ ਸਕੇ। ਇਹ ਤਾਨਾਸ਼ਾਹੀ ਭਰਿਆ ਰਵੱਈਆ ਹੈ। ਹੋਰ ਪਾਰਟੀਆਂ ਵਿਚ ਵੀ ਲੋਕ ਆਉਂਦੇ–ਜਾਂਦੇ ਹਨ, ਪਰ ਕਿਸੇ ਨੇ ਵੀ ਇਸ ਪੱਧਰ ਦੀਆਂ ਕੋਝੀਆਂ ਹਰਕਤਾਂ ਨਹੀਂ ਕੀਤੀਆਂ। ਇਹ ਸਭ ਕੁਝ ਕਰਨ ਦੀ ਬਜਾਏ ਪਾਰਟੀ ਨੂੰ ਸੋਚਣਾ ਚਾਹੀਦਾ ਸੀ ਕਿ ਸਾਡੇ 7 ਵੱਡੇ ਲੀਡਰ ਸਾਨੂੰ ਕਿਉਂ ਛੱਡ ਕੇ ਚਲੇ ਗਏ। ਇਨ੍ਹਾਂ ਨੇ ਆਪਣੇ ਅੰਦਰ ਝਾਤ ਮਾਰਨ ਦੀ ਬਜਾਏ ਸੰਸਦ ਮੈਂਬਰਾਂ ਦੇ ਘਰਾਂ ਦੇ ਬਾਹਰ ‘ਗੱਦਾਰ’ ਲਿਖ ਕੇ ਆਪਣੀ ਸੋਚ ਦਾ ਪ੍ਰਗਟਾਵਾ ਕੀਤਾ। ਆਪਣੀ ਖੇਡ ਸਦਕਾ ਪੂਰੀ ਦੁਨੀਆ ਵਿਚ ਨਾਂ ਰੌਸ਼ਨ ਕਰਨ ਵਾਲੇ ਹਰਭਜਨ ਸਿੰਘ ਦੇ ਘਰ ਦੇ ਬਾਹਰ ਗੱਦਾਰ ਲਿਖਣਾ ਕਿਵੇਂ ਜਾਇਜ਼ ਹੈ? ਭਾਜਪਾ ਨੂੰ ਕੀ ਲੋੜ ਹੈ, ਇਹ ਸਾਡੀ ਸੋਚ ਨਹੀਂ ਹੈ। ਇਨ੍ਹਾਂ ਦੇ ਆਪਣੇ ਵਿਧਾਇਕ ਆਪਣੀ ਮਰਜ਼ੀ ਨਾਲ ਕਿਤੇ ਜਾਣਾ ਚਾਹੁਣ ਤਾਂ ਇਹ ਕਿਸੇ ਨੂੰ ਕਿਵੇਂ ਰੋਕ ਸਕਦੇ ਹਨ? ਇਹ ਕੋਈ ਇਕ ਵੀ ਅਜਿਹੀ ਮਿਸਾਲ ਦੇ ਦੇਣ ਕਿ ਭਾਜਪਾ ਨੇ ਇਨ੍ਹਾਂ ਦੇ ਕਿਸੇ ਵਿਧਾਇਕ ਨਾਲ ਵੀ ਸੰਪਰਕ ਕੀਤਾ ਹੋਵੇ ਜਾਂ ਪਾਰਟੀ ਵਿਚ ਆਉਣ ਲਈ ਕੋਈ ਪੇਸ਼ਕਸ਼ ਦਿੱਤੀ ਹੋਵੇ।



ਆਮ ਆਦਮੀ ਪਾਰਟੀ ਆਪਣੀ ਲੀਹ ਤੋਂ ਲੱਥ ਚੁੱਕੀ ਹੈ। ਭਾਰਤੀ ਜਨਤਾ ਪਾਰਟੀ ਦਾ ਅਸੂਲ ਹੈ ਕਿ ਦੇਸ਼ ਸਭ ਤੋਂ ਪਹਿਲਾਂ ਹੈ, ਜਿਸ ਨੇ ਦੇਸ਼ ਦੀ ਸੇਵਾ ਕਰਨੀ ਹੈ, ਉਹ ਪਾਰਟੀ ਵਿਚ ਸ਼ਾਮਲ ਹੋ ਸਕਦਾ ਹੈ। ਸਾਨੂੰ ਤਾਨਾਸ਼ਾਹੀ ਕਿਰਦਾਰ ਦੇ ਬੰਦੇ ਨਹੀਂ ਚਾਹੀਦੇ। ਅੱਜ ਵੀ ਇਹ ਆਪਣੇ ਵਿਧਾਇਕਾਂ ਨੂੰ ਜਲੰਧਰ ਵਿਚ ਇਕੱਠੇ ਕਰ ਰਹੇ ਹਨ, ਆਖ਼?ਰ ਘਬਰਾਹਟ ਕਿਸ ਚੀਜ਼ ਦੀ ਹੈ? 1952 ਤੋਂ 2010 ਤੱਕ ਕਾਂਗਰਸ ਸਰਕਾਰਾਂ ਵੇਲੇ ਔਰਤਾਂ ਦੀ ਪ੍ਰਤੀਨਿਧਤਾ ਸਿਰਫ਼ 4.4% ਤੋਂ 10% ਤੱਕ ਹੀ ਰਹੀ। ਮੋਦੀ ਜੀ ਦਾ ਸੁਪਨਾ ਔਰਤਾਂ ਨੂੰ ਬਰਾਬਰ ਦੀ ਤਾਕਤ ਦੇਣਾ ਹੈ। ਵਿਰੋਧੀ ਧਿਰ ਡੀਲਿਮੀਟੇਸ਼ਨ ਦਾ ਡਰ ਪੈਦਾ ਕਰ ਰਹੀ ਹੈ ਕਿ ਦੱਖਣੀ ਰਾਜਾਂ ਦੀਆਂ ਸੀਟਾਂ ਘਟ ਜਾਣਗੀਆਂ, ਜਦਕਿ ਗ੍ਰਹਿ ਮੰਤਰੀ ਨੇ ਸਾਫ਼ ਕੀਤਾ ਹੈ ਕਿ ਸਾਰੇ ਸੂਬਿਆਂ ਦੀਆਂ ਹੀ ਸੀਟਾਂ ਵਧਣਗੀਆਂ। ਵਿਰੋਧੀ ਧਿਰ ਨੇ ਸਿਰਫ਼ ਸੌੜੀ ਸੋਚ ਕਾਰਨ ਮਹਿਲਾ ਰਾਖਵਾਂਕਰਨ ਬਿੱਲ ਨੂੰ ਰੋਕਿਆ ਹੈ, ਜਿਸ ਦਾ ਨੁਕਸਾਨ ਉਨ੍ਹਾਂ ਨੂੰ ਸਹਿਣਾ ਪਵੇਗਾ। ਜਦੋਂ ਸੰਸਦ ਵਿਚ ਸਪੱਸ਼ਟ ਕਰ ਦਿੱਤਾ ਗਿਆ ਕਿ ਸਾਰੇ ਸੂਬਿਆਂ ਵਿਚ ਹੀ ਸੀਟਾਂ ਵਧਣਗੀਆਂ, ਤਾਂ ਡੀਲਿਮੀਟੇਸ਼ਨ ਦਾ ਡਰ ਕਿੱਥੇ ਰਹਿ ਗਿਆ? ਅਸਲ ਵਿਚ ਵਿਰੋਧੀ ਧਿਰ ਚਾਹੁੰਦੀ ਹੀ ਨਹੀਂ ਕਿ ਭਾਜਪਾ ਇਸ ਬਿੱਲ ਦਾ ਲਾਹਾ ਲੈ ਸਕੇ, ਇਸੇ ਲਈ ਬਹਾਨੇ ਨਾਲ ਬਿੱਲ ਦਾ ਵਿਰੋਧ ਕੀਤਾ ਗਿਆ। ਜੇਕਰ ਜਨਸੰਖਿਆ ਜਾਂ ਕੋਈ ਹੋਰ ਮੁੱਦੇ ’ਤੇ ਖ਼ਦਸ਼ਾ ਸੀ ਤਾਂ ਉਸ ’ਤੇ ਸਦਨ ਵਿਚ ਚਰਚਾ ਹੋ ਸਕਦੀ ਸੀ, ਪਰ ਵਿਰੋਧੀਆਂ ਨੇ ਉਹ ਨਹੀਂ ਕੀਤਾ। ਬਟਾਲਾ, ਮੈਂ ਪਿਛਲੀ ਵਾਰ ਵੀ ਉੱਥੋਂ ਹੀ ਚੋਣ ਲੜਿਆ ਸੀ। ਬਾਕੀ ਫ਼ੈਸਲਾ ਪਾਰਟੀ ਨੇ ਲੈਣਾ ਹੁੰਦਾ ਹੈ, ਪਾਰਟੀ ਜਿੱਥੋਂ ਵੀ ਚਾਹੇਗੀ ਮੈਂ ਚੋਣ ਲੜਨ ਲਈ ਤਿਆਰ ਹਾਂ। ਭਾਜਪਾ ਹੁਣ ਪਿੰਡਾਂ ਅਤੇ ਸ਼ਹਿਰਾਂ ਵਿਚ ਮਜ਼ਬੂਤ ਹੋ ਚੁੱਕੀ ਹੈ। ਅਸੀਂ ਸਿੱਖ ਕੌਮ ਲਈ ਬਹੁਤ ਕੰਮ ਕੀਤੇ ਹਨ, ਜਿਵੇਂ ‘ਵੀਰ ਬਾਲ ਦਿਵਸ’ ਮਨਾਉਣਾ। ਅਮਿਤ ਸ਼ਾਹ ਜੀ ਨੇ ਵੀ ਗੁਰੂ ਸਾਹਿਬਾਨ ਦੀ ਕੁਰਬਾਨੀ ਨੂੰ ਸਲਾਹਿਆ ਹੈ। ਲੋਕ ਹੁਣ ਭਾਜਪਾ ਨੂੰ ਇਕ ਮੌਕਾ ਦੇਣਾ ਚਾਹੁੰਦੇ ਹਨ; ਗੱਠਜੋੜ ਬਾਰੇ ਫ਼ੈਸਲਾ ਹਾਈਕਮਾਂਡ ਨੇ ਕਰਨਾ ਹੈ। ਸਾਡਾ ਮਕਸਦ ਪੰਜਾਬ ਦੇ ਮਾਣ ਨੂੰ ਬਹਾਲ ਕਰਨਾ ਹੈ। ਅਸੀਂ ਲੋਕਾਂ ਦੇ ਮੁੱਦੇ ਲੈ ਕੇ ਲੋਕਾਂ ਵਿਚ ਜਾਵਾਂਗੇ। ਪੰਜਾਬ ਦੀ ਆਮਦਨ 1 ਲੱਖ 26 ਹਜ਼ਾਰ 400 ਕਰੋੜ ਰੁਪਏ ਹੈ ਅਤੇ ਖਰਚਾ 1 ਲੱਖ 66 ਹਜ਼ਾਰ ਕਰੋੜ ਰੁਪਏ ਦੇ ਕਰੀਬ ਹੈ, ਯਾਨੀ ਅਸੀਂ ਆਪਣੀ ਸਮਰੱਥਾ ਤੋਂ 40 ਹਜ਼ਾਰ ਕਰੋੜ ਵੱਧ ਖਰਚ ਰਹੇ ਹਾਂ। ਇਸੇ ਕਾਰਨ ਮੁਲਾਜ਼ਮਾਂ ਨੂੰ ਸਮੇਂ ਸਿਰ ਤਨਖ਼ਾਹਾਂ ਵੀ ਨਹੀਂ ਮਿਲ ਰਹੀਆਂ। 1992 ਵਿਚ ਪੰਜਾਬ ਸਿਰ 30 ਹਜ਼ਾਰ ਕਰੋੜ ਦੇ ਕਰੀਬ ਕਰਜ਼ਾ ਸੀ। ਉਦੋਂ ਤੋਂ ਲੈ ਕੇ 40 ਸਾਲ ਤਕ ਸਾਰੀਆਂ ਸਰਕਾਰਾਂ ਨੇ ਸਵਾ 2 ਲੱਖ ਕਰੋੜ ਦੇ ਕਰੀਬ ਕਰਜ਼ਾ ਲਿਆ, ਪਰ ਮੌਜੂਦਾ ਸਰਕਾਰ ਨੇ 5 ਸਾਲਾਂ ਵਿਚ ਹੀ ਇੰਨਾ ਕਰਜ਼ਾ ਚੜ੍ਹਾ ਦੇਣਾ ਹੈ ਜਿੰਨਾ ਪਿਛਲੇ 40 ਸਾਲਾਂ ਵਿਚ ਨਹੀਂ ਚੜ੍ਹਿਆ। ਇਨ੍ਹਾਂ ਨੇ ਇਕੱਲੇ ਅਪ੍ਰੈਲ ਮਹੀਨੇ ਵਿਚ 2800 ਕਰੋੜ ਦਾ ਕਰਜ਼ਾ ਲਿਆ ਹੈ। ਸਰਕਾਰਾਂ ਨਵੇਂ ਪ੍ਰਾਜੈਕਟ ਲਗਾਉਣ ਲਈ ਕਰਜ਼ਾ ਲੈਂਦੀਆਂ ਹੀ ਹਨ ਪਰ ਇਨ੍ਹਾਂ ਨੇ ਪੰਜਾਬ ਵਿਚ ਇਨਵੈਸਟਮੈਂਟ ਡਿਵੈੱਲਪਮੈਂਟ ਨਹੀਂ ਕੀਤੀ, ਜਿਸ ਕਾਰਨ ਕਰਜ਼ਾ ਮੋੜਨਾ ਔਖਾ ਹੈ ਤੇ ਇਹ ਵਧਦਾ ਹੀ ਜਾ ਰਿਹਾ ਹੈ। ਕੁਝ ਮਾਮਲਿਆਂ ਵਿਚ ਲੋਕਾਂ ਦੇ ਅੰਦਰ ਗਲਤ ਧਾਰਨਾ ਬਣਾ ਦਿੱਤੀ ਜਾਂਦੀ ਹੈ। ਬੀ. ਬੀ. ਐੱਮ. ਬੀ. ਬਾਰੇ ਹੁਕਮ ਇਹੋ ਹੈ ਕਿ ਉੱਪਰਲੀਆਂ 2 ਪੋਸਟਾਂ ’ਤੇ ਯੋਗ ਅਫ਼ਸਰਾਂ ਨੂੰ ਤਾਇਨਾਤ ਕੀਤਾ ਜਾ ਸਕਦਾ ਹੈ। ਇਸ ਦਾ ਮੰਤਵ ਇਹੋ ਹੈ ਕਿ ਚੰਗੇ ਅਫ਼ਸਰ ਮਿਸ–ਮੈਨੇਜਮੈਂਟ (ਜਿਵੇਂ ਹਾਲ ਹੀ ਵਿਚ ਹੜ੍ਹਾਂ ਵੇਲੇ ਹੋਈ) ਨੂੰ ਰੋਕ ਸਕਣ। ਇਸ ਦਾ ਮਤਲਬ ਇਹ ਨਹੀਂ ਕਿ ਹੁਣ ਪੰਜਾਬ ਦੇ ਅਫ਼ਸਰਾਂ ਨੂੰ ਇਨ੍ਹਾਂ ਅਹੁਦਿਆਂ ’ਤੇ ਤਾਇਨਾਤ ਨਹੀਂ ਕੀਤਾ ਜਾਵੇਗਾ। ਇਸ ਬਾਰੇ ਲੋਕਾਂ ਵਿਚ ਗਲਤ ਧਾਰਨਾ ਬਣਾਈ ਗਈ। ਪੰਜਾਬ ਯੂਨੀਵਰਸਿਟੀ ਦੇ ਮੁੱਦੇ ’ਤੇ ਵੀ ਅਜਿਹਾ ਹੀ ਹੋਇਆ ਸੀ, ਪਰ ਭਾਜਪਾ ਸਰਕਾਰ ਨੇ ਪੰਜਾਬ ਦੇ ਲੋਕਾਂ ਦੇ ਜਜ਼ਬਾਤਾਂ ਨੂੰ ਮੁੱਖ ਰੱਖਦਿਆਂ ਫ਼ੈਸਲਾ ਵਾਪਸ ਲੈ ਲਿਆ। ਭਾਜਪਾ ਕਦੇ ਵੀ ਪੰਜਾਬ ਨਾਲ ਧੱਕਾ ਨਹੀਂ ਕਰੇਗੀ।

## ਲਿਵ-ਇਨ ਰਿਲੇਸ਼ਨਸ਼ਿਪ ’ਚ ਰਹਿ ਰਹੀਆਂ ਦੋ ਔਰਤਾਂ ਨੂੰ ਹਾਈਕੋਰਟ ਨੇ ਦਿੱਤੀ ਸੁਰੱਖਿਆ

ਚੰਡੀਗੜ੍ਹ 4 ਮਈ। ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਲਿਵ–ਇਨ ਰਿਲੇਸ਼ਨਸ਼ਿਪ ’ਚ ਰਹਿ ਰਹੀਆਂ ਦੋ ਔਰਤਾਂ ਨੂੰ ਸੁਰੱਖਿਆ ਪ੍ਰਦਾਨ ਕੀਤੀ ਅਤੇ ਪੰਜਾਬ ਪੁਲਸ ਨੂੰ ਨਿਰਦੇਸ਼ ਦਿੱਤਾ ਕਿ ਉਨ੍ਹਾਂ ਦੇ ਪਰਿਵਾਰਾਂ ਤੋਂ ਕਿਸੇ ਵੀ ਸੰਭਾਵਿਤ ਖ਼ਤਰੇ ਤੋਂ ਉਨ੍ਹਾਂ ਦੇ ਜੀਵਨ ਅਤੇ ਆਜ਼ਾਦੀ ਦੀ ਰੱਖਿਆ ਯਕੀਨੀ ਕੀਤੀ ਜਾਵੇ। ਹਾਈਕੋਰਟ ਨੇ ਪਟੀਸ਼ਨਕਰਤਾਵਾਂ ਦੇ ਆਧਾਰ ਰਿਕਾਰਡ ਅਤੇ ਹੋਰ ਸਬੰਧਿਤ ਦਸਤਾਵੇਜ਼ਾਂ ਦੀ ਜਾਂਚ ਕਰਨ ਤੋਂ ਬਾਅਦ ਇਹ ਹੁਕਮ ਜਾਰੀ ਕੀਤਾ। ਜਸਟਿਸ ਮਨਦੀਪ ਪੰਨੂ ਆਪਣੇ ਪਰਿਵਾਰਾਂ ਦੀਆਂ ਇੱਛਾਵਾਂ ਦੇ ਖ਼?ਲਾਫ਼ ਲਿਵ–ਇਨ ਰਿਲੇਸ਼ਨਸ਼ਿਪ ’ਚ ਰਹਿ ਰਹੀਆਂ ਦੋ ਬਾਲਗ ਔਰਤਾਂ ਵਲੋਂ ਦਾਇਰ ਪਟੀਸ਼ਨ ’ਤੇ ਸੁਣਵਾਈ ਕਰ ਰਹੇ ਸਨ, ਜਿਸ ’ਚ ਉਨ੍ਹਾਂ ਨੇ ਆਪਣੇ ਜੀਵਨ ਅਤੇ ਸੁਤੰਤਰਤਾ ਦੀ ਸੁਰੱਖਿਆ ਦੀ ਮੰਗ ਕੀਤੀ ਸੀ। ਅਦਾਲਤ ਨੇ ਸੀਨੀਅਰ ਪੁਲਸ ਸੁਪਰੀਡੈਂਟ, ਖੰਨਾ, ਜ਼ਿਲ੍ਹਾ ਲੁਧਿਆਣਾ ਨੂੰ ਇਹ ਯਕੀਨੀ ਬਣਾਉਣ ਲਈ ਕਿਹਾ ਹੈ ਕਿ 16 ਅਪ੍ਰੈਲ, 2026 ਦੀ ਧਮਕੀ ਸਬੰਧੀ ਸ਼ਿਕਾਇਤ ’ਤੇ ਵਿਚਾਰ ਕੀਤਾ ਜਾਵੇ ਅਤੇ ਪਟੀਸ਼ਨਕਰਤਾਵਾਂ ਦੀ ਜ਼ਿੰਦਗੀ ਅਤੇ ਆਜ਼ਾਦੀ ਨੂੰ ਕੋਈ ਨੁਕਸਾਨ ਨਾ ਪਹੁੰਚੇ। ਔਰਤਾਂ ਨੇ ਅਦਾਲਤ ’ਚ ਅਧਿਕਾਰੀਆਂ ਨੂੰ ਨਿਰਦੇਸ਼ ਦੇਣ ਦੀ ਮੰਗ ਕੀਤੀ ਸੀ। ਬੈਂਚ ਨੇ ਕਿਹਾ ਕਿ ਪਟੀਸ਼ਨਕਰਤਾਵਾਂ ਬਾਲਗ ਹਨ ਅਤੇ ਉਨ੍ਹਾਂ ਦੀ ਜਾਇਜ਼ਤਾ ’ਤੇ ਮੋਹਰ ਲਗਾਉਣ ਦਾ ਕੋਈ ਮਤਲਬ ਨਹੀਂ ਹੈ। ਜੇਕਰ ਉਹ ਕਿਸੇ ਵੀ ਅਪਰਾਧ ’ਚ ਸ਼ਾਮਲ ਪਾਈਆਂ ਜਾਂਦੀਆਂ ਹਨ, ਤਾਂ ਉਨ੍ਹਾਂ ਨੂੰ ਉਨ੍ਹਾਂ ਦੀ ਗ੍ਰਿਫ਼ਤਾਰੀ ਜਾਂ ਕਿਸੇ ਵੀ ਅਪਰਾਧਿਕ ਕਾਰਵਾਈ ਦੇ ਜਾਰੀ ਰਹਿਣ ਨਾਲ ਕਿਸੇ ਵੀ ਤਰ੍ਹਾਂ ਦੀ ਸੁਰੱਖਿਆ ਦਾ ਅਧਿਕਾਰ ਨਹੀਂ ਹੋਵੇਗਾ। ਪਟੀਸ਼ਨਕਰਤਾਵਾਂ ਦੇ ਵਕੀਲ ਨੇ ਬੈਂਚ ਨੂੰ ਦੱਸਿਆ ਕਿ ਉਹ ਦੋਵੇਂ ਜੀਵਨ ਅਤੇ ਆਜ਼ਾਦੀ ਦੀ ਸੁਰੱਖਿਆ ਚਾਹੁੰਦੀਆਂ ਹਨ। ਦੋਵੇਂ ਆਪਣੇ ਪਰਿਵਾਰਾਂ ਦੀ ਇੱਛਾ ਦੇ ਖ਼?ਲਾਫ਼ ਲਿਵ–ਇਨ ਰਿਲੇਸ਼ਨਸ਼ਿਪ ਵਿਚ ਰਹਿ ਰਹੀਆਂ ਹਨ। ਐੱਸ. ਐੱਸ. ਪੀ., ਖੰਨਾ, ਜ਼ਿਲ੍ਹਾ ਲੁਧਿਆਣਾ ਨੂੰ 16 ਅਪ੍ਰੈਲ ਨੂੰ ਸ਼ਿਕਾਇਤ ਸੌਂਪੇ ਜਾਣ ਦੇ ਬਾਵਜੂਦ ਕੋਈ ਕਾਰਵਾਈ ਨਹੀਂ ਕੀਤੀ ਗਈ। ਸੁਣਵਾਈ ਦੌਰਾਨ ਸੁਪਰੀਮ ਕੋਰਟ ਅਤੇ ਹਾਈਕੋਰਟ ਦੇ ਪਹਿਲਾਂ ਦੇ ਇਸੇ ਤਰ੍ਹਾਂ ਦੇ ਹੀ ਮਾਮਲਿਆਂ ਦਾ ਹਵਾਲਾ ਦਿੱਤਾ ਗਿਆ। ਕਈ ਉਦਾਹਰਣਾਂ ਦੀ ਜਾਂਚ ਕਰਨ ਤੋਂ ਬਾਅਦ ਹਾਈਕੋਰਟ ਨੇ ਰਾਏ ਦਿੱਤੀ ਕਿ ਪਟੀਸ਼ਨਕਰਤਾਵਾਂ ਨੂੰ ਜੀਵਨ ਅਤੇ ਆਜ਼ਾਦੀ ਪ੍ਰਦਾਨ ਕਰਨ ਦਾ ਅਧਿਕਾਰ ਹੈ।

## ਪ੍ਰੇਮੀ ਨਾਲ ਵਿਆਹ ਦੀ ਜ਼ਿੱਦ ’ਚ ਮੋਬਾਈਲ ਟਾਵਰ ’ਤੇ ਚੜ੍ਹੀ ਕੁੜੀ

ਮਊ 4 ਮਈ। ਉੱਤਰ ਪ੍ਰਦੇਸ਼ ਦੇ ਮਊ ਜ਼ਿਲ੍ਹੇ ’ਚ ਪ੍ਰੇਮੀ ਨਾਲ ਵਿਆਹ ਦੀ ਜ਼ਿੱਦ ਨੂੰ ਲੈ ਕੇ ਇਕ ਕੁੜੀ ਦੇ ਮੋਬਾਈਲ ਟਾਵਰ ’ਤੇ ਚੜ੍ਹਨ ਨਾਲ ਸ਼ਨੀਵਾਰ ਸਵੇਰੇ ਹੜਕੰਪ ਮਚ ਗਿਆ। ਪੁਲਸ ਨੇ ਕਾਫ਼ੀ ਕੋਸ਼ਿਸ਼ ਮਗਰੋਂ ਕੁੜੀ ਨੂੰ ਸਹੀ ਸਲਾਮਤ ਹੇਠਾਂ ਉਤਾਰ ਲਿਆ। ਪੁਲਸ ਸੂਤਰਾਂ ਨੇ ਦੱਸਿਆ ਕਿ ਘੋਸੀ ਕੋਤਵਾਲੀ ਖੇਤਰ ਦੇ ਲਖਨੀ ਮੁਬਾਰਕਪੁਰ ਪਿੰਡ ’ਚ ਸਨੀਵਾਰ ਸਵੇਰੇ ਗੁਆਂਢੀ ਪਿੰਡ ਮਾਨਿਕਪੁਰ ਦੀ ਇਕ ਕੁੜੀ ਮੋਬਾਈਲ ਟਾਵਰ ’ਤੇ ਚੜ੍ਹ ਗਈ। ਦੱਸਿਆ ਜਾ ਰਿਹਾ ਹੈ ਕਿ ਕੁੜੀ ਦਾ ਲਖਨੀ ਮੁਬਾਰਕਪੁਰ ਵਾਸੀ ਇਕ ਨੌਜਵਾਨ ਨਾਲ ਪ੍ਰੇਮ ਪ੍ਰਸੰਗ ਚੱਲ ਰਿਹਾ ਸੀ ਪਰ ਦੋਵਾਂ ਦੇ ਪਰਿਵਾਰ ਵਾਲੇ ਇਸ ਰਿਸ਼ਤੇ ਲਈ ਤਿਆਰ ਨਹੀਂ ਸਨ। ਉੱਥੇ ਹੀ ਨੌਜਵਾਨ ਵੀ ਖੁੱਲ੍ਹ ਕੇ ਸਾਹਮਣੇ ਨਹੀਂ ਆ ਰਿਹਾ ਸੀ, ਜਿਸ ਕਾਰਨ ਦੁਖੀ ਹੋ ਕੇ ਕੁੜੀ ਨੇ ਇਹ ਕਦਮ ਚੁੱਕਿਆ। ਸਵੇਰੇ ਸੈਰ ਲਈ ਨਿਕਲੇ ਪਿੰਡ ਵਾਸੀਆਂ ਨੇ ਜਦੋਂ ਕੁੜੀ ਨੂੰ ਟਾਵਰ ’ਤੇ ਦੇਖਿਆ ਤਾਂ ਤੁਰੰਤ ਡਾਇਲ 112 ’ਤੇ ਸੂਚਨਾ ਦਿੱਤੀ। ਸੂਚਨਾ ਮਿਲਦੇ ਹੀ ਪੁਲਸ ਮੌਕੇ ’ਤੇ ਪਹੁੰਚੀ ਅਤੇ ਖੇਤਰ ਅਧਿਕਾਰੀ ਘੋਸੀ ਜਿਤੇਂਦਰ ਸਿੰਘ ਦੀ ਅਗਵਾਈ ’ਚ ਕੁੜੀ ਨੂੰ ਸਮਝਾਉਣ ਦੀ ਕੋਸ਼ਿਸ਼ ਸ਼ੁਰੂ ਕੀਤੀ ਗਈ। ਇਸ ਦੌਰਾਨ ਕੁੜੀ ਆਪਣੇ ਪ੍ਰੇਮੀ ਅਤੇ ਪਰਿਵਾਰ ਵਾਲਿਆਂ ਨੂੰ ਮੌਕੇ ’ਤੇ ਬੁਲਾਉਣ ਦੀ ਜ਼ਿੱਦ ’ਤੇ ਅੜੀ ਰਹੀ। ਪੁਲਸ ਨੇ ਕੁੜੀ ਦੀ ਮੰਗ ’ਤੇ ਸੰਬੰਧਤ ਲੋਕਾਂ ਨੂੰ ਮੌਕੇ ’ਤੇ ਬੁਲਾਇਆ ਅਤੇ ਕਾਫ਼ੀ ਸਮਝਾਉਣ ਤੋਂ ਬਾਅਦ ਉਸ ਸੁਰੱਖਿਅਤ ਹੇਠਾਂ ਉਤਾਰ ਲਿਆ। ਘਟਨਾ ਦੌਰਾਨ ਮੌਕੇ ’ਤੇ ਪਿੰਡ ਵਾਸੀਆਂ ਦੀ ਭੀੜ ਜੁਟੀ ਰਹੀ। ਪੁਲਸ ਅਨੁਸਾਰ ਫਿਲਹਾਲ ਦੋਵਾਂ ਪੱਖਾਂ ਵਿਚਾਲੇ ਗੱਲਬਾਤ ਕਰ ਕੇ ਹੱਲ ਕੱਢਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

## ਟਰਾਂਸਜੈਂਡਰ ਔਰਤ ਨੇ ਸਕੂਲ ਰਿਕਾਰਡ ’ਚ ਨਾਂ ਬਦਲਣ ਦੀ ਕੀਤੀ ਅਪੀਲ, ਹਾਈਕੋਰਟ ਨੇ ਦਿੱਤੀ ਰਾਹਤ

ਕੌਮੀ ਪਤ੍ਰਿਕਾ

ਚੰਡੀਗੜ੍ਹ 4 ਮਈ। ਇੱਕ ਟਰਾਂਸਜੈਂਡਰ ਔਰਤ ਦੇ ਨਾਂ ਬਦਲਣ ਦਾ ਵਿਵਾਦ ਪੰਜਾਬ ਅਤੇ ਹਰਿਆਣਾ ਹਾਈਕੋਰਟ ’ਚ ਪਹੁੰਚਿਆ ਅਤੇ ਮਾਮਲੇ ਦੀ ਸੁਣਵਾਈ ਕਰਦੇ ਹੋਏ ਅਦਾਲਤ ਨੇ ਵਿਹਾਰਕ ਰਸਤਾ ਅਖਤਿਆਰ ਕੀਤਾ। ਸਿੱਖਿਆ ਬੋਰਡ ਨੇ ਜਦੋਂ ਤਬਦੀਲੀ ਤੋਂ ਇਨਕਾਰ ਕਰ ਦਿੱਤਾ ਤਾਂ ਟਰਾਂਸਜੈਂਡਰ ਔਰਤ ਨੇ ਹਾਈਕੋਰਟ ਦਾ ਬੂਹਾ ਖੜਕਾਇਆ ਅਤੇ ਹਾਈਕੋਰਟ ਨੇ ਵੀ ਲਿੰਗ ਵਿਵਾਦ ’ਚ ਨਾ ਪੈਂਦੇ ਹੋਏ ਪਟੀਸ਼ਨਰ ਨੂੰ ਰਾਹਤ ਦਿੱਤੀ। ਪੰਜਾਬ ਸਕੂਲ ਸਿੱਖਿਆ ਬੋਰਡ ਨੂੰ ਨਿਰਦੇਸ਼ ਦਿੱਤਾ ਕਿ ਉਹ ਅਧਿਕਾਰਤ ਵਿੱਦਿਅਕ ਰਿਕਾਰਡ ’ਚ ਨਾਮ ਅਤੇ ਲਿੰਗ ਤਬਦੀਲੀ ਲਈ ਬੇਨਤੀ ’ਤੇ ਲੋੜੀਂਦੇ ਦਸਤਾਵੇਜ਼ ਪੇਸ਼ ਕੀਤੇ ਜਾਣ ਦੇ ਅਧੀਨ ਜਲਦੀ ਤੋਂ ਜਲਦੀ ਫ਼ੈਸਲਾ ਲਏ। ਜਸਟਿਸ ਕੁਲਦੀਪ ਤਿਵਾੜੀ ਨੇ ਆਪਣੇ ਹੁਕਮ ਵਿਚ ਕਿਹਾ ਕਿ ਜੇਕਰ ਪਟੀਸ਼ਨਕਰਤਾ ਤਿੰਨ ਹਫ਼ਤਿਆਂ ਦੇ ਅੰਦਰ ਜ਼ਰੂਰੀ ਮੈਡੀਕਲ ਸਰਟੀਫਿਕੇਟ ਪੇਸ਼ ਕਰਦੀ ਹੈ ਤਾਂ ਬੋਰਡ ਕਾਨੂੰਨ ਦੇ ਅਨੁਸਾਰ ਬਦਲੇ ਹੋਏ ਨਾਮ ਅਤੇ ਲਿੰਗ ਨੂੰ ਦਰਸਾਉਣ ਵਾਲੇ ਸੋਧੇ ਵਿੱਦਿਅਕ ਸਰਟੀਫਿਕੇਟ ਜਾਰੀ ਕਰਨ ਲਈ ਉਸਦੀ ਅਰਜ਼ੀ ’ਤੇ ਤੇਜ਼ੀ ਨਾਲ ਵਿਚਾਰ ਕਰਕੇ ਫ਼ੈਸਲਾ ਲਵੇਗਾ। ਪਟੀਸ਼ਨ ਮੁਤਾਬਕ 5 ਅਕਤੂਬਰ, 1995 ਨੂੰ ਜਨਮੀ ਅਤੇ ਜਨਮ ਸਮੇਂ ਮਰਦ ਵਜੋਂ ਪਛਾਣ



ਕੀਤੀ ਗਈ ਪਟੀਸ਼ਨਕਰਤਾ ਨੇ ਸਮੇਂ ਦੇ ਨਾਲ ਖ਼ੁਦ ਨੂੰ ਇੱਕ ਟਰਾਂਸਜੈਂਡਰ ਵਜੋਂ ਪਛਾਨਣਾ ਸ਼ੁਰੂ ਕੀਤਾ ਅਤੇ ਇੱਕ ਅਜਿਹਾ ਨਾਮ ਚੁਣਿਆ, ਜੋ ਉਸਦੀ ਅਸਲ ਪਛਾਣ ਨੂੰ ਦਰਸਾਉਂਦਾ ਹੈ। ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਜਾਰੀ ਕੀਤੇ ਗਏ ਉਸਦੇ ਸਕੂਲ ਸਰਟੀਫਿਕੇਟਾਂ ’ਚ ਉਸਦਾ ਪਿਛਲਾ ਨਾਮ ਅਤੇ ਲਿੰਗ ਦਰਜ ਸੀ, ਜਿਸ ਨਾਲ ਉਸਦੀ ਅਸਲ ਪਛਾਣ ਅਤੇ ਦਸਤਾਵੇਜ਼ੀ ਹੋਂਦ ਵਿਚਕਾਰ ਟਕਰਾਅ ਪੈਦਾ ਹੋ ਗਿਆ। ਇਸ ਮਾਮਲੇ ’ਚ ਬੋਰਡ ਦੇ ਨਿਰਦੇਸ਼ ਆੜੇ ਆ ਰਹੇ ਹਨ। ਬੋਰਡ ਦੇ ਨਿਰਦੇਸ਼ਾਂ ਦਾ ਇੱਕ ਨਿਯਮ ਕਹਿੰਦਾ ਹੈ ਕਿ ਅਜਿਹੇ ਬਦਲਾਅ ਦੀ ਮੰਗ ਕਰਨ ਵਾਲੇ ਵਿਅਕਤੀਆਂ ਨੂੰ ਇੱਕ ਮੈਡੀਕਲ ਸਰਟੀਫਿਕੇਟ ਪੇਸ਼ ਕਰਨਾ ਹੋਵੇਗਾ ਅਤੇ ਭਾਰਤ ਸਰਕਾਰ ਦੇ ਰਾਜਪੱਤਰ ’ਚ ਆਪਣੇ ਨਾਮ ਪਰਿਵਰਤਨ ਨੂੰ ਪ੍ਰਕਾਸ਼ਿਤ ਕਰਨਾ ਹੋਵੇਗਾ। ਪਟੀਸ਼ਨਕਰਤਾ ਵੱਲੋਂ ਪੇਸ਼ ਹੋਏ ਵਕੀਲ ਨੇ ਦਲੀਲ ਦਿੱਤੀ ਕਿ ਇਹ ਜ਼ਰੂਰਤਾਂ ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਟੀ ਬਨਾਮ ਭਾਰਤ ਸੰਘ (2014) ਮਾਮਲੇ ’ਚ ਸੁਪਰੀਮ ਕੋਰਟ ਦੇ ਇਤਿਹਾਸਕ ਫ਼ੈਸਲੇ ਦੇ ਉਲਟ ਹਨ, ਜਿਸ ਨੇ ਵਿਅਕਤੀ ਦੇ ਆਪਣੇ ਲਿੰਗ ਦੀ ਪਛਾਣ ਕਰਨ ਦੇ ਅਧਿਕਾਰ ਦੀ ਪੁਸ਼ਟੀ ਕੀਤੀ ਸੀ। ਇਸ ਪਟੀਸ਼ਨ ਵਿਚ ਟਰਾਂਸਜੈਂਡਰ ਵਿਅਕਤੀ (ਅਧਿਕਾਰਾਂ ਦੀ ਸੁਰੱਖਿਆ) ਐਕਟ ਅਤੇ ਇਸਦੇ ਨਾਲ ਦੇ ਨਿਯਮਾਂ ਦੇ ਤਹਿਤ ਮਿਲਣ ਵਾਲੀ ਸੁਰੱਖਿਆ ਦਾ ਵੀ ਹਵਾਲਾ ਦਿੱਤਾ ਗਿਆ, ਪ੍ਰਕਿਰਿਆਵਾਂ ਨੂੰ ਜ਼ਰੂਰੀ ਕੀਤੇ ਬਿਨਾਂ ਲਿੰਗ ਪਛਾਣ ਨੂੰ ਮਾਨਤਾ ਦਿੰਦੇ ਹਨ। ਦੂਜੇ ਪਾਸੇ ਬੋਰਡ ਵੱਲੋਂ ਪੇਸ਼ ਹੋਏ ਵਕੀਲ ਨੇ ਕਿਹਾ ਕਿ ਮੈਡੀਕਲ ਸਰਟੀਫਿਕੇਟ ਅਤੇ ਰਾਜਪੱਤਰ ਨੋਟੀਫਿਕੇਸ਼ਨ ਦੀ ਲੋੜ ਕਾਨੂੰਨੀ ਅਤੇ ਜਾਇਜ਼ ਸੀ। ਹਾਲਾਂਕਿ ਉਨ੍ਹਾਂ ਸਪੱਸ਼ਟ ਕੀਤਾ ਕਿ ਜੇਕਰ ਲੋੜੀਂਦੇ ਦਸਤਾਵੇਜ਼ ਪੇਸ਼ ਕੀਤੇ ਜਾਂਦੇ ਹਨ ਤਾਂ ਬਦਲੇ ਹੋਏ ਨਾਮ ਅਤੇ ਲਿੰਗ ਨੂੰ ਦਰਸਾਉਣ ਵਾਲੇ ਸੋਧੇ ਹੋਏ ਸਰਟੀਫਿਕੇਟ ਜਾਰੀ ਕਰਨ ’ਤੇ ਉਨ੍ਹਾਂ ਨੂੰ ਕੋਈ ਇਤਰਾਜ਼ ਨਹੀਂ ਹੈ।

## ਪੰਜਾਬ ਵਾਸੀਆਂ ਲਈ ਖ਼ਤਰੇ ਦੀ ਘੰਟੀ ! ਬੀ. ਪੀ.-ਸ਼ੂਗਰ ਦੀਆਂ ਦਵਾਈਆਂ ਬਾਰੇ ਹੋਸ਼ ਉਡਾਉਣ ਵਾਲਾ ਖ਼ੁਲਾਸਾ

ਕੌਮੀ ਪਤ੍ਰਿਕਾ

ਲੁਧਿਆਣਾ 4 ਮਈ। ਦੇਸ਼ ’ਚ ਕੁੱਝ ਦਿਨ ਪਹਿਲਾਂ ਬੀ. ਪੀ., ਸ਼ੂਗਰ ਸਮੇਤ ਖ਼ਤਰਨਾਕ ਬੀਮਾਰੀਆਂ ਦੀਆਂ ਦਵਾਈਆਂ ਦੇ ਸੈਂਪਲ ਫੇਲ੍ਹ ਹੋਣ ਦੀ ਹੋਸ਼ ਉਡਾ ਦੇਣ ਵਾਲੀ ਗੱਲ ਸਾਹਮਣੇ ਆਈ ਹੈ। ਅਸਲ ’ਚ ਸਿਰਦਰਦ, ਪੇਟ ਦਰਦ, ਬੀ. ਪੀ., ਸ਼ੂਗਰ ਸਮੇਤ 141 ਦਵਾਈਆਂ ਦੇ ਸੈਂਪਲ ਫੇਲ੍ਹ ਹੋ ਗਏ ਹਨ। ਸਭ ਤੋਂ ਹੈਰਾਨ ਕਰਨ ਵਾਲੀ ਗੱਲ ਇਹ ਹੈ ਕਿ ਇਨ੍ਹਾਂ ਵਿਚੋਂ 47 ਦਵਾਈਆਂ ਹਿਮਾਚਲ ਪ੍ਰਦੇਸ਼ ਦੇ ਬੱਦੀ, ਬਰੋਟੀਵਾਲਾ, ਨਾਲਾਗੜ੍ਹ, ਕਾਲਾ ਅੰਬ, ਊਨਾ ਤੇ ਸੋਲਨ ’ਚ ਬਣੀਆਂ ਹਨ, ਜਦੋਂ ਕਿ 7 ਦਵਾਈਆਂ ਪੰਜਾਬ ਦੀਆਂ ਵੀ ਸ਼ਾਮਲ ਸਨ। ਕੇਂਦਰੀ ਔਸ਼ਧੀ ਮਾਨਕ ਕੰਟਰੋਲ ਸੰਗਠਨ ਦੀ ਜਾਂਚ ’ਚ ਦੇਸ਼ ’ਚ ਬਣੀਆਂ 141 ਦਵਾਈਆਂ ਦੇ ਸੈਂਪਲ ਫੇਲ੍ਹ ਹੋਏ ਹਨ। ਡਰੱਗ ਅਲਰਟ ਦੇ ਮੁਤਾਬਕ ਇਨ੍ਹਾਂ ਦਵਾਈਆਂ ਦੀ ਕੁਆਲਟੀ ਜਾਂਚ ਫੇਲ੍ਹ ਹੋਣ ’ਤੇ ਇਨ੍ਹਾਂ ਨੂੰ ਨਾਟ ਆਫ ਸਟੈਂਡਰਡ ਕੁਆਲਟੀ ਐਲਾਨਿਆ ਗਿਆ ਹੈ। ਹਿਮਾਚਲ ਪ੍ਰਦੇਸ਼ ’ਚ ਬਣੀਆਂ ਦਵਾਈਆਂ ਦੇ 47 ਸੈਂਪਲ ਫੇਲ੍ਹ ਹੋ ਗਏ ਹਨ। ਕੇਂਦਰੀ ਔਸ਼ਧੀ ਮਾਨਕ ਕੰਟਰੋਲ ਸੰਗਠਨ (ਸੀ. ਡੀ. ਐੱਸ. ਸੀ. ਓ.) ਨੇ ਇਸ ਮਹੀਨੇ ਦਾ ਡਰੱਗ ਅਲਰਟ ਜਾਰੀ ਕੀਤਾ ਹੈ। ਕੁੱਝ ਪਾਊਡਰ, ਆਇਰਨ ਤੇ ਵਿਟਾਮਿਨ ਦੀਆਂ ਗੋਲੀਆਂ ਵੀ ਕੁਆਲਟੀ ਪ੍ਰੀਖਣ ਵਿਚ ਫੇਲ੍ਹ ਹੋ ਗਈਆਂ। ਸੀ. ਡੀ. ਐੱਸ. ਸੀ. ਓ. ਦੇ ਡਰੱਗ ਅਲਰਟ ਦੇ ਮੁਤਾਬਕ ਹਿਮਾਚਲ ਤੋਂ ਇਲਾਵਾ ਉੱਤਰਾਖੰਡ ਦੀਆਂ 20, ਗੁਜਰਾਤ ਦੀਆਂ 23, ਪੰਜਾਬ ਦੀਆਂ 7, ਰਾਜਸਥਾਨ



ਦੀਆਂ 6, ਮੱਧ ਪ੍ਰਦੇਸ਼, ਉੱਤਰ ਪ੍ਰਦੇਸ਼, ਹਰਿਆਣਾ ਦੀਆਂ 5–5 ਦਵਾਈਆਂ, ਤਾਮਿਲਨਾਡੂ ਤੇ ਮਹਾਰਾਸ਼ਟਰ ਦੀਆਂ 3–3, ਕੇਰਲ ਪੁਡੂਚੇਰੀ, ਚੇਨਈ, ਜੇ.ਐਂਡ ਕੇ, ਤੇਲੰਗਾਨਾ ਦੇ 2–2 ਤੇ ਦੋ ਹੋਰ ਯੂ.ਪੀ., ਸਿੱਕਮ, ਝਾਰਖੰਡ, ਦਿੱਲੀ, ਵੈਸਟ ਬੰਗਾਲ, ਆਂਧਰਾ ਪ੍ਰਦੇਸ਼ ਤੇ ਉੜੀਸਾ ਦਾ 1–1 ਦਵਾ ਦਾ ਸੈਂਪਲ ਫੇਲ੍ਹ ਹੋਇਆ ਹੈ। ਹਿਮਾਚਲ ਪ੍ਰਦੇਸ਼ ਦਾ ਡਰੱਗ ਵਿਭਾਗ ਜਿੱਥੇ ਦਵਾਈਆਂ ਦੀ ਕੁਆਲਟੀ ਵਧਾਉਣ ਲਈ ਰੈਗੂਲਰ ਸੈਂਪਲਿੰਗ ’ਤੇ ਜ਼ੋਰ ਦਿੰਦਾ ਹੈ, ਉੱਥੇ ਪੰਜਾਬ ’ਚ ਡਰੱਗ ਵਿਭਾਗ ਸੁਸਤ ਅਵਸਥਾ ’ਚ ਰਹਿੰਦਾ ਹੈ ਪਰ ਜਾਂਚ ਕਦੇ–ਕਦਾਈਂ ਹੀ ਕੀਤੀ ਜਾਂਦੀ ਹੈ। ਸ਼ਹਿਰ ਦੇ ਇਕ ਆਰ. ਟੀ. ਆਈ. ਐਕਟੀਵਿਸਟ ਨੇ ਜਤਿੰਦਰ ਸਿੰਘ ਸ਼ੰਟੀ, ਮੈਂਬਰ ਪੰਜਾਬ ਸਟੇਟ ਹਿਊਮਨ ਰਾਇਟਸ ਕਮਿਸ਼ਨ ਨੂੰ ਪੱਤਰ ਲਿਖ ਕੇ ਜ਼ੋਨਲ ਲਾਇਸੈਂਸਿੰਗ ਅਥਾਰਟੀ ਦੇ ਆਫਿਸ ਸਬੰਧੀ ਸ਼ਿਕਾਇਤ ਕੀਤੀ ਹੈ ਕਿ ਉਹ ਆਪਣੇ ਅਧਿਕਾਰ ਖੇਤਰ ’ਚ ਆਉਣ ਵਾਲੀਆਂ ਦਵਾਈਆਂ ਤੇ ਦੂਜੇ ਫਾਰਮਾਸਿਊਟੀਕਲ ਪ੍ਰੋਡਕਟਾਂ ਦੇ ਸਹੀ ਗਿਣਤੀ ’ਚ ਸੈਂਪਲ ਨਹੀਂ ਲੈ ਰਹੇ। ਇਹ ਮਾਮਲਾ ਸਿੱਧੇ ਤੌਰ ’ਤੇ ਸਾਰੇ ਮਰੀਜ਼ਾਂ ਦੀ ਜ਼ਿੰਦਗੀ ਤੇ ਆਜ਼ਾਦੀ ਨਾਲ ਜੁੜਿਆ ਹੈ। ਲੋਕ ਹਿੱਤ ’ਚ ਆਫਿਸ ਆਫ ਦਾ ਜ਼ੋਨਲ ਲਾਇਸੈਂਸਿੰਗ ਅਥਾਰਟੀ, ਲੁਧਿਆਣਾ ਤੋਂ ਡੇਟਾ, ਰਿਪੋਰਟ ਮੰਗੀ ਜਾਵੇ ਕਿ ਪਿਛਲੇ 2 ਸਾਲਾਂ ਵਿਚ ਉਨ੍ਹਾਂ ਨੇ ਦਵਾਈਆਂ ਤੇ ਦੂਜੇ ਫਾਰਮਾਸਿਊਟੀਕਲ ਪ੍ਰੋਡਕਟਾਂ ਦੇ ਕਿੰਨੇ ਸੈਂਪਲ ਲਏ ਹਨ।

## ਕਰੂਜ਼ ਹਾਦਸੇ ’ਚ ਲਾਈਫ ਜੈਕੇਟ ਪਹਿਨਣ ਦੇ ਬਾਵਜੂਦ ਕਿਉਂ ਡੁੱਬ ਗਏ ਮਾਂ-ਪੁੱਤ?

ਜਬਲਪੁਰ 4 ਮਈ। ਮੱਧ ਪ੍ਰਦੇਸ਼ ਦੇ ਜਬਲਪੁਰ ’ਚ ਵਾਪਰੇ ਭਿਆਨਕ ਕਰੂਜ਼ ਹਾਦਸੇ ਨੇ ਪੂਰੇ ਦੇਸ਼ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਇਸ ਹਾਦਸੇ ’ਚ ਜਾਨ ਗੁਆਉਣ ਵਾਲੀ ਇਕ ਮਾਂ ਅਤੇ ਉਸ ਦੇ ਮਾਸੂਮ ਪੁੱਤਰ ਦੀ ਤਸਵੀਰ ਸਾਹਮਣੇ ਆਉਣ ਤੋਂ ਬਾਅਦ ਕਈ ਸਵਾਲ ਖੜ੍ਹੇ ਹੋ ਰਹੇ ਹਨ। ਸਭ ਤੋਂ ਵੱਡਾ ਸਵਾਲ ਇਹ ਹੈ ਕਿ ਜਦੋਂ ਮਾਂ ਅਤੇ ਬੱਚੇ ਨੇ ਲਾਈਫ ਜੈਕੇਟ ਪਹਿਨੀ ਹੋਈ ਸੀ, ਤਾਂ ਫਿਰ ਵੀ ਉਹ ਪਾਣੀ ’ਚ ਕਿਵੇਂ ਡੁੱਬ ਗਏ? ਹੁਣ ਮਾਹਿਰਾਂ ਨੇ ਇਸ ਦੇ ਪਿੱਛੇ ਦੀ ਇਕ ਵੱਡੀ ਅਤੇ ਤਕਨੀਕੀ ਵਜ?ਹਾ ਦਾ ਖੁਲਾਸਾ ਕੀਤਾ ਹੈ। ਸੂਤਰਾਂ ਅਨੁਸਾਰ, ਜਦੋਂ ਬਰਗੀ ਡੈਮ ’ਚ ਕਰੂਜ਼ ਬੋਟ ਪਲਟਣ ਲੱਗੀ ਤਾਂ ਉੱਥੇ ਹੜਬੜੀ ਮਚ ਗਈ। ਮਾਹਿਰਾਂ ਦਾ ਕਹਿਣਾ ਹੈ ਕਿ ਬੋਟ ’ਤੇ ਸਵਾਰ ਲੋਕਾਂ ਨੇ ਪਹਿਲਾਂ ਲਾਈਫ ਜੈਕੇਟਾਂ ਨਹੀਂ ਪਹਿਨੀਆਂ ਹੋਈਆਂ ਸਨ, ਪਰ ਹਾਦਸੇ ਦੇ ਸਮੇਂ ਜੈਕੇਟਾਂ ਵੰਡਣੀਆਂ ਸ਼ੁਰੂ ਕੀਤੀਆਂ ਗਈਆਂ। ਇਸ ਦੌਰਾਨ ਇਕ ਮਾਂ ਨੇ ਆਪਣੇ ਮਾਸੂਮ ਬੱਚੇ ਨੂੰ ਬਚਾਉਣ ਦੀ ਕੋਸ਼ਿਸ਼ ’ਚ ਉਸ ਨੂੰ ਆਪਣੀ ਹੀ ਲਾਈਫ ਜੈਕੇਟ ਦੇ ਅੰਦਰ ਕੱਸ ਕੇ ਬੰਨ੍ਹ ਲਿਆ। ਮਾਹਿਰਾਂ ਅਨੁਸਾਰ, ਲਾਈਫ ਜੈਕੇਟ ਇਕ ਖਾਸ ਤਰ੍ਹਾਂ ਦਾ ‘ਫਲੋਟਿੰਗ ਫੋਮ’ ਹੁੰਦਾ ਹੈ, ਜਿਸ ਨੂੰ ਸਿਰਫ਼ ਇਕ ਵਿਅਕਤੀ ਦੇ ਸਰੀਰ ਨੂੰ ਪਾਣੀ ’ਤੇ ਤੈਰਾਉਣ ਅਤੇ ਉਸ ਦਾ ਸਿਰ ਪਾਣੀ ਤੋਂ ਬਾਹਰ ਰੱਖਣ ਲਈ ਡਿਜ਼ਾਈਨ ਕੀਤਾ ਜਾਂਦਾ ਹੈ। ਜਦੋਂ ਮਾਂ ਨੇ ਬੱਚੇ ਨੂੰ ਆਪਣੀ ਹੀ ਜੈਕੇਟ ਦੇ ਅੰਦਰ ਪਾ ਲਿਆ, ਤਾਂ ਜੈਕੇਟ ਦਾ ਸੰਤੁਲਨ ਪੂਰੀ ਤਰ੍ਹਾਂ ਵਿਗੜ ਗਿਆ। ਦੋ ਵਿਅਕਤੀਆਂ ਦਾ ਭਾਰ ਇਕੋ ਜੈਕੇਟ ’ਤੇ ਆਉਣ ਕਾਰਨ ਉਹ ਸਹੀ ਤਰੀਕੇ ਨਾਲ ਕੰਮ ਨਹੀਂ ਕਰ ਸਕੀ ਅਤੇ ਦੋਵੇਂ ਪਾਣੀ ’ਚ ਡੁੱਬ ਗਏ। ਰਿਪੋਰਟਾਂ ਅਨੁਸਾਰ, ਹਾਦਸੇ ਵਾਲੇ ਦਿਨ ਹਵਾ ਬਹੁਤ ਤੇਜ਼ ਸੀ

## ਹਾਏ, ਮੈਂ ਇੰਝ ਕਰਾਂਗੀ ਪ੍ਰਪੋਜ਼... ਹੱਥ ਪੈਰ ਬੰਨ੍ਹ ਪ੍ਰੇਮੀਕਾ ਨੇ ਮੁੰਡੇ ਨੂੰ ਲਾਈ ਅੱਗ

ਨੈਸ਼ਨਲ ਡੈਸਕ 4 ਮਈ। ਕਰਨਾਟਕ ਦੇ ਬੈਂਗਲੁਰੂ ਦੇ ਬਾਹਰੀ ਇਲਾਕੇ ਵਿਚ ਇੱਕ ਦਿਲ ਕੰਬਾ ਦੇਣ ਵਾਲੀ ਵਾਰਦਾਤ ਵਾਪਰੀ ਹੈ, ਜਿਥੇ ਇੱਕ ਔਰਤ ਨੇ ਵਿਦੇਸ਼ੀ ਅੰਦਾਜ਼ ਵਿੱਚ ਪ੍ਰਪੋਜ਼ ਦੇ ਬਹਾਨੇ ਆਪਣੇ ਪ੍ਰੇਮੀ ਦੇ ਕਥਿਤ ਤੌਰ ’ਤੇ ਹੱਥ–ਪੈਰ ਬੰਨ੍ਹ ਕੇ ਉਸਨੂੰ ਜ਼ਿੰਦਾ ਸਾੜ ਦਿੱਤਾ। ਵਾਰਦਾਤ ਤੋਂ ਬਾਅਦ ਪੁਲਸ ਨੇ ਦੋਸ਼ੀ ਔਰਤ ਨੂੰ ਗ੍ਰਿਫ਼ਤਾਰ ਕਰ ਲਿਆ। ਇਹ ਘਟਨਾ ਮੰਗਲਵਾਰ ਨੂੰ ਬਿਦਾਦੀ ਪੁਲਸ ਸਟੇਸ਼ਨ ਖੇਤਰ ਵਿੱਚ ਵਾਪਰੀ। ਮ੍ਰਿਤਕ ਪ੍ਰੇਮੀ ਦੀ ਪਛਾਣ 27 ਸਾਲਾ ਕਿਰਨ ਵਜੋਂ ਹੋਈ ਹੈ, ਜਦੋਂ ਕਿ ਦੋਸ਼ੀ ਔਰਤ ਦੀ ਪਛਾਣ ਪ੍ਰੇਮਾ ਵਜੋਂ ਹੋਈ ਹੈ। ਦੋਵੇਂ ਇੱਕੋ ਕੰਪਨੀ ਵਿੱਚ ਕੰਮ ਕਰਦੇ ਸਨ ਅਤੇ ਕੁਝ ਸਮੇਂ ਤੋਂ ਇੱਕ ਦੂਜੇ ਨਾਲ ਰਿਲੇਸ਼ਨਸ਼ਿਪ ਵਿੱਚ ਸਨ। ਪੁਲਸ ਦੇ ਅਨੁਸਾਰ, ਔਰਤ ਨੇ ਕਥਿਤ ਤੌਰ ’ਤੇ ਕਿਰਨ ਨੂੰ ਆਪਣੇ ਘਰ ਬੁਲਾਇਆ ਅਤੇ ਵਿਦੇਸ਼ੀ ਅੰਦਾਜ਼ ਵਿੱਚ ਪ੍ਰਪੋਜ਼ ਕਰਨ ਦਾ ਵਾਅਦਾ ਕੀਤਾ। ਉਸਨੂੰ ਭਰੋਸਾ ਦਿਵਾਉਣ ਤੋਂ ਬਾਅਦ ਉਸਨੇ ਪਹਿਲਾਂ ਉਸਦੀਆਂ ਅੱਖਾਂ ’ਤੇ ਪੱਟੀ ਬੰਨ੍ਹੀ ਅਤੇ ਫਿਰ ਉਸਦੇ ਹੱਥ–ਪੈਰ ਰੱਸੀ ਨਾਲ ਬੰਨ੍ਹ ਦਿੱਤੇ। ਜਦੋਂ ਕਿਰਨ ਨੇ ਪੁੱਛਿਆ ਕਿ ਕਿਉਂ, ਤਾਂ ਉਸਨੇ ਉਸਨੂੰ ਸ਼ਾਂਤ ਰਹਿਣ ਲਈ ਕਿਹਾ। ਇਸ ਤੋਂ ਬਾਅਦ ਦੋਸ਼ੀ ਨੇ ਕਥਿਤ ਤੌਰ ’ਤੇ ਉਸ ’ਤੇ ਪੈਟਰੋਲ ਛਿੜਕਿਆ ਅਤੇ ਅੱਗ ਲਗਾ ਦਿੱਤੀ, ਜਿਸ ਨਾਲ ਉਹ ਜ਼ਿੰਦਾ ਸੜ ਗਿਆ। ਪੁਲਸ ਨੂੰ ਇਹ ਵੀ ਜਾਣਕਾਰੀ ਮਿਲੀ ਹੈ ਕਿ ਕੁੜੀ ਨੇ ਪੂਰੀ ਘਟਨਾ ਦੀ ਵੀਡੀਓ ਆਪਣੇ ਮੋਬਾਈਲ ’ਤੇ ਰਿਕਾਰਡ ਕੀਤੀ। ਸ਼ੁਰੂਆਤੀ ਪੁੱਛਗਿੱਛ ਦੌਰਾਨ ਦੋਸ਼ੀ ਨੇ ਦਾਅਵਾ ਕੀਤਾ ਕਿ ਉਹ ਬਾਥਰੂਮ ਵਿੱਚ ਸੀ। ਉਸ ਨੇ ਜਦੋਂ ਬਾਹਰ ਆ ਕੇ ਦੇਖਿਆ ਕਿ ਕਿਰਨ ਨੇ ਆਪਣੇ ਆਪ ਨੂੰ ਅੱਗ ਲਗਾਈ ਹੋਈ ਸੀ। ਹਾਲਾਂਕਿ, ਸੀਸੀਟੀਵੀ ਫੁਟੇਜ ਅਤੇ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਕਿਰਨ ਆਪਣੇ ਨਾਲ ਕੋਈ ਪੈਟਰੋਲ ਨਹੀਂ ਲੈ ਕੇ ਆਇਆ ਸੀ, ਜਿਸ ਕਾਰਨ ਪੁਲਸ ਨੂੰ ਸ਼ੱਕ ਹੋਇਆ ਕਿ ਘਰ ਵਿੱਚ ਪੈਟਰੋਲ ਪਹਿਲਾਂ ਹੀ ਰੱਖਿਆ ਗਿਆ ਸੀ। ਪੁਲਸ ਮੁਤਾਬਕ ਘਟਨਾ ਵਿੱਚ ਦੋਸ਼ੀ ਜ਼ਖਮੀ ਨਹੀਂ ਹੋਇਆ, ਜਿਸ ਨਾਲ ਸ਼ੱਕ ਹੋਰ ਵੀ ਵਧ ਗਿਆ। ਗੁਆਂਢੀਆਂ ਨੇ ਨੌਜਵਾਨ ਦੇ ਰੋਣ ਦੀ ਆਵਾਜ਼ ਸੁਣੀ ਅਤੇ ਪੁਲਸ ਨੂੰ ਸੂਚਿਤ ਕੀਤਾ, ਪਰ ਉਦੋਂ ਤੱਕ ਉਸਦੀ ਮੌਤ ਹੋ ਚੁੱਕੀ ਸੀ।

## ਬਦਲੀਆਂ ਕਰਾਉਣ ਦੇ ਇੱਛੁਕ ਅਧਿਆਪਕਾਂ ਲਈ ਚਿੰਤਾ ਭਰੀ ਖ਼ਬਰ

ਏਜੰਸੀਆਂ

ਬਲਾਕ ਰਾਮਪੁਰਾ 4 ਮਈ। ਨਵੇਂ ਸੈਸ਼ਨ ਦਾ ਪਹਿਲਾ ਮਹੀਨਾ ਲੰਘ ਜਾਣ ਦੇ ਬਾਵਜੂਦ ਸਿੱਖਿਆ ਵਿਭਾਗ ਵੱਲੋਂ ਅਧਿਆਪਕਾਂ ਦੀਆਂ ਬਦਲੀਆਂ ਸਬੰਧੀ ਹਾਲੇ ਤੱਕ ਕੋਈ ਦਿਸ਼ਾ–ਨਿਰਦੇਸ਼ ਜਾਰੀ ਨਾ ਕਰਨ ਕਾਰਨ ਅਧਿਆਪਕ ਵਰਗ ’ਚ ਚਿੰਤਾ ਪਾਈ ਜਾ ਰਹੀ ਹੈ। ਅਧਿਆਪਕਾਂ ਦੀ ਨੁਮਾਇੰਦਾ ਜੱਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫਰੰਟ (ਡੀ. ਟੀ. ਐੱਫ.) ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਬਲਜਿੰਦਰ ਸਿੰਘ, ਜ਼ਿਲ੍ਹਾ ਸਕੱਤਰ ਜਸਵਿੰਦਰ ਸਿੰਘ, ਬਲਾਕ ਪ੍ਰਧਾਨ ਰਾਮਪੁਰਾ ਵਿਕਾਸ ਗਰਗ ਅਤੇ ਮੀਤ ਪ੍ਰਧਾਨ ਖੁਸ਼ਪਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿਛਲੇ ਸਾਲਾਂ ਵਾਂਗ ਇਸ ਸਾਲ ਵੀ ਅਪ੍ਰੈਲ ਮਹੀਨਾ ਲੰਘਣ ਦੇ ਬਾਵਜੂਦ ਵਿਭਾਗ ਵੱਲੋਂ ਅਧਿਆਪਕਾਂ ਦੀਆਂ ਬਦਲੀਆਂ ਦੀ ਪ੍ਰਕਿਰਿਆ ਸ਼ੁਰੂ ਨਹੀਂ ਕੀਤੀ ਗਈ, ਜਿਸ ਕਾਰਨ ਬਦਲੀ ਕਰਵਾਉਣ ਦੇ ਇੱਛੁਕ ਅਧਿਆਪਕ ਪਰੇਸ਼ਾਨ ਹਨ। ਆਗੂਆਂ ਨੇ ਕਿਹਾ ਕਿ ਜੇਕਰ ਇਹ ਪ੍ਰਕਿਰਿਆ ਸੈਸ਼ਨ ਦੇ ਅੱਧ ਤਕ ਲੰਬੀ ਖਿੱਚੀ ਜਾਂਦੀ ਹੈ ਤਾਂ ਸਕੂਲਾਂ ਦੇ ਪ੍ਰਬੰਧਨ ਅਤੇ ਪੜ੍ਹਾਈ ਦੇ ਕੰਮ ’ਤੇ ਵੀ ਇਸ ਦਾ ਮਾੜਾ ਅਸਰ ਪਵੇਗਾ। ਉਨ੍ਹਾਂ ਮੰਗ ਕੀਤੀ ਕਿ ਸਾਰੇ ਅਧਿਆਪਕਾਂ ਲਈ ਬਦਲੀ ਕਰਵਾਉਣ ਵਾਸਤੇ ਠਹਿਰਾਅ ਦੀ ਸ਼ਰਤ ਘਟਾ ਕੇ ਇਕ ਸਾਲ ਕੀਤੀ ਜਾਵੇ। ਇਸ ਮੌਕੇ ਬਲਾਕ ਰਾਮਪੁਰਾ ਦੇ ਵਿੱਤ ਸਕੱਤਰ ਕੁਲਦੀਪ ਪਾਂਧੀ, ਅਨਿਲ ਭੱਟ, ਗੁਰਪ੍ਰੀਤ ਸਿੰਘ ਬਾਠ, ਹਰਪ੍ਰੀਤ ਸਿੰਘ ਜਟਾਣਾ ਅਤੇ ਰੇਸ਼ਮ ਸਿੰਘ ਚਾਉਕੇ ਨੇ ਕਿਹਾ ਕਿ ਦੂਰ–ਦੁਰਾਡੇ ਤਾਇਨਾਤ ਅਧਿਆਪਕਾਂ ਨੂੰ ਰਾਹਤ ਦੇਣ ਲਈ ਆਨਲਾਈਨ ਬਦਲੀਆਂ ਦਾ ਪੋਰਟਲ ਤੁਰੰਤ ਖੋਲ੍ਹਿਆ ਜਾਵੇ ਅਤੇ ਸਾਰੇ ਸਕੂਲਾਂ ਦੇ ਸਮੁੱਚੇ ਕਾਡਰ ਦੇ ਖ਼ਾਲੀ ਅਸਾਮੀਆਂ ਬਦਲੀਆਂ ਲਈ ਪੋਰਟਲ ’ਤੇ ਦਰਸਾਈਆਂ ਜਾਣ। ਬਲਾਕ ਆਗੂ ਨਵਚਰਨਪ੍ਰੀਤ, ਅਨੂ ਬਾਲਾ ਅਤੇ ਸੁਦੇਸ਼ ਕੁਮਾਰੀ ਨੇ ਕਿਹਾ ਕਿ ਬਦਲੀਆਂ ਸੈਸ਼ਨ ਸ਼ੁਰੂ ਹੋਣ ਤੋਂ ਪਹਿਲਾਂ ਹੀ ਕਰ ਦੇਣੀਆਂ ਚਾਹੀਦੀਆਂ ਹਨ ਤਾਂ ਜੋ ਸਕੂਲਾਂ ’ਚ ਸਮਾਂ–ਸਾਰਣੀ ਬਣਾਉਣ, ਅਧਿਆਪਕਾਂ ਨੂੰ ਜਮਾਤਾਂ ਸੌਂਪਣ ਅਤੇ ਵਿਦਿਆਰਥੀਆਂ ਨੂੰ ਸ਼ੁਰੂ ਤੋਂ ਹੀ ਪੂਰੀ ਪੜ੍ਹਾਈ ਦੇਣ ’ਚ ਕੋਈ ਦਿੱਕਤ ਨਾ ਆਵੇ। ਉਨ੍ਹਾਂ ਇਹ ਵੀ ਮੰਗ ਕੀਤੀ ਕਿ ਆਪਸੀ ਬਦਲੀ ’ਤੇ ਲਗਾਈਆਂ ਬੇਲੋੜੀਆਂ ਸ਼ਰਤਾਂ ਖ਼ਤਮ ਕੀਤੀਆਂ ਜਾਣ ਅਤੇ ਆਪਸੀ ਸਹਿਮਤੀ ਨਾਲ ਹੋਣ ਵਾਲੀਆਂ ਸਾਰੀਆਂ ਬਦਲੀਆਂ ਲਾਗੂ ਕੀਤੀਆਂ ਜਾਣ। ਇਸ ਤੋਂ ਇਲਾਵਾ ਲੰਬੇ ਸਮੇਂ ਦੀਆਂ ਗੰਭੀਰ ਬੀਮਾਰੀਆਂ ਨਾਲ ਪੀੜਤ ਅਧਿਆਪਕਾਂ ਨੂੰ ਬਦਲੀ ਲਈ ਵਿਸ਼ੇਸ਼ ਮੌਕਾ ਦਿੱਤਾ ਜਾਵੇ ਅਤੇ ਘਰਾਂ ਤੋਂ ਦੂਰ ਤਾਇਨਾਤ ਅਧਿਆਪਕਾਂ ਨੂੰ ਦੂਰੀ ਦੇ ਅੰਕਾਂ ’ਚ ਰਾਹਤ ਪ੍ਰਦਾਨ ਕੀਤੀ ਜਾਵੇ।

## ਬਠਿੰਡਾ ਕੇਂਦਰੀ ਜੇਲ੍ਹ ਫਿਰ ਸਵਾਲਾਂ ਦੇ ਘੇਰੇ ’ਚ, ਸੁਪਰੀਡੈਂਟ ਅਤੇ ਉਸ ਦੇ ਪਰਿਵਾਰ ਨੂੰ ਜਾਨੋਂ ਮਾਰਨ ਦੀ ਧਮਕੀ

ਕੌਮੀ ਪਤ੍ਰਿਕਾ

ਬਠਿੰਡਾ 4 ਮਈ। ਬਠਿੰਡਾ ਦੀ ਕੇਂਦਰੀ ਜੇਲ੍ਹ ਇੱਕ ਵਾਰ ਫਿਰ ਵਿਵਾਦਾਂ ’ਚ ਆ ਗਈ ਹੈ। ਲੰਬੇ ਸਮੇਂ ਤੋਂ ਬੰਦ ਭਗਵੰਤ ਸਿੰਘ ਉਰਫ਼ ਪ੍ਰਧਾਨ ਮੰਤਰੀ ਬਾਜੇਕੇ ਨੇ ਜੇਲ੍ਹ ਅੰਦਰੋਂ ਹੀ ਚੈਲੰਜ ਦਿੰਦਿਆਂ ਜੇਲ੍ਹ ਦੇ ਸੁਪਰੀਡੈਂਟ ਅਤੇ ਉਸਦੇ ਪਰਿਵਾਰ ਨੂੰ ਜਾਨੋਂ ਮਾਰਨ ਦੀ ਧਮਕੀ ਦੇ ਦਿੱਤੀ। ਇਸ ਸਨਸਨੀਖੇਜ਼ ਮਾਮਲੇ ਦੇ ਸਾਹਮਣੇ ਆਉਣ ਨਾਲ ਜੇਲ੍ਹ ਪ੍ਰਸ਼ਾਸਨ ’ਚ ਹੜਕੰਪ ਮਚ ਗਿਆ ਹੈ ਅਤੇ ਪੁਲਸ ਨੇ ਜਾਂਚ ਸ਼ੁਰੂ ਕਰ ਦਿੱਤੀ ਹੈ। ਸੂਤਰਾਂ ਅਨੁਸਾਰ ਜੇਲ੍ਹ ਪ੍ਰਸ਼ਾਸਨ ਨੇ ਥਾਣਾ ਕੈਂਟ ਪੁਲਸ ਨੂੰ ਲਿਖ਼ਤੀ ਸ਼ਿਕਾਇਤ ਭੇਜ ਕੇ ਦੱਸਿਆ ਹੈ ਕਿ ਕੈਦੀ ਭਗਵੰਤ ਸਿੰਘ ਨੇ ਨਾ ਸਿਰਫ਼ ਜੇਲ੍ਹ ਦੇ ਸੁਪਰੀਡੈਂਟ ਨੂੰ ਧਮਕਾਇਆ, ਸਗੋਂ ਉਸਦੇ ਪਰਿਵਾਰ ਨੂੰ ਵੀ ਗੰਭੀਰ ਨਤੀਜੇ ਭੁਗਤਣ ਦੀ ਚਿਤਾਵਨੀ ਦਿੱਤੀ ਹੈ। ਪੱਤਰ ’ਚ ਇਸਨੂੰ ਗੰਭੀਰ ਅਪਰਾਧ ਕਰਾਰ ਦਿੰਦਿਆਂ ਤੁਰੰਤ ਸਖ਼ਤ ਕਾਰਵਾਈ ਦੀ ਮੰਗ ਕੀਤੀ ਗਈ ਹੈ। ਮਾਮਲਾ ਉਸ ਵੇਲੇ ਹੋਰ ਗੰਭੀਰ ਹੋ ਗਿਆ, ਜਦੋਂ ਸੋਮਵਾਰ ਨੂੰ ਭਗਵੰਤ ਸਿੰਘ ਉਰਫ਼ ਬਾਜੇਕੇ ਦੀ ਇੱਕ ਆਡੀਓ ਕਲਿੱਪ ਸੋਸ਼ਲ ਮੀਡੀਆ ‘ਤੇ ਵਾਇਰਲ ਹੋ ਗਈ। ਇਸ ਆਡੀਓ ’ਚ ਉਹ ਆਪਣੀ ਮਾਂ ਨਾਲ ਗੱਲਬਾਤ ਕਰਦਾ ਹੋਇਆ ਜੇਲ੍ਹ ਪ੍ਰਸ਼ਾਸਨ ‘ਤੇ ਕਈ ਗੰਭੀਰ ਦੋਸ਼ ਲਗਾ ਰਿਹਾ ਹੈ। ਗੱਲਬਾਤ ਦੌਰਾਨ ਉਹ ਆਪਣੀ ਮਾਂ ਨੂੰ ਇਹ ਵੀ ਕਹਿੰਦਾ ਸੁਣਾਈ ਦਿੰਦਾ ਹੈ ਕਿ ਇਸ



ਰਿਕਾਰਡਿੰਗ ਨੂੰ ਮੀਡੀਆ ਤੱਕ ਪਹੁੰਚਾਇਆ ਜਾਵੇ ਤਾਂ ਜੋ ਉਸਦੇ ਦੋਸ਼ ਸਾਹਮਣੇ ਆ ਸਕਣ। ਇਸ ਆਡੀਓ ਦੇ ਵਾਇਰਲ ਹੋਣ ਨਾਲ ਇਹ ਵੀ ਸਵਾਲ ਖੜ੍ਹੇ ਹੋ ਰਹੇ ਹਨ ਕਿ ਜੇਲ੍ਹ ਅੰਦਰ ਮੋਬਾਇਲ ਅਤੇ ਰਿਕਾਰਡਿੰਗ ਕਿਵੇਂ ਹੋਈ? ਕੀ ਜੇਲ੍ਹ ਸੁਰੱਖਿਆ ’ਚ ਕਮੀ ਹੈ ਜਾਂ ਅੰਦਰੂਨੀ ਮਿਲੀ–ਭੁਗਤ ਦਾ ਮਾਮਲਾ ਹੈ? ਆਡੀਓ ਵਾਇਰਲ ਹੋਣ ਤੋਂ ਬਾਅਦ ਜੇਲ੍ਹ ਪ੍ਰਸ਼ਾਸਨ ਤੁਰੰਤ ਹਰਕਤ ’ਚ ਆਇਆ ਅਤੇ ਦੇਰ ਸ਼ਾਮ ਪੁਲਸ ਨੂੰ ਪੱਤਰ ਭੇਜਿਆ ਗਿਆ। ਹਾਲਾਂਕਿ ਜਦੋਂ ਇਸ ਮਾਮਲੇ ’ਚ ਜੇਲ੍ਹ ਦੇ ਸੁਪਰੀਡੈਂਟ ਹਿੰਮਤ ਸ਼ਰਮਾ ਨਾਲ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਉਨ੍ਹਾਂ ਨਾਲ ਗੱਲ ਨਹੀਂ ਹੋ ਸਕੀ, ਜਿਸ ਨਾਲ ਕਈ ਸਵਾਲ ਅਜੇ ਵੀ ਬਾਕੀ ਹਨ। ਥਾਣਾ ਕੈਂਟ ਦੇ ਐੱਸ. ਐੱਚ. ਓ. ਰਘੁਵੀਰ ਸਿੰਘ ਨੇ ਪੁਸ਼ਟੀ ਕਰਦੇ ਹੋਏ ਦੱਸਿਆ ਕਿ ਉਨ੍ਹਾਂ ਨੂੰ ਜੇਲ੍ਹ ਪ੍ਰਸ਼ਾਸਨ ਵੱਲੋਂ ਪੱਤਰ ਮਿਲਿਆ ਹੈ। ਪੱਤਰ ’ਚ ਸਪਸ਼ਟ ਤੌਰ ‘ਤੇ ਲਿਖਿਆ ਗਿਆ ਹੈ ਕਿ ਕੈਦੀ ਨੇ ਸੁਪਰੀਡੈਂਟ ਅਤੇ ਉਸਦੇ ਪਰਿਵਾਰ ਨੂੰ ਜਾਨੋਂ ਮਾਰਨ ਦੀ ਧਮਕੀ ਦਿੱਤੀ ਹੈ। ਉਨ੍ਹਾਂ ਕਿਹਾ ਕਿ ਪੁਲਸ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕਰ ਰਹੀ ਹੈ ਅਤੇ ਜਾਂਚ ਪੂਰੀ ਹੋਣ ਤੋਂ ਬਾਅਦ ਅਗਲੀ ਕਾਰਵਾਈ ਕੀਤੀ ਜਾਵੇਗੀ। ਇਸ ਸਾਰੇ ਮਾਮਲੇ ਨੇ ਇੱਕ ਵਾਰ ਫਿਰ ਬਠਿੰਡਾ ਕੇਂਦਰੀ ਜੇਲ੍ਹ ਦੀ ਸੁਰੱਖਿਆ ਪ੍ਰਣਾਲੀ ‘ਤੇ ਵੱਡੇ ਸਵਾਲ ਖੜ੍ਹੇ ਕਰ ਦਿੱਤੇ ਹਨ। ਪਹਿਲਾਂ ਵੀ ਜੇਲ੍ਹ ਅੰਦਰੋਂ ਮੋਬਾਇਲ, ਵੀਡੀਓ ਅਤੇ ਆਡੀਓ ਵਾਇਰਲ ਹੋਣ ਦੇ ਮਾਮਲੇ ਸਾਹਮਣੇ ਆ ਚੁੱਕੇ ਹਨ ਪਰ ਇਸ ਦੇ ਬਾਵਜੂਦ ਸੁਰੱਖਿਆ ਦੇ ਦਾਅਵੇ ਕਮਜ਼ੋਰ ਸਾਬਤ ਹੋ ਰਹੇ ਹਨ। ਹੁਣ ਦੇਖਣਾ ਇਹ ਹੋਵੇਗਾ ਕਿ ਪੁਲਸ ਜਾਂਚ ਤੋਂ ਬਾਅਦ ਕੀ ਸੱਚਾਈ ਕੀ ਸਾਹਮਣੇ ਆਉਂਦੀ ਹੈ। ਕੀ ਇਹ ਧਮਕੀ ਕਿਸੇ ਵੱਡੀ ਸਾਜ਼ਿਸ਼ ਦਾ ਹਿੱਸਾ ਹੈ ਜਾਂ ਫਿਰ ਕਿਸੇ ਖ਼ੁਲਾਸੇ ਨੂੰ ਦਬਾਉਣ ਦੀ ਕੋਸ਼ਿਸ਼? ਫਿਲਹਾਲ ਇਸ ਘਟਨਾ ਨੇ ਜੇਲ੍ਹ ਪ੍ਰਸ਼ਾਸਨ ਅਤੇ ਸੁਰੱਖਿਆ ਪ੍ਰਣਾਲੀ ਨੂੰ ਸਵਾਲਾਂ ਦੇ ਘੇਰੇ ’ਚ ਖੜ੍ਹਾ ਕਰ ਦਿੱਤਾ ਹੈ।